@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Thursday, 3 July 2025

VISIT:
www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 3 ਜੁਲਾਈ 2025, 19 ਹਾੜ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 233, qpatrika@gmail.com ਫੋਨ : 9971359517 www.qaumipatrika.org

## ਸਸ਼ਕਤੀਕਰਨ ਦੇ ਨਵੇਂ ਯੁੱਗ ਦੀ ਸ਼ੁਰੂਆਤ: ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 2 ਜੁਲਾਈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਿਜੀਟਲ ਇੰਡੀਆ ਪਹਿਲ ਦੇ 10 ਸਾਲ ਸਫਲਤਾਪੂਰਵਕ ਪੂਰੇ ਹੋਣ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇੱਕ ਦਹਾਕੇ ਬਾਅਦ, ਅਸੀਂ ਇੱਕ ਅਜਿਹੀ ਯਾਤਰਾ ਦੇ ਗਵਾਹ ਬਣ ਰਹੇ ਹਾਂ, ਜਿਸਨੇ ਅਣਗਿਣਤ ਲੋਕਾਂ ਦੇ ਜੀਵਨ ਨੂੰ ਪ੍ਰਭਾਵਿਤ ਕੀਤਾ ਅਤੇ ਸਸ਼ਕਤੀਕਰਨ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਭਾਰਤ ਨੇ 140 ਕਰੋੜ ਦੇਸ਼ ਵਾਸੀਆਂ ਦੇ ਸਮੂਹਿਕ ਸੰਕਲਪ ਤੋਂ ਪ੍ਰੇਰਿਤ ਹੋ ਕੇ ਡਿਜੀਟਲ ਭੁਗਤਾਨ ਵਿੱਚ ਬਹੁਤ ਤਰੱਕੀ ਕੀਤੀ ਹੈ। ਲਿੰਕਡਇਨ 'ਤੇ ਇੱਕ ਪੋਸਟ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਦਹਾਕਿਆਂ ਤੋਂ ਭਾਰਤੀਆਂ ਦੀ ਤਕਨਾਲੋਜੀ ਦੀ ਵਰਤੋਂ ਕਰਨ ਦੀ ਯੋਗਤਾ 'ਤੇ ਸ਼ੱਕ ਕੀਤਾ ਜਾਂਦਾ ਸੀ ਪਰ ਉਨ੍ਹਾਂ ਦੀ ਸਰਕਾਰ ਨੇ ਇਸ ਦ੍ਰਿਸ਼ਟੀਕੋਣ ਨੂੰ ਬਦਲ ਦਿੱਤਾ ਤੇ ਨਾਗਰਿਕਾਂ ਦੀ ਤਕਨਾਲੋਜੀ ਦੀ ਵਰਤੋਂ ਕਰਨ ਦੀ ਯੋਗਤਾ 'ਤੇ ਵਿਸ਼ਵਾਸ ਕੀਤਾ। ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਅਮੀਰਾਂ ਅਤੇ ਗਰੀਬਾਂ ਵਿਚਕਾਰ ਪਾੜੇ ਨੂੰ ਖ਼ਤਮ ਕਰਨ ਲਈ ਤਕਨਾਲੋਜੀ ਦੀ ਵਰਤੋਂ ਕੀਤੀ। ਮੋਦੀ ਨੇ ਕਿਹਾ ਕਿ ਭਾਰਤ ਕੋਲ 2014 ਵਿੱਚ ਲਗਭਗ 25 ਕਰੋੜ ਇੰਟਰਨੈੱਟ ਕਨੈਕਸ਼ਨ ਸਨ, ਅੱਜ ਇਹ ਗਿਣਤੀ ਵਧ ਕੇ 97 ਕਰੋੜ ਤੋਂ ਵੱਧ ਹੋ ਗਈ ਹੈ, ਜਿਸ ਵਿੱਚ 42 ਲੱਖ ਕਿਲੋਮੀਟਰ ਤੋਂ ਵੱਧ ਆਪਟੀਕਲ ਫਾਈਬਰ ਕੇਬਲ ਹੈ, ਜੋ ਧਰਤੀ ਅਤੇ ਚੰਦਰਮਾ ਵਿਚਕਾਰ ਦੂਰੀ ਦੇ 11 ਗੁਣਾ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਇਹ ਸਭ ਤੋਂ ਦੂਰ-ਦੁਰਾਡੇ ਪਿੰਡਾਂ ਨੂੰ ਵੀ ਜੋੜ ਰਿਹਾ ਹੈ। ਭਾਰਤ ਵਿੱਚ 57 ਦੁਨੀਆ ਵਿੱਚ ਸਭ ਤੋਂ ਤੇਜ਼ ਰਫ਼ਤਾਰ ਨਾਲ ਲਾਗੂ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸਿਰਫ਼ ਦੋ ਸਾਲਾਂ ਵਿੱਚ 4.81 ਲੱਖ ਬੇਸ ਸਟੇਸ਼ਨ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹਾਈ-ਸਪੀਡ ਇੰਟਰਨੈੱਟ ਹੁਣ ਸ਼ਹਿਰੀ ਕੇਂਦਰਾਂ ਅਤੇ ਗਲਵਾਨ, ਸਿਆਚਿਨ ਅਤੇ ਲੱਦਾਖ ਸਮੇਤ ਫੌਜੀ ਚੌਕੀਆਂ ਤੱਕ ਪਹੁੰਚਦਾ ਹੈ। ਮੋਦੀ ਨੇ ਕਿਹਾ ਕਿ ਜਦੋਂ ਉਨ੍ਹਾਂ ਦੀ ਸਰਕਾਰ 2014 ਵਿੱਚ ਸੱਤਾ ਵਿੱਚ ਆਈ, ਤਾਂ ਇੰਟਰਨੈੱਟ ਦੀ ਪਹੁੰਚ ਸੀਮਤ ਸੀ, ਡਿਜੀਟਲ ਸਾਖਰਤਾ ਘੱਟ ਸੀ ਅਤੇ ਸਰਕਾਰੀ ਸੇਵਾਵਾਂ ਤੱਕ



ਆਨਲਾਈਨ ਪਹੁੰਚ ਬਹੁਤ ਘੱਟ ਸੀ। ਉਨ੍ਹਾਂ ਕਿਹਾ, ਜਦੋਂ ਇਰਾਦਾ ਸਹੀ ਹੁੰਦਾ ਹੈ, ਤਾਂ ਨਵੀਨਤਾ ਘੱਟ ਸਸ਼ਕਤ ਲੋਕਾਂ ਨੂੰ ਸਸ਼ਕਤ ਬਣਾਉਂਦੀ ਹੈ। ਜਦੋਂ ਪਹੁੰਚ ਸਮਾਵੇਸ਼ੀ ਹੁੰਦੀ ਹੈ, ਤਾਂ ਤਕਨਾਲੋਜੀ ਹਾਸ਼ੀਏ 'ਤੇ ਧੱਕੇ ਲੋਕਾਂ ਦੇ ਜੀਵਨ ਨੂੰ ਬਦਲ ਦਿੰਦੀ ਹੈ। ਇਸ ਵਿਸ਼ਵਾਸ ਨੇ ਡਿਜੀਟਲ ਇੰਡੀਆ ਦੀ ਨੀਂਹ ਰੱਖੀ, ਜੋ ਕਿ ਪਹੁੰਚ ਨੂੰ ਲੋਕਤੰਤਰੀਕਰਨ ਕਰਨ, ਸਮਾਵੇਸ਼ੀ ਡਿਜੀਟਲ ਬੁਨਿਆਦੀ ਢਾਂਚਾ ਬਣਾਉਣ ਅਤੇ ਸਾਰਿਆਂ ਲਈ ਮੌਕੇ ਪ੍ਰਦਾਨ ਕਰਨ ਦਾ ਮਿਸ਼ਨ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕਾਂ ਨੂੰ ਸ਼ੱਕ ਹੈ ਕਿ ਕੀ ਭਾਰਤ ਵਰਗਾ ਵਿਸ਼ਾਲ ਅਤੇ ਵਿਭਿੰਨ ਦੇਸ਼ ਸੱਚਮੁੱਚ ਡਿਜੀਟਲ ਹੋ ਸਕਦਾ ਹੈ। ਅੱਜ, ਇਸ ਸਵਾਲ ਦਾ ਜਵਾਬ ਸਿਰਫ਼ ਡੇਟਾ ਅਤੇ ਡੈਸ਼ਬੋਰਡਾਂ ਵਿੱਚ ਨਹੀਂ, ਸਗੋਂ 140 ਕਰੋੜ ਭਾਰਤੀਆਂ ਦੇ ਜੀਵਨ ਵਿੱਚ ਮਿਲ ਰਿਹਾ ਹੈ। ਅਸੀਂ ਕਿਵੇਂ ਸ਼ਾਸਨ ਕਰਦੇ ਹਾਂ, ਕਿਵੇਂ ਸਿੱਖਦੇ ਹਾਂ, ਲੈਣ-ਦੇਣ ਕਰਦੇ ਹਾਂ ਅਤੇ ਕਿਵੇਂ ਨਿਰਮਾਣ ਕਰਦੇ ਹਾਂ..., ਡਿਜੀਟਲ ਇੰਡੀਆ ਹਰ ਥਾਂ ਹੈ।"

## ਹਿਮਾਚਲ ਸਰਕਾਰ ਕੇਂਦਰ ਤੋਂ ਮਿਲੇ ਪੈਸੇ ਦਾ ਇਸਤੇਮਾਲ ਕਰਨ 'ਚ ਰਹੀ ਅਸਫ਼ਲ : ਜੇ.ਪੀ. ਨੱਢਾ

ਬਿਲਾਸਪੁਰ 2 ਜੁਲਾਈ। ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਰਾਸ਼ਟਰੀ ਪ੍ਰਧਾਨ ਜੇ.ਪੀ. ਨੱਢਾ ਨੇ ਬੁੱਧਵਾਰ ਨੂੰ ਕਿਹਾ ਕਿ ਹਿਮਾਚਲ ਪ੍ਰਦੇਸ਼ ਦੀ ਕਾਂਗਰਸ ਦੀ ਅਗਵਾਈ ਵਾਲੀ ਸਰਕਾਰ ਕੇਂਦਰ ਤੋਂ ਜਾਰੀ ਧਨ ਰਾਸ਼ੀ ਖਰਚ ਨਹੀਂ ਕਰ ਸਕੀ ਅਤੇ ਲੋਕਾਂ ਨਾਲ 'ਅਨਿਆਂ' ਕਰ ਰਹੀ ਹੈ। ਬਿਲਾਸਪੁਰ 'ਚ ਇਕ ਪਰਿਵਾਰਕ ਸਮਾਰੋਹ 'ਚ ਸ਼ਾਮਲ ਹੋਣ ਆਏ ਨੱਢਾ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਸੂਬਾ ਸਰਕਾਰ ਨੂੰ ਆਫ਼ਤ ਰਾਹਤ ਫੰਡ ਜਾਰੀ ਕੀਤਾ ਹੈ ਅਤੇ ਸਿਹਤ ਸੇਵਾ ਲਈ ਕਰੋੜਾਂ ਰੁਪਏ ਜਾਰੀ ਕੀਤੇ ਹਨ। ਕੇਂਦਰੀ ਸਿਹਤ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਭ ਦੇ ਬਾਵਜੂਦ ਰਾਜ ਅਜੇ ਤੱਕ ਉਸ ਪੈਸੇ ਦਾ ਪੂਰਾ ਉਪਯੋਗ ਨਹੀਂ ਕਰ ਸਕਿਆ ਹੈ। ਨੱਢਾ ਨੇ ਇਹ ਵੀ ਦਾਅਵਾ ਕੀਤਾ ਕਿ ਕਾਂਗਰਸ 'ਜਨਵਿਰੋਧੀ' ਹੈ ਅਤੇ ਉਸ ਨੂੰ ਜਨਤਾ ਨਾਲ ਕੋਈ ਲਗਾਵ ਨਹੀਂ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਮੁੱਖ ਮਕਸਦ ਸੱਤਾ ਹਥਿਆ ਕੇ ਪੈਸੇ ਜੁਟਾਉਣਾ ਹੈ। ਇਸ ਤੋਂ ਪਹਿਲੇ ਨੱਢਾ ਨੇ ਰਾਜੀਵ ਬਿੰਦਲ ਨੂੰ ਇਕ ਵਾਰ ਮੁੜ ਪ੍ਰਦੇਸ਼ ਪ੍ਰਧਾਨ ਦੀ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ।

## ਐਸ਼ੋ-ਆਰਾਮ ਲਈ ਬਣਾਇਆ ਸੀ ਸ਼ੀਸ਼-ਮਹਿਲ: ਮੁੱਖ ਮੰਤਰੀ ਰੇਖਾ ਗੁਪਤਾ

ਕੌਮੀ ਪਤ੍ਰਿਕਾ

ਨਵੀਂ ਦਿੱਲੀ 2 ਜੁਲਾਈ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਬੁੱਧਵਾਰ ਨੂੰ ਆਮ ਆਦਮੀ ਪਾਰਟੀ (ਆਪ) ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ 'ਤੇ ਨਿਸ਼ਾਨਾ ਕੱਸਦੇ ਹੋਏ ਬੁੱਧਵਾਰ ਨੂੰ ਦੋਸ਼ ਲਾਇਆ ਕਿ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਜਨਤਾ ਦੇ ਖ਼ੂਨ-ਪਸੀਨੇ ਦੀ ਕਮਾਈ ਨਾਲ ਆਪਣੇ ਐਸ਼ੋ-ਆਰਾਮ ਲਈ ਸ਼ੀਸ਼-ਮਹਿਲ ਬਣਾਇਆ ਸੀ। ਸ਼੍ਰੀਮਤੀ ਗੁਪਤਾ ਨੇ ਅੱਜ ਕੇਂਦਰੀ ਸਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ, ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੰਸਦ ਮੈਂਬਰ ਪ੍ਰਵੀਨ ਖੰਡੇਲਵਾਲ ਦੇ ਨਾਲ ਸ਼ਾਲੀਮਾਰ ਬਾਗ਼ ਸ਼ੀਸ਼ ਮਹਿਲ ਪਾਰਕ ਦੇ ਨਵੀਨੀਕਰਨ ਤੋਂ ਬਾਅਦ ਉਦਘਾਟਨ ਕੀਤਾ। ਇਸ



ਦੌਰਾਨ ਉਹਨਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਨੇ ਸ਼ੀਸ਼ ਮਹਿਲ ਸਿਰਫ਼ ਆਪਣੀ ਖ਼ੁਸ਼ੀ ਲਈ ਬਣਾਇਆ ਸੀ। ਜਨਤਾ ਦੇ ਖ਼ੂਨ-ਪਸੀਨੇ ਦੀ ਕਮਾਈ ਨਾਲ ਬਣਾਇਆ ਗਿਆ ਸ਼ੀਸ਼ ਮਹਿਲ ਹੁਣ ਜਨਤਾ ਦੀ ਸਹੂਲਤ ਲਈ ਸਮਰਪਿਤ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਪਹਿਲਾਂ ਅਤੇ ਅੱਜ ਦੀ ਸਰਕਾਰ ਵਿਚ ਇਹੀ ਫ਼ਰਕ ਹੈ। ਜਨਤਾ ਦਾ ਸ਼ੀਸ਼ ਮਹਿਲ ਆਬਾਦ ਰਹੇ ਪਰ ਜਿਹਨਾਂ ਲੋਕਾਂ ਨੇ ਆਪਣੇ ਸਵਾਰਥ ਲਈ ਅਜਿਹਾ ਕੀਤਾ, ਉਸ ਨੂੰ ਤਾਂ ਕਾਨੂੰਨ ਹੀ ਦੇਖੇਗਾ। ਉਹਨਾਂ ਨੇ ਕੇਜਰੀਵਾਲ ਸਰਕਾਰ ਦੇ ਸਮੇਂ ਬਣਾਏ ਗਏ ਸ਼ੀਸ਼ ਮਹਿਲ ਦੇ ਉਦਘਾਟਨ ਕਰਨ ਦੇ ਸਵਾਲ 'ਤੇ ਕਿਹਾ ਕਿ ਇਸਦਾ ਉਦਘਾਟਨ ਕਰਨ ਦੀ ਕੋਈ ਲੋੜ ਨਹੀਂ ਹੈ। ਜਨਤਕ ਖਜ਼ਾਨੇ ਵਿੱਚੋਂ ਲਿਆ ਗਿਆ ਪੈਸਾ ਉਨ੍ਹਾਂ ਦੇ ਖਜ਼ਾਨੇ ਵਿੱਚ ਵਾਪਸ ਜਾਵੇ, ਇਸ ਦਿਸ਼ਾ ਵਿੱਚ ਕੰਮ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦਿੱਲੀ ਸਰਕਾਰ ਰਾਜਧਾਨੀ ਦੀ ਅਮੀਰ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਇਤਿਹਾਸਕ ਸਥਾਨਾਂ ਨੂੰ ਸੁਰੱਖਿਅਤ ਰੱਖਣ, ਸੁਰਜੀਤ ਕਰਨ ਅਤੇ ਜਨਤਾ ਲਈ ਪਹੁੰਚਯੋਗ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

## ਦਿੱਲੀ ਵਿੱਚ ਇੱਕ ਵੱਡੇ ਪੱਧਰ 'ਤੇ ਰੁਜ਼ਗਾਰ ਮੇਲਾ ਲਗਾਇਆ ਜਾਵੇਗਾ: ਕਪਿਲ ਮਿਸ਼ਰਾ

ਕੌਮੀ ਪਤ੍ਰਿਕਾ

ਨਵੀਂ ਦਿੱਲੀ 2 ਜੁਲਾਈ। ਦਿੱਲੀ ਸਰਕਾਰ ਦੇ ਮਾਨਯੋਗ ਮੰਤਰੀ ਸ਼੍ਰੀ ਕਪਿਲ ਮਿਸ਼ਰਾ ਨੇ ਕੱਲ੍ਹ ਦਿੱਲੀ ਸਕੱਤਰੇਤ ਵਿਖੇ ਕਾਨੂੰਨ ਅਤੇ ਨਿਆਂ, ਕਿਰਤ, ਰੁਜ਼ਗਾਰ, ਵਿਕਾਸ, ਸੈਰ-ਸਪਾਟਾ, ਕਲਾ, ਸੱਭਿਆਚਾਰ ਅਤੇ ਭਾਸ਼ਾ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਕੀਤੀ। ਇਹ ਮੀਟਿੰਗ ਜੁਲਾਈ ਦੇ ਪਹਿਲੇ ਹਫ਼ਤੇ ਮਾਨਯੋਗ ਮੁੱਖ ਮੰਤਰੀ ਰੇਖਾ ਗੁਪਤਾ ਦੁਆਰਾ ਪ੍ਰਸਤਾਵਿਤ ਵਿਭਾਗੀ ਸਮੀਖਿਆ ਮੀਟਿੰਗ ਦੀ ਤਿਆਰੀ ਵਜੋਂ ਆਯੋਜਿਤ ਕੀਤੀ ਗਈ ਸੀ। ਮੀਟਿੰਗ ਵਿੱਚ, ਵਿੱਤੀ ਸਾਲ 2025-26 ਦੇ ਬਜਟ ਐਲਾਨਾਂ ਵਿੱਚ ਦਿੱਲੀ ਸਰਕਾਰ ਦੇ ਪ੍ਰਮੁੱਖ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਵਿਸਥਾਰ ਵਿੱਚ ਸਮੀਖਿਆ ਕੀਤੀ ਗਈ। ਵਿਭਾਗਾਂ ਤੋਂ ਉਨ੍ਹਾਂ ਦੀ ਆਉਣ ਵਾਲੀ ਕਾਰਜ ਯੋਜਨਾ ਅਤੇ ਯੋਜਨਾਵਾਂ ਨੂੰ ਸਮੇਂ ਸਿਰ ਪੂਰਾ ਕਰਨ ਬਾਰੇ ਜਾਣਕਾਰੀ ਮੰਗੀ ਗਈ। ਇਸ ਦੇ ਨਾਲ ਹੀ, ਕੇਂਦਰ ਸਰਕਾਰ ਦੁਆਰਾ ਸਪਾਂਸਰ ਕੀਤੀਆਂ ਗਈਆਂ ਯੋਜਨਾਵਾਂ ਨੂੰ ਲਾਗੂ ਕਰਨ ਦੀ ਸਥਿਤੀ ਬਾਰੇ ਵੀ ਵਿਸਥਾਰ ਵਿੱਚ ਚਰਚਾ ਕੀਤੀ ਗਈ। ਇਸ ਸਮੀਖਿਆ ਮੀਟਿੰਗ ਵਿੱਚ, ਕਲਾ, ਸੱਭਿਆਚਾਰ ਅਤੇ ਭਾਸ਼ਾ ਵਿਭਾਗ ਦੁਆਰਾ ਪ੍ਰਤਿਭਾ ਖੋਜ ਯੋਜਨਾ ਦੀ ਸ਼ੁਰੂਆਤ 'ਤੇ ਚਰਚਾ ਕੀਤੀ ਗਈ, ਜਿਸਦਾ ਉਦੇਸ਼ ਦਿੱਲੀ ਦੇ ਨੌਜਵਾਨਾਂ ਵਿੱਚ ਛੁਪੀਆਂ ਪ੍ਰਤਿਭਾਵਾਂ ਨੂੰ ਖੋਜਣਾ ਅਤੇ ਉਨ੍ਹਾਂ ਨੂੰ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ। ਇਸ ਦੇ ਨਾਲ, ਵਿਕਾਸ ਵਿਭਾਗ ਦੀ ਪ੍ਰਮੁੱਖ ਯੋਜਨਾ ਦੇ ਤਹਿਤ



ਘੁੰਮਣਹੇੜਾ ਪਿੰਡ ਵਿੱਚ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਇੱਕ ਮਾਡਲ ਗਊਸ਼ਾਲਾ ਸਥਾਪਤ ਕਰਨ ਦੇ ਪ੍ਰਸਤਾਵ 'ਤੇ ਵੀ ਮੀਟਿੰਗ ਵਿੱਚ ਚਰਚਾ ਕੀਤੀ ਗਈ। ਸਮੀਖਿਆ ਮੀਟਿੰਗ ਵਿੱਚ, ਦਿੱਲੀ ਦੇ ਸਮੁੱਚੇ ਵਿਕਾਸ ਲਈ 'ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਟੇਟ ਟੌਪ-ਅੱਪ ਯੋਜਨਾ' ਦੇ ਤਹਿਤ ਕਿਸਾਨਾਂ ਨੂੰ 3000 (ਤਿੰਨ ਹਜ਼ਾਰ) ਰੁਪਏ ਦੀ ਵਾਧੂ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਯੋਜਨਾ 'ਤੇ ਵੀ ਵਿਸਥਾਰ ਵਿੱਚ ਚਰਚਾ ਕੀਤੀ ਗਈ। ਕਿਰਤ ਵਿਭਾਗ ਵੱਲੋਂ ਅਸੰਗਠਿਤ ਖੇਤਰ ਦੇ ਕਾਮਿਆਂ ਲਈ ਇੱਕ ਭਲਾਈ ਬੋਰਡ ਸਥਾਪਤ ਕਰਨ ਅਤੇ ਰੁਜ਼ਗਾਰ ਮੇਲਿਆਂ ਦਾ ਆਯੋਜਨ ਕਰਨ ਦੀਆਂ ਯੋਜਨਾਵਾਂ ਦੀ ਵੀ ਸਮੀਖਿਆ ਕੀਤੀ ਗਈ। ਸੈਰ-ਸਪਾਟਾ ਵਿਭਾਗ ਵੱਲੋਂ ਦਿੱਲੀ ਨੂੰ ਅੰਤਰਰਾਸ਼ਟਰੀ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਲਈ ਕਈ ਯੋਜਨਾਵਾਂ ਪੇਸ਼ ਕੀਤੀਆਂ ਗਈਆਂ। ਇਨ੍ਹਾਂ ਪ੍ਰੋਜੈਕਟਾਂ ਵਿੱਚ ਸੋਨੀਆ ਵਿਹਾਰ ਤੋਂ ਜਗਤਪੁਰ ਸ਼ਨੀ ਮੰਦਰ ਤੱਕ ਕਿਸ਼ਤੀ ਯਾਤਰਾਵਾਂ ਦਾ ਆਯੋਜਨ, ਦਿੱਲੀ ਨੂੰ ਬ੍ਰਾਂਡਿੰਗ ਅਤੇ ਸੈਰ-ਸਪਾਟਾ ਸਥਾਨਾਂ ਨੂੰ ਉਤਸ਼ਾਹਿਤ ਕਰਨਾ, ਸੈਰ-ਸਪਾਟਾ ਖੇਤਰ ਵਿੱਚ ਨੌਜਵਾਨਾਂ ਲਈ ਫੈਲੋਸ਼ਿਪ ਪ੍ਰੋਗਰਾਮ, ਦਿੱਲੀ ਨੂੰ ਫਿਲਮ ਨਿਰਮਾਣ ਲਈ ਇੱਕ ਪ੍ਰਮੁੱਖ ਕੇਂਦਰ ਵਜੋਂ ਸਥਾਪਤ ਕਰਨ ਲਈ ਇੱਕ ਅੰਤਰਰਾਸ਼ਟਰੀ ਫਿਲਮ ਉਤਸਵ ਦਾ ਆਯੋਜਨ, ਯੁੱਧ ਸਮਾਰਕ, ਕਾਰਤਵਯ ਮਾਰਗ ਅਤੇ ਪ੍ਰਧਾਨ ਮੰਤਰੀ ਅਜਾਇਬ ਘਰ ਨੂੰ ਜੋੜਨ ਵਾਲਾ ਇੱਕ ਨਵਾਂ ਸੈਰ-ਸਪਾਟਾ ਸਰਕਟ ਵਿਕਸਤ ਕਰਨਾ ਅਤੇ ਇੱਕ ਸਾਲਾਨਾ ਸਰਦੀਆਂ ਦਾ ਤਿਉਹਾਰ ਆਯੋਜਿਤ ਕਰਨਾ ਸ਼ਾਮਲ ਹੈ, ਜਿਸ ਵਿੱਚ ਸੱਭਿਆਚਾਰਕ ਪ੍ਰੋਗਰਾਮ, ਸੰਗੀਤ, ਭੋਜਨ ਉਤਸਵ ਆਦਿ ਸ਼ਾਮਲ ਹੋਣਗੇ।

Contd.............. page-12

## ਮਨਜਿੰਦਰ ਸਿਰਸਾ 'ਤੇ ਫਾਇਰਿੰਗ? ਪੁਲਸ ਨੇ ਦੱਸੀ ਪੂਰੀ ਸੱਚਾਈ

ਨਵੀਂ ਦਿੱਲੀ 2 ਜੁਲਾਈ। ਦਿੱਲੀ ਸਰਕਾਰ 'ਚ ਮੰਤਰੀ ਮਨਜਿੰਦਰ ਸਿੰਘ ਸਿਰਸਾ 'ਤੇ ਫਾਇਰਿੰਗ ਦੀਆਂ ਖ਼ਬਰਾਂ ਸਾਹਮਣੇ ਆਈਆਂ ਸਨ। ਹਾਲਾਂਕਿ ਮਨਜਿੰਦਰ ਸਿਰਸਾ ਨੇ ਖ਼ੁਦ ਇਨ੍ਹਾਂ ਖ਼ਬਰਾਂ ਦਾ ਖੰਡਨ ਕੀਤਾ ਹੈ। ਸਿਰਸਾ ਨੇ ਉਨ੍ਹਾਂ ਉੱਪਰ ਹੋਈ ਗੋਲੀਬਾਰੀ ਦੀ ਖ਼ਬਰ ਨੂੰ ਅਫ਼ਵਾਹ ਕਰਾਰ ਦਿੱਤਾ ਹੈ। ਸ਼?ਰੀ ਸਿਰਸਾ ਨੇ ਬੁੱਧਵਾਰ ਨੂੰ ਇਕ ਬਿਆਨ ਜਾਰੀ ਕਰ ਕੇ ਕਿਹਾ,"ਮੇਰੇ ਉੱਪਰ ਗੋਲੀ ਚੱਲਣ ਦੀ ਅਫ਼ਵਾਹ ਉੱਡ ਰਹੀ ਹੈ। ਇਹ ਪੂਰੀ ਤਰ੍ਹਾਂ ਨਾਲ ਝੂਠ ਹੈ। ਮੈਂ ਬਿਲਕੁੱਲ ਠੀਕ ਹਾਂ।" ਇਸ ਵਿਚ ਦਿੱਲੀ ਪੁਲਸ ਨੇ ਵੀ ਦੱਸਿਆ ਕਿ ਸ਼?ਰੀ ਸਿਰਸਾ 'ਤੇ ਗੋਲੀ ਨਹੀਂ ਚੱਲੀ ਹੈ। ਜ਼ਮੀਨ 'ਤੇ ਸਿਲਾਈ ਜ਼ਮੀਨ ਦਾ ਕੁਝ ਹਿੱਸਾ ਪਿਆ ਸੀ, ਜਿਸ ਨੂੰ ਪਿਸਤੌਲ ਦਾ ਕਾਰਤੂਸ ਸਮਝ ਲਿਆ ਗਿਆ। ਦਿੱਲੀ ਪੁਲਸ ਨੇ ਗੋਲੀਬਾਰੀ ਦੀਆਂ ਖ਼ਬਰਾਂ ਤੋਂ ਇਨਕਾਰ ਕਰ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਸ਼?ਰੀ ਸਿਰਸਾ ਪਿਛਲੇ ਕੁਝ ਦਿਨਾਂ ਤੋਂ ਦਿੱਲੀ ਦੇ ਖਿਆਲਾ ਅਤੇ ਵਿਸ਼ਨੂੰ ਗਾਰਡਨ 'ਚ ਗੈਰ-ਕਾਨੂੰਨੀ ਫੈਕਟਰੀਆਂ ਖ਼?ਲਾਫ਼ ਮੋਰਚਾ ਖੋਲ੍ਹਿਆ ਹੋਇਆ ਹੈ। ਉਹ ਗੈਰ-ਕਾਨੂੰਨੀ ਫੈਕਟਰੀਆਂ ਨੂੰ ਸੀਲ ਕਰਵਾਉਣ ਗਏ ਸਨ, ਇਸੇ ਦੌਰਾਨ ਉਨ੍ਹਾਂ 'ਤੇ ਗੋਲੀਬਾਰੀ ਦੀਆਂ ਅਫ਼ਵਾਹਾਂ ਸਾਹਮਣੇ ਆਈਆਂ। ਗੋਲੀ ਚੱਲਣ ਦੀ ਖ਼ਬਰ ਨੂੰ ਮੰਤਰੀ ਅਤੇ ਦਿੱਲੀ ਪੁਲਸ ਨੇ ਅਫ਼ਵਾਹ ਕਰਾਰ ਦਿੱਤਾ ਹੈ।

## ਪੰਜਾਬ ਸਰਕਾਰ ਦਾ ਕਰਜ਼ਿਆਂ ਨੂੰ ਲੈ ਕੇ ਵੱਡਾ ਐਲਾਨ

ਕੌਮੀ ਪਤ੍ਰਿਕਾ

ਚੰਡੀਗੜ੍ਹ 2 ਜੁਲਾਈ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਐੱਸ. ਸੀ. ਭਾਈਚਾਰੇ ਨਾਲ ਸਬੰਧਿਤ 505 ਪਰਿਵਾਰਾਂ ਨੂੰ ਤਕਰੀਬਨ 8 ਕਰੋੜ 72 ਲੱਖ ਰੁਪਏ ਦੀ ਰਾਸ਼ੀ ਦੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਵੰਡੇ। ਇਸ ਮੌਕੇ ਉਨ੍ਹਾਂ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਵੀ 140 ਲਾਭਪਾਤਰੀਆਂ ਨੂੰ 71.40 ਲੱਖ ਮਤਲਬ ਕਿ ਹਰੇਕ ਨੂੰ 51,000 ਰੁਪਏ ਦੇ ਮਨਜ਼ੂਰੀ ਪੱਤਰਾਂ ਦੀ ਵੰਡ ਕੀਤੀ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਮਦਦ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀ ਵੱਧ ਤੋਂ ਵੱਧ ਭਲਾਈ ਨੂੰ ਯਕੀਨੀ ਬਣਾ ਰਹੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ। ਪੰਜਾਬ ਦੇ ਇਤਿਹਾਸ 'ਚ ਪਹਿਲੀ ਵਾਰ ਸੂਬੇ ਦੇ ਪੱਛੜੇ ਅਤੇ ਕਮਜ਼ੋਰ ਵਰਗਾਂ ਨੂੰ ਇਹ ਰਾਹਤ ਮਿਲੀ ਹੈ। ਇਹ ਇਸ ਕਰਕੇ ਸੰਭਵ ਹੋਇਆ ਹੈ ਕਿਉਂਕਿ ਪਹਿਲੀ ਵਾਰ ਸੂਬੇ ਦਾ ਬਜਟ



ਆਮ ਆਦਮੀ ਦੀ ਭਲਾਈ ਲਈ ਰੱਖਿਆ ਗਿਆ ਹੈ। ਸਰਕਾਰ ਸਰਕਾਰੀ ਖ਼ਜ਼ਾਨੇ ਦਾ ਇਕ-ਇਕ ਪੈਸਾ ਜਨਤਕ ਭਲਾਈ 'ਤੇ ਖ਼ਰਚ ਕਰ ਰਹੀ ਹੈ। ਇਹ ਮੁਆਫ਼ੀ ਪੀ. ਐੱਸ. ਸੀ. ਐੱਫ. ਸੀ. ਵੱਲੋਂ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ, ਜਿਸ ਨਾਲ ਐੱਸ. ਸੀ. ਭਾਈਚਾਰੇ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਅਤਿ ਲੋੜੀਂਦੀ ਰਾਹਤ ਮਿਲੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ-ਵਿਕਾਸ ਤੇ ਵਿੱਤ ਨਿਗਮ (ਪੀ. ਐੱਸ. ਸੀ. ਐੱਫ. ਸੀ.) ਵੱਲੋਂ 31 ਮਾਰਚ, 2020 ਤੱਕ ਵੰਡੇ ਗਏ ਕਰਜ਼ਿਆਂ 'ਤੇ ਲੀਕ ਫੇਰ ਦਿੱਤੀ ਗਈ ਹੈ। ਇਹ ਮੁਆਫ਼ੀ ਪੀ. ਐੱਸ. ਸੀ. ਐੱਫ. ਸੀ. ਵਲੋਂ ਉਪਰੋਕਤ ਮਿਤੀ ਤੱਕ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ, ਜਿਸ ਨਾਲ ਐੱਸ. ਸੀ. ਭਾਈਚਾਰੇ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਲੋੜੀਂਦੀ ਰਾਹਤ ਮਿਲੀ ਹੈ। ਸਰਕਾਰ ਵੱਲੋਂ ਇਨ੍ਹਾਂ ਲਾਭਪਾਤਰੀਆਂ ਨੂੰ 'ਕੋਈ ਬਕਾਇਆ ਨਹੀਂ' ਸਰਟੀਫਿਕੇਟ ਜਾਰੀ ਕੀਤੇ ਜਾ ਚੁੱਕੇ ਹਨ। 30 ਅਪ੍ਰੈਲ, 2025 ਤੱਕ ਗਿਣਿਆ ਗਿਆ ਮੂਲ, ਵਿਆਜ ਅਤੇ ਦੰਡ ਵਿਆਜ ਸਮੇਤ ਬਣਦੀ ਪੂਰੀ ਰਕਮ ਸੂਬਾ ਸਰਕਾਰ ਵੱਲੋਂ ਪੀ. ਐੱਸ. ਸੀ. ਐੱਫ. ਸੀ. ਨੂੰ ਵਾਪਸ ਕੀਤੀ ਜਾਵੇਗੀ। ਕਰਜ਼ਾ ਮੁਆਫ਼ੀ ਤੋਂ ਬਾਅਦ ਪੀ. ਐੱਸ. ਸੀ. ਐੱਫ. ਸੀ. ਦੇ ਨਿਯਮਾਂ ਤਹਿਤ ਕਰਜ਼ਾ ਲੈਣ ਵਾਲਿਆਂ ਖ਼?ਲਾਫ਼ ਰਿਕਵਰੀ ਲਈ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ ਜਾਵੇਗੀ।

## ਧਰਮਿੰਦਰ ਪ੍ਰਧਾਨ ਭਾਜਪਾ ਪ੍ਰਧਾਨ ਬਣਨ ਦੀ ਦੌੜ 'ਚ ਸਭ ਤੋਂ ਅੱਗੇ

ਨੈਸ਼ਨਲ ਡੈਸਕ 2 ਜੁਲਾਈ। ਜੇਕਰ ਸੰਘ ਪਰਿਵਾਰ ਤੋਂ ਆ ਰਹੀਆਂ ਖਬਰਾਂ 'ਤੇ ਯਕੀਨ ਕਰੀਏ ਤਾਂ ਮੌਜੂਦਾ ਭਾਜਪਾ ਪ੍ਰਧਾਨ ਜੇ. ਪੀ. ਨੱਡਾ ਦੀ ਥਾਂ ਅਗਲੇ 4 ਤੋਂ 6 ਹਫਤੇ ਵਿਚ ਨਵੇਂ ਪ੍ਰਧਾਨ ਦੀ ਨਿਯੁਕਤੀ ਹੋ ਸਕਦੀ ਹੈ। ਅਜਿਹਾ ਲੱਗ ਰਿਹਾ ਹੈ ਕਿ ਆਰ. ਐੱਸ. ਐੱਸ. ਅਤੇ ਭਾਜਪਾ ਹਾਈਕਮਾਨ ਵਿਚਕਾਰ ਉੱਤਰਾਧਿਕਾਰੀ ਨੂੰ ਲੈ ਕੇ ਸਹਿਮਤੀ ਬਣ ਗਈ ਹੈ। ਜਾਣਕਾਰ ਸੂਤਰਾਂ ਦਾ ਕਹਿਣਾ ਹੈ ਕਿ 21 ਜੁਲਾਈ ਨੂੰ ਮਾਨਸੂਨ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਪ੍ਰਕਿਰਿਆ ਪੂਰੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੇਕਰ ਥੋੜ੍ਹੀ ਜਿਹੀ ਵੀ ਦੇਰੀ ਹੋਈ ਤਾਂ ਇਸ ਵਿਚ 2 ਹਫ਼ਤੇ ਹੋਰ ਲੱਗ ਸਕਦੇ ਹਨ। ਖਬਰਾਂ ਮੁਤਾਬਕ, 3 ਲੋਕਾਂ ਦੇ ਪੈਨਲ ਨੂੰ ਸ਼ਾਰਟਲਿਸਟ ਕੀਤਾ ਗਿਆ ਹੈ ਜਿਸ ਵਿਚ ਬਿਜਲੀ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਐੱਮ. ਐੱਲ. ਖੱਟੜ, ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਸ਼ਾਮਲ ਹਨ। ਹਾਲਾਂਕਿ ਚੌਹਾਨ ਤਿੰਨ ਦਾਅਵੇਦਾਰਾਂ ਵਿਚੋਂ ਸਭ ਤੋਂ ਸੀਨੀਅਰ ਹਨ, ਪਰ ਭਾਜਪਾ ਹਾਈਕਮਾਨ ਨੂੰ ਲੱਗਦਾ ਹੈ ਕਿ ਖੱਟੜ ਇਸ ਅਹੁਦੇ ਲਈ ਬਿਹਤਰ ਹੋਣਗੇ। ਲੰਬੀ ਚਰਚਾ ਤੋਂ ਬਾਅਦ ਇਹ ਗੱਲ ਸਾਹਮਣੇ ਆ ਰਹੀ ਹੈ ਕਿ ਮੁਕਾਬਲਤਨ ਯੁਵਾ ਧਰਮਿੰਦਰ ਪ੍ਰਧਾਨ ਸੰਗਠਨ ਲਈ ਲੋੜੀਂਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਬਿਹਤਰ ਢੰਗ ਨਾਲ ਤਿਆਰ ਹੋਣਗੇ। ਉਨ੍ਹਾਂ ਦੇ ਪਿਤਾ ਜਨਸੰਘ ਦੇ ਸੰਸਥਾਪਕਾਂ ਵਿਚੋਂ ਇਕ ਸਨ ਅਤੇ ਉਨ੍ਹਾਂ ਨੇ ਓਡਿਸ਼ਾ ਇਕਾਈ ਦੀ ਸਥਾਪਨਾ ਕੀਤੀ ਸੀ। ਜੰਮੂ-ਕਸ਼ਮੀਰ ਦੇ ਐੱਲ. ਜੀ. ਮਨੋਜ ਸਿਨਹਾ ਦਾ ਨਾਂ ਵੀ ਚਰਚਾ ਵਿਚ ਹੈ। ਹਾਲਾਂਕਿ, ਨਾਂ ਦਾ ਖੁਲਾਸਾ ਸੂਬਾਈ ਇਕਾਈਆਂ ਦੀ ਚੋਣ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਹੀ ਸਾਹਮਣੇ ਆਵੇਗਾ, ਜਿਸ ਨੂੰ ਹੁਣ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। 16 ਸੂਬਾ ਪ੍ਰਧਾਨਾਂ ਦੀਆਂ ਚੋਣਾਂ ਖਤਮ ਹੋ ਗਈਆਂ ਹਨ ਅਤੇ 9 ਹੋਰ ਅਹੁਦਿਆਂ ਲਈ ਨਿਯੁਕਤੀਆਂ 2 ਹਫ਼ਤਿਆਂ ਵਿਚ ਕੀਤੀਆਂ ਜਾਣਗੀਆਂ। ਭਾਜਪਾ ਸੰਵਿਧਾਨ ਮੁਤਾਬਕ, ਰਾਸ਼ਟਰੀ ਪ੍ਰਧਾਨ ਦੀ ਚੋਣ ਅੱਧੇ ਰਾਜ ਮੁਖੀਆਂ ਦੀ ਚੋਣ ਤੋਂ ਬਾਅਦ ਹੀ ਕੀਤੀ ਜਾ ਸਕਦੀ ਹੈ।

ਇਸ ਲਈ ਰਸਤਾ ਸਾਫ਼ ਹੋ ਗਿਆ ਹੈ। ਜੇਕਰ ਪਿਛਲੇ ਰੁਝਾਨਾਂ ਨੂੰ ਦੇਖੀਏ ਤਾਂ ਨੱਡਾ ਦੇ ਉੱਤਰਾਧਿਕਾਰੀ ਦੇ 2029 ਵਿਚ ਹੋਣ ਵਾਲੀਆਂ ਅਗਲੀਆਂ ਆਮ ਚੋਣਾਂ ਤੱਕ ਅਹੁਦੇ 'ਤੇ ਬਣੇ ਰਹਿਣ ਦੀ ਉਮੀਦ ਹੈ।

## ਪੰਜਾਬ ਵਿਚ ਹੋ ਗਿਆ ਵੱਡਾ ਘਪਲਾ, ਪੂਰਾ ਮਾਮਲਾ ਜਾਣ ਉੱਡਣਗੇ ਹੋਸ਼

ਕੌਮੀ ਪਤ੍ਰਿਕਾ

ਲੁਧਿਆਣਾ 2 ਜੁਲਾਈ। ਪੰਜਾਬ ਸਰਕਾਰ ਦੇ ਵਿੱਤ ਵਿਭਾਗ ਨੇ 20 ਅਜਿਹੀਆਂ ਫਰਮਾਂ ਦਾ ਭਾਂਡਾ ਭੰਨਿਆ ਹੈ, ਜਿਹੜੀਆਂ ਕਰੋੜਾਂ ਰੁਪਏ ਦੀ ਜੀ. ਐੱਸ. ਟੀ. ਚੋਰੀ ਕਰ ਰਹੀਆਂ ਸਨ। ਇਨ੍ਹਾਂ ਫਰਮਾਂ ਨੇ ਬਹੁਤ ਹੀ ਚਲਾਕੀ ਨਾਲ ਆਪਣਾ ਨੈਟਵਰਕ ਖੜ੍ਹਾ ਕੀਤਾ ਤਾਂ ਜੋ ਅਸਲੀ ਪ੍ਰਬੰਧਕਾਂ ਦਾ ਨਾਮ ਸਾਹਮਣੇ ਨਾ ਆ ਸਕੇ। ਇਸ ਲਈ ਬਕਾਇਦਾ ਆਮ ਮਜ਼ਦੂਰਾਂ ਅਤੇ ਬੇਰੁਜ਼ਗਾਰਾਂ ਨੂੰ ਨਿਸ਼ਾਨਾਂ ਬਣਾਇਆ ਗਿਆ। ਉਨ੍ਹਾਂ ਨੂੰ 800 ਰੁਪਏ ਪ੍ਰਤੀਦਿਨ ਦਿਹਾੜੀ ਦੇਣ ਦਾ ਲਾਲਚ ਦਿੱਤਾ ਗਿਆ ਅਤੇ ਇਹ ਕਹਿ ਕੇ ਉਨ੍ਹਾਂ ਦੇ ਪੈਨ ਕਾਰਡ, ਆਧਾਰ ਕਾਰਡ ਅਤੇ ਬਾਕੀ ਦਸਤਾਵੇਜ਼ ਲੈ ਲਏ ਗਏ ਕਿ ਉਨ੍ਹਾਂ ਦੇ ਖਾਤਿਆਂ ਵਿਚ ਪੇਮੈਂਟ ਆ ਜਾਵੇਗੀ। ਇਹ ਫਰਜ਼ੀਵਾੜਾ ਲੁਧਿਆਣਾ ਦੇ ਇਕ ਵਿਅਕਤੀ ਵੱਲੋਂ ਚਲਾਇਆ ਜਾ ਰਿਹਾ ਸੀ, ਜੋ ਅਜੇ ਤਕ ਫਰਾਰ ਹੈ। ਉਕਤ ਵੱਲੋਂ ਇਹ ਫਰਜ਼ੀਵਾੜਾ ਲਗਭਗ ਤਿੰਨ ਸਾਲ ਤੋਂ ਚਲਾਇਆ ਜਾ ਰਿਹਾ ਸੀ। ਮੁਲਜ਼ਮ ਨੇ ਬੇਰੁਜ਼ਗਾਰ ਨੌਜਵਾਨਾਂ ਨੂੰ 800 ਰੁਪਏ ਦਿਹਾੜੀ ਦੇਣ ਦਾ ਲਾਲਚ ਦੇ ਕੇ 20 ਮਜ਼ਦੂਰਾਂ/ਬੇਰੁਜ਼ਗਾਰ ਨੌਜਵਾਨਾਂ ਦੇ ਨਾਮ 'ਤੇ 20 ਜਾਅਲੀ ਫਰਮਾਂ ਬਣਾਈਆਂ ਅਤੇ ਇਨ੍ਹਾਂ ਫਰਮਾਂ ਰਾਹੀਂ 866.67 ਕਰੋੜ ਦਾ ਧੋਖਾਧੜੀ ਵਾਲਾ ਲੈਣ-ਦੇਣ ਕੀਤਾ, ਜਿਨ੍ਹਾਂ ਦੇ ਅਧਾਰ 'ਤੇ ਜਾਅਲੀ ਬਿੱਲ ਜਮ?ਹਾਂ ਕਰਾ ਕੇ ਸਰਕਾਰ ਕੋਲ 157.22 ਕਰੋੜ ਦਾ ਇਨਪੁਟ ਟੈਕਸ ਕ੍ਰੈਡਿਟ ਦਾ ਦਾਅਵਾ ਕਰ ਦਿੱਤਾ ਤੇ ਵਿੱਤੀ ਫ਼ਾਇਦਾ ਲੈਣ ਵਿਚ ਸਫਲ ਹੋ ਗਿਆ। ਜਿਨ੍ਹਾਂ ਮਜ਼ਦੂਰਾਂ ਦੇ ਬੈਂਕ ਖਾਤਿਆਂ ਅਤੇ ਆਧਾਰ ਕਾਰਡਾਂ ਦੀ ਵਰਤੋਂ ਕੀਤੀ ਗਈ, ਉਹ ਮਜ਼ਦੂਰ ਆਪਣੇ ਕਰੋੜਾਂ ਰੁਪਏ ਦੇ ਕਾਰੋਬਾਰ ਤੋਂ ਬੇਖ਼ਬਰ ਹਨ ਕਿ ਉਨ੍ਹਾਂ ਦੇ ਨਾਮ 'ਤੇ ਕਿਤੇ ਅਜਿਹਾ ਵੀ ਹੋ ਰਿਹਾ ਹੈ। ਮੁਲਜ਼ਮ ਨੇ ਇਹ ਫ਼ਰਮਾਂ ਸਿਰਫ਼ ਕਾਗ਼ਜ਼ਾਂ 'ਚ ਹੀ ਖੜ੍ਹੀਆਂ ਕੀਤੀਆਂ, ਜਿਨ੍ਹਾਂ ਦੀ ਕਿੱਧਰੇ ਕੋਈ ਮੌਜੂਦਗੀ ਨਹੀਂ ਸੀ ਅਤੇ ਨਾ ਹੀ ਕੋਈ ਦਫ਼ਤਰੀ ਇਮਾਰਤ ਸੀ। ਇੱਥੋਂ ਤੱਕ ਕਿ ਅਸਲ ਵਿੱਚ ਕੋਈ ਵਪਾਰਕ ਗਤੀਵਿਧੀ ਵੀ ਨਹੀਂ ਸੀ। ਮੀਡੀਆ ਰਿਪੋਰਟਾਂ ਅਨੁਸਾਰ ਮੁਲਜ਼ਮ ਨੇ ਸਾਲ 2023 ਤੋਂ ਇਹ ਧੰਦਾ ਸ਼ੁਰੂ ਕੀਤਾ ਹੋਇਆ ਸੀ ਜਿਸ 'ਚ 157.22 ਕਰੋੜ ਦੇ ਇਨਪੁੱਟ ਟੈਕਸ ਕ੍ਰੈਡਿਟ (ਆਈਟੀਸੀ) ਦਾ ਦਾਅਵਾ ਕੀਤਾ ਗਿਆ। ਟੈਕਸੇਸ਼ਨ ਵਿਭਾਗ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਸ ਮੁਲਜ਼ਮ ਨੇ ਸਾਲ 2023-24 ਵਿਚ ਜਾਅਲੀ ਬਿੱਲ ਤਿਆਰ ਕਰਕੇ 249 ਕਰੋੜ ਦਾ ਲੈਣ-ਦੇਣ ਦਿਖਾ ਕੇ 45.12 ਕਰੋੜ ਰੁਪਏ ਦੇ ਆਈਟੀਸੀ ਦਾ ਦਾਅਵਾ ਕੀਤਾ ਅਤੇ 2024-25 ਵਿਚ 569.54 ਕਰੋੜ ਰੁਪਏ ਦੇ ਲੈਣ-ਦੇਣ ਦਿਖਾ ਕੇ 104.08 ਕਰੋੜ ਰੁਪਏ ਦੇ ਆਈਟੀਸੀ ਦਾ ਦਾਅਵਾ ਕੀਤਾ। ਇਸੇ ਤਰ੍ਹਾਂ ਚਾਲੂ ਵਿੱਤੀ ਸਾਲ ਦੇ ਪਹਿਲੇ ਦੋ ਮਹੀਨਿਆਂ ਵਿਚ 47.25 ਕਰੋੜ ਦਾ ਲੈਣ ਦੇਣ ਦਿਖਾ ਕੇ 8.01 ਕਰੋੜ ਰੁਪਏ ਦੇ ਆਈਟੀਸੀ ਦਾ ਦਾਅਵਾ ਕੀਤਾ ਗਿਆ। ਇਸ ਸਮੁੱਚੀ ਧੋਖਾਧੜੀ ਦਾ ਪਰਦਾਫਾਸ਼ ਟੈਕਸੇਸ਼ਨ ਵਿਭਾਗ ਦੇ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ ਨੇ ਕੀਤਾ ਹੈ ਅਤੇ ਇਸ ਦਾ ਪੁਲਸ ਕੇਸ ਵੀ ਦਰਜ ਕਰਵਾਇਆ ਗਿਆ ਹੈ।

## ਬਿਕਰਮ ਮਜੀਠੀਆ ਪੁੱਜੇ ਹਾਈਕੋਰਟ, ਗ੍ਰਿਫ਼ਤਾਰੀ ਨੂੰ ਦੱਸਿਆ ਗੈਰ-ਕਾਨੂੰਨੀ

ਕੌਮੀ ਪਤ੍ਰਿਕਾ

ਚੰਡੀਗੜ੍ਹ 2 ਜੁਲਾਈ। ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਆਪਣੇ ਖ਼ਿਲਾਫ਼ ਦਰਜ ਐੱਫ. ਆਈ. ਆਰ. ਅਤੇ ਗ੍ਰਿਫ਼ਤਾਰੀ ਨੂੰ 'ਗੈਰ-ਕਾਨੂੰਨੀ ਅਤੇ ਰਾਜਨੀਤਿਕ ਬਦਲਾਖ਼ੋਰੀ ਦੀ ਉਪਜ' ਦੱਸਦੇ ਹੋਏ ਪੰਜਾਬ ਅਤੇ ਹਰਿਆਣਾ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਮਜੀਠੀਆ ਵੱਲੋਂ ਦਾਇਰ ਪਟੀਸ਼ਨ 'ਚ ਕਿਹਾ ਗਿਆ ਹੈ ਕਿ ਉਨ੍ਹਾਂ ਦੀ ਗ੍ਰਿਫ਼ਤਾਰੀ ਅਤੇ ਰਿਮਾਂਡ ਪੂਰੀ ਤਰ੍ਹਾਂ ਗੈਰ-ਸੰਵਿਧਾਨਕ, ਕਾਨੂੰਨ ਦੀ ਢੁੱਕਵੀਂ ਪ੍ਰਕਿਰਿਆ ਦੇ ਖ਼ਿਲਾਫ਼ ਅਤੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਹੈ। ਪਟੀਸ਼ਨ 'ਚ ਮਜੀਠੀਆ ਨੇ ਕਿਹਾ ਕਿ ਉਨ੍ਹਾਂ ਖ਼ਿਲਾਫ਼ 25 ਜੂਨ ਨੂੰ ਮੋਹਾਲੀ ਦੇ ਵਿਜੀਲੈਂਸ ਬਿਊਰੋ ਪੁਲਸ ਸਟੇਸ਼ਨ 'ਚ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਦਰਜ ਕੀਤੀ ਐੱਫ. ਆਈ. ਆਰ. ਮੌਜੂਦਾ ਸੱਤਾਧਾਰੀ ਪਾਰਟੀ ਵੱਲੋਂ ਰਾਜਨੀਤਿਕ ਤੌਰ 'ਤੇ ਪ੍ਰੇਰਿਤ ਸਾਜ਼ਿਸ਼ ਹੈ ਤਾਂ ਜੋ ਉਨ੍ਹਾਂ ਨੂੰ ਬਦਨਾਮ ਕੀਤਾ ਜਾ ਸਕੇ ਅਤੇ ਪਰੇਸ਼ਾਨ ਕੀਤਾ ਜਾ ਸਕੇ। ਪਟੀਸ਼ਨ 'ਚ ਇਹ ਵੀ ਦੱਸਿਆ ਗਿਆ ਹੈ ਕਿ ਉਨ੍ਹਾਂ ਨੂੰ 25 ਜੂਨ ਨੂੰ ਸਵੇਰੇ 9 ਵਜੇ ਉਨ੍ਹਾਂ ਦੇ ਘਰ ਤੋਂ ਹਿਰਾਸਤ 'ਚ ਲਿਆ ਗਿਆ ਸੀ, ਜਦੋਂ ਕਿ ਰਸਮੀ ਗ੍ਰਿਫ਼ਤਾਰੀ ਸਵੇਰੇ 11.20 ਵਜੇ ਦਿਖਾਈ ਗਈ ਸੀ। 2 ਘੰਟਿਆਂ ਦੀ ਇਸ ਕਥਿਤ 'ਗੈਰ-ਕਾਨੂੰਨੀ ਹਿਰਾਸਤ' ਨੂੰ ਸੰਵਿਧਾਨ ਦੀ ਧਾਰਾ 22(2) ਅਤੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 187 ਦੀ ਸਪੱਸ਼ਟ ਉਲੰਘਣਾ ਦੱਸਿਆ ਗਿਆ। ਮਜੀਠੀਆ ਨੇ ਰਿਮਾਂਡ ਅਰਜ਼ੀ ਨੂੰ ਵੀ ਗੈਰ-ਕਾਨੂੰਨੀ



ਕਰਾਰ ਦਿੱਤਾ ਅਤੇ ਕਿਹਾ ਕਿ ਇਸ 'ਚ ਕਿਸੇ ਵੀ ਠੋਸ ਜਾਂ ਜ਼ਰੂਰੀ ਜਾਂਚ ਦਾ ਕੋਈ ਆਧਾਰ ਨਹੀਂ ਦਿੱਤਾ ਗਿਆ। ਪਟੀਸ਼ਨ 'ਚ ਲਿਖਿਆ ਗਿਆ ਹੈ ਕਿ ਜਾਂਚ ਏਜੰਸੀ ਨੇ ਸਿਰਫ਼ 'ਵਿਦੇਸ਼ੀ ਸਬੰਧਾਂ', 'ਦਸਤਾਵੇਜ਼ਾਂ ਦਾ ਟਕਰਾਅ' ਆਦਿ ਵਰਗੇ ਅੰਦਾਜ਼ਿਆਂ ਅਤੇ ਅਟਕਲਾਂ ਦੇ ਆਧਾਰ 'ਤੇ ਰਿਮਾਂਡ ਦੀ ਮੰਗ ਕੀਤੀ। ਮਜੀਠੀਆ ਨੇ ਦੋਸ਼ ਲਗਾਇਆ ਕਿ ਜਾਂਚ ਏਜੰਸੀ ਦਾ ਇੱਕੋ-ਇੱਕ ਇਰਾਦਾ ਉਨ੍ਹਾਂ 'ਤੇ ਦਬਾਅ ਪਾ ਕੇ ਉਨ੍ਹਾਂ ਤੋਂ ਇਕਬਾਲੀਆ ਬਿਆਨ ਲੈਣਾ ਸੀ, ਜੋ ਕਿ ਧਾਰਾ 20(3) ਦੇ ਤਹਿਤ ਸੁਰੱਖਿਆ ਦੀ ਉਲੰਘਣਾ ਕਰਦਾ ਹੈ। ਇਸ ਤੋਂ ਇਲਾਵਾ 26 ਜੂਨ ਨੂੰ ਜੁਡੀਸ਼ੀਅਲ ਮੈਜਿਸਟ?ਰੇਟ ਫਸਟ ਕਲਾਸ ਵੱਲੋਂ ਪਾਸ ਕੀਤਾ ਗਿਆ ਰਿਮਾਂਡ ਆਰਡਰ ਨਾ ਸਿਰਫ਼ 'ਇਕਪਾਸੜ ਅਤੇ ਮਨਮਾਨੀ' ਹੈ, ਸਗੋਂ ਅਦਾਲਤ ਵੱਲੋਂ ਨਿਆਂਇਕ ਸੋਚ ਦੀ ਵੀ ਘਾਟ ਹੈ। ਪਟੀਸ਼ਨ 'ਚ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਹੈ ਕਿ ਸੁਪਰੀਮ ਕੋਰਟ ਨੇ 4 ਮਾਰਚ ਦੇ ਆਪਣੇ ਵਿਸਤ੍ਰਿਤ ਹੁਕਮ 'ਚ ਸੂਬਾ ਸਰਕਾਰ ਦੀ ਦਲੀਲ ਨੂੰ ਰੱਦ ਕਰ ਦਿੱਤਾ ਅਤੇ ਮਜੀਠੀਆ ਦੀ ਪੁਲਸ ਹਿਰਾਸਤ ਤੋਂ ਇਨਕਾਰ ਕਰ ਦਿੱਤਾ ਅਤੇ ਉਨ੍ਹਾਂ ਨੂੰ ਸਿਰਫ਼ ਜਾਂਚ ਵਿਚ ਸਹਿਯੋਗ ਕਰਨ ਦਾ ਨਿਰਦੇਸ਼ ਦਿੱਤਾ, ਜਿਸਨੂੰ ਉਨ੍ਹਾਂ ਨੇ ਪੂਰਾ ਕੀਤਾ। ਇਸ ਦੇ ਬਾਵਜੂਦ ਸੂਬੇ ਨੇ ਤੱਥਾਂ ਨੂੰ ਛੁਪਾ ਕੇ ਦੁਬਾਰਾ ਪੁਲਸ ਰਿਮਾਂਡ ਲਿਆ। ਪਟੀਸ਼ਨਕਰਤਾ ਨੇ ਅੱਗੇ ਕਿਹਾ ਕਿ ਪੂਰੀ ਘਟਨਾ ਵਿਚ ਨਾ ਸਿਰਫ਼ ਰਿਮਾਂਡ ਆਰਡਰ ਕਾਨੂੰਨੀ ਗਲਤੀਆਂ ਤੋਂ ਪੀੜਤ ਹੈ, ਸਗੋਂ ਇਹ ਉਨ੍ਹਾਂ ਦੇ ਮੌਲਿਕ ਅਧਿਕਾਰਾਂ ਦੀ ਧਾਰਾ 14 (ਸਮਾਨਤਾ ਦਾ ਅਧਿਕਾਰ), 20 ਅਤੇ 21 (ਆਜ਼ਾਦੀ ਅਤੇ ਜੀਵਨ ਦਾ ਅਧਿਕਾਰ) ਦੀ ਵੀ ਘੋਰ ਉਲੰਘਣਾ ਹੈ।

# ਗੁਰਦਾਸਪੁਰ ’ਚ ਟੈਕਸੀ ਚਾਲਕਾਂ ਵਿਚਕਾਰ ਤਿੱਖਾ ਟਕਰਾਅ, ਚੱਲੇ ਡਾਂਗਾਂ ਸੋਟੇ

**ਕੌਮੀ ਪਤ੍ਰਿਕਾ**

ਗੁਰਦਾਸਪੁਰ 2 ਜੁਲਾਈ। ਗੁਰਦਾਸਪੁਰ ਸ਼ਹਿਰ ਅੰਦਰ ਸਥਿਤ ਵੱਖ-ਵੱਖ ਟੈਕਸੀ ਯੂਨੀਅਨਾਂ ਨਾਲ ਸਬੰਧਤ ਟੈਕਸੀ ਚਾਲਕਾਂ ’ਚ ਅੱਜ ਤਿੱਖਾ ਟਕਰਾਅ ਹੋਇਆ ਹੈ, ਜਿਸ ਦੌਰਾਨ ਚੱਲੀਆਂ ਡਾਂਗਾਂ ਅਤੇ ਸੋਟਿਆਂ ਸਮੇਤ ਹੋਰ ਕਥਿਤ ਰਵਿਆਤੀ ਹਥਿਆਰਾਂ ਕਾਰਨ ਤਿੰਨ ਵਿਅਕਤੀ ਜ਼ਖਮੀ ਵੀ ਹੋਏ ਹਨ, ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ। ਉਕਤ ਟਕਰਾਅ ਦੌਰਾਨ ਕੁਝ ਲੋਕਾਂ ਵੱਲੋਂ ਬਕਾਇਦਾ ਵੀਡੀਓ ਵੀ ਬਣਾਈ ਗਈ ਹੈ, ਜੋ ਸੋਸ਼ਲ ਮੀਡੀਆ ’ਤੇ ਕਾਫੀ ਵਾਇਰਲ ਹੋ ਰਹੀ ਹੈ। ਇਸ ਤਹਿਤ ਇਕ ਟੈਕਸੀ ਯੂਨੀਅਨ ਦੇ ਪ੍ਰਧਾਨ ਗੁਰਭੇਜ ਸਿੰਘ ਨੇ ਦੱਸਿਆ ਕਿ ਉਹ ਸਰਕਾਰ ਨੂੰ ਬਕਾਇਦਾ ਟੈਕਸ ਭਰਦੇ ਹਨ ਅਤੇ ਉਨ੍ਹਾਂ ਕੋਲ ਕਮਰਸ਼ੀਅਲ ਪਰਮਿਟ ਵਾਲੀਆਂ ਟੈਕਸੀਆਂ ਹਨ। ਨਿਯਮਾਂ ਅਨੁਸਾਰ ਇਹ ਕਮਰਸ਼ੀਅਲ ਟੈਕਸੀਆਂ ਕਿਸੇ ਵੀ ਸਟੈਂਡ ’ਤੇ ਲਗਾ ਸਕਦੇ ਹਨ ਅਤੇ ਉਨ੍ਹਾਂ ਨੂੰ ਕੋਈ ਵੀ ਨਹੀਂ ਰੋਕ ਸਕਦਾ ਪਰ ਗੁਰਦਾਸਪੁਰ ਨਾਲ ਸਬੰਧਤ ਜੀ. ਕੇ. ਐੱਸ. ਨੇੜੇ ਸਥਿਤ ਟੈਕਸੀ ਸਟੈਂਡ ਦੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਦੀਆਂ ਗੱਡੀਆਂ ਨੂੰ ਇਸ ਸਟੈਂਡ ’ਤੇ ਲਗਾਉਣ ਤੋਂ ਰੋਕਿਆ ਜਾਂਦਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਇਸ ਸਟੈਂਡ ਨਾਲ ਸਬੰਧਤ ਟੈਕਸੀ ਯੂਨੀਅਨ ਦੇ ਅਹੁਦੇਦਾਰ ਪ੍ਰਾਈਵੇਟ ਗੱਡੀਆਂ ਦੇ ਚਾਲਕਾਂ ਨੂੰ ਸ਼ਹਿ ਦੇ ਕੇ ਉਨ੍ਹਾਂ ਨੂੰ ਤਾਂ ਇੱਥੇ ਖੜ੍ਹੇ ਕਰਦੇ ਹਨ ਅਤੇ ਉਨ੍ਹਾਂ ਕੋਲੋਂ ਬਕਾਇਦਾ ਪੈਸੇ ਵੀ ਵਸੂਲਦੇ ਹਨ ਜਦੋਂ ਕਿ ਸਰਕਾਰ ਨੂੰ ਟੈਕਸ ਭਰ ਰਹੇ ਕਮਰਸ਼ੀਅਲ ਟੈਕਸੀ ਚਾਲਕਾਂ ਨੂੰ ਇੱਥੇ ਖੜੇ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਂਦੀ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਹੀ ਉਨ੍ਹਾਂ ਦੇ ਨਾਲ ਇਹ ਕਥਿਤ ਧੱਕੇਸ਼ਾਹੀ ਹੁੰਦੀ ਆ ਰਹੀ ਹੈ ਅਤੇ ਕਈ ਵਾਰ ਇਨ੍ਹਾਂ ਅਹੁਦੇਦਾਰਾਂ ਵੱਲੋਂ ਡਰਾਈਵਰਾਂ ਨਾਲ ਕਥਿਤ ਤੌਰ ’ਤੇ ਬਦਸਲੂਕੀ ਅਤੇ ਕੁੱਟਮਾਰ ਵੀ ਕੀਤੀ ਗਈ ਸੀ। ਹੁਣ ਵੀ ਬਹਿਰਾਮਪੁਰ ਨਾਲ ਸਬੰਧਤ ਬੋਬੀ ਨਾਮ ਦੇ ਟੈਕਸੀ ਚਾਲਕ ਦੀਆਂ ਕਮਰਸ਼ੀਅਲ ਗੱਡੀਆਂ ਨੂੰ ਇੱਥੇ ਲਗਾਉਣ ਤੋਂ ਰੋਕਿਆ ਜਾ ਰਿਹਾ ਸੀ, ਜਿਸ ਕਾਰਨ ਬੋਬੀ ਨੇ ਕਿਹਾ ਸੀ ਕਿ ਸਰਕਾਰ ਨੂੰ ਬਕਾਇਦਾ ਟੈਕਸ ਭਰਦਾ ਹੈ ਅਤੇ ਇੱਥੇ ਹੀ ਗੱਡੀ ਲਗਾਵੇਗਾ। ਅੱਜ ਜਦੋਂ ਉਹ ਇੱਥੇ ਗੱਡੀ ਲਗਾਉਣ ਗਏ ਤਾਂ ਇੱਥੇ ਮੌਜੂਦ ਟੈਕਸੀ ਚਾਲਕਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਨੇ ਡਾਂਗਾਂ ਸੋਟਿਆਂ ਅਤੇ ਹੋਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਇਸ ਹਮਲੇ ਦੌਰਾਨ ਗੁਰਭੇਜ ਸਿੰਘ, ਰਿੰਕੂ ਅਤੇ ਰਸ਼ਪਾਲ ਸਿੰਘ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਹੁਣ ਇਲਾਜ ਲਈ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇ ਕੇ ਇਹ ਮੰਗ ਕਰ ਚੁੱਕੇ ਹਨ ਕਿ ਉਨ੍ਹਾਂ ਦੀਆਂ ਗੱਡੀਆਂ ਨੂੰ ਇੱਥੇ ਟੈਕਸੀ ਸਟੈਂਡ ’ਤੇ ਲਗਾਉਣ ਦੀ ਇਜਾਜ਼ਤ ਦਿੱਤੀ ਜਾਵੇ ਅਤੇ ਗੁਰਦਾਸਪੁਰ ’ਚ ਪ੍ਰਾਈਵੇਟ ਗੱਡੀਆਂ ਨੂੰ ਟੈਕਸੀ ਦੇ ਤੌਰ ’ਤੇ ਚਲਾਏ ਜਾਣ ’ਤੇ ਰੋਕ ਲਗਾਈ ਜਾਵੇ ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਉਨ੍ਹਾਂ ਕਿਹਾ ਕਿ ਇਹ ਮੰਗਾਂ ਪੂਰੀਆਂ ਕਰਨ ਦੇ ਨਾਲ-ਨਾਲ ਇਸ ਦੇ ਨਾਲ ਹੀ ਉਨ੍ਹਾਂ ਉੱਪਰ ਹਮਲਾ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇ। ਦੂਸਰੀ ਧਿਰ ਨਾਲ ਸਬੰਧਤ ਟੈਕਸੀ ਯੂਨੀਅਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਉਕਤ ਵਿਅਕਤੀ ਬੋਬੀ ਬਹਿਰਾਮਪੁਰ ਤੋਂ ਆ ਕੇ ਉਨ੍ਹਾਂ ਨਾਲ ਨੇ ਡਾਂਗਾਂ ਸੋਟਿਆਂ ਅਤੇ ਹੋਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਇਸ ਹਮਲੇ ਦੌਰਾਨ ਗੁਰਭੇਜ ਸਿੰਘ, ਰਿੰਕੂ ਅਤੇ ਰਸ਼ਪਾਲ ਸਿੰਘ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਹੁਣ ਇਲਾਜ ਲਈ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇ ਕੇ ਇਹ ਮੰਗ ਕਰ ਚੁੱਕੇ ਹਨ ਕਿ ਉਨ੍ਹਾਂ ਦੀਆਂ ਗੱਡੀਆਂ ਨੂੰ ਇੱਥੇ ਟੈਕਸੀ ਸਟੈਂਡ ’ਤੇ ਲਗਾਉਣ ਦੀ ਇਜਾਜ਼ਤ ਦਿੱਤੀ ਜਾਵੇ ਅਤੇ ਗੁਰਦਾਸਪੁਰ ’ਚ ਧੱਕੇਸ਼ਾਹੀ ਕਰ ਰਿਹਾ ਹੈ। ਬੋਬੀ ਨੇ ਹੀ ਪਹਿਲਾਂ ਫੋਨ ਕਰ ਕੇ ਉਨ੍ਹਾਂ ਨੂੰ ਜ਼ਬਰਦਸਤੀ ਇੱਥੇ ਗੱਡੀ ਲਗਾਉਣ ਦੀ ਧਮਕੀ ਦਿੱਤੀ ਸੀ ਅਤੇ ਅੱਜ ਅਚਾਨਕ ਬੋਬੀ ਆਪਣੇ ਹੋਰ ਸਾਥੀਆਂ ਦੇ ਨਾਲ ਇੱਥੇ ਆ ਗਿਆ। ਉਨ੍ਹਾਂ ਕਿਹਾ ਕਿ ਸਾਰੇ ਹਥਿਆਰ ਵੀ ਉਕਤ ਵਿਅਕਤੀ ਹੀ ਲੈ ਕੇ ਆਏ ਸਨ ਜਦੋਂ ਕਿ ਉਨ੍ਹਾਂ ਨੇ ਸਿਰਫ ਆਪਣਾ ਬਚਾਅ ਹੀ ਕੀਤਾ ਹੈ। ਅਹੁਦੇਦਾਰਾਂ ਨੇ ਦੱਸਿਆ ਕਿ ਪ੍ਰਾਈਵੇਟ ਟੈਕਸੀ ਚਾਲਕ ਪਿਛਲੇ ਕਈ ਦਹਾਕਿਆਂ ਤੋਂ ਕੰਮ ਕਰਦੇ ਆ ਰਹੇ ਹਨ ਅਤੇ ਇਸ ਸਟੈਂਡ ਤੇ ਸਿਰਫ ਪ੍ਰਾਈਵੇਟ ਗੱਡੀਆਂ ਹੀ ਨਹੀਂ ਸਗੋਂ ਪਰਮਿਟ ਵਾਲੀਆਂ ਗੱਡੀਆਂ ਵੀ ਲੱਗਦੀਆਂ ਹਨ। ਇੱਥੇ ਜਗ?ਹਾ ਥੋੜੀ ਹੋਣ ਕਰ ਕੇ ਅਤੇ ਕੰਮ ’ਚ ਪਹਿਲਾਂ ਹੀ ਕਾਫੀ ਮੰਦਹਾਲੀ ਹੋਣ ਕਰ ਕੇ ਕੁਝ ਗਿਣਤੀ ਦੀਆਂ ਟੈਕਸੀਆਂ ਹੀ ਲੱਗ ਸਕਦੀਆਂ ਹਨ ਪਰ ਉਕਤ ਵਿਅਕਤੀ ਬਹਿਰਾਮਪੁਰ ਤੋਂ ਆ ਕੇ ਜ਼ਬਰਦਸਤੀ ਇੱਥੇ ਗੱਡੀ ਲਗਾਉਣੀ ਚਾਹੁੰਦਾ ਹੈ। ਜਦੋਂ ਕਿ ਗੁਰਦਾਸਪੁਰ ’ਚ ਦੋ ਹੋਰ ਵੀ ਟੈਕਸੀ ਸਟੈਂਡ ਹਨ। ਉਨ੍ਹਾਂ ਕਿਹਾ ਕਿ ਜੋ ਵਿਅਕਤੀ ਪਹਿਲਾਂ ਜਿਸ ਸਟੈਂਡ ’ਤੇ ਟੈਕਸੀ ਲਗਾ ਰਿਹਾ ਹੈ, ਉਸ ਨੂੰ ਉੱਥੇ ਹੀ ਆਪਣੀ ਟੈਕਸੀ ਲਗਾਉਣੀ ਚਾਹੀਦੀ ਹੈ ਪਰ ਇਸ ਤਰ੍ਹਾਂ ਜ਼ਬਰਦਸਤੀ ਕਰਨੀ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਟੈਕਸੀ ਸਟੈਂਡ ਵਾਲਿਆਂ ਵੱਲੋਂ ਕਦੇ ਵੀ ਕਿਸੇ ਪ੍ਰਾਈਵੇਟ ਟੈਕਸੀ ਚਾਲਕ ਕੋਲੋਂ ਕੋਈ ਪੈਸਾ ਨਹੀਂ ਲਿਆ ਜਾਂਦਾ, ਜਦੋਂ ਕਿ ਉਕਤ ਵਿਅਕਤੀ ਕੋਰਾ ਝੂਠਾ ਦੋਸ਼ ਲਗਾ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਤੇ ਉਨ੍ਹਾਂ ਨੇ ਹਮਲਾ ਨਹੀਂ ਕੀਤਾ, ਉਲਟਾ ਸਗੋਂ ਉਨ੍ਹਾਂ ਦੀ ਯੂਨੀਅਨ ਨਾਲ ਸਬੰਧਤ ਵਿਅਕਤੀਆਂ ’ਤੇ ਹਮਲਾ ਹੋਇਆ ਹੈ ਅਤੇ ਉਨ੍ਹਾਂ ਦੇ ਹੀ ਸੱਟਾਂ ਵੀ ਲੱਗੀਆਂ ਹਨ, ਜਿਸ ਕਾਰਨ ਉਹ ਵੀ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕਰ ਰਹੇ ਹਨ ਕਿ ਹਮਲਾ ਕਰਨ ਵਾਲੇ ਵਿਅਕਤੀਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਇਸ ਸਬੰਧੀ ਥਾਣਾ ਸਿਟੀ ਦੇ ਮੁਖੀ ਦਵਿੰਦਰ ਪ੍ਰਕਾਸ਼ ਨਾਲ ਸੰਪਰਕ ਕਰਨ ’ਤੇ ਉਨ੍ਹਾਂ ਕਿਹਾ ਕਿ ਇਸ ਮਾਮਲੇ ’ਚ ਸਬੰਧਤ ਵਿਅਕਤੀਆਂ ਵੱਲੋਂ ਜੋ ਬਿਆਨ ਦਿੱਤੇ ਜਾਣਗੇ, ਉਸ ਅਨੁਸਾਰ ਹੀ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜੇ ਤੱਕ ਕਿਸੇ ਵੱਲੋਂ ਬਿਆਨ ਨਹੀਂ ਦਰਜ ਕਰਵਾਏ ਗਏ।

# ਵਿਦੇਸ਼ ਜਾ ਕੇ ਕਸਮਾਂ-ਵਾਅਦੇ ਭੁੱਲ ਗਈ ਪਤਨੀ !

**ਕੌਮੀ ਪਤ੍ਰਿਕਾ**

ਗੁਰਦਾਸਪੁਰ 2 ਜੁਲਾਈ। ਮੁੰਡੇ ਵੱਲੋਂ ਪੈਸੇ ਲਾ ਕੇ ਕੁੜੀ ਨੂੰ ਵਿਦੇਸ਼ ਭੇਜਣਾ ਤੇ ਫ਼?ਰ ਕੁੜੀ ਵੱਲੋਂ ਵਿਦੇਸ਼ ਜਾਂਦਿਆਂ ਕੁੜੀ ਵੱਲੋਂ ਮੁੱਕਰ ਜਾਣ ਦੇ ਮਾਮਲੇ ਦਿਨੋਂ-ਦਿਨ ਵੱਧਦੇ ਜਾ ਰਹੇ ਹਨ। ਅਜਿਹਾ ਹੀ ਇਕ ਮਾਮਲਾ ਗੁਰਦਾਸਪੁਰ ਤੋਂ ਸਾਹਮਣੇ ਆਇਆ ਹੈ ਜਿੱਥੇ ਵਿਆਹ ਤੋਂ ਪਹਿਲਾਂ ਹੀ ਦੋਹਾਂ ਪਰਿਵਾਰਾਂ ਵਿਚਾਲੇ ਗੱਲਬਾਤ ਹੋਈ ਸੀ ਕਿ ਉਹ ਕੁੜੀ ਨੂੰ ਸਟੱਡੀ ਵੀਜ਼ੇ ’ਤੇ ਯੂ.ਕੇ. ਭੇਜਣਗੇ ਤੇ ਉਹ ਉੱਥੋਂ ਮੁੰਡੇ ਨੂੰ ਸਪਾਊਸ ਵੀਜ਼ੇ ’ਤੇ ਯੂ.ਕੇ. ਬੁਲਾ ਲਵੇਗੀ। ਪਰ ਵਿਦੇਸ਼ ਜਾ ਕੇ ਕੁੜੀ ਆਪਣੇ ਵਾਅਦੇ ਤੋਂ ਮੁੱਕਰ ਗਈ, ਜਿਸ ਮਗਰੋਂ ਪਤੀ ਨੇ ਅੱਕ ਕੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਬ-ਇੰਸਪੈਕਟਰ ਸੋਮ ਲਾਲ ਨੇ ਦੱਸਿਆ ਕਿ ਬਾਨੂੰ ਵਰਮਾ ਪੁੱਤਰ ਰਾਕੇਸ਼ ਕੁਮਾਰ ਵਾਸੀ ਗੁਰਦਾਸਪੁਰ ਨੇ ਸ਼ਿਕਾਇਤ ’ਚ ਦੱਸਿਆ ਕਿ ਉਸ ਦਾ ਵਿਆਹ ਸਾਲ 2023 ਵਿਚ ਅਲੀਸ਼ਾ ਭਗਤ ਨਾਲ ਹੋਇਆ ਸੀ। ਵਿਆਹ ਤੋਂ ਪਹਿਲਾ ਦੋਵਾਂ ਪਰਿਵਾਰਾਂ ਦੀ ਆਪਸੀ ਸਹਿਮਤੀ ਹੋਈ ਸੀ, ਕਿ ਵਿਆਹ ਤੋਂ ਬਾਅਦ ਅਲੀਸ਼ਾ ਸਟੱਡੀ ਵੀਜ਼ੇ ’ਤੇ ਯੂ.ਕੇ. ਜਾਵੇਗੀ ਅਤੇ ਜਿੰਨੇ ਵੀ ਪੈਸੇ ਲੱਗਣਗੇ, ਦੋਵੇਂ ਪਰਿਵਾਰ ਅੱਧੇ-ਅੱਧੇ ਲਗਾਉਣਗੇ ਅਤੇ ਯੂ.ਕੇ. ਪਹੁੰਚਣ ਤੋਂ ਬਾਅਦ ਅਲੀਸ਼ਾ ਭਗਤ ਆਪਣੇ ਪਤੀ ਬਾਨੂੰ ਵਰਮਾ ਨੂੰ ਸਪਾਊਸ ਵੀਜ਼ੇ ’ਤੇ ਯੂ.ਕੇ ਬੁਲਾ ਲਵੇਗੀ। ਬਾਨੂੰ ਵਰਮਾ ਵੱਲੋਂ 14-15ਲੱਖ ਰੁਪਏ ਖਰਚ ਕੇ ਅਲੀਸ਼ਾ ਭਗਤ ਨੂੰ ਯੂ.ਕੇ ਭੇਜਿਆ ਸੀ, ਪਰ ਅਲੀਸ਼ਾ ਭਗਤ ਨੇ ਵਿਦੇਸ਼ ਯੂ.ਕੇ ਪਹੁੰਚ ਕੇ ਆਪਣੀ ਮਾਤਾ ਆਸ਼ਾ ਰਾਣੀ ਅਤੇ ਪਿਤਾ ਇੰਦਰਜੀਤ ਭਗਤ ਨਾਲ ਇਕ ਸਲਾਹ ਹੋ ਕੇ ਉਸ ਦਾ ਸਪਾਊਸ ਵੀਜ਼ਾ ਨਹੀਂ ਲਗਵਾਇਆ। ਬਾਨੂੰ ਵਰਮਾ ਨੇ ਕਿਹਾ ਕਿ ਅਜਿਹਾ ਕਰਕੇ ਉਨ੍ਹਾਂ ਨੇ ਉਸ ਨਾਲ 14-15ਲੱਖ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਉਪ ਕਪਤਾਨ ਸਿਟੀ ਪੁਲਸ ਗੁਰਦਾਸਪੁਰ ਵੱਲੋਂ ਕਰਨ ਤੋਂ ਬਾਅਦ ਅਲੀਸ਼ਾ ਭਗਤ, ਉਸ ਦੀ ਮਾਤਾ ਆਸ਼ਾ ਰਾਣੀ ਤੇ ਪਿਤਾ ਇੰਦਰਜੀਤ ਭਗਤ ਦੇ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਪੰਜਾਬ ’ਚ ਰੂਹ ਕੰਬਾਊ ਹਾਦਸਾ ! ਇਕ ਦਿਨ ਪਹਿਲਾਂ ਛੁੱਟੀ ਆਏ ਫ਼ੌਜੀ ਸਮੇਤ ਦੋ ਦੀ ਦਰਦਨਾਕ ਮੌਤ

ਅਜਨਾਲਾ 2 ਜੁਲਾਈ। ਅਜਨਾਲਾ ਵਿਖੇ ਦੋ ਮੋਟਰਸਾਇਕਲਾਂ ਦੀ ਆਹਮੋ-ਸਾਹਮਣੇ ਟੱਕਰ ਹੋ ਗਈ। ਇਸ ਹਾਦਸੇ ’ਚ ਇਕ ਦਿਨ ਪਹਿਲਾਂ ਛੁੱਟੀ ਆਏ ਇਕ ਫ਼ੌਜੀ ਜਵਾਨ ਸਮੇਤ ਪਿੰਡ ਨੰਗਲ ਵੰਝਾਂਵਾਲਾ ਦੇ ਇਕ ਨੌਜਵਾਨ ਦੀ ਦਰਦਨਾਕ ਮੌਤ ਹੋ ਗਈ, ਜਦਕਿ ਇਸ ਹਾਦਸੇ ਵਿੱਚ ਦੋ ਹੋਰ ਨੌਜਵਾਨ ਗੰਭੀਰ ਰੂਪ ਜ਼ਖ਼ਮੀ ਹੋ ਗਏ। ਜ਼ਖ਼ਮੀ ਇਸ ਸਮੇਂ ਜ਼ੇਰੇ ਇਲਾਜ ਹਨ। ਇਸ ਹਾਦਸੇ ਵਿੱਚ ਇਸ ਦੁਨੀਆ ਨੂੰ ਛੱਡ ਕੇ ਚਲੇ ਜਾਣ ਵਾਲੇ ਫ਼ੌਜੀ ਜਵਾਨ ਦੀ ਪਛਾਣ ਬਲਜਿੰਦਰ ਸਿੰਘ ਅਤੇ ਦੂਜੇ ਨੌਜਵਾਨ ਦੀ ਪਛਾਣ ਆਕਾਸ਼ ਮਸੀਹ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹਰਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦਾ ਨੌਜਵਾਨ ਮੋਟਰਸਾਈਕਲ ’ਤੇ ਸਵਾਰ ਹੋ ਕੇ ਆ ਰਹੇ ਸਨ ਕਿ ਸਾਹਮਣੇ ਪਾਸਿਓਂ ਆਏ ਇਕ ਮੋਟਰਸਾਈਕਲ ਸਵਾਰ ਛੁੱਟੀ ਆਏ ਫ਼ੌਜੀ ਨੌਜਵਾਨ ਨਾਲ ਟੱਕਰ ਹੋ ਗਈ, ਜਿਸ ਦੌਰਾਨ ਦੋ ਦੀ ਮੌਤ ਹੋ ਗਈ ਅਤੇ ਦੀ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਆਂਦਾ ਗਿਆ।

## ਕਣਕ ਦਾ ਬੀਜ ਵੇਚਣ ਦੇ ਨਾਂ ’ਤੇ 5 ਲੱਖ ਤੋਂ ਵੱਧ ਦੀ ਠੱਗੀ

ਫਾਜ਼ਿਲਕਾ 2 ਜੁਲਾਈ। ਥਾਣਾ ਸਾਈਬਰ ਕ੍ਰਾਈਮ ਫਾਜ਼ਿਲਕਾ ਪੁਲਸ ਨੇ ਇਕ ਵਿਅਕਤੀ ਦੀ ਸ਼ਿਕਾਇਤ ’ਤੇ ਉਸ ਨਾਲ ਕਣਕ ਦਾ ਬੀਜ ਵੇਚਣ ’ਤੇ ਲੱਖਾਂ ਰੁਪਏ ਦੀ ਠੱਗੀ ਮਾਰਨ ਵਾਲੀ ਇਕ ਫਰਮ ਦੀ ਔਰਤ ਸਮੇਤ 3 ਲੋਕਾਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ’ਚ ਸੁਭਾਸ਼ ਚੰਦਰ ਵਾਸੀ ਅਬੋਹਰ ਨੇ ਦੱਸਿਆ ਕਿ 8 ਅਕਤੂਬਰ 2024 ਨੂੰ ਇਕ ਅਣਪਛਾਤੇ ਮੋਬਾਇਲ ਫੋਨ ਨੰਬਰ ਤੋਂ ਫੋਨ ਕਾਲ ਆਈ ਸੀ, ਜਿਸ ਨੇ ਆਪਣਾ ਨਾਮ ਰੀਤੂ ਦੱਸਿਆ ਅਤੇ ਕਿਹਾ ਸੀ ਕਿ ਉਹ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਤੋਂ ਬੋਲ ਰਹੇ ਹਨ ਅਤੇ ਕਣਕ ਦੇ ਬੀਜ ਦੀ ਜਾਣਕਾਰੀ ਦੇਣ ਲੱਗੀ। ਇਸ ’ਤੇ ਉਸ ਵੱਲੋਂ ਵੱਖ-ਵੱਖ ਕਿਸਮਾਂ ਦੇ ਬੀਜ ਲਈ ਆਰਡਰ ਬੁੱਕ ਕਰਵਾ ਦਿੱਤਾ ਗਿਆ ਅਤੇ ਉਕਤ ਕੰਪਨੀ ਵੱਲੋਂ ਬਣਦੀ




ਕੁੱਲ ਪੇਮੈਂਟ 5 ਲੱਖ 12 ਹਜ਼ਾਰ 500 ਰੁਪਏ ਬਣਦੀ ਹੈ ਅਤੇ ਪਹਿਲਾਂ ਤੁਹਾਨੂੰ 20 ਫ਼ੀਸਦੀ ਮਤਲਬ ਕਿ 1 ਲੱਖ 2 ਹਜ਼ਾਰ 500 ਰੁਪਏ ਜਮ?ਹਾ ਕਰਵਾਉਣੇ ਪੈਣਗੇ, ਜਿਸ ਨੇ ਉਸੇ ਸਮੇਂ ਪੇਮੈਂਟ ਭੇਜ ਦਿੱਤੀ। ਆਰਡਰ ਡਿਸਪੈਚ ਹੋਣ ’ਤੇ 30 ਫ਼ੀਸਦੀ ਹੋਰ ਕੁੱਲ 50 ਫ਼ੀਸਦੀ ਦੇਣ ਲਈ ਉਕਤ ਕੰਪਨੀ ਨੇ ਦੁਬਾਰਾ ਕਿਹਾ, ਜਿਸ ’ਤੇ ਉਸ ਵੱਲੋਂ ਦੁਬਾਰਾ ਪੇਮੈਂਟ ਭੇਜ ਦਿੱਤੀ ਗਈ। ਬਾਅਦ ’ਚ ਉਕਤ ਕੰਪਨੀ ਨੇ 80 ਫ਼ੀਸਦੀ ਪੇਮੈਂਟ ਦੇਣ ਲਈ ਕਿਹਾ ਕਿ ਜਿਸ ’ਤੇ ਉਸ ਵੱਲੋਂ ਪੇਮੈਂਟ ਭੇਜੀ ਦਿੱਤੀ ਗਈ ਪਰ ਉਕਤ ਕੰਪਨੀ ਵੱਲੋਂ ਆਰਡਰ ਦੇਣ ’ਚ ਲਾਰੇ-ਲੱਪੇ ਲਾਏ ਗਏ। ਨਾ ਹੀ ਪੈਸੇ ਵਾਪਸ ਭੇਜੇ ਗਏ। ਇਸ ਤਰ੍ਹਾਂ ਕੁੱਲ 5 ਲੱਖ 12 ਹਜ਼ਾਰ 500 ਰੁਪਏ ਦੀ ਠੱਗੀ ਮਾਰੀ ਗਈ। ਕਾਨੂੰਨੀ ਰਾਇ ਤੋਂ ਬਾਅਦ ਪੁਲਸ ਵੱਲੋਂ ਚੰਨਦੇਵ ਜੀਤ ਸਿੰਘ ਰੰਧਾਵਾ ਵਾਸੀ ਪਿੰਡ ਅਜਨਾਲਾ ਨੰਗਲ, ਰੀਤੂ ਅਤੇ ਰਾਮਨ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ।

## ਪੰਜਾਬ ਵਾਸੀਆਂ ਲਈ ਵੱਡੇ ਖ਼ਤਰੇ ਦੀ ਘੰਟੀ, ਭਾਖੜਾ ਨਹਿਰ ’ਚੋਂ ਪਾਣੀ ਲੀਕ

ਸੰਗਰੂਰ 2 ਜੁਲਾਈ। ਪਹਾੜਾਂ ਵਿਚ ਪੈ ਰਹੇ ਭਾਰੀ ਮੀਂਹ ਨੇ ਪੰਜਾਬ ਵਿਚ ਵੀ ਖ਼ਤਰਾ ਪੈਦਾ ਕਰ ਦਿੱਤਾ ਹੈ। ਜਿਸ ਦੇ ਚੱਲਦੇ ਸੰਗਰੂਰ ਦੇ ਖਨੌਰੀ ਅਤੇ ਨਾਲ ਲੱਗਦੇ ਇਲਾਕਿਆਂ ਲਈ ਖ਼ਤਰੇ ਦੀ ਘੰਟੀ ਖੜਕ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਭਾਖੜਾ ਨਹਿਰ ਵਿਚੋਂ ਪਾਣੀ ਲੀਕ ਹੋ ਰਿਹਾ ਹੈ ਅਤੇ ਇਹ ਪਾਣੀ ਘੱਗਰ ਦਰਿਆ ਵਿਚ ਜਾ ਰਿਹਾ ਹੈ। ਸੂਤਰਾਂ ਮੁਤਾਬਕ ਖਨੌਰੀ ਇਲਾਕੇ ਵਿਚ ਘੱਗਰ ਦਰਿਆ ਦੇ ਉੱਪਰ ਲੰਘ ਰਹੀ ਭਾਖੜਾ ਨਹਿਰ ਦੇ ਪੁਲ ਹੇਠੋਂ ਪਾਣੀ ਲੀਕ ਹੋ ਰਿਹਾ ਹੈ। ਜੇ ਇਸ ਨੂੰ ਨਾ ਰੋਕਿਆ ਗਿਆ ਤਾਂ ਇਹ ਵੱਡਾ ਸੰਕਟ ਬਣ ਸਕਦੀ ਹੈ ਕਿਉਂਕਿ ਘੱਗਰ ਵਿਚ ਵੀ ਮੀਂਹ ਦੇ ਮੌਸਮ ਕਾਰਨ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਭਾਖੜਾ ਨਹਿਰ, ਹਿਮਾਚਲ ਤੋਂ ਚੱਲ ਕੇ ਪੰਜਾਬ, ਹਰਿਆਣਾ ਰਾਹੀਂ ਰਾਜਸਥਾਨ ਤੱਕ ਜਾਂਦੀ ਹੈ। ਇਹ ਨਾ ਸਿਰਫ਼ ਪੰਜਾਬ ਦੀ ਸਿੰਚਾਈ ਲਈ ਜੀਵਨ ਰੇਖਾ ਹੈ, ਸਗੋਂ ਦੱਖਣੀ ਰਾਜਾਂ ਲਈ ਵੀ ਇਹ ਵੱਡਾ ਸਰੋਤ ਹੈ। ਇਸ ਨਹਿਰ ਵਿੱਚ ਪਾਣੀ ਦਾ ਬਹਾਅ ਕਾਫੀ ਤੇਜ਼ ਹੋਣ ਕਰਕੇ ਲੰਘਣ ਵਾਲੇ ਪੁਲ ਹੇਠੋਂ ਹੋ ਰਹੀ ਲੀਕੇਜ ਕਾਰਣ ਕਿਸੇ ਵੀ ਸਮੇਂ ਵੱਡੇ ਹਾਦਸਾ ਵਾਪਰ ਸਕਦਾ ਹੈ।

## ਹੈਰੋਇਨ ਦਾ ਨਸ਼ਾ ਕਰਦੇ ਅਤੇ ਨਸ਼ੀਲੀਆਂ ਗੋਲੀਆਂ ਸਣੇ 2 ਗ੍ਰਿਫ਼ਤਾਰ

ਜ਼ੀਰਾ 2 ਜੁਲਾਈ। ਥਾਣਾ ਜ਼ੀਰਾ ਅਤੇ ਥਾਣਾ ਮਖੂ ਦੀ ਪੁਲਸ ਨੇ ਵੱਖ-ਵੱਖ ਥਾਈਂ ਗਸ਼ਤ ਅਤੇ ਚੈਕਿੰਗ ਕਰਦੇ 2 ਵਿਅਕਤੀਆ ਨੂੰ ਹੈਰੋਇਨ ਦਾ ਨਸ਼ਾ ਕਰਦਿਆਂ ਅਤੇ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਥਾਣਾ ਜ਼ੀਰਾ ਦੇ ਐੱਸ. ਆਈ. ਬਲਜਿੰਦਰ ਸਿੰਘ ਨੇ ਪੁਲਸ ਪਾਰਟੀ ਨਾਲ ਗਸ਼ਤ ਅਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਕਾਬੂ ਕੀਤਾ, ਜਿਸ ਦੀ ਪਛਾਣ ਮਰਕਸ ਉਰਫ਼ ਸੰਨੀ ਪੁੱਤਰ ਦਰਸ਼ਨ ਸਿੰਘ ਵਾਸੀ ਜ਼ੀਰਾ ਵਜੋਂ ਹੋਈ, ਜਿਸ ਦੇ ਕੋਲੋਂ ਤਲਾਸ਼ੀ ਲੈਣ ’ਤੇ 130 ਨਸ਼ੀਲੀਆਂ



ਗੋਲੀਆਂ ਬਰਾਮਦ ਕੀਤੀਆਂ ਗਈਆਂ। ਦੂਜੇ ਪਾਸੇ ਥਾਣਾ ਮੱਖੂ ਦੇ ਏ. ਐੱਸ. ਆਈ. ਲਖਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਨਾਲ ਗਸ਼ਤ ਅਤੇ ਚੈਕਿੰਗ ਦੌਰਾਨ ਉਨ੍ਹਾਂ ਪਰਮਜੀਤ ਸਿੰਘ ਉਰਫ਼ ਪੰਮਾ ਪੁੱਤਰ ਸੁਖਵਿੰਦਰ ਸਿੰਘ ਨਾਂ ਦੇ ਵਿਅਕਤੀ ਨੂੰ ਨਸ਼ਾ ਕਰਦੇ ਦੇਖਿਆ। ਜਦੋਂ ਉਸ ਨੂੰ ਕਾਬੂ ਕਰਕੇ ਚੈੱਕ ਕੀਤਾ ਤਾਂ ਉਸ ਕੋਲੋਂ ਇੱਕ ਸਿਲਵਰ ਦੀ ਪੰਨੀ, 10 ਰੁਪਏ ਦਾ ਇੱਕ ਨੋਟ ਅਤੇ ਇੱਕ ਲਾਈਟਰ ਬਰਾਮਦ ਹੋਇਆ। ਪੁਲਸ ਵੱਲੋਂ ਫੜ੍ਹੇ ਗਏ ਦੋਸ਼ੀਆਂ ਖ਼?ਲਾਫ਼ ਮਾਮਲੇ ਦਰਜ ਕਰਕੇ ਅਗਲੀ ਕਾਰਵਾਈ ਅਤੇ ਪੁੱਛਗਿੱਛ ਕੀਤੀ ਜਾ ਰਹੀ ਹੈ।

## ਪਤਨੀ ਦੇ ਨਾਜਾਇਜ਼ ਸੰਬੰਧਾਂ ਤੋਂ ਪ੍ਰੇਸ਼ਾਨ ਹੋਏ ਪਤੀ ਨੇ ਦੁਬਈ ਤੋਂ ਆ ਕੇ ਚੁੱਕਿਆ ਅਜਿਹਾ ਕਦਮ

ਗੁਰਦਾਸਪੁਰ 2 ਜੁਲਾਈ। ਅੱਜ ਸਵੇਰੇ ਤੜਕਸਾਰ ਬਟਾਲਾ-ਗੁਰਦਾਸਪੁਰ ਰੇਲਵੇ ਟਰੈਕ ’ਤੇ ਨੌਜਵਾਨ ਦੀ ਲਾਸ਼ ਮਿਲੀ। ਲਾਸ਼ ਨ ਵੇਖ ਇਲਾਕੇ ’ਚ ਸਨਸਨੀ ਫੈਲ ਗਈ, ਉੱਥੇ ਹੀ ਉਕਤ ਨੌਜਵਾਨ ਦੀ ਪਹਿਚਾਣ ਬੰਟੀ (35) ਸਾਲ ਪੁੱਤਰ ਕਰਤਾਰ ਚੰਦ ਵਾਸੀ ਗਾਂਧੀ ਨਗਰ ਕੈਂਪ ਬਟਾਲਾ ਵਜੋਂ ਹੋਈ ਹੈ । ਦੱਸਿਆ ਜਾ ਰਿਹਾ ਹੈ ਕਿ ਨੌਜਵਾਨ ਵਲੋਂ ਟ?ਰੇਨ ਹੇਠਾਂ ਆ ਕੇ ਆਤਮਹੱਤਿਆ ਕੀਤੀ ਗਈ ਹੈ। ਮ੍ਰਿਤਕ ਦੀ ਮਾਂ ਅਤੇ ਭਾਬੀ ਨੇ ਦੱਸਿਆ ਕਿ ਬੰਟੀ ਕਰੀਬ ਅੱਠ ਮਹੀਨੇ ਪਹਿਲਾਂ ਦੁਬਈ ਗਿਆ ਸੀ ਅਤੇ ਉਸ ਨੂੰ ਕਿਸੇ ਨੇ ਦੱਸਿਆ ਕਿ ਉਸਦੀ ਪਤਨੀ ਦੇ ਕਿਸੇ ਨਾਲ ਨਾਜਾਇਜ਼ ਸਬੰਧ ਹਨ ਅਤੇ ਉਹ ਉੱਥੋ ਵਾਪਸ ਆ ਗਿਆ ਅਤੇ ਅਕਸਰ ਪਤਨੀ ਨਾਲ ਝਗੜਾ ਰਹਿੰਦਾ ਸੀ। ਬੰਟੀ ਆਰਥਿਕ ਤੰਗੀ ਕਾਰਨ ਬਹੁਤ ਪਰੇਸ਼ਾਨ ਸੀ ਰਾਤ ਸਮੇਂ ਕਵਾਲੀ ਗਾਉਣ ਵਾਸਤੇ ਕਿਤੇ ਗਿਆ ਹੋਇਆ ਸੀ ਅਤੇ ਸਵੇਰੇ ਟਰੇਨ ਦੀ ਪਟਰੀ ਤੋਂ ਉਸ ਦੀ ਲਾਸ਼ ਮਿਲੀ ਹੈ।

# ਮੋਹਾਲੀ ਦੇ ਕਾਲ ਸੈਂਟਰਾਂ ’ਚ ਚੱਲ ਰਿਹਾ ਸੀ ਆਹ ਕੰਮ, ਹੋ ਗਿਆ ਪਰਦਾਫਾਸ਼, ਸੁਣ ਨਹੀਂ ਹੋਵੇਗਾ ਯਕੀਨ

**ਕੌਮੀ ਪਤ੍ਰਿਕਾ**

ਮੋਹਾਲੀ 2 ਜੁਲਾਈ। ਪੰਜਾਬ ਪੁਲਸ ਦੀ ਰੇਂਜ ਸਪੈਸ਼ਲ ਆਪਰੇਸ਼ਨ ਸੈੱਲ ਮੋਹਾਲੀ ਨੇ ਵੱਡੀ ਕਾਰਵਾਈ ਕਰਦਿਆਂ ਸ਼ਹਿਰ ’ਚ ਚੱਲ ਰਹੇ ਦੋ ਫਰਜ਼ੀ ਕਾਲ ਸੈਂਟਰਾਂ ਦਾ ਪਰਦਾਫਾਸ਼ ਕੀਤਾ ਹੈ। ਕਾਰਵਾਈ ਦੌਰਾਨ 3 ਔਰਤਾਂ ਸਮੇਤ ਕੁੱਲ 10 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਠੱਗ ਲੋਕਾਂ ਨੂੰ ਏਅਰ ਟਿਕਟ ਅਤੇ ਬਿਟਕੁਆਇਨ ਦੇ ਨਾਂ ’ਤੇ ਲੱਖਾਂ ਰੁਪਏ ਦੀ ਠੱਗੀ ਕਰ ਰਹੇ ਸਨ, ਜਿਸ ਦਾ ਪਤਾ ਲੱਗਣ ’ਤੇ ਪੁਲਸ ਵੀ ਹੈਰਾਨ ਰਹਿ ਗਈ। ਮੁਲਜ਼ਮਾਂ ਦੀ ਪਛਾਣ ਫਰਜ਼ੀ ਕਾਲ ਸੈਂਟਰ ਮਾਲਕ ਮਨਮੀਤ ਸਿੰਘ ਬਨਵੈਤ ਵਾਸੀ ਸੈਕਟਰ-53 ਮੋਹਾਲੀ, ਸਟਾਫ਼ ਮੈਂਬਰ ਅਨਮੋਲ ਮਲਹੋਤਰਾ ਵਾਸੀ ਸ਼ਿਵਜੋਤ (ਖਰੜ), ਜਸਨੀਤ ਕੌਰ ਵਾਸੀ ਖਰੜ ਤੇ ਨਰਮਿਤਾ ਵਾਸੀ ਸੈਕਟਰ-117 ਮੋਹਾਲੀ, ਗੁਰਪ੍ਰੀਤ ਸਿੰਘ ਵਾਸੀ ਐੱਚ. ਈ-164, ਫੇਜ਼-1, ਵਗਸੈਮ ਹੁਨਗਿਓ ਉਰਫ਼ ਸੈਮ ਵਾਸੀ ਕੇਵੀਜਾਓ ਕਾਲੋਨੀ, ਦਿਮਾਪੁਰ ਨਾਗਾਲੈਂਡ ਹਾਲ ਵਾਸੀ ਬਲੌਂਗੀ, ਦੂਜੇ ਕਾਲ ਸੈਂਟਰ ਦੇ ਮੈਨੇਜਰ ਮੋਰਿਆ ਨਾਥ ਵਾਸੀ ਸੈਕਟਰ-23 ਜ਼ਿਲ੍ਹਾ ਕੋਰਟ ਕੰਪਲੈਕਸ ਦਿੱਲੀ ਹਾਲ ਵਾਸੀ ਏਰੋਸਿਟੀ ਮੋਹਾਲੀ, ਇਸ਼ਵ ਕੁਮਾਰ (25) ਹਾਲ ਵਾਸੀ ਸਵਰਾਜ ਇੰਨਕਲੇਵ ਸੰਤੇਮਾਜਰਾ (ਖਰੜ), ਰਿਨਚੈਨ ਵਿਨੈਇਲ (24) ਵਾਸੀ ਥਿਮਫਓ ਭੂਟਾਨ ਹਾਲ ਵਾਸੀ ਖਰੜ, ਡੋਲੀ ਕੁਮਾਰੀ (25) ਵਾਸੀ ਛੋਟਾ ਗੋਮਡਪੁਰ, ਜਸ਼ੇਦਪੁਰ ਹਾਲ ਵਾਸੀ ਸ਼ਿਵਾਲਿਕ ਸਿਟੀ ਖਰੜ ਵਜੋਂ ਹੋਈ। ਇਸ ਸਬੰਧੀ ਡੀ. ਐੱਸ. ਪੀ. ਸਾਈਬਰ ਕ੍ਰਾਈਮ ਰੁਪਿੰਦਰ ਕੌਰ ਸੋਹੀ ਨੇ ਦੱਸਿਆ ਕਿ ਸ਼ਹਿਰ ਦੇ ਮਨਚੰਦਾ ਟਾਵਰ ਫੇਜ਼-7 ’ਚ ਚੱਲ ਰਹੇ ਫਰਜ਼ੀ ਕਾਲ ਸੈਂਟਰ ਦੀ ਜਾਣਕਾਰੀ ਪੁਲਸ ਨੂੰ ਗੁਪਤ ਸੂਚਨਾ ਰਾਹੀਂ ਮਿਲੀ ਸੀ। ਸੂਚਨਾ ਦੇ ਆਧਾਰ ’ਤੇ ਐਂਟੀ-ਨਾਰਕੋਟਿਕਸ ਅਤੇ ਸਪੈਸ਼ਲ ਆਪਰੇਸ਼ਨ ਸੈੱਲ ਦੀ ਟੀਮ ਇੰਸਪੈਕਟਰ ਦਰਬਾਰਾ ਸਿੰਘ ਦੀ ਅਗਵਾਈ ਹੇਠ ਇਲਾਕੇ ’ਚ ਛਾਪੇਮਾਰੀ ਲਈ ਪਹੁੰਚੀ। ਪੁਲਸ ਨੇ ਮਨਚੰਦਾ ਟਾਵਰ ’ਤੇ ਛਾਪਾ ਮਾਰ ਕੇ ਪਹਿਲੀ ਅਤੇ ਤੀਜੀ ਮੰਜ਼ਿਲ ’ਤੇ 2 ਫਰਜ਼ੀ ਕਾਲ ਸੈਂਟਰ ਫੜ੍ਹੇ। ਸੈਂਟਰਾਂ ’ਚ ਵਿਦੇਸ਼ੀ ਲੋਕਾਂ ਨਾਲ ਠੱਗੀ ਕੀਤੀ ਜਾਂਦੀ ਸੀ। ਪਹਿਲੀ ਮੰਜ਼ਿਲ ’ਤੇ ਫਰਜ਼ੀ ਕਾਲ ਸੈਂਟਰ ਮਾਲਕ ਮਨਮੀਤ ਸਿੰਘ ਅਤੇ 5 ਸਟਾਫ਼ ਮੈਂਬਰਾਂ ਨੂੰ ਕਾਬੂ ਕਰ ਕੇ 5 ਲੈਪਟਾਪ, 5 ਹੈਂਡਫੋਨ, 9 ਮੋਬਾਇਲ ਅਤੇ ਦਫ਼ਤਰੀ ਕੰਮਕਾਰ ਲਈ ਵਰਤੀਆਂ ਜਾ ਰਹੀਆਂ ਲਗਜ਼ਰੀ ਗੱਡੀਆ ਫਾਰਚੂਨਰ, ਜੈਜ਼ ਤੇ ਵਰਨਾ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਵਲੋਂ ਫਰਜ਼ੀ ਕਾਲ ਸੈਂਟਰ ਚਲਾ ਕੇ ਪੇ-ਪਾਲ ਵੱਲੋਂ ਈ-ਮੇਲ ਬਲਾਸਟਿੰਗ ਰਾਹੀਂ ਵਿਦੇਸ਼ੀ ਲੋਕਾਂ ਨੂੰ ਬਿਟਕੁਆਇਨ ਖ਼ਰੀਦਣ ਅਤੇ ਐਮਾਜ਼ੋਨ ਕਾਰਡ ਖ਼ਰੀਦਣ ਸਬੰਧੀ ਈ-ਮੇਲ ਭੇਜੇ ਜਾਂਦੇ ਸਨ। ਮੁਲਜ਼ਮ ਵਿਦੇਸ਼ੀ ਲੋਕਾਂ ਨੂੰ ਉਨ੍ਹਾਂ ਦਾ ਪੇ-ਪਾਲ ਅਕਾਊਂਟ ਹੈਕ ਹੋਣ ਜਾਂ ਫਿਰ ਕਿਸੇ ਵਿਅਕਤੀ ਵੱਲੋਂ ਨਾਜਾਇਜ਼ ਗਤਿਵਿਧਿਆਂ ’ਚ ਵਰਤੇ ਜਾਣ ’ਤੇ ਵੱਖ-ਵੱਖ ਲੋਕੇਸ਼ਨਾਂ ’ਤੇ ਆਨਲਾਈਨ ਬਿਟਕੁਆਇਨ ਖਰੀਦਣ ਬਾਰੇ ਜਾਣਕਾਰੀ ਦਿੰਦੇ ਸਨ।



ਫਿਰ ਕਾਲਰ ਵੱਲੋਂ ਕਾਲ ’ਤੇ ਇਹ ਦੱਸ ਕੇ ਉਨ੍ਹਾਂ ਦੀ ਕਾਲ ਬੈਂਕ ਨੂੰ ਟਰਾਂਸਫਰ ਕੀਤੀ ਜਾ ਰਹੀ ਹੈ, ਉਸੇ ਦਫ਼ਤਰ ’ਚ ਬੈਠੈ ਮੁਲਜ਼ਮ ਨੂੰ ਦੇ ਦਿੱਤੀ ਜਾਂਦੀ ਸੀ। ਉਹ ਰਿਫੰਡ ਦੀ ਗੱਲ ਕਹਿ ਕੇ ਵਿਦੇਸ਼ੀ ਲੋਕਾਂ ਕੋਲੋਂ ਐਪਲ ਦਾ ਗਿਫਟ ਕਾਰਡ ਮੰਗਵਾ ਕੇ ਉਸ ’ਚੋਂ ਪੈਸੇ ਕੱਢਵਾ ਲੈਂਦੇ ਸਨ। ਇਸ ਨੂੰ ਮੁਲਜ਼ਮ ਯੂ. ਐੱਸ. ਡੀ. ਟੀ. ਤੇ ਹਵਾਲਾ ਰਾਹੀਂ ਆਪਣੇ ਕੋਲ ਟਰਾਂਸਫਰ ਕਰਕੇ ਭਾਰਤ ’ਚ ਕੈਸ਼ ਕਰਵਾ ਲੈਂਦੇ ਸਨ। ਇਸ ਤਰੀਕੇ ਨਾਲ ਮਿਲੀ ਭੁਗਤ ਕਰਕੇ ਵਿਦੇਸ਼ੀ ਲੋਕਾਂ ਨਾਲ ਠੱਗੀ ਮਾਰੀ ਜਾਂਦੀ ਸੀ। ਇਮਾਰਤ ਦੀ ਤੀਜ਼ੀ ਮੰਜ਼ਲ ’ਤੇ ਚੱਲ ਰਹੇ ਦੂਜੇ ਫਰਜ਼ੀ ਕਾਲ ਸੈਂਟਰ ’ਚ ਵਿਦੇਸ਼ੀ ਭੋਲੇ-ਭਾਲੇ ਲੋਕਾਂ ਨਾਲ ਕੰਪਿਊਟਰ ’ਤੇ ਲੌਗਇਨ ਕਰ ਕੇ ਠੱਗੀ ਮਾਰਦੇ ਸੀ। ਮੁਲਜ਼ਮਾਂ ਕੋਲੋਂ 4 ਸੀ.ਪੀ.ਯੂ, 4 ਹੈਂਡਫੋਨ ਤੇ ਮੈਨੇਜਰ ਦੇ 5 ਮੋਬਾਇਲ ਫੋਨ ਬਰਾਮਦ ਹੋਏ ਹਨ। ਡੀ. ਐੱਸ. ਪੀ. ਸੋਹੀ ਨੇ ਦੱਸਿਆ ਕਿ ਤੀਜੀ ਮੰਜ਼ਿਲ ’ਤੇ ਟ?ਰੈਵਲ ਕੰਪਨੀ ਦੇ ਨਾਂ ’ਤੇ ਫਰਜ਼ੀ ਕਾਲ ਸੈਂਟਰ ਚਲਾ ਕੇ ਮੁਲਜ਼ਮਾਂ ਵਲੋਂ ਵੈੱਬਸਾਈਟ ਟਰੀਲਪਰੋਅ.ਕਾਮ ਰਾਹੀ ਐਡ ਚਲਾ ਕੇ ਵਿਦੇਸ਼ੀ ਲੋਕਾਂ ਨੂੰ ਸਸਤੇ ਭਾਅ ’ਤੇ ਟਿਕਟਾਂ ਦੇ ਰੇਟ ਦਿੱਤੇ ਜਾਂਦੇ ਸਨ ਤੇ ਫਿਰ ਮੁਲਜ਼ਮ ਕਾਲ ਕਰਕੇ ਵਿਦੇਸ਼ੀ ਲੋਕਾ ਤੋਂ ਉਨ੍ਹਾਂ ਦੇ ਕ੍ਰੈਡਿਟ-ਡੈਬਿਟ ਕਾਰਡਾਂ ਦੀ ਡਿਟੇਲ ਹਾਸਲ ਕਰ ਕੇ ਉਨ੍ਹਾਂ ਨੂੰ ਟਿਕਟ ਬੁਕਿੰਗ ਦੇ ਨਾਮ ’ਤੇ ਵੱਖ-ਵੱਖ ਵੈਂਡਰਾਂ ਰਾਹੀਂ ਨਾਜਾਇਜ਼ ਢੰਗ ਨਾਲ ਰਜਿਸਟਰਡ ਕੀਤੇ ਪੇਮੈਂਟ ਗੇਟਵੇਅ ’ਤੇ ਚਾਰਜ ਕਰ ਲਿਆ ਜਾਂਦਾ ਸੀ। ਇਸ ਸਬੰਧੀ ਗਾਹਕ ਤੋਂ ਈ-ਮੇਲ ਰਾਹੀਂ ਟ?ਰਾਂਸਜੈਕਸ਼ਨ ਅਪਰੂਵ ਕਰਵਾ ਲਈ ਜਾਂਦੀ ਸੀ, ਜੋ ਪੇਮੈਂਟ ਗੇਟਵੇਅ ਵਾਲੇ ਕਮਿਸ਼ਨ ਕੱਟ ਕੇ ਮੁਲਜ਼ਮਾਂ ਨੂੰ ਉਨ੍ਹਾਂ ਦੇ ਖ਼ਾਤੇ ਤੇ ਕੈਸ਼ ’ਚ ਭਾਰਤ ਵਿਚ ਪੈਸੇ ਦੇ ਦਿੰਦੇ ਸਨ। ਇਸ ਸਬੰਧੀ ਟਿਕਟ ਨਾ ਦੇ ਕੇ ਮੁਲਜ਼ਮਾਂ ਵੱਲੋਂ ਮੋਟੀ ਰਕਮ ਦੀ ਵਿਦੇਸ਼ੀ ਭੋਲੇ-ਭਾਲੇ ਲੋਕਾਂ ਨਾਲ ਠੱਗੀ ਮਾਰੀ ਜਾਂਦੀ ਸੀ।

## ਪੰਜਾਬ ’ਚ ਵੱਡਾ ਐਨਕਾਊਂਟਰ, ਹਥਿਆਰ ਬਰਾਮਦਗੀ ਦੌਰਾਨ ਮੁਲਜ਼ਮ ਨੇ ਚਲਾਈਆਂ ਗੋਲੀਆਂ

ਅੰਮ੍ਰਿਤਸਰ 2 ਜੁਲਾਈ। ਅੰਮ੍ਰਿਤਸਰ ਦੇ ਪਿੰਡ ਚੰਨਣਕੇ ਨੇੜੇ ਮਹਿਤਾ ਚੌਕ ’ਤੇ ਹੋਏ ਜ਼ਬਰਦਸਤ ਪੁਲਸ ਮੁਕਾਬਲੇ ’ਚ ਇੱਕ ਮੁਲਜ਼ਮ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਮੁਲਜ਼ਮ ਦੀ ਪਛਾਣ ਸੋਨੀ ਸਿੰਘ ਉਰਫ ਸੋਨੂ ਵਾਸੀ ਪਿੰਡ ਤਨੇਲ ਵਜੋਂ ਹੋਈ ਹੈ, ਜਿਸ ਖ਼?ਲਾਫ ਤਿੰਨ ਮਾਮਲੇ ਦਰਜ ਹਨ। ਹਾਲ ਹੀ ’ਚ ਉਸ ਨੇ ਇੱਕ ਡਾਕਟਰ ਕੋਲੋਂ 20 ਲੱਖ ਫਿਰੌਤੀ ਮੰਗੀ ਸੀ ਅਤੇ ਉਕਤ ਡਾਕਟਰ ਵੱਲੋਂ ਇਨਕਾਰ ਕਰਨ ’ਤੇ ਉਸ ਦੀ ਦੁਕਾਨ ਬਾਹਰ ਫਾਇਰਿੰਗ ਕੀਤੀ ਸੀ। ਜਿਸਦੇ ਚਲਦੇ ਸਾਡੇ ਥਾਣਾ ਮੱਤੇਵਾਲ ਵਿਖੇ ਇਸ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਸੀ। ਪੁਲਸ ਨੇ ਦੱਸਿਆ ਕਿ ਗ੍ਰਿਫ਼ਤਾਰੀ ਵੇਲੇ ਮੁਲਜ਼ਮ ਕੋਲੋਂ 262 ਗ੍ਰਾਮ ਹੈਰੋਇਨ, ਇੱਕ 32 ਬੋਰ ਪਿਸਟਲ ਅਤੇ 2 ਰਾਊਂਡ ਮਿਲੇ ਸਨ। ਪੁੱਛਗਿੱਛ ਦੌਰਾਨ ਸੋਨੀ ਨੇ ਦੱਸਿਆ ਕਿ ਉਸ ਨੇ ਇੱਕ ਹੋਰ ਹਥਿਆਰ ਪਿੰਡ ਚੰਨਣਕੇ ਦੀ ਡਰੇਨ ਨੇੜੇ ਛੁਪਾ ਕੇ ਰੱਖਿਆ ਹੈ। ਪੁਲਸ ਜਦੋਂ ਉਸ ਨੂੰ ਉਥੇ ਲੈ ਕੇ ਗਈ ਤਾਂ ਉਸ ਨੇ ਪੁਲਸ ਪਾਰਟੀ ’ਤੇ ਦੋ ਫਾਇਰ ਕਰ ਦਿੱਤੇ। ਜਵਾਬੀ ਕਾਰਵਾਈ ‘ਚ ਪੁਲਸ ਨੇ ਉਸ ਦੀ ਲੱਤ ’ਚ ਗੋਲੀ ਮਾਰੀ ਅਤੇ ਉਸ ਨੂੰ ਜ਼ਖ਼ਮੀ ਹਾਲਤ ‘ਚ ਹਸਪਤਾਲ ਭੇਜ ਦਿੱਤਾ।

## ਡਿਊਟੀ ’ਤੇ ਜਾ ਰਹੇ ਚੌਂਕੀਦਾਰ ਦੀ ਹਾਦਸੇ ਵਿਚ ਦਰਦਨਾਕ ਮੌਤ

ਮੋਗਾ 2 ਜੁਲਾਈ। ਬੁੱਧਵਾਰ ਸਵੇਰੇ ਮੋਗਾ-ਜਲੰਧਰ ਰੋਡ ’ਤੇ ਧਰਮਕੋਟ ਥਾਣੇ ਦੇ ਅਧੀਨ ਪੈਂਦੇ ਪਿੰਡ ਜਲਾਲਾਬਾਦ ਦੇ ਨੇੜੇ ਭਿਆਨਕ ਹਾਦਸਾ ਵਾਪਰ ਗਿਆ। ਇਸ ਹਾਦਸੇ ’ਚ ਬਾਡੂਵਾਲ ਪਿੰਡ ਵਾਸੀ ਬਲਦੇਵ ਸਿੰਘ ਦੀ ਮੌਕੇ ’ਤੇ ਮੌਤ ਹੋ ਗਈ। ਜਾਣਕਾਰੀ ਅਨੁਸਾਰ, ਬਲਦੇਵ ਸਿੰਘ ਇਕ ਸਕੂਲ ’ਚ ਚੌਂਕੀਦਾਰ ਦੀ ਨੌਕਰੀ ਕਰਦਾ ਸੀ। ਅੱਜ ਸਵੇਰੇ ਜਦੋਂ ਉਹ ਆਪਣੇ ਮੋਟਰਸਾਈਕਲ ’ਤੇ ਡਿਊਟੀ ’ਤੇ ਜਾ ਰਿਹਾ ਸੀ ਤਾਂ ਜਲਾਲਾਬਾਦ ਦੇ ਪੁੱਲ ਨੇੜੇ ਕਿਸੇ ਅਣਪਛਾਤੇ ਵਾਹਨ ਨੇ ਉਸ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਬਲਦੇਵ ਸਿੰਘ ਦੀ ਮੌਕੇ ’ਤੇ ਹੀ ਮੌਤ ਹੋ ਗਈ। ਸੂਚਨਾ ਮਿਲਦੇ ਹੀ ਪੁਲਸ ਮੌਕੇ ’ਤੇ ਪੁੱਜੀ ਅਤੇ ਲਾਸ਼ ਨੂੰ ਕਬਜ਼ੇ ’ਚ ਲੈ ਕੇ ਸਮਾਜ ਸੇਵਾ ਸੋਸਾਇਟੀ ਦੇ ਸਹਿਯੋਗ ਨਾਲ ਸਰਕਾਰੀ ਹਸਪਤਾਲ ਦੀ ਮੋਰਚਰੀ ’ਚ ਭੇਜ ਦਿੱਤਾ।

# ਕਨਫੈਸਰੀ ਦੀ ਦੁਕਾਨ ’ਚੋਂ 73 ਹਜ਼ਾਰ ਰੁਪਏ ਚੋਰੀ ਕਰਨ ਵਾਲੇ ਗਿਰੋਹ ਦਾ ਇਕ ਮੈਂਬਰ ਗ੍ਰਿਫਤਾਰ

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 2 ਜੁਲਾਈ। ਫਿਰੋਜ਼ਪੁਰ ਸ਼ਹਿਰ ਟਾਹਲੀ ਮੁਹੱਲਾ ਵਿਖੇ ਕਨਫੈਸਰੀ ਦੀ ਦੁਕਾਨ ’ਚੋਂ 73 ਹਜ਼ਾਰ ਰੁਪਏ ਚੋਰੀ ਕਰਨ ਵਾਲੇ ਗਿਰੋਹ ਦਾ ਇਕ ਮੈਂਬਰ ਨੂੰ ਮੋਟਰਸਾਈਕਲ ਗ੍ਰਿਫਤਾਰ ਕਰਕੇ ਤਿੰਨ ਖਿਲਾਫ 305, 331 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੁਰਿੰਦਰ ਕੁਮਾਰ ਪੁੱਤਰ ਸ਼ਿਵ ਦਿਆਲ ਵਾਸੀ ਟਾਹਲੀ ਮੁਹੱਲਾ, ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ ਉਹ ਕਨਫੈਸਰੀ ਦਾ ਕੰਮ ਕਰਦਾ ਹੈ ਅਤੇ ਮਿਤੀ 15 ਜੂਨ 2025 ਨੂੰ ਉਹ ਰਾਤ ਆਪਣੀ ਦੁਕਾਨ ਟਾਹਲੀ ਮੁਹੱਲਾ ਬੰਦ ਕਰਕੇ ਗਿਆ ਸੀ। ਸੁਰਿੰਦਰ ਕੁਮਾਰ ਨੇ ਦੱਸਿਆ ਕਿ ਜਦੋਂ ਮਿਤੀ 16 ਜੂਨ 2025 ਨੂੰ ਸਵੇਰੇ ਦੁਕਾਨ ਤੋਂ ਆਇਆ ਤਾਂ ਵੇਖਿਆ ਕਿ ਉਸ ਦੀ ਦੁਕਾਨ ਦਾ ਸ਼ਟਰ ਟੁੱਟਿਆ ਪਿਆ ਸੀ ਅਤੇ ਜਦੋਂ ਦੁਕਾਨ ਦੇ ਅੰਦਰ ਗਿਆ ਤਾਂ ਵੇਖਿਆ ਕਿ ਦੁਕਾਨ ਦਾ ਸਾਮਾਨ ਉਥਲ ਪੁਥਲ ਹੋਇਆ ਪਿਆ ਸੀ। ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਸ ਦੀ ਦੁਕਾਨ ਦੇ ਕੋਨਟਰ ਚੈੱਕ ਕੀਤਾ ਤਾਂ ਕੋਨਟਰ ਦਾ ਮੇਨ ਗੱਲਾ ਗਾਇਬ ਸੀ ਅਤੇ ਗੱਲੇ ਵਿਚੋਂ ਕਰੀਬ 73 ਹਜ਼ਾਰ ਰੁਪਏ ਸਨ, ਜੋ ਕਿ ਚੋਰੀ ਹੋ ਚੁੱਕੇ ਸੀ ਅਤੇ ਜੋ ਅਣਪਛਾਤੇ ਚੋਰਾਂ



ਵੱਲੋਂ ਮਿਤੀ 15-16 ਜੂਨ 2025 ਦੀ ਦਰਮਿਆਨੀ ਰਾਤ ਚੋਰੀ ਕਰ ਲਏ ਗਏ ਹਨ। ਜਦੋਂ ਦੁਕਾਨ ਦੇ ਅੰਦਰ ਲੱਗੇ ਸੀਸੀਟੀਵੀ ਕੈਮਰਾ ਚੈੱਕ ਕੀਤਾ ਤਾਂ ਵੇਖਿਆ ਕਿ ਸਵੇਰੇ 4.54 ਮਿੰਟ ਏਐੱਮ ਨੂੰ ਤਿੰਨ ਅਣਪਛਾਤੇ ਚੋਰ ਇਕ ਹੀਰੋ ਸਪਲੈਂਡਰ ਮੋਟਰਸਾਈਕਲ ’ਤੇ ਆ ਕੇਦੁਕਾਨ ਦਾ ਸ਼ਟਰ ਤੋੜ ਕੇ ਅੰਦਰ ਪੈਸੇ ਚੋਰੀ ਕਰਕੇ ਲੈ ਜਾ ਰਹੇ ਸਨ। ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਸ ਨੂੰ ਪਤਾ ਲੱਗਾ ਹੈ ਕਿ ਜੋ ਮਿਤੀ 16 ਜੂਨ 2025 ਨੂੰ ਸਵੇਰੇ 4.54 ਮਿੰਟ ’ਤੇ ਉਸ ਦੀ ਦੁਕਾਨ ਦਾ ਸ਼ਟਰ ਭੰਨ ਕੇ ਗੱਲੇ ਵਿਚੋਂ 73 ਹਜ਼ਾਰ ਰੁਪਏ ਚੋਰੀ ਕੀਤੇ ਹਨ, ਉਹ ਜਗਰੂਪ ਸਿੰਘ ਪੁੱਤਰ ਦਵਿੰਦਰ ਸਿੰਘ ਵਾਸੀ ਪਿੰਡ ਬੂਟ ਰੋਸ਼ਨ ਸ਼ਾਹ ਥਾਣਾ ਸਦਰ ਜ਼ੀਰਾ, ਹਾਲ ਪਿੰਡ ਗਿੱਲਾਂ ਵਾਲਾ, ਸਚੀਨ ਉਰਫ ਚੱਚਾ ਪੁੱਤਰ ਅਮੀਤ ਵਾਸੀ ਆਵਾ ਬਸਤੀ ਫਿਰੋਜ਼ਪੁਰ ਸ਼ਹਿਰ ਅਤੇ ਅਕਸ਼ੈ ਨੇ ਚੋਰੀ ਕੀਤੇ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਜਗਰੂਪ ਸਿੰਘ ਨੂੰ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਬਾਕੀ ਦੋਸ਼ੀਅਨ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਘਰਵਾਲੇ ਅਤੇ ਸੱਸ ਤੋਂ ਤੰਗ ਹੋ ਕੇ ਔਰਤ ਨੇ ਆਪਣੇ ’ਤੇ ਤੇਲ ਪਾ ਕੇ ਲਾਈ ਅੱਗ

ਗੁਰੂਹਰਸਹਾਏ 2 ਜੁਲਾਈ। ਗੁਰੂਹਰਸਹਾਏ ਦੇ ਅਧੀਨ ਆਉਂਦੇ ਪਿੰਡ ਕੁਤਬਗੜ੍ਹ ਭਾਟਾ ਵਿਖੇ ਇਕ ਔਰਤ ਵੱਲੋਂ ਆਪਣੇ ਘਰਵਾਲੇ ਅਤੇ ਸੱਸ ਤੋਂ ਤੰਗ ਆ ਕੇ ਆਪਣੇ ਆਪ ਨੂੰ ਤੇਲ ਪਾ ਕੇ ਅੱਗ ਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਗੁਰੂਹਰਸਹਾਏ ਪੁਲਸ ਨੇ ਔਰਤ ਦੇ ਘਰਵਾਲੇ ਅਤੇ ਸੱਸ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ’ਚ ਸਿਮਰਨ ਕੌਰ ਪਤਨੀ ਬਲਜੀਤ ਹਾਂਡਾ ਵਾਸੀ ਕੁਤਬਗੜ੍ਹ ਭਾਟਾ ਨੇ ਦੱਸਿਆ ਕਿ ਉਸ ਦੇ ਘਰਵਾਲਾ ਨੇ ਉਸ ਦੀ ਅੱਜ ਸਾਰਾ ਦਿਨ ਕੁੱਟਮਾਰ ਕੀਤੀ ਅਤੇ ਉਸ ਨੂੰ ਤੇ ਉਸ ਦੇ ਬੱਚਿਆਂ ਨੂੰ ਵੀ ਜਾਨੋ ਮਾਰਨ ਦੀਆਂ ਧਮਕੀਆਂ ਦਿੰਦਾ ਸੀ। ਸਿਮਰਨ ਕੌਰ ਨੇ ਦੱਸਿਆ ਕਿ ਉਹ ਆਪਣੇ ਪਤੀ ਬਲਜੀਤ ਹਾਂਡਾ ਪੁੱਤਰ ਸ਼ੇਰ ਚੰਦ ਦੀ ਕੁੱਟਮਾਰ ਤੋਂ ਤੰਗ ਆ ਕੇ ਆਪਣੇ-ਆਪ ’ਤੇ ਤੇਲ ਪਾ ਕੇ ਅੱਗ ਲਗਾ ਲਈ। ਸਿਮਰਨ ਕੌਰ ਨੇ ਦੱਸਿਆ ਕਿ ਉਸ ਦੀ ਸੱਸ ਨੇ ਵੀ ਉਸ ਨੂੰ ਪ੍ਰੇਸ਼ਾਨ ਕੀਤਾ ਅਤੇ ਕਹਿੰਦੀ ਤੂੰ ਘਰੋਂ ਨਿਕਲ ਜਾ। ਸਿਮਰਨ ਕੌਰ ਨੇ ਦੱਸਿਆ ਕਿ ਉਸ ਦਾ ਘਰਵਾਲਾ ਰਾਤ ਦੇ 12 ਵਜੇ ਤੱਕ ਸ਼ਰਾਬ ਪੀਂਦਾ ਹੈ ਤੇ ਉਸ ਨੂੰ ਪੇਕੇ ਘਰ ਵੀ ਨਹੀਂ ਜਾਣ ਦਿੰਦਾ। ਸਿਮਰਨ ਕੌਰ ਨੇ ਦੱਸਿਆ ਕਿ ਆਂਢ-ਗੁਆਂਢ ਦੀਆਂ ਗੱਲਾਂ ’ਚ ਆ ਕੇ ਉਸ ਦਾ ਘਰਵਾਲਾ ਉਸ ’ਤੇ ਸ਼ੱਕ ਕਰਦਾ ਸੀ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਸ. ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਔਰਤ ਦੇ ਪਤੀ ਅਤੇ ਸੱਸ ਖਿਲਾਫ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਮੋਗਾ ’ਚ ਵੱਡੀ ਵਾਰਦਾਤ, ਸਹੁਰੇ ਨੇ ਰਾਡਾਂ ਮਾਰ-ਮਾਰ ਕੀਤਾ ਨੂੰਹ ਦਾ ਕਤਲ

**ਕੌਮੀ ਪਤ੍ਰਿਕਾ**

ਮੋਗਾ 2 ਜੁਲਾਈ। ਥਾਣਾ ਕੋਟ ਈਸੇ ਖਾਂ ਅਧੀਨ ਪੈਂਦੇ ਪਿੰਡ ਬਲਖੰਡੀ ਵਿਖੇ ਸ਼ੱਕ ਕਾਰਨ ਸਹੁਰੇ ਵਲੋਂ ਆਪਣੀ ਨੂੰਹ ਦੀ ਲੋਹੇ ਦੀ ਰਾਡ ਮਾਰ ਕੇ ਹੱਤਿਆ ਕੀਤੇ ਜਾਣ ਦਾ ਪਤਾ ਲੱਗਾ ਹੈ। ਇਸ ਸਬੰਧ ਵਿਚ ਮ੍ਰਿਤਕਾ ਦੇ ਪਿਤਾ ਬਲਜੀਤ ਸਿੰਘ ਨਿਵਾਸੀ ਪਿੰਡ ਫਿੱਡੇ ਕਲਾਂ ਦੀ ਸ਼ਿਕਾਇਤ ’ਤੇ ਜਸਪਾਲ ਸਿੰਘ ਨਿਵਾਸੀ ਪਿੰਡ ਬਲਖੰਡੀ ਖ਼ਿਲਾਫ ਥਾਣਾ ਕੋਟ ਈਸੇ ਖਾਂ ਵਿਚ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐੱਸਪੀ ਧਰਮਕੋਟ ਰਮਨਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਸ਼ਿਕਾਇਤ ਪੱਤਰ ਵਿਚ ਬਲਜੀਤ ਸਿੰਘ ਨੇ ਕਿਹਾ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ, ਉਸਦੀ ਬੇਟੀ ਲਵਪ੍ਰੀਤ ਕੌਰ (30) ਦਾ ਵਿਆਹ ਕਰੀਬ 8 ਸਾਲ ਪਹਿਲਾਂ ਸਤਵਿੰਦਰ ਸਿੰਘ ਨਿਵਾਸੀ ਪਿੰਡ ਬਲਖੰਡੀ ਦੇ ਨਾਲ ਹੋਇਆ ਸੀ, ਜਿਸ ਦੇ ਦੋ ਬੱਚੇ ਹਨ, ਮੇਰਾ ਜਵਾਈ ਡਿਪਰੇਸ਼ਨ ਦਾ ਮਰੀਜ਼ ਹੈ ਅਤੇ ਅਕਸਰ ਬਿਮਾਰ ਰਹਿੰਦਾ ਹੈ। ਬੀਤੇ ਦਿਨ ਜਦੋਂ ਮੈਂ ਆਪਣੀ ਲੜਕੀ ਨੂੰ ਮਿਲਣ ਲਈ




ਆਇਆ ਤਾਂ ਉਸਦਾ ਸਹੁਰਾ ਜਸਪਾਲ ਸਿੰਘ ਉਸ ਨਾਲ ਝਗੜਾ ਕਰ ਰਿਹਾ ਸੀ ਅਤੇ ਉਹ ਮੇਰੀ ਲੜਕੀ ਨੂੰ ਬਾਹਰ ਅੰਦਰ ਜਾਣ ਤੋਂ ਰੋਕਦਾ ਸੀ, ਜਿਸ ਕਾਰਨ ਘਰ ਵਿਚ ਕਲੇਸ਼ ਰਹਿੰਦਾ ਸੀ। ਇਸੇ ਰੰਜਿਸ਼ ਕਾਰਣ ਉਸ ਨੇ ਮੇਰੀ ਬੇਟੀ ਲਵਪ੍ਰੀਤ ਕੌਰ ਦੀ ਸਿਰ ਵਿਚ ਲੋਹੇ ਦੀ ਰਾਡ ਮਾਰ ਕੇ ਹੱਤਿਆ ਕਰ ਦਿੱਤੀ। ਜਦੋਂ ਮੈਂ ਉਸ ਨੂੰ ਰੋਕਣ ਦਾ ਯਤਨ ਕੀਤਾ ਤਾਂ ਉਹ ਮੇਰੇ ’ਤੇ ਵੀ ਵਾਰ ਕਰਨ ਲੱਗਾ, ਮੈਂ ਪਿੱਛੇ ਹਟ ਗਿਆ ਅਤੇ ਇਸੇ ਦੌਰਾਨ ਜਸਪਾਲ ਸਿੰਘ ਉਥੋਂ ਭੱਜ ਗਿਆ। ਮੈਂ ਆਪਣੀ ਬੇਟੀ ਕੋਲ ਜਾ ਕੇ ਦੇਖਿਆ ਤਾਂ ਉਸਦੀ ਮੌਤ ਹੋ ਚੁੱਕੀ ਸੀ, ਜਿਸ ’ਤੇ ਮੈਂ ਆਪਣੇ ਪਰਿਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਨੂੰ ਸੂਚਿਤ ਕੀਤਾ ਅਤੇ ਪੁਲਸ ਨੂੰ ਜਾਣਕਾਰੀ ਦਿੱਤੀ। ਘਟਨਾ ਦੀ ਜਾਣਕਾਰੀ ਮਿਲਣ ’ਤੇ ਥਾਣਾ ਕੋਟ ਈਸੇ ਖਾਂ ਦੇ ਮੁੱਖ ਅਫਸਰ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ, ਬਲਖੰਡੀ ਪੁਲਸ ਚੌਂਕੀ ਦੇ ਸਹਾਇਕ ਥਾਣੇਦਾਰ ਜਗਮੋਹਨ ਸਿੰਘ ਹੋਰ ਪੁਲਸ ਅਧਿਕਾਰੀਆਂ ਨਾਲ ਮੌਕੇ ’ਤੇ ਪੁੱਜੇ ਅਤੇ ਲਾਸ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਮੋਗਾ ਪਹੁੰਚਾਇਆ ਗਿਆ। ਥਾਣਾ ਮੁਖੀ ਗੁਰਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਪੋਸਟਮਾਰਟਮ ਦੇ ਬਾਅਦ ਲਾਸ਼ ਨੂੰ ਵਾਰਿਸਾਂ ਦੇ ਹਵਾਲੇ ਕੀਤਾ ਜਾਵੇਗਾ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪੰਜਾਬ ’ਚ ਨੀਲੇ ਡਰੰਮ ਨੇ ਉਲਝਾ ’ਤੀ ਪੁਲਸ ! ਅੰਦਰਲਾ ਹਾਲ ਵੇਖ ਦਹਿਲੇ ਲੋਕ

ਕੌਮੀ ਪਤ੍ਰਿਕਾ

ਲੁਧਿਆਣਾ 2 ਜੁਲਾਈ। ਲੁਧਿਆਣਾ ਜ਼ਿਲ੍ਹੇ ਤੋਂ ਇਕ ਦਿਲ ਦਹਿਲਾ ਦੇਣ ਵਾਲੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਸ਼ੇਰਪੁਰ ਇਲਾਕੇ ਵਿੱਚ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਨੀਲੇ ਰੰਗ ਦੇ ਡਰੰਮ ਵਿੱਚੋਂ ਮਿਲਣ ਤੋਂ ਬਾਅਦ ਸਨਸਨੀ ਫੈਲ ਗਈ। ਚਸ਼ਮਦੀਦਾਂ ਅਨੁਸਾਰ ਲਾਸ਼ ਦੇ ਦੋਵੇਂ ਹੱਥ ਅਤੇ ਲੱਤਾਂ ਰੱਸੀ ਨਾਲ ਬੰਨ੍ਹੀਆਂ ਹੋਈਆਂ ਸਨ, ਜਿਨ੍ਹਾਂ ਨੂੰ ਚਾਦਰ ਵਿੱਚ ਲਪੇਟ ਕੇ ਪਲਾਸਟਿਕ ਦੇ ਥੈਲੇ ਵਿੱਚ ਪਾ ਕੇ ਨੀਲੇ ਰੰਗ ਦੇ ਡਰੰਮ ਵਿੱਚ ਸੁੱਟ ਦਿੱਤਾ ਗਿਆ ਸੀ। ਉਪਰੋਕਤ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਕੂੜਾ ਚੁੱਕਣ ਵਾਲਿਆਂ ਨੇ ਸ਼ੇਰਪੁਰ ਇਲਾਕੇ ’ਚ ਇਕ ਖਾਲੀ ਪਲਾਟ ਵਿੱਚ ਡਰੰਮ ਵੇਖਿਆ। ਸੂਚਨਾ ਮਿਲਣ ’ਤੇ ਪੁਲਸ ਮੌਕੇ ’ਤੇ ਪਹੁੰਚ ਗਈ। ਪੁਲਸ ਲਾਸ਼ ਦੀ ਪਛਾਣ ਲਈ ਦਿਨ ਭਰ ਇਲਾਕੇ ਦੀ ਤਲਾਸ਼ੀ ਲੈਂਦੀ ਰਹੀ, ਇਸ ਦੇ ਨਾਲ ਹੀ ਸੀ. ਸੀ. ਟੀ. ਵੀ. ਫੁਟੇਜ ਦੀ ਜਾਂਚ ਵੀ ਕਰਦੀ ਰਹੀ। ਡਰੰਮ ਵੇਚਣ ਵਾਲਿਆਂ ਤੋਂ ਪੁੱਛਗਿੱਛ ਵੀ ਕਰਦੀ ਰਹੀ। ਪੁਲਸ ਨੇ ਦੇਰ ਸ਼ਾਮ ਆਖਿਰਕਾਰ ਇਸ ਕਤਲ ਕਾਂਡ ’ਚ ਸ਼ਾਮਲ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ। ਨੀਲੇ ਡਰੰਮ ’ਚ ਲਾਸ਼ ਮਿਲਣ ਦੀ ਘਟਨਾ ਤੋਂ ਬਾਅਦ ਇਲਾਕੇ ’ਚ ਪੂਰੀ ਤਰ੍ਹਾਂ ਦਹਿਸ਼ਤ ਦਾ ਮਾਹੌਲ ਸੀ, ਕਿਉਂਕਿ ਲਗਭਗ 1 ਸਾਲ ਪਹਿਲਾਂ ਵੀ ਇਸੇ ਇਲਾਕੇ ਤੋਂ ਇਕ ਸੂਟਕੇਸ ’ਚੋਂ ਲਾਸ਼ ਦੇ ਟੁਕੜੇ ਮਿਲੇ ਸਨ ਅਤੇ ਸਿਰ ਅਤੇ ਸਰੀਰ ਦੇ ਕੁਝ ਹੋਰ ਅੰਗ ਰੇਲਵੇ ਟਰੈਕ ’ਤੇ ਸੁੱਟ ਦਿੱਤੇ ਗਏ ਸਨ। ਪੁਲਸ ਇਕ ਪ੍ਰੈੱਸ ਕਾਨਫ਼ਰੰਸ ’ਚ ਇਸ ਮਾਮਲੇ ਦਾ ਖ਼ੁਲਾਸਾ ਕਰ ਸਕਦੀ ਹੈ। ਇਸ ਦੇ ਲਈ ਇੰਸਪੈਕਟਰ ਕੁਲਵੰਤ ਕੌਰ ਦੀ ਅਗਵਾਈ ਹੇਠ ਪੁਲਸ ਵੱਲੋਂ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਸਨ। ਦੱਸਿਆ ਜਾ ਰਿਹਾ ਹੈ ਕਿ ਮਰਨ ਵਾਲਾ ਨੌਜਵਾਨ ਪ੍ਰਵਾਸੀ ਸੀ ਅਤੇ ਉਸ ਦੇ ਉਨ੍ਹਾਂ ਲੋਕਾਂ ਨਾਲ ਨੇੜਲੇ ਸਬੰਧ ਸਨ, ਜਿਨ੍ਹਾਂ ਨੇ ਉਸ ਨੂੰ ਮਾਰਿਆ ਸੀ। ਕਾਤਲ ਵੀ ਇਕ-ਦੂਜੇ ਨਾਲ ਸੰਬੰਧਤ ਹਨ। ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਉਨ੍ਹਾਂ ਨੇ ਪ੍ਰਵਾਸੀ ਨੂੰ ਇੰਨੀ ਬੇਰਹਿਮੀ ਨਾਲ ਕਿਉਂ ਮਾਰਿਆ। ਸੂਤਰਾਂ ਦਾ ਕਹਿਣਾ ਹੈ ਕਿ ਪੁਲਸ ਅਜੇ ਵੀ ਇਸ ਮਾਮਲੇ ’ਚ ਕਾਰਵਾਈ ਕਰ ਰਹੀ ਹੈ। ਧਿਆਨ ਦੇਣਯੋਗ ਹੈ ਕਿ



ਪੁਲਸ ਨੂੰ ਸ਼ੇਰਪੁਰ ਚੌਂਕ ’ਚ ਇਕ ਖਾਲੀ ਪਲਾਟ ’ਚ ਇਕ ਨੀਲੇ ਡਰੰਮ ’ਚ ਬੋਰੀ ’ਚੋਂ ਬੰਨ੍ਹੀ ਇਕ ਲਾਸ਼ ਮਿਲੀ ਸੀ। ਇਸ ਬਾਰੇ ਪੁਲਸ ਨੂੰ ਉਥੇ ਕੂੜਾ ਚੁੱਕਣ ਵਾਲਿਆਂ ਨੇ ਸੂਚਿਤ ਕੀਤਾ। ਜਦੋਂ ਇੰਸਪੈਕਟਰ ਕੁਲਵੰਤ ਕੌਰ ਸੂਚਨਾ ਮਿਲਣ ਤੋਂ ਬਾਅਦ ਮੌਕੇ ’ਤੇ ਪਹੁੰਚੀ ਤਾਂ ਉਥੇ ਬਹੁਤ ਬਦਬੂ ਆ ਰਹੀ ਸੀ। ਜਦੋਂ ਪੁਲਸ ਪਾਰਟੀ ਨੇ ਡਰੰਮ ਖੋਲ੍ਹਿਆ ਅਤੇ ਉਸ ’ਚ ਰੱਖੀ ਪਲਾਸਟਿਕ ਦੀ ਬੋਰੀ ਨੂੰ ਬਾਹਰ ਕੱਢਿਆ ਤਾਂ ਇਕ ਨੌਜਵਾਨ ਦੀ ਲਾਸ਼ ਇਕ ਚਾਦਰ ’ਚ ਲਪੇਟ ਕੇ ਉਸ ’ਚ ਰੱਖੀ ਹੋਈ ਸੀ। ਉਸ ਦੇ ਹੱਥ ਅਤੇ ਲੱਤਾਂ ਵੀ ਬੰਨ੍ਹੀਆਂ ਹੋਈਆਂ ਸਨ। ਲਾਸ਼ 2-3 ਦਿਨ ਪੁਰਾਣੀ ਹੋਣ ਕਾਰਨ ਬਹੁਤ ਸੜੀ ਹੋਈ ਸੀ ਅਤੇ ਉਸ ’ਚ ਕੀੜੇ ਚੱਲ ਰਹੇ ਸਨ। ਸ਼ੱਕ ਹੈ ਕਿ ਕਾਤਲਾਂ ਨੇ ਪਹਿਲਾਂ ਲਾਸ਼ ਨੂੰ ਸਾੜਨ ਦੀ ਕੋਸ਼ਿਸ਼ ਕੀਤੀ ਸੀ। ਲਾਸ਼ ਦੇ ਪੋਸਟਮਾਰਟਮ ਤੋਂ ਬਾਅਦ ਹੀ ਰਿਪੋਰਟਾਂ ਤੋਂ ਮੌਤ ਦਾ ਕਾਰਨ ਪਤਾ ਲੱਗੇਗਾ। ਫਿਲਹਾਲ ਪੁਲਸ ਦਾ ਕਹਿਣਾ ਹੈ ਕਿ ਜਾਂਚ ਵੱਖ-ਵੱਖ ਐਂਗਲਾਂ ਤੋਂ ਕੀਤੀ ਜਾ ਰਹੀ ਹੈ। ਪ੍ਰਵਾਸੀ ਦੇ ਕਤਲ ਪਿੱਛੇ ਕੀ ਮਨੋਰਥ ਸੀ? ਕੀ ਪ੍ਰਵਾਸੀ ਅਤੇ ਕਾਤਲਾਂ ਵਿਚਕਾਰ ਕੋਈ ਦੁਸ਼ਮਣੀ ਸੀ, ਕੀ ਕੋਈ ਪੈਸੇ ਦਾ ਲੈਣ-ਦੇਣ ਸੀ ਜਾਂ ਕਤਲ ਕਿਸੇ ਤਰ੍ਹਾਂ ਦੇ ਰਿਸ਼ਤੇ ਕਾਰਨ ਹੋਇਆ ਸੀ? ਸੂਤਰਾਂ ਦੀ ਮੰਨੀਏ ਤਾਂ ਜਾਂਚ ਦੌਰਾਨ ਪੁਲਸ ਨੂੰ ਸਿਰਫ਼ ਇਕ ਹੀ ਸੁਰਾਗ ਮਿਲਿਆ, ਜਿਸ ਦੇ ਆਧਾਰ ’ਤੇ ਪੁਲਸ ਆਖਿਰਕਾਰ ਮੁਲਜ਼ਮਾਂ ਤੱਕ ਪਹੁੰਚੀ। ਪੁਲਸ ਅਨੁਸਾਰ ਕਾਤਲਾਂ ਨੇ ਚਲਾਕੀ ਨਾਲ ਡਰੰਮ ਸੁੱਟਿਆ ਸੀ। ਕਾਤਲਾਂ ਨੂੰ ਪਤਾ ਸੀ ਕਿ ਰੇਲਵੇ ਟਰੈਕ ਨੇੜੇ ਜਿਸ ਥਾਂ ’ਤੇ ਡਰੰਮ ਸੁੱਟਿਆ ਗਿਆ ਸੀ, ਉਥੇ ਕੋਈ ਸੀ. ਸੀ. ਟੀ. ਵੀ. ਕੈਮਰੇ ਨਹੀਂ ਸਨ। ਦੋਸ਼ੀਆਂ ਨੂੰ ਇਲਾਕੇ ਬਾਰੇ ਜਾਣਕਾਰੀ ਸੀ, ਇਸ ਲਈ ਉਨ੍ਹਾਂ ਨੇ ਸੁਰੱਖਿਅਤ ਜਗ?ਹਾ ਦੀ ਭਾਲ ਕੀਤੀ। ਇਹ ਵੀ ਸੰਭਵ ਹੈ ਕਿ ਕਾਤਲ ਲਾਸ਼ ਨੂੰ ਡਰੰਮ ’ਚੋਂ ਕੱਢ ਕੇ ਰੇਲਵੇ ਟਰੈਕ ’ਤੇ ਸੁੱਟਣਾ ਚਾਹੁੰਦੇ ਸਨ ਅਤੇ ਕਿਸੇ ਡਰ ਕਾਰਨ ਉਨ੍ਹਾਂ ਨੇ ਇਸ ਪਲਾਟ ’ਚ ਸੁੱਟ ਦਿੱਤਾ ਅਤੇ ਭੱਜ ਗਏ। ਫਿਲਹਾਲ, ਪੁਲਸ ਮੁਲਜ਼ਮਾਂ ਤੋਂ ਪੁੱਛਗਿੱਛ ਕਰ ਰਹੀ ਹੈ। ਸੂਤਰਾਂ ਦਾ ਕਹਿਣਾ ਹੈ ਕਿ ਇਸ ਅਪਰਾਧ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਸ਼ਹਿਰ ਛੱਡਣ ਦੀ ਤਿਆਰੀ ਕਰ ਰਹੇ ਸਨ ਪਰ ਪੁਲਸ ਨੇ 3 ਮੁਲਜ਼ਮਾਂ ਨੂੰ ਫੜ ਲਿਆ।

# ਕੇਂਦਰੀ ਹਲਕੇ ਦੇ ਪੁਲਿਸ ਅਧਿਕਾਰੀਆਂ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚੇ’ ਦੇ ਅਹੁਦੇਦਾਰਾਂ ਨਾਲ ਕੀਤੀ ਮੀਟਿੰਗ

ਕੌਮੀ ਪਤ੍ਰਿਕਾ

ਅੰਮ੍ਰਿਤਸਰ 2 ਜੁਲਾਈ: ਪੰਜਾਬ ਸਰਕਾਰ ਵੱਲੋਂ ਜਿਲਾ ਪ੍ਰਸ਼ਾਸਨ ਅਤੇ ਪੁਲਿਸ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ÷ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਅਹੁਦੇਦਾਰਾਂ ਨਾਲ ਕੇਂਦਰੀ ਹਲਕੇ ਦੇ ਪੁਲਿਸ ਅਧਿਕਾਰੀਆਂ ਵੱਲੋਂ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਏ:ਡੀ:ਸੀ:ਪੀ ਸ੍ਰ ਵਿਸ਼ਾਲਜੀਤ ਸਿੰਘ, ਏ:ਸੀ:ਪੀ: ਕੇਂਦਰੀ ਸ੍ਰ ਜਸਪਾਲ ਸਿੰਘ, ਮੁੱਖ ਥਾਣਾ ਅਫਸਰ ਡੀ ਡਵੀਜਨ, ਈ: ਡਵੀਜਨ, ਇਸਲਾਮਾਬਾਦ, ਥਾਣਾ ਗੇਟ ਹਕੀਮਾਂ, ਚੌਂਕੀ ਇੰਚਾਰਜ, ਅੰਨਗੜ੍ਹ ਅਤੇ ਫਤਾਹਪੁਰ ਦੇ ਪੁਲਿਸ ਅਧਿਕਾਰੀਆਂ ਤੋਂ ਇਲਾਵਾ ਨਸ਼ਾ ਮੁਕਤੀ ਮੋਰਚਾ ਸ਼ਹਿਰੀ ਦੇ ਇੰਚਾਰਜ ਸ੍ਰੀ ਦੀਕਸ਼ਤ ਧਵਨ ਅਤੇ ਨਸ਼ਾ ਮੁਕਤੀ ਮੋਰਚਾ ਦੇ ਆਹੁਦੇਦਾਰ ਹਨੀ ਨਾਹਰ, ਵਰੁਣ ਭਗਤ, ਰਾਜੇਸ਼ ਕੁਮਾਰ, ਡਾ: ਪੰਕਜ ਸੋਹੀ ਵੀ ਹਾਜਰ ਸਨ। ਇਸ ਮੌਕੇ ਤੇ ਸ਼੍ਰੀ ਦੀਕਸ਼ਤ ਧਵਨ ਵੱਲੋਂ ਕਿਹਾ ਗਿਆ ਕਿ ਨਸ਼ਾ ਮੁਕਤੀ ਮੋਰਚਾ ਵੱਲੋਂ ਨਸ਼ੇ ਵਿਰੋਧੀ ਲੋਕ ਮੁਹਿੰਮ ਚਲਾਈ ਜਾਵੇਗੀ ਅਤੇ ਹੇਠਲੇ ਪੱਧਰ ਤੱਕ ਆਮ ਲੋਕਾਂ ਤੱਕ ਪਹੁੰਚ ਕਰਕੇ ਨਸ਼ਾ ਛੱਡਣ ਵਾਲੇ ਮਰੀਜ਼ਾਂ ਦੀ ਭਾਲ ਕੀਤੀ ਜਾਵੇਗੀ ਅਤੇ ਉਹਨਾਂ ਦੇ ਇਲਾਜ ਲਈ ਢੁਕਵੇ ਪ੍ਰਬੰਧ ਕਰਵਾਏ ਜਾਣਗੇ।ਉਨ੍ਹਾਂ ਨੇ ਨਸ਼ਾ ਵੇਚਣ ਵਾਲਿਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਨਸ਼ਾ ਤਸਕਰ ਪੰਜਾਬ ਵਿੱਚ ਨਸ਼ਾ ਵੇਚਣਾ ਬੰਦ ਕਰ ਦੇਣ ਜਾਂ ਪੰਜਾਬ ਦੀਆਂ ਜੂਹਾ ਛੱਡ ਜਾਣ। ਉਨ੍ਹਾਂ ਕਿਹਾ ਕਿ ਸਰਕਾਰ ਕਿਸੇ ਵੀ ਨਸ਼ਾ ਤਸਕਰ ਨਹੀਂ ਬਖਸ਼ੇਗੀ। ਸ੍ਰੀ ਦੀਕਸ਼ਤ ਧਵਨ ਨੇ ਦੱਸਿਆ ਕਿ ਸਰਕਾਰ ਵੱਲੋਂ ਨਸ਼ੇ ਤੋਂ ਪੀੜਤ ਲੋਕਾਂ ਦਾ ਨਸ਼ਾ ਛੁਡਾਉ ਕੇਂਦਰਾਂ ਵਿਖੇ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਆਪਣੇ ਪੈਰਾਂ ਤੇ ਖੜ੍ਹਾ ਕਰਨ ਲਏ ਸਕਿੱਲ ਟਰੇਨਿੰਗ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਸ੍ਰੀ ਧਵਨ ਨੇ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਿਹੜੇ ਵੀ ਲੋਕ ਨਸ਼ਾ ਵੇਚਣ ਵਾਲੇ ਵਿਅਕਤੀਆਂ ਸਿਫਾਰਸ਼ ਲਈ ਪੁਲਿਸ ਕੋਲ ਜਾਣਗੇ ਜਾਂ ਅਦਾਲਤ ਵਿੱਚ ਜਮਾਨਤ ਲਈ ਜਾਣਗੇ ਦੇ ਨਾਮ ਜਨਤਕ ਕੀਤੇ ਜਾਣਗੇ ਅਤੇ ਲੋਕਾਂ ਨੂੰ ਅਜਿਹੇ ਲੋਕਾਂ ਦੇ ਸਮਾਜਿਕ ਬਾਈਕਾਟ ਦਾ ਸੱਦਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ । ਮੀਟਿੰਗ ਦੌਰਾਨ ਏ:ਡੀ:ਸੀ:ਪੀ ਸ੍ਰ ਵਿਸ਼ਾਲਜੀਤ ਸਿੰਘ ਨੇ ਕਿਹਾ ਕਿ ਪੁਲਿਸ ਵੱਲੋਂ ਲਗਾਤਾਰ ਨਸ਼ਾ ਤਸਕਰਾਂ ਤੇ ਨਜਰ ਰੱਖੀ ਜਾ ਰਹੀ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆਂ ਨਹੀਂ ਜਾਵੇਗਾ। ਉਨ੍ਹਾਂ ਨੇ ਆਪਣੇ ਅਧੀਨ ਪੈਂਦੇ ਸਮੂਹ ਪੁਲਿਸ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਤੇ ਖਾਸ ਨਜਰ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਸਮੂਹ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਆਪਣੀ ਡਿਊਟੀ ਬਾਖੂਬੀ ਨਿਭਾ ਰਹੇ ਹਨ।

# ਡਾਕਟਰ ਨਿੱਜਰ ਨੇ ਦੱਖਣੀ ਹਲਕੇ ਵਿੱਚ ਟਿਊਬਵੈੱਲ ਅਤੇ ਨਵੇਂ ਟਰਾਂਸਫਰਮਰ ਦਾ ਕੀਤਾ ਉਦਘਾਟਨ

ਅੰਮ੍ਰਿਤਸਰ, 2 ਜੁਲਾਈ: ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਵਾਰਡ ਨੰਬਰ 40 ਗੁਰਨਾਮ ਨਗਰ ਵਿੱਚ ਨਵੇਂ ਟਿਊਬਵੈੱਲ ਦੇ ਲਗਾਏ ਜਾਣ ਦਾ ਉਦਘਾਟਨ ਕਰਨ ਉਪਰੰਤ ਕੀਤਾ। ਡਾ. ਨਿੱਜਰ ਨੇ ਕਿਹਾ ਕਿ ਲੋਕਾਂ ਦੀ ਬੜੇ ਚਿਰ ਤੋਂ ਮੰਗ ਸੀ ਕਿ ਇਥੇ ਨਵਾਂ ਟਿਊਬਵੈਲ ਲਗਾਇਆ ਜਾਵੇ। ਉਨਾਂ ਕਿਹਾ ਕਿ ਇਸ ਟਿਊਬਵੈਲ ਲੱਗਣ ਦੇ ਨਾਲ ਲੋਕਾਂ ਦੀ ਪਾਣੀ ਪੀਣ ਦੀ ਸਮੱਸਿਆ ਕਾਫ਼ੀ ਹੱਦ ਤੱਕ ਹਲ ਹੋ ਗਈ ਹੈ। ਉਨਾਂ ਕਿਹਾ ਕਿ ਦੱਖਣੀ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਕੋਈ ਵੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਉਪਰੰਤ ਵਿਧਾਇਕ ਨਿੱਜਰ ਵਲੋਂ ਵਾਰਡ ਨੰਬਰ 44 ਵਿਖੇ ਮਿਸ਼ਰਾ ਸਿੰਘ ਕਲੋਨੀ ਵਿੱਚ ਨਵੇਂ ਟ?ਰਾਂਸਫਾਰਮਰ ਦਾ ਉਦਘਾਟਨ ਵੀ ਕੀਤਾ ਗਿਆ। ਉਨਾਂ ਕਿਹਾ ਕਿ ਇਸ ਟ?ਰਾਂਸਫਾਰਮਰ ਨਾਲ ਇਲਾਕੇ ਵਿੱਚ ਬਿਜਲੀ ਸਪਲਾਈ ਅਤੇ ਲੋਡ ਸ਼ੈਡਿੰਗ ਦੀ ਸਮੱਸਿਆ ਨੂੰ ਦੂਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਸ ਮੌਕੇ ਉਤੇ ਕੌਂਸਲਰ ਸ. ਗੁਰਵਿੰਦਰ ਸਿੰਘ ਰਿੰਕੂ, ਵਾਰਡ ਇੰਚਾਰਜ ਸ.ਰਵੀਸ਼ੇਰ ਸਿੰਘ,ਬਲੌਕ ਇੰਚਾਰਜ ਸ. ਰਣਜੀਤ ਸਿੰਘ, ਨਿੱਜੀ ਸਹਾਇਕ ਸ਼. ਨਵਨੀਤ ਸ਼ਰਮਾ, ਸ. ਗੁਰਪ੍ਰੀਤ ਸਿੰਘ, ਦਲੇਰ ਜੀ, ਦੀਪਕ ਰਾਜੂ ਜੀ, ਅਮਰਦੀਪ ਸਿੰਘ ਰਾਜੂ ਸਮੇਤ ਇਲਾਕੇ ਦੇ ਨਾਮਵਰ ਸ਼ਖਸੀਅਤਾਂ ਹਾਜ਼ਰ ਸਨ।

# ਦਿਲ ਦਹਿਲਾ ਦੇਣ ਵਾਲੀ ਘਟਨਾ: ਨੌਜਵਾਨ ਨੇ ਪਹਿਲਾਂ ਬਣਾਈ ਵੀਡੀਓ, ਫਿਰ ਰੇਲਗੱਡੀ ਅੱਗੇ ਮਾਰ’ਤੀ ਛਾਲ

ਕੌਮੀ ਪਤ੍ਰਿਕਾ

ਬਠਿੰਡਾ 2 ਜੁਲਾਈ। ਗੋਪਾਲ ਨਗਰ ਦੇ 25 ਸਾਲਾ ਨੌਜਵਾਨ ਮਨੀਸ਼ ਕੁਮਾਰ ਨੇ ਵੀਰਵਾਰ ਸ਼ਾਮ ਲਗਭਗ 5.15 ਵਜੇ ਸਿਰਸਾ ਜਾ ਰਹੀ ਰੇਲਗੱਡੀ ਅੱਗੇ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ। ਇਹ ਦਿਲ ਦਹਿਲਾ ਦੇਣ ਵਾਲੀ ਘਟਨਾ ਬਠਿੰਡਾ ਰੇਲਵੇ ਸਟੇਸ਼ਨ ਨੇੜੇ ਦੁੱਗਲ ਪੈਲੇਸ ਨੇੜੇ ਵਾਪਰੀ ਜੀ. ਆਰ. ਪੀ. ਪੁਲਸ ਸਟੇਸ਼ਨ ਅਤੇ ਨਹਿਰ ਪੁਲਸ ਸਟੇਸ਼ਨ ਦੀ ਟੀਮ ਮੌਕੇ ’ਤੇ ਪਹੁੰਚੀ ਅਤੇ ਲਾਸ਼ ਨੂੰ ਆਪਣੇ ਕਬਜ਼ੇ ਵਿਚ ਲੈ ਕੇ ਸਿਵਲ ਹਸਪਤਾਲ ਦੇ ਮੁਰਦਾਘਰ ਵਿਚ ਭੇਜ ਦਿੱਤਾ। ਜੀ. ਆਰ. ਪੀ. ਪੁਲਸ ਸਟੇਸ਼ਨ ਦੇ ਸਬ-ਇੰਸਪੈਕਟਰ ਗੁਰਮੇਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮ 5 ਵਜੇ ਸੂਚਨਾ ਮਿਲੀ ਕਿ ਇਕ ਨੌਜਵਾਨ ਨੇ ਰੇਲਗੱਡੀ ਅੱਗੇ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ ਹੈ। ਜਾਂਚ ਦੌਰਾਨ ਨੌਜਵਾਨ ਦੀ ਪਛਾਣ ਮਨੀਸ਼ ਕੁਮਾਰ (25), ਵਾਸੀ ਗੋਪਾਲ ਨਗਰ, ਬਠਿੰਡਾ ਵਜੋਂ ਹੋਈ। ਸ਼ੁਰੂਆਤੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਮਨੀਸ਼ ਕੁਝ ਦਿਨ ਪਹਿਲਾਂ ਦੁੱਗਲ ਪੈਲੇਸ ਨੇੜੇ ਰਹਿਣ ਵਾਲੀ ਇਕ ਨਾਬਾਲਗ ਲੜਕੀ ਨਾਲ ਘਰੋਂ ਚਲਾ ਗਿਆ ਸੀ। ਹਾਲਾਂਕਿ, ਦੋਵਾਂ ਪਰਿਵਾਰਾਂ ਵਿਚਕਾਰ ਸਮਝੌਤੇ ਤੋਂ



ਬਾਅਦ ਮਾਮਲਾ ਸੁਲਝ ਗਿਆ ਸੀ ਪਰ ਘਟਨਾ ਵਾਲੇ ਦਿਨ ਮਨੀਸ਼ ਦੁਬਾਰਾ ਲੜਕੀ ਨੂੰ ਲੈ ਗਿਆ, ਜਿਸ ਕਾਰਨ ਪੁਲਸ ਨੇ ਉਸਦੇ ਪਰਿਵਾਰਕ ਮੈਂਬਰਾਂ ਨੂੰ ਉਨ੍ਹਾਂ ਨੂੰ ਹਿਰਾਸਤ ’ਚ ਲੈਣ ਅਤੇ ਮਾਮਲਾ ਦਰਜ ਕਰਨ ਦੀ ਚਿਤਾਵਨੀ ਦਿੱਤੀ। ਪੁਲਸ ਨੇ ਮਨੀਸ਼ ਨੂੰ ਲੜਕੀ ਨੂੰ ਪੇਸ਼ ਕਰਨ ਲਈ ਕਿਹਾ ਸੀ। ਪਰਿਵਾਰਕ ਮੈਂਬਰਾਂ ਅਨੁਸਾਰ ਮਨੀਸ਼ ਨੇ ਕਿਹਾ ਸੀ ਕਿ ਉਹ ਲੜਕੀ ਨੂੰ ਲਿਆ ਰਿਹਾ ਸੀ ਪਰ ਰਸਤੇ ਵਿਚ ਉਸਨੇ ਰੇਲਗੱਡੀ ਅੱਗੇ ਛਾਲ ਮਾਰ ਕੇ ਆਪਣੀ ਜਾਨ ਲੈ ਲਈ। ਜਨਸੇਵਾ ਟੀਮ ਮੌਕੇ ’ਤੇ ਪਹੁੰਚੀ ਅਤੇ ਲਾਸ਼ ਨੂੰ ਹਸਪਤਾਲ ਲੈ ਗਈ। ਜਾਂਚ ਦੌਰਾਨ ਪੁਲਸ ਨੂੰ ਲੜਕੀ ਤੋਂ ਇਕ ਵੀਡੀਓ ਮਿਲਿਆ, ਜਿਸ ਵਿਚ ਮਨੀਸ਼ ਨੇ ਸਪੱਸ਼ਟ ਕੀਤਾ ਹੈ ਕਿ ਉਹ ਆਪਣੀ ਮਰਜ਼ੀ ਨਾਲ ਖੁਦਕੁਸ਼ੀ ਕਰ ਰਿਹਾ ਹੈ ਅਤੇ ਇਸ ਕਦਮ ਲਈ ਲੜਕੀ ਜਾਂ ਉਸਦੇ ਪਰਿਵਾਰ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਜਾਣਾ ਚਾਹੀਦਾ। ਫਿਲਹਾਲ ਪੁਲਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ ਜਾਵੇਗੀ।

# ਪੰਜਾਬ ’ਚ ਰੂਹ ਕੰਬਾਊ ਹਾਦਸਾ ! ਆਟੋ ਤੇ ਕਾਰ ਦੀ ਭਿਆਨਕ ਟੱਕਰ

ਫਿਲੌਰ 2 ਜੁਲਾਈ। ਫਿਲੌਰ ਵਿਚ ਵੱਡਾ ਹਾਦਸਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਇਸ ਦਰਦਨਾਕ ਹਾਦਸੇ ਵਿਚ 3 ਲੋਕਾਂ ਦੀ ਮੌਤ ਹੋ ਗਈ ਜਦਕਿ ਇਕ ਬੱਚੇ ਸਮੇਤ ਤਿੰਨ ਲੋਕ ਗੰਭੀਰ ਜ਼ਖ਼ਮੀ ਹੋ ਗਏ। ਮਿਲੀ ਜਾਣਕਾਰੀ ਮੁਕਾਬਕ ਪਿੰਡ ਬੁਰਜ ਪੁਖ਼ਤਾ ਵਿਖੇ ਆਟੋ ਅਤੇ ਕਾਰ ਵਿਚਾਲੇ ਜ਼ਬਰਦਸਤ ਟੱਕਰ ਹੋਣ ਕਾਰਨ ਦਰਦਨਾਕ ਹਾਦਸਾ ਵਾਪਰਿਆ। ਸਵਾਰੀਆਂ ਨਾਲ ਭਰਿਆ ਆਟੋ ਝੰਡੀ ਪੀਰ ਕੰਡਿਆਣਾ ਤੋਂ ਫਿਲੌਰ ਵੱਲ ਨੂੰ ਆ ਰਿਹਾ ਸੀ ਤਾਂ ਫਿਲੌਰ ਨੇੜੇ ਪਿੰਡ ਬੁਰਜ ਪੁਖ਼ਤਾ ਛਿਛੌਵਾਲ ਵਿਖੇ



ਇਕ ਕਾਰ ਨਾਲ ਟੱਕਰ ਹੋ ਗਈ। ਜਿਸ ਕਾਰਨ ਆਟੋ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਉਸ ਵਿੱਚ ਸਵਾਰ ਰਾਣੀ, ਸੁਨੀਤਾ ਅਤੇ ਮਨਜੀਤ ਸਿੰਘ ਵਾਸੀ ਝੰਡੀ ਪੀਰ ਕੰਡਿਆਣਾ ਦੀ ਮੌਕੇ ’ਤੇ ਹੀ ਮੌਤ ਹੋ ਗਈ। ਹਾਦਸੇ ਦੌਰਾਨ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਦੀ ਪਛਾਣ ਨਿਰਮਲ, ਅਮਰ ਚੰਦ, ਮੁਖਤਿਆਰ ਅਤੇ ਇਕ ਬੱਚੇ ਗੰਭੀਰ ਜ਼ਖ਼ਮੀ ਹੋ ਗਿਆ। ਇਸ ਸਬੰਧੀ ਡਾਕਟਰ ਨੀਰਜ ਸੋਢੀ ਨੇ ਕਿਹਾ ਕਿ ਬੱਚੇ ਦੀ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਜਲੰਧਰ ਰੈਫਰ ਕਰ ਦਿੱਤਾ ਗਿਆ ਜਦਕਿ ਬਾਕੀ ਜ਼ਖ਼ਮੀਆਂ ਦਾ ਇਲਾਜ ਚੱਲ ਰਿਹਾ ਹੈ। ਪੁਲਸ ਨੇ ਮੌਕੇ ਉਤੇ ਪਹੁੰਚ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਸਮਾਜ ਸੇਵੀ ਮਤਵਿੰਦਰ ਸਿੰਘ ਸੋਨੂੰ ਮਾਲਕ ਬੇਕਰੀ ਵਾਲੇ ਨੇ ਕਿਹਾ ਕਿ ਹਾਦਸਾ ਹੋਣ ਉਪਰੰਤ ਇਕ ਗੱਲ ਸ਼ਰਮਸਾਰ ਕਰਨ ਵਾਲੀ ਵਿਖਾਈ ਦਿੱਤੀ ਕਿ ਲੋਕ ਹਾਦਸਾ ਹੋਣ ਉਪਰੰਤ ਹਾਦਸੇ ਦੀ ਵੀਡੀਓ ਬਣਾਉਂਦੇ ਰਹੇ ਪਰ ਕਿਸੇ ਨੇ ਵੀ ਜ਼ਖ਼ਮੀਆਂ ਦੀ ਮਦਦ ਨਹੀਂ ਕੀਤੀ। ਉਨ੍ਹਾਂ ਆਮ? ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਡੀ ਥੋੜ੍ਹੀ ਮਦਦ ਕਰਨ ਨਾਲ ਕਿਸੇ ਦੀ ਜਾਨ ਬਚਦੀ ਹੈ ਤਾਂ ਸਾਨੂੰ ਮਦਦ ਕਰਨੀ ਚਾਹੀਦੀ ਹੈ।

## 35 ਲੱਖ ਰੁਪਏ ਲਈ ਚਲਵਾਈ ਸੀ ਪ੍ਰਾਪਰਟੀ ਡੀਲਰ ’ਤੇ ਗੋਲੀ

ਜ਼ੀਰਕਪੁਰ 2 ਜੁਲਾਈ। ਥਾਣੇ ਤੋਂ ਮਹਿਜ਼ 50 ਮੀਟਰ ਦੀ ਦੂਰੀ ’ਤੇ ਪ੍ਰਾਪਰਟੀ ਡੀਲਰ ਨੂੰ ਗੋਲੀ ਮਾਰਨ ਦੇ ਮਾਮਲੇ ’ਚ ਇਕ ਦਿਨ ਬਾਅਦ ਹੀ



ਪੁਲਸ ਨੇ ਸਾਜਿਸ਼ਕਰਤਾ ਨੂੰ ਗ੍ਰਿਫ਼ਤਾਰ ਕੀਤਾ ਹੈ। ਉਸ ਦੀ ਪਛਾਣ ਸਲਿੰਦਰ ਸਿੰਘ ਵਾਸੀ ਪਿੰਡ ਸੁੰਡਰਾਂ ਵਜੋਂ ਹੋਈ ਹੈ, ਜੋ ਪ੍ਰਾਪਰਟੀ ਡੀਲਰ ਦਾ ਹੀ ਪੁਰਾਣਾ ਪਾਰਟਨਰ ਹੈ। ਜਾਂਚ ’ਚ ਸਾਹਮਣੇ ਆਇਆ ਕਿ ਮੁਲਜ਼ਮ ਨੇ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਹਮਲਾ ਕਰਵਾਇਆ ਸੀ। ਥਾਣਾ ਮੁਖੀ ਇੰਸਪੈਕਟਰ ਸਤਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਸਲਿੰਦਰ ਸਿੰਘ ਤੇ ਜ਼ਖ਼ਮੀ ਪ੍ਰਾਪਰਟੀ ਡੀਲਰ ਜਗਤਾਰ ਸਿੰਘ ਪਹਿਲਾਂ ਪਾਰਟਨਰ ਸਨ। ਦੋਹਾਂ ਦਾ ਪੈਸਿਆਂ ਨੂੰ ਲੈ ਕੇ ਝਗੜਾ ਹੋ ਗਿਆ। ਮੁਲਜ਼ਮ ਮੁਤਾਬਕ ਜਗਤਾਰ ਸਿੰਘ ਨਾਲ 35 ਲੱਖ ਰੁਪਏ ਦਾ ਲੈਣ-ਦੇਣ ਹੈ, ਜਿਸ ਨੂੰ ਉਹ ਨਿਬੇੜਨ ਦੀ ਥਾਂ ਟਾਲ-ਮਟੋਲ ਕਰ ਰਿਹਾ ਸੀ। ਇਸ ਲਈ ਆਪਣੇ ਕੋਲ ਕੰਮ ਕਰਦੇ ਪਰਵਾਸੀ ਤੋਂ ਵਾਰਦਾਤ ਕਰਵਾਈ ਸੀ। ਜ਼ਿਕਰਯੋਗ ਹੈ ਕਿ ਸੋਮਵਾਰ ਨੂੰ ਜਗਤਾਰ ਸਿੰਘ ਸਾਥੀ ਨਾਲ ਐਕਟਿਵਾ ’ਤੇ ਜ਼ੀਰਕਪੁਰ ਤਹਿਸੀਲ ਵੱਲ ਜਾ ਰਿਹਾ ਸੀ। ਰਾਹ ’ਚ 2 ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਗੋਲੀ ਚਲਾ ਦਿੱਤੀ। ਗੋਲੀ ਐਕਟਿਵਾ ਦੇ ਪਿੱਛੇ ਬੈਠੇ ਜਗਤਾਰ ਦੀ ਪਿੱਠ ’ਚ ਲੱਗ ਗਈ ਅਤੇ ਛਰਲਾ ਦੋਸਤ ਦੇ ਲੱਗਿਆ।

# ਪਰਿਵਾਰ ’ਤੇ ਕਹਿਰ ਬਣ ਕੇ ਵਰ੍ਹਿਆ ਮੀਂਹ, ਵਿਛ ਗਏ ਸੱਥਰ

ਸਮਰਾਲਾ 2 ਜੁਲਾਈ। ਨਜ਼ਦੀਕੀ ਪਿੰਡ ਮਾਨੂਪੁਰ ’ਚ ਮੀਂਹ ਕਾਰਨ ਛੱਤ ਡਿੱਗਣ ਨਾਲ ਹਾਦਸੇ ’ਚ ਇਕ ਔਰਤ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਮਾਨੂਪੁਰ ’ਚ ਰਹਿਣ ਵਾਲੇ ਇਕ ਪਰਿਵਾਰ ਦੀ ਔਰਤ ਚਰਨਜੀਤ ਕੌਰ (39) ਆਪਣੇ ਪਤੀ ਲਖਵੀਰ ਸਿੰਘ ਅਤੇ ਬੱਚਿਆਂ ਨਾਲ ਕਮਰੇ ’ਚ ਸੁੱਤੀ ਪਈ ਸੀ। ਮੀਂਹ ਕਾਰਨ ਰਾਤ 10 ਵਜੇ ਅਚਾਨਕ ਕਮਰੇ ਦੀ ਛੱਤ ਡਿੱਗ ਗਈ, ਜਿਸ ਕਾਰਨ ਔਰਤ ਚਰਨਜੀਤ ਕੌਰ ਮਲਬੇ ਹੇਠ ਦੱਬ ਗਈ, ਜਿਸ ਨੂੰ ਬੜੀ ਮੁਸ਼ਕਿਲ ਨਾਲ ਮਲਬੇ ਹੇਠੋਂ ਕੱਢਿਆ ਗਿਆ ਅਤੇ ਤੁਰੰਤ ਖੰਨਾ ਦੇ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰ ਨੇ ਔਰਤ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਹਾਦਸੇ ਕਾਰਨ ਪੂਰੇ ਪਿੰਡ ’ਚ ਸੋਗ ਦਾ ਮਾਹੌਲ ਹੈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਚੌਕੀ ਬਰਧਲਾਂ ਦੇ ਇੰਚਾਰਜ ਪਰਮਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਮਾਨੂਪੁਰ ’ਚ ਘਰ ਦੀ ਛੱਤ ਡਿੱਗਣ ਕਾਰਨ ਇਕ ਔਰਤ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਜਿਸ ਕਮਰੇ ’ਚ ਪਰਿਵਾਰ ਸੌਂ ਰਿਹਾ ਸੀ, ਉਸ ਦੀ ਛੱਤ ਦੀ ਹਾਲਤ ਖ਼ਰਾਬ ਸੀ। ਮੀਂਹ ਕਾਰਨ ਛੱਤ ਡਿੱਗ ਗਈ ਅਤੇ ਔਰਤ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਔਰਤ ਦੇ ਪਤੀ ਦੇ ਬਿਆਨ ਦੇ ਆਧਾਰ ’ਤੇ ਧਾਰਾ 174 ਤਹਿਤ ਕਾਰਵਾਈ ਕੀਤੀ ਗਈ ਅਤੇ ਲਾਸ਼ ਨੂੰ ਵਾਰਸਾਂ ਦੇ ਹਵਾਲੇ ਕਰ ਦਿੱਤਾ ਗਿਆ।

# ਪੰਜਾਬ ’ਚ 31 ਅਗਸਤ ਤੱਕ ਲੱਗੀਆਂ ਵੱਡੀਆਂ ਪਾਬੰਦੀਆਂ ! ਜੇਕਰ ਨਾ ਮੰਨੇ ਤਾਂ ਹੋਵੇਗੀ ਸਖ਼ਤ ਕਾਰਵਾਈ

ਫਾਜਿਲਕਾ 2 ਜੁਲਾਈ। ਜ਼ਿਲ੍ਹਾ ਮੈਜਿਸਟ?ਰੇਟ ਅਮਰਪ੍ਰੀਤ ਕੌਰ ਸੰਧੂ ਨੇ ਵੱਖ-ਵੱਖ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀਆਂ 31 ਅਗਸਤ ਤੱਕ ਲਾਗੂ ਰਹਿਣਗੀਆਂ ਅਤੇ ਉਲੰਘਣਾ ਕਰਨ ਵਾਲਿਆਂ ’ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਹੁਕਮ ’ਚ ਜ਼ਿਲ੍ਹਾ ਮੈਜਿਸਟ?ਰੇਟ ਨੇ ਜ਼ਿਲ੍ਹੇ ਅੰਦਰ 50 ਮਾਈਕਰੋਨ ਤੋਂ ਘੱਟ ਮੋਟਾਈ 8 ਗੁਣਾ 13 ਆਕਾਰ ਤੋਂ ਘੱਟ ਅਤੇ ਨਿਰਧਾਰਤ ਰੰਗ ਤੋਂ ਬਗੈਰ ਦੇ ਅਲੱਗ ਪਲਾਸਟਿਕ ਦੇ ਲਿਫ਼ਾਫ਼?ਆਂ ਦੇ ਬਣਾਉਣ/ਵਰਤੋਂ ਕਰਨ ’ਤੇ, ਜ਼ਿਲ੍ਹਾ ਫਾਜ਼ਿਲਕਾ ਦੇ ਬਾਰਡਰ ਨੇੜਲੇ ਪਿੰਡਾ ਅਤੇ ਬੀ. ਪੀ. ਓਜ਼ ਦੇ ਨੇੜੇ ਸ਼ਾਮ 6 ਵਜੇ ਤੋਂ ਸਵੇਰੇ 8 ਵਜੇ ਤੱਕ ਆਮ ਜਨਤਾ ਨੂੰ ਆਉਣ-ਜਾਣ ’ਤੇ ਪਾਬੰਦੀ ਲਾਈ ਹੈ। ਇਸ ਦੇ ਨਾਲ ਹੀ ਫਾਜ਼ਿਲਕਾ ਜ਼ਿਲ੍ਹੇ ਦੀ ਹਦੂਦ ਅੰਦਰ ਕੋਬਰਾ/ਕੰਡਿਆਲੀ ਤਾਰ ਨੂੰ ਵੇਚਣ, ਖਰੀਦਣ ਅਤੇ ਵਰਤਣ ’ਤੇ ਪੂਰਨ ਤੌਰ ’ਤੇ ਪਾਬੰਦੀ ਲਾਈ ਹੈ। ਇਸ ਤਰ੍ਹਾਂ ਹੀ ਜ਼ਿਲ੍ਹਾ ਫਾਜ਼ਿਲਕਾ ਦੀਆਂ ਸੀਮਾਵਾਂ ਅੰਦਰ ਆਮ ਲੋਕਾਂ ਦੇ ਮਿਲਟਰੀ ਰੰਗ ਦੀ ਵਰਦੀ ਅਤੇ ਵ?ਹੀਕਲਾਂ ਦੀ ਖ਼ਰੀਦਣ, ਵੇਚਣ ਅਤੇ ਵਰਤੋਂ ਕਰਨ ’ਤੇ ਪੂਰਨ ਤੌਰ ’ਤੇ ਪਾਬੰਦੀ ਹੈ।

# ਲੋਕ ਨਿਰਮਾਣ ਮੰਤਰੀ ਨੇ ਵਿਧਾਨਸਭਾ ਹਲਕਾ ਜੰਡਿਆਲਾ ਗੁਰੂ ਵਿਖੇ 3 ਕਰੋੜ ਰੁਪਏ ਦੀ ਲਾਗਤ ਹੋਣ ਵਾਲੇ ਵਿਕਾਸ ਕਾਰਜਾਂ ਦੇ ਰਖੇ ਨੀਂਹ ਪੱਥਰ

ਕੌਮੀ ਪਤ੍ਰਿਕਾ

ਅੰਮ੍ਰਿਤਸਰ 2 ਜੁਲਾਈ: ਪਿਛਲੇ ਕਰੀਬ ਸਾਢੇ ਤਿੰਨ ਸਾਲਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਮੁੜ ਲੀਹਾਂ ਤੇ ਲਿਆਂਦਾ ਹੈ ਅਤੇ ਆਉਦੇ ਸਾਲਾਂ ਦੌਰਾਨ ਵੀ ਸੂਬੇ ਦੇ ਵਿਕਾਸ ਵਿਚ ਕੋਈ ਵੀ ਕਸਰ ਬਾਕੀ ਨਹੀ ਛੱਡੀ ਜਾਵੇਗੀ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਹਲਕਾ ਜੰਡਿਆਲਾ ਵਿਖੇ ਕਰੀਬ 3 ਕਰੋੜ ਰੁਪਏ ਦੀ ਲਾਗਤ ਨਾਲ ਹੁਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਉਪਰੰਤ ਕੀਤਾ। ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਨੇ ਕਿਹਾ ਕਿ ਜੰਡਿਆਲਾ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਕੋਈ ਵੀ ਪਿੰਡ ਵਿਕਾਸ ਪੱਖੋਂ ਸੱਖਣਾ ਨਹੀ ਰਹਿਣ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਸੂਬੇ ਵਿਚ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ ਤਾਂ ਜੋ ਸੂਬੇ ਦੀ ਤਰੱਕੀ ਦੀ ਰਫਤਾਰ ਨੂੰ ਵਧਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸੇ ਦੇਸ਼ ਦੇ ਅਰਥਵਿਵਸਥਾ ਵਿਚ ਸਭ ਤੋ ਵੱਡਾ ਯੋਗਦਾਨ ਸੜਕਾਂ ਦਾ ਹੁੰਦਾ ਹੈ ਜੇਕਰ ਸੜਕਾਂ ਠੀਕ ਹਨ ਤਾਂ ਜਿਥੇ ਵਪਾਰ ਵਿਚ ਵਾਧਾ ਹੁੰਦਾ ਹੈ, ਉਥੇ ਹੀ ਸੜਕੀ ਦੁਰਘਟਨਾਵਾਂ ਤੋ ਵੀ ਬਚਾਓ ਰਹਿੰਦਾ ਹੈ। ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ 1 ਕਰੋੜ 11 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਮਲ੍ਹੀਆਂ ਤੋਂ ਤੀਮੋਵਾਲ ਸੜ੍ਹਕ ਤੋਂ ਖੇਲਾ ਤੋਂ ਛੱਜਲਵੱਡੀ ਟਾਂਗਰ ਰੋਡ ਅਤੇ ਡਰੇਨ ਜਿਸਦੀ ਕੁੱਲ ਲੰਬਾਈ 3.15 ਕਿਲੋਮੀਟਰ ਹੈ ਦੀ ਨਵੀਂ ਸੜ੍ਹਕ ਉਸਾਰੀ ਜਾਵੇਗੀ। ਉਨਾਂ ਦੱਸਿਆ ਕਿ ਪਿੰਡ ਵਾਸੀਆਂ ਦੀ ਬੜੇ ਚਿਰ ਤੋਂ ਮੰਗ ਸੀ ਕਿ ਇਸ ਸੜ੍ਹਕ ਨੂੰ ਬਣਾਇਆ ਜਾਵੇ। ਉਨਾਂ ਦੱਸਿਆ ਕਿ ਲੋਕਾਂ ਨੂੰ ਆਸ ਹੀ ਨਹੀਂ ਸੀ ਕਿ ਕਦੀ ਇਹ ਸੜ੍ਹਕ ਵੀ ਬਣੇਗੀ। ਸ: ਈ.ਟੀ.ਓ ਨੇ ਕਿਹਾ ਕਿ ਇਹ ਆਮ ਲੋਕਾਂ ਦੀ ਸਰਕਾਰ ਹੈ ਅਤੇ ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਦੇ ਕਰੇਗੀ। ਸ: ਈ.ਟੀ.ਓ. ਵਲੋਂ 1 ਕਰੋੜ 72 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਮਿਹਰਬਾਨਪੁਰ ਵਿਖੇ ਇੰਟਰਲਾਕਿੰਗ ਟਾਈਲਾਂ, ਅੰਮ੍ਰਿਤਸਰ ਜਲੰਧਰ ਰੋਡ ਤੋਂ ਮਿਹਰਬਾਨਪੁਰਾ ਦੀ ਉਸਾਰੀ ਅਤੇ ਮਿਹਰਬਾਨਪੁਰਾ ਸੜ੍ਹਕ ਤੋਂ ਵਡਾਲੀ ਸੜ੍ਹਕ ਤੱਕ ਜਿਸਦੀ ਕੁੱਲ ਲੰਬਾਈ 5.164 ਕਿਲੋਮੀਟਰ ਬਣਦੀ ਹੈ ਤੇ ਨਵੀਂ ਉਸਾਰੀ ਕੀਤੀ ਜਾਵੇਗੀ। ਸ: ਈ.ਟੀ.ਓ. ਨੇ ਦੱਸਿਆ ਕਿ ਸਾਰੇ ਕੰਮ ਸਬੰਧਤ ਠੇਕੇਦਾਰਾਂ ਨੂੰ ਅਲਾਟ ਕਰ ਦਿੱਤੇ ਗਏ ਹਨ ਅਤੇ ਆਉਂਦਿਆਂ 6 ਮਹੀਨੇ ਦੌਰਾਨ ਕੰਮ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਉਨਾਂ ਦੱਸਿਆ ਕਿ ਇਹਨਾਂ ਸੜ੍ਹਕਾਂ ਦੀ ਨਵ ਉਸਾਰੀ ਲਾਲ ਇਥੋਂ ਦੇ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਗੁਣਵਤਾ ਵਿਚ ਕੋਈ ਕਮੀ ਬਰਦਾਸ਼ਤ ਨਹੀ ਕੀਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਜੇਕਰ ਉਹ ਵਿਕਾਸ ਦੇ ਕੰਮ ਵਿਚ ਕੋਈ ਊਣਤਾਈ ਦੇਖਣ ਤਾਂ ਮੇਰੇ ਧਿਆਨ ਵਿਚ ਲਿਆਉਣ,ਉਸੇ ਸਮੇ ਹੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕਾਰਜਾਂ ਨੂੰ ਸਮੇ ਸਿਰ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਲੋਕਾਂ ਨੂੰ ਹਰ ਸਹੂਲਤ ਦੇਣ ਲਈ ਵਚਨਬੱਧ ਹੈ ਅਤੇ ਇਸੇ ਤਹਿਤ ਲੋਕਾਂ ਨੂੰ ਤਹਿਸੀਲਾਂ ਵਿੱਚੋਂ ਹੁੰਦੀ ਖਜਰ ਖ਼ੁਆਰੀ ਤੋਂ ਬਚਾਉਣ ਲਈ ਈ ਜਮਾ ਬੰਦੀ ਆਨਲਾਈਨ ਸਹੂਲਤ ਸ਼ੁਰੂ ਕਰ ਦਿੱਤੀ ਗਈ ਹੈ ।ਜਿਸ ਨਾਲ ਲੋਕ ਘਰ ਬੈਠੇ ਹੀ ਆਪਣੇ ਘਰ ਪਲਾਟ ਆਦਿ ਦੀ ਜਮਾਂਬੰਦੀ ਪ੍ਰਾਪਤ ਕਰ ਸਕਣਗੇ, ਇੰਤਕਾਲ ਕਰਵਾ ਸਕਣਗੇ। ਜਿਸ ਨਾਲ ਉਹਨਾਂ ਨੂੰ ਤਹਿਸੀਲਾਂ ਦੇ ਚੱਕਰ ਮਾਰਨੇ ਨਹੀਂ ਪੈਣਗੇ।

# ਪੰਜਾਬ ’ਚ ਦਰਦਨਾਕ ਘਟਨਾ, ਕਰੰਟ ਲੱਗਣ ਕਾਰਣ ਦੋ ਜਣਿਆਂ ਦੀ ਮੌਕੇ ’ਤੇ ਮੌਤ

ਸੁਨਾਮ ਊਧਮ ਸਿੰਘ ਵਾਲਾ 2 ਜੁਲਾਈ। ਨੇੜਲੇ ਪਿੰਡ ਫਤਹਿਗੜ੍ਹ ਵਿਖੇ ਇਕ ਪੋਲਟਰੀ ਫਾਰਮ ’ਚ ਦੋ ਵਿਅਕਤੀਆਂ ਦੀ ਕਰੰਟ ਲੱਗਣ ਕਾਰਨ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਸਥਾਨਕ ਸਿਵਲ ਹਸਪਤਾਲ ਵਿਖੇ ਮ੍ਰਿਤਕ ਵਿਅਕਤੀਆਂ ਦੇ ਪੋਸਟਮਾਰਟਮ ਸਮੇਂ ਲਹਿਰਾ ਦੇ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਫਤਹਿਗੜ੍ਹ ਪਿੰਡ ਦੇ ਇਕ ਪੋਲਟਰੀ ਫਾਰਮ ’ਚ ਨਵੇਂ ਬੱਚੇ ਪਾਉਣ ਲਈ ਪੋਲਟਰੀ ਫਾਰਮ ਦੇ ਮਾਲਕ ਹਰਪ੍ਰੀਤ ਸਿੰਘ ਅਤੇ ਇਕ ਪ੍ਰਵਾਸੀ ਮਜ਼ਦੂਰ ਬੀਰੂ ਵਲੋਂ ਪੋਲਟਰੀ ਫਾਰਮ ਦੇ ਅੰਦਰਲੀ ਧਰਤੀ (ਜ਼ਮੀਨ) ਨੂੰ ਲਿੱਪਿਆ ਜਾ ਰਿਹਾ ਸੀ ਤਾਂ ਇਸ ਦੌਰਾਨ ਪ੍ਰਵਾਸੀ ਮਜ਼ਦੂਰ ਬੀਰੂ ਦਾ ਫਾਰਮ ’ਚ ਲੱਗੇ ਐਗਜਿਸ਼ਟ ਫੈਨ ਨਾਲ ਅਚਾਨਕ ਹੱਥ ਲੱਗਣ ਕਾਰਨ ਕਰੰਟ ਲੱਗ ਗਿਆ। ਇਸ ਦੌਰਾਨ ਜਦੋਂ ਉਸ ਨਾਲ ਕੰਮ ਕਰ ਰਿਹਾ ਹਰਪ੍ਰੀਤ ਸਿੰਘ ਉਸ ਨੂੰ ਬਿਜਲੀ ਤੋਂ ਛਡਾਉਣ ਲੱਗਿਆ ਤਾਂ ਉਹ ਵੀ ਕਰੰਟ ਦੀ ਲਪੇਟ ਵਿਚ ਆ ਗਿਆ। ਜਿਸ ਕਾਰਨ ਹਰਪ੍ਰੀਤ ਸਿੰਘ (37) ਪੁੱਤਰ ਗੁਰਚਰਨ ਸਿੰਘ ਪਿੰਡ ਫਤਹਿਗੜ੍ਹ ਅਤੇ ਯੂ. ਪੀ. ਦੇ ਰਹਿਣ ਵਾਲੇ ਪ੍ਰਵਾਸੀ ਮਜ਼ਦੂਰ ਬੀਰੂ (24) ਪੁੱਤਰ ਹਰਸ਼ ਕੁਮਾਰ ਦੀ ਮੌਕੇ ’ਤੇ ਹੀ ਮੌਤ ਹੋ ਗਈ।

# ਟਰੱਕ ਤੇ ਕਾਰ ਵਿਚਾਲੇ ਭਿਆਨਕ ਟੱਕਰ, ਅੱਧੀ ਦਰਜਨ ਪਰਿਵਾਰ ਦੇ ਮੈਂਬਰ ਜ਼ਖ਼ਮੀ

ਬਟਾਲਾ 2 ਜੁਲਾਈ। ਅੰਮ੍ਰਿਤਸਰ-ਜੰਮੂ ਨੈਸ਼ਨਲ ਹਾਈਵੇ ’ਤੇ ਇਕ ਕਾਰ ਦੇ ਟਰੱਕ ਵਿਚ ਵੱਜਣ ਨਾਲ ਇਕ ਔਰਤ ਮੌਤ ਹੋਣ ਦੁਖਦਾਈ ਸਮਾਚਾਰ ਮਿਲਿਆ ਹੈ। ਜਦਕਿ ਬਾਕੀ ਅੱਧੀ ਦਰਜਨ ਦੇ ਕਰੀਬ ਮੈਂਬਰਾਨ ਦੇ ਜ਼ਖਮੀ ਹੋ ਗਏ। ਇਸ ਸਬੰਧੀ ਜਾਣਕਾਰੀ ਮੁਤਾਬਕ ਇਕ ਕਾਰ ਨੰ.ਜੇ.ਕੇ.11ਈ.4829, ਜਿਸ ਨੂੰ ਹਰਪ੍ਰੀਤ ਸਿੰਘ ਵਾਸੀ ਰਜੌਰੀ ਜੰਮੂ ਚਲਾ ਰਿਹਾ ਸੀ, ਜੰਮੂ ਨੂੰ ਜਾ ਰਹੀ ਸੀ। ਜਦੋਂ ਜਦੋਂ ਇਹ ਕਾਰ ਅੰਮ੍ਰਿਤਸਰ-ਪਠਾਨਕੋਟ ਨੈਸ਼ਨਲ ਹਾਈਵੇ ’ਤੇ ਸਥਿਤ ਅੱਡਾ ਸ਼ੂਗਰ ਮਿੱਲ ਨੇੜੇ ਪਹੁੰਚੀ ਤਾਂ ਅਚਾਨਕ ਇਨ੍ਹਾਂ ਦੀ ਕਾਰ ਉਥੇ ਟਰੱਕ ਨਾਲ ਜਾ ਟਕਰਾਈ, ਜਿਸ ਦੇ ਸਿੱਟੇ ਵਜੋਂ ਕਾਰ ਵਿਚ ਸਵਾਰ ਇਸਦੀ ਪਤਨੀ ਯਸ਼ਨਵਪ੍ਰੀਤ ਕੌਰ ਦੀ ਮੌਤ ਹੋ ਗਈ। ਜਦਕਿ ਹਰਪ੍ਰੀਤ ਸਿੰਘ, ਬੱਚਾ ਸ਼ਮਸ਼ੇਰਪ੍ਰੀਤ ਸਿੰਘ ਪੁੱਤਰ ਜਗਮੋਹਨ ਸਿੰਘ, ਜਗਮੋਹਨ ਸਿੰਘ ਪੁੱਤਰ ਕੁਲਦੀਪ ਸਿੰਘ ਤੇ ਹੋਰ ਕਾਰ ਸਵਾਰ ਤਿੰਨ ਜਣੇ ਗੰਭੀਰ ਜ਼ਖਮੀ ਹੋ ਗਏ। ਇਸ ਦੌਰਾਨ ਪੁਲਸ ਨੇ ਮੌਕੇ ’ਤੇ ਪਹੁੰਚ ਕੇ ਆਪਣੀ ਕਾਰਵਾਈ ਆਰੰਭ ਦਿੱਤੀ ਹੈ। ਇਸ ਹਾਦਸੇ ਵਿਚ ਜ਼ਖਮੀਆਂ ਨੂੰ ਇਕ ਪ੍ਰਾਈਵੇਟ ਹਸਪਤਾਲ ਵਿਖੇ ਇਲਾਜ ਲਈ ਭਰਤੀ ਕਰਵਾਇਆ ਗਿਆ ਹੈ।

# ਪਟਿਆਲਾ ’ਚ ਖ਼ਤਰੇ ਨੂੰ ਦੇਖਦਿਆਂ ਲੋਕਾਂ ਨੇ ਖਿੱਚੀ ਤਿਆਰੀ, ਘਰਾਂ ਦੇ ਗੇਟ ਬੰਦ ਕਰਨੇ ਕੀਤੇ ਸ਼ੁਰੂ

ਕੌਮੀ ਪਤ੍ਰਿਕਾ

ਪਟਿਆਲਾ/ਸਨੌਰ 2 ਜੁਲਾਈ। ਜ਼ਿਲਾ ਪ੍ਰਸ਼ਾਸਨ ਦੀ ਪਟਿਆਲਵੀਆਂ ਪ੍ਰਤੀ ਖਾਮੋਸ਼ੀ ਕਾਰਨ ਭਾਰੀ ਬਰਸਾਤਾਂ ਦੇ ਚਲਦੇ ਹੜ੍ਹ ਦੇ ਡਰ ਵਜੋਂ ਹੁਣ ਲੋਕਾਂ ਨੇ ਰੇਤੇ ਦੇ ਥੈਲੇ ਭਰ ਕੇ ਆਪਣੇ ਘਰਾਂ ਦੇ ਗੇਟਾਂ ਅੱਗੇ ਲਾਉਣੇ ਸ਼ੁਰੂ ਕਰ ਦਿੱਤੇ ਹਨ। ਮੌਸਮ ਵਿਭਾਗ ਵੱਲੋਂ ਭਾਰੀ ਬਰਸਾਤ ਦੇ ਅਲਰਟ ਕਾਰਨ ਲੋਕਾਂ ’ਚ ਡਰ ਦਾ ਮਾਹੌਲ ਹੈ। ਲੰਘੇ ਸਾਲ 10 ਜੁਲਾਈ 2023 ਨੂੰ ਹੜ੍ਹਾਂ ਨਾਲ ਪਟਿਆਲਾ ਡੁੱਬ ਗਿਆ ਸੀ। ਅਰਬਨ ਅਸਟੇਟ ਦੇ ਖੇਤਰਾਂ ’ਚ ਭਾਰੀ ਨੁਕਸਾਨ ਕੀਤਾ ਸੀ। ਇਸ ਖੇਤਰ ਵਿਚ ਪਾਣੀ ਨੇ ਭਾਰੀ ਤਬਾਹੀ ਮਚਾਈ ਸੀ। ਅਰਬਨ ਅਸਟੇਟ ਫੇਸ-2 ਵਿਚ ਇਸ ਵਾਰ ਬਹੁਤ ਸਾਰੇ ਘਰਾਂ ਨੇ ਆਪਣੇ ਘਰਾਂ ਦੇ ਅੰਦਰ ਹੜ੍ਹ ਰੋਕੂ ਇੰਤਜ਼ਾਮ ਕਰਨੇ ਸ਼ੁਰੂ ਕਰ ਦਿੱਤੇ ਹਨ। ਲੋਕਾਂ ਨੇ ਆਪਣੇ ਗੇਟਾਂ ਅੱਗੇ ਜਿੱਥੇ ਮਿੱਟੀ ਅਤੇ ਰੇਤੇ ਨਾਲ ਭਰੇ ਹੋਏ ਥੈਲੇ ਲਾ ਲਏ ਹਨ, ਉੱਥੇ ਘਰਾਂ ਅੰਦਰ ਇਨਾਂ ਨੂੰ ਸਟੋਰ ਕਰ ਕੇ ਰੱਖਿਆ ਹੈ ਤਾਂ ਜੋ ਕਿਸੇ ਵੀ ਸੰਕਟ ਦਾ ਮੁਕਾਬਲਾ ਕੀਤਾ ਜਾ ਸਕੇ। ਲੋਕਾਂ ਦਾ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਵਿਸ਼ਵਾਸ਼ ਪੂਰੀ ਤਰ੍ਹਾਂ ਉੱਠ ਚੁਕਿਆ ਹੈ। ਲੋਕਾਂ ਦਾ ਕਹਿਣਾ ਹੈ ਕਿ ਪਿਛਲੀ ਵਾਰ ਵੀ ਹੜ੍ਹ ’ਚ ਉਨ੍ਹਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਸੀ। ਇਸ ਵਾਰ ਅਜੇ ਤੱਕ ਨਦੀ ਦੀ ਸਫਾਈ ਹੀ ਨਹੀਂ ਹੋਈ। ਜੇਕਰ ਅਜਿਹਾ ਕੋਈ ਭਾਣਾ ਵਾਪਰ ਗਿਆ ਤਾਂ ਫਿਰ ਪਾਣੀ ਤਬਾਹੀ ਮਚਾਵੇਗਾ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਪਟਿਆਲਾ ਦੀ ਛੋਟੀ ਤੇ ਵੱਡੀ ਨਦੀ ਦਾ ਦੌਰਾ ਕਰ ਕੇ ਡਰੇਨੇਜ ਵਿਭਾਗ ਵੱਲੋਂ ਕੀਤੇ ਜਾ ਰਹੇ ਹੜ੍ਹ ਰੋਕੂ ਕੰਮਾਂ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਨਾਲ ਡਰੇਨੇਜ ਵਿਭਾਗ ਦੇ ਨਿਗਰਾਨ ਇੰਜੀਨੀਅਰ ਰਜਿੰਦਰ ਘਈ, ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ। ਲਗਾਤਾਰ ਰੋਜ਼ਾਨਾ ਮੌਸਮ ਤੇ ਨਦੀਆਂ ’ਚ ਪਾਣੀ ਦੀ ਗੇਜ ’ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਪਟਿਆਲਾ ’ਚ ਅਜਿਹੀ ਕੋਈ ਡਰਨ ਵਾਲੀ ਸਥਿਤੀ ਨਹੀਂ ਹੈ। ਉਨ੍ਹਾਂ ਦੱਸਿਆ ਕਿ ਹੜ੍ਹਾਂ ਸਬੰਧੀ ਜਲ ਨਿਕਾਸ ਤੇ ਹੋਰ ਸਬੰਧਤ ਵਿਭਾਗਾਂ ਨੂੰ ਲੋੜੀਂਦੇ ਅਗਾਊਂ ਪ੍ਰਬੰਧ ਪੁਖ਼ਤਾ ਕਰਨ ਦੀਆਂ ਹਦਾਇਤਾਂ 4 ਮਹੀਨੇ ਪਹਿਲਾਂ ਹੀ ਦੇ ਦਿੱਤੀਆਂ ਗਈਆਂ ਸਨ। ਵਿਭਾਗ ਵੱਲੋਂ ਡਰੋਨ ਨਾਲ ਸਰਵੇ ਕਰ ਕੇ ਨਦੀਆਂ ਦੇ ਸੰਵੇਦਨਸ਼ੀਲ ਸਥਾਨਾਂ ਦਾ ਮੁਲਾਂਕਣ ਕੀਤਾ ਹੈ। ਉੱਥੇ ਸਫ਼ਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੰਵੇਦਨਸ਼ੀਲ ਸਥਾਨਾਂ ਦੀ ਸਫ਼ਾਈ ਦੇ ਨਾਲ-ਨਾਲ ਸਾਰੀ ਨਦੀ ਦੀ ਸਫ਼ਾਈ ਵੀ ਮੁਕੰਮਲ ਕੀਤੀ ਜਾ ਰਹੀ ਹੈ। ਵਿਭਾਗ ਵੱਲੋਂ ਪਿਛਲੇ 3 ਮਹੀਨਿਆਂ ਤੋਂ ਹੜ੍ਹ ਰੋਕੂ ਪ੍ਰਬੰਧਾਂ ਲਈ ਕੰਮ ਕੀਤਾ ਜਾ ਰਿਹਾ ਹੈ। ਲੋਕਾਂ ਵੱਲੋਂ ਵੀ ਮਿਲੀ ਫੀਡਬੈਕ ਅਨੁਸਾਰ ਵੀ ਵਿਭਾਗ ਵੱਲੋਂ ਲੋੜੀਂਦਾ ਕੰਮ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜੋ ਨਦੀ ’ਚ ਬੂਟੀ ਆਉਂਦੀ ਹੈ, ਉਹ ਪਿੱਛੇ ਸਫ਼ਾਈ ਦਾ ਕੰਮ ਚੱਲਦਾ ਹੋਣ ਕਰ ਕੇ ਅੱਗੇ ਆ ਰਹੀ ਹੈ ਅਤੇ ਜਿਵੇਂ-ਜਿਵੇਂ ਸਫ਼ਾਈ ਦਾ ਕੰਮ ਪਿੱਛੇ ਮੁਕੰਮਲ ਹੁੰਦਾ ਜਾ ਰਿਹਾ ਹੈ, ਉਸੇ ਤਰ੍ਹਾਂ ਅੱਗੇ ਸਫ਼ਾਈ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਮ ਲੋਕਾਂ ਨੂੰ ਬਰਸਾਤਾਂ ਦੇ ਮੌਸਮ ’ਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।


## ਉਤਰ ਰੇਲਵੇ

**ਨਿਵਿਦਾ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਮੁੱਖ ਪ੍ਰਸ਼ਾਸਨਿਕ ਅਧਿਕਾਰੀ/ਨਿਰਮਾਣ, ਉਤਰ ਰੇਲਵੇ, ਰੇਲਵੇ ਕਸ਼ਮੀਰੀ ਗੇਟ, ਦਿੱਲੀ-6 ਹੇਠਾਂ ਲਿਖਤ ਕੰਮ ਦੇ ਲਈ **ਦੋ ਪੈਕੇਟ ਪ੍ਰਣਾਲੀ** ਦੇ ਤਹਿਤ **ਈ-ਟੈਂਡਰਾਂ** ਦੀ ਮੰਗ ਕਰਦੇ ਹਨ:-

| | | | |
|---|---|---|---|
| **ਕੰਮ ਦਾ ਨਾਮ ਅਤੇ ਸਥਾਨ** | ਹਾਜੀਪੁਰ ਤੋਂ ਤਲਵਾਰਾ ਤਕ ਨਵੀਂ ਲਾਈਨ ਦੀ ਉਸਾਰੀ ਦੇ ਲਈ ਬਾਕੀ ਕੰਮ, ਜਿਸ ਵਿਚ ਮਿੱਟੀ ਕੰਮ, ਪੁਲ ਰਿਟੇਨਿੰਗ ਵਾਲ, ਆਰਯੂਬੀ/ਐਲਐਚਐਸ, ਸਟੇਸ਼ਨ ਭਵਨ, ਪਲੇਟਫਾਰਮ ਅਤੇ ਐਨਐਲਡੀਐਮ-ਟੀਐਲਆਰ ਨਿਊ ਬੀ.ਜੀ. ਰੇਲ ਲਿੰਕ ਦੇ ਸਬੰਧ ਵਿਚ ਪਟਿਯਾਲ ਤੋਂ ਭੰਗਾਲਾ ਦੇ ਵਿਚ ਤ੍ਰਿਕੋਣ ਪ੍ਰਬੰਧ ਸਮੇਤ ਹੋਰ ਸਬੰਧਤ ਕੰਮ ਸ਼ਾਮਲ ਹਨ। | | |
| **ਅੰਦਾਜਨ/ਨਿਦੇਸ਼ਾਤਮਕ ਪ੍ਰੋਜੈਕਟ ਲਾਗਤ** | ₹ 359.71 ਕਰੋੜ | **ਕੰਮ ਪੂਰਾ ਕਰਨ ਦਾ ਸਮਾਂ** | 24 ਮਹੀਨੇ |
| **ਜਮ੍ਹਾ ਕੀਤੀ ਜਾਣ ਵਾਲੀ ਜਮਾਨਤੀ ਰਾਸ਼ੀ** | ₹ 1,00,00,000/- | | |
| **ਈ-ਨਿਵਿਦਾ ਪੇਸ਼ ਕਰਨ ਅਤੇ ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ** | ਨਿਵਿਦਾ ਦਸਤਾਵੇਜ **11:30** ਵਜੇ ਮਿਤੀ **01.07.2025** ਤੋਂ **05.08.2025** ਤਕ ਆਈਆਰਈਪੀਐਸ ਦੀ ਵੈਬਸਾਈਟ www.ireps.gov.in ’ਤੇ ਉਪਲਬਧ ਹੋਣਗੇ। | | |
| **ਬੋਲੀ ਪੂਰਵ ਸੰਮੇਲਨ** | ਮੁੱਖ ਪ੍ਰਸ਼ਾਸਨਿਕ ਅਧਿਕਾਰੀ/ਨਿਰਮਾਣ, ਹੈਡਕੁਆਟਰ, ਉਤਰ ਰੇਲਵੇ, ਕਸ਼ਮੀਰੀ ਗੇਟ, ਦਿੱਲੀ ਵਿਚ ਅਤੇ ਆਨਲਾਈਨ ਦੇ ਮਾਧਿਅਮ ਨਾਲ ਵੀ ਮਿਤੀ **10.07.2025** ਨੂੰ **11:30** ਵਜੇ ਬੋਲੀ ਪੂਰਵ ਸੰਮੇਲਨ ਆਯੋਜਿਤ ਕੀਤਾ ਜਾਵੇਗਾ। | | |
| **ਨਿਵਿਦਾ ਅਪਲੋਡ ਕਰਨ ਦੀ ਅੰਤਮ ਮਿਤੀ/ਸਮਾਂ** | **05.08.2025** ਨੂੰ **11:30** ਵਜੇ ਤਕ ਨਿਵਿਦਾਕਰਤਾ ਦੁਆਰਾ **22.07.2025** ਤੋਂ **05.08.2025** ਤਕ ਆਈਆਰਈਪੀਐਸ ਦੀ ਵੈਬਸਾਈਟ www.ireps.gov.in ’ਤੇ ਨਿਵਿਦਾ ਦਸਤਾਵੇਜ ਅਪਲੋਡ ਕੀਤੀ ਜਾ ਸਕਦੀ ਹੈ। | | |
| **ਈ-ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ** | **11:30** ਵਜੇ ਮਿਤੀ **05.08.2025** ਨੂੰ ਖੋਹਲੀ ਜਾਵੇਗੀ ਉਪਰੋਕਤ ਦਫਤਰ ਦੇ ਨੋਟਿਸ ਬੋਰਡ ਤੇ ਵੀ ਵਿਸਤ੍ਰਿਤ ਨਿਵਿਦਾ ਸੂਚਨਾ ਵੇਖੀ ਜਾ ਸਕਦੀ ਹੈ। | | |

**ਨੰ.-74-ਡਬਲੂ/1/1/240/ਡਬਲੂ.ਏ/ਡੀ/ਜੰਮੂ ਤਵੀ ਮਿਤੀ : 01.07.2025**

1984/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਤਿਲੰਗਾਨਾ ਪਲਾਂਟ ਧਮਾਕਾ: ਮੁੱਖ ਮੰਤਰੀ ਨੇ ਮ੍ਰਿਤਕਾਂ ਦੇ ਵਾਰਸਾਂ ਲਈ 1-1 ਕਰੋੜ ਮੁਆਵਜ਼ਾ ਐਲਾਨਿਆ



**ਹੈਦਰਾਬਾਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਤਿਲੰਗਾਨਾ ਦੇ ਮੁੱਖ ਮੰਤਰੀ ਰੇਵੰਤ ਰੈੱਡੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸਿਗਾਚੀ ਇੰਡਸਟਰੀਜ਼ ਲਿਮਟਿਡ ਨਾਲ ਸੰਪਰਕ ਵਿੱਚ ਹੈ ਤਾਂ ਜੋ ਪਸ਼ਮਯਲਾਰਮ ਦੇ ਫਾਰਮਾ ਪਲਾਂਟ ਦੇ ਧਮਾਕੇ ਵਿੱਚ ਮ੍ਰਿਤਕਾਂ ਦੇ ਵਾਰਸਾਂ ਨੂੰ 1 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਮੁਹੱਈਆ ਕਰਵਾਈ ਜਾ ਸਕੇ। ਧਮਾਕੇ ਵਾਲੀ ਜਗ ?ਹਾ ਦਾ ਦੌਰਾ ਕਰਨ ਮਗਰੋਂ ਮੁੱਖ ਮੰਤਰੀ ਨੇ ਕਿਹਾ ਕਿ ਹਾਦਸੇ ਦੇ ਮ੍ਰਿਤਕਾਂ ਦੀ ਗਿਣਤੀ 36 ਤੱਕ ਪਹੁੰਚ ਗਈ ਹੈ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਗੰਭੀਰ ਜ਼ਖਮੀਆਂ ਨੂੰ 10-10 ਲੱਖ ਰੁਪਏ ਅਤੇ ਮਾਮੂਲੀ ਜ਼ਖ਼ਮੀਆਂ ਨੂੰ 5-5 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ, "ਸੂਬਾ ਸਰਕਾਰ ਵੱਲੋਂ ਕੰਪਨੀ ਮੈਨੇਜਮੈਂਟ ਨਾਲ ਗੱਲਬਾਤ ਕੀਤੀ ਜਾਵੇਗੀ ਤਾਂ ਜੋ ਹਰ ਮ੍ਰਿਤਕ ਦੇ ਵਾਰਸਾਂ ਨੂੰ 1 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਮੁਹੱਈਆ ਕਰਵਾਈ ਜਾ ਸਕੇ।" ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਮ੍ਰਿਤਕਾਂ ਦੇ ਵਾਰਸਾਂ ਨੂੰ 1-1 ਲੱਖ ਰੁਪਏ ਅਤੇ ਜ਼ਖਮੀਆਂ ਦੇ ਪਰਿਵਾਰਾਂ ਨੂੰ 50-50 ਹਜ਼ਾਰ ਰੁਪਏ ਐਮਰਜੈਂਸੀ ਖਰਚ ਲਈ ਦਿੱਤੇ ਜਾਣਗੇ।

ਅਧਿਕਾਰੀਆਂ ਪਾਸੋਂ ਪ੍ਰਾਪਤ ਜਾਣਕਾਰੀ ਅਨੁਸਾਰ ਜ਼ਿਆਦਾਤਰ ਮ੍ਰਿਤਕ ਉੜੀਸਾ, ਬਿਹਾਰ, ਆਂਧਰਾ ਪ੍ਰਦੇਸ, ਮੱਧ ਪ੍ਰਦੇਸ ਅਤੇ ਤਿਲੰਗਾਨਾ ਨਾਲ ਸਬੰਧਤ ਹਨ। ਧਮਾਕੇ ਮੌਕੇ ਉੱਥੇ 143 ਲੋਕ ਮੌਜੂਦ ਸਨ ਜਿੰਨ੍ਹਾਂ ਵਿੱਚੋਂ 56 ਅਧਿਕਾਰੀਆਂ ਦੇ ਸੰਪਰਕ ਵਿੱਚ ਹਨ ਅਤੇ ਬਾਕੀਆਂ ਦੀ ਭਾਲ ਲਈ ਹਾਲੇ ਵੀ ਰਾਹਤ ਕਾਰਜ ਜਾਰੀ ਹਨ।

ਅਧਿਕਾਰੀਆਂ ਨੇ ਕਿਹਾ," ਹੁਣ ਤੱਕ 36 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ, ਕੁੱਝ ਵਿਅਕਤੀ ਹਾਲੇ ਵੀ ਲਾਪਤਾ ਹਨ। ਅਧਿਕਾਰੀਆਂ ਵੱਲੋਂ ਉਨ੍ਹਾਂ ਦੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।" ਇਸ ਤੋਂ ਪਹਿਲਾਂ ਮੁੱਖ ਮੰਤਰੀ ਰੈੱਡੀ ਨੇ ਐਲਾਨ ਕੀਤਾ ਸੀ ਕਿ ਜ਼ਖਮੀਆਂ ਦੇ ਇਲਾਜ਼ ਦਾ ਪੂਰਾ ਖਰਚ ਸੂਬਾ ਸਰਕਾਰ ਅਤੇ ਸਿਗਾਚੀ ਕੰਪਨੀ ਵੱਲੋਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਸੀ ਕਿ ਇਸ ਘਟਨਾ ਸਬੰਧੀ ਕਿਸੇ ਵੀ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਹਿਮਾਚਲ ਪ੍ਰਦੇਸ਼ ਵਿੱਚ ਤਬਾਹੀ: ਬੱਦਲ ਫਟਣ ਕਾਰਨ ਮੰਡੀ ਵਿੱਚ ਅਚਾਨਕ ਹੜ੍ਹ, 4 ਮੌਤਾਂ, 16 ਲਾਪਤਾ

## ਬਿਆਸ ਦਰਿਆ 'ਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਨੇੜੇ ਪੁੱਜਾ, ਪੰਡੋਹ ਡੈਮ ਦੇ ਗੇਟ ਖੋਲ੍ਹੇ, ਲੋਕਾਂ ਤੇ ਸੈਲਾਨੀਆਂ ਲਈ ਐਡਵਾਈਜ਼ਰੀ ਜਾਰੀ

**ਮੰਡੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਿਮਾਚਲ ਪ੍ਰਦੇਸ਼ ਵਿਚ ਸੋਮਵਾਰ ਰਾਤ ਤੋਂ ਜਾਰੀ ਭਾਰੀ ਮੀਂਹ, ਹੜ੍ਹਾਂ ਤੇ ਬੱਦਲ ਫਟਣ ਦੀਆਂ ਘਟਨਾਵਾਂ ਕਰਕੇ ਮੰਡੀ ਜ਼ਿਲ੍ਹੇ ਵਿਚ ਵੱਡੇ ਪੱਧਰ 'ਤੇ ਤਬਾਹੀ ਮਚਾਈ ਹੈ। ਚਾਰ ਵਿਅਕਤੀਆਂ ਦੇ ਮਾਰੇ ਜਾਣ ਦੀ ਪੁਸ਼ਟੀ ਕੀਤੀ ਗਈ ਹੈ ਜਦੋਂਕਿ 16 ਵਿਅਕਤੀ ਲਾਪਤਾ ਦੱਸੇ ਜਾਂਦੇ ਹਨ। ਜ਼ਿਲ੍ਹਾ ਪ੍ਰਸ਼ਾਸਨ ਤੇ ਐੱਸਡੀਆਰਐੱਫ ਦੀਆਂ ਟੀਮਾਂ ਨੇ ਵੱਖ ਵੱਖ ਐਮਰਜੈਂਸੀ ਅਪਰੇਸ਼ਨਾਂ ਵਿਚ 99 ਵਿਅਕਤੀਆਂ ਨੂੰ ਬਚਾਉਣ ਦਾ ਦਾਅਵਾ ਕੀਤਾ ਹੈ।



ਇਸ ਦੌਰਾਨ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਦੇ ਨੇੜੇ ਪਹੁੰਚ ਗਿਆ ਹੈ। ਕੈਚਮੈਂਟ ਏਰੀਏ ਵਿਚ ਪਾਣੀ ਦਾ ਪੱਧਰ ਵਧਣ ਮਗਰੋਂ ਇਹਤਿਆਤ ਵਜੋਂ ਪੰਡੋਹ ਡੈਮ ਦੇ ਗੇਟ ਖੋਲ੍ਹ ਦਿੱਤੇ ਗਈ ਹੈ। ਪ੍ਰਸ਼ਾਸਨ ਨੇ ਸਥਾਨਕ ਲੋਕਾਂ ਤੇ ਸੈਲਾਨੀਆਂ ਲਈ ਐਡਵਾਈਜ਼ਰੀ ਜਾਰੀ ਕਰਦਿਆਂ ਉਨ੍ਹਾਂ ਨੂੰ ਨਦੀ ਨਾਲਿਆਂ ਦੇ ਕੰਢਿਆਂ 'ਤੇ ਨਾ ਜਾਣ ਦੀ ਅਪੀਲ ਕੀਤੀ ਹੈ।

**ਕਰਸੋਗ ਵਿਚ ਬੱਦਲ ਫਟਿਆ; ਇਕ ਦੀ ਮੌਤ, ਕਈਆਂ ਨੂੰ ਬਚਾਇਆ**

ਕਰਸੋਗ ਸਬ-ਡਿਵੀਜ਼ਨ ਵਿੱਚ ਬੱਦਲ ਫਟਣ ਕਰਕੇ ਇੱਕ ਵਿਅਕਤੀ ਦੀ ਮੌਤ ਹੋ ਗਈ, ਜਦੋਂਕਿ 16 ਹੋਰਾਂ ਨੂੰ ਬਚਾਇਆ ਗਿਆ। ਇਨ੍ਹਾਂ ਵਿੱਚ 12 ਬੱਚੇ ਅਤੇ 4 ਮਹਿਲਾਵਾਂ ਸ਼ਾਮਲ ਹਨ। ਰਿੱਕੀ ਪਿੰਡ ਦੇ ਸੱਤ ਜੀਆਂ ਦੇ ਇੱਕ ਪਰਿਵਾਰ ਨੂੰ ਬਾਹਰ ਕੱਢ ਕੇ ਸੁਰੱਖਿਅਤ ਟਿਕਾਣੇ 'ਤੇ ਭੇਜਿਆ ਗਿਆ ਹੈ। ਇਲਾਕੇ ਵਿੱਚ ਕਈ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ।

**ਸੇਰਾਜ ਅਤੇ ਧਰਮਪੁਰ ਖੇਤਰਾਂ ਵਿੱਚ ਨੁਕਸਾਨ**

ਸੇਰਾਜ ਵਿਧਾਨ ਸਭਾ ਹਲਕੇ ਅਧੀਨ ਆਉਂਦੇ ਸਿਆਂਜ ਪਿੰਡ ਵਿਚ ਬਿਆਸ ਦੀ ਸਹਾਇਕ ਨਦੀ Jayuni ਖੱਡ ਵਿੱਚ ਪਾਣੀ ਦਾ ਪੱਧਰ ਵਧਣ ਮਗਰੋਂ ਘੱਟੋ-ਘੱਟ ਦੋ ਘਰ ਰੁੜ੍ਹ ਗਏ, ਜਿਸ ਵਿਚ 9 ਵਿਅਕਤੀ ਵਹਿ ਗਏ। ਇਸੇ ਤਰ੍ਹਾਂ, ਧਰਮਪੁਰ ਉਪ-ਮੰਡਲ ਵਿੱਚ, ਸਯਾਥੀ ਪਿੰਡ ਵਿੱਚ ਕਈ ਘਰਾਂ ਅਤੇ ਗਊਸ਼ਾਲਾਵਾਂ ਨੂੰ ਨੁਕਸਾਨ ਪਹੁੰਚਿਆ ਹੈ। ਹਾਲਾਂਕਿ ਹੁਣ ਤੱਕ ਕਿਸੇ ਵੀ ਮਨੁੱਖੀ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਹੈ।

**ਪੰਡੋਹ ਬਾਜ਼ਾਰ 'ਚੋਂ ਲੋਕਾਂ ਨੂੰ ਕੱਢਿਆ**

ਵਾਧੂ ਪਾਣੀ ਛੱਡੇ ਜਾਣ ਕਰਕੇ ਬਿਆਸ ਦਰਿਆ ਦਾ ਵਹਾਅ ਵਧਣ ਕਰਕੇ ਪੰਡੋਹ ਬਾਜ਼ਾਰ ਨੂੰ ਅੱਧੀ ਰਾਤ ਦੇ ਕਰੀਬ ਖਾਲੀ ਕਰਵਾ ਲਿਆ ਗਿਆ। ਖ਼ੁਸ਼ਕਿਸਮਤੀ ਨਾਲ, ਇਲਾਕੇ ਵਿੱਚੋਂ ਕਿਸੇ ਵੀ ਜਾਨੀ ਨੁਕਸਾਨ ਜਾਂ ਵਿਅਕਤੀ ਦੇ ਫਸਣ ਦੀ ਖ਼ਬਰ ਨਹੀਂ ਹੈ। ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (SDRF) ਮੌਕੇ 'ਤੇ ਮੌਜੂਦ ਹੈ ਅਤੇ ਹਾਲਾਤ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ।

**ਰਘੂਨਾਥ ਕਾ ਪਧਰ ਅਤੇ ਪੁਰਾਣੀ ਮੰਡੀ ਵਿੱਚ ਹੋਰ ਬਚਾਅ ਕਾਰਜ**

ਰਾਤ ਭਰ ਬਚਾਅ ਕਾਰਜ ਜਾਰੀ ਰਹੇ, ਜਿਸ ਵਿੱਚ ਰਘੂਨਾਥ ਕਾ ਪਧਰ ਤੋਂ 14 ਲੋਕਾਂ ਨੂੰ ਕੱਢਿਆ ਗਿਆ ਅਤੇ ਪੁਰਾਣੀ ਮੰਡੀ ਤੋਂ 11 ਹੋਰ ਲੋਕਾਂ ਨੂੰ ਬਚਾਇਆ ਗਿਆ, ਜੋ ਬਿਆਸ ਦਰਿਆ ਵਿੱਚ ਪਾਣੀ ਦਾ ਵਹਾਅ ਵਧਣ ਕਰਕੇ ਫਸ ਗਏ ਸਨ। ਮੰਡੀ ਨਗਰ ਨਿਗਮ ਦੇ ਮੇਅਰ ਵਰਿੰਦਰ ਭੱਟ ਪੁਰਾਣੀ ਮੰਡੀ ਵਿੱਚ ਬਚਾਅ ਕਾਰਜ ਦੀ ਨਿਗਰਾਨੀ ਕਰਨ ਲਈ ਮੌਕੇ 'ਤੇ ਮੌਜੂਦ ਸਨ।

**ਹਾਈਵੇਅ ਜਾਮ, ਯਾਤਰੀ ਫਸੇ**

ਕੀਰਤਪੁਰ-ਮਨਾਲੀ ਹਾਈਵੇਅ 'ਤੇ ਜ਼ਮੀਨ ਖਿਸਕਣ ਤੇ ਢਿੱਗਾਂ ਡਿੱਗਣ ਕਰਕੇ ਮੰਡੀ ਤੇ ਕੁੱਲੂ ਵਿਚਾਲੇ ਕਈ ਥਾਵਾਂ 'ਤੇ ਸੜਕਾਂ ਬੰਦ ਹੋ ਗਈਆਂ ਹਨ। ਬਹੁਤ ਸਾਰੇ ਯਾਤਰੀ ਰਾਤ ਭਰ ਸੜਕੀ ਸੁਰੰਗਾਂ ਅੰਦਰ ਫਸੇ ਰਹੇ। ਜ਼ਿਲ੍ਹਾ ਪ੍ਰਸ਼ਾਸਨ ਦੇ ਵਲੰਟੀਅਰਾਂ ਫਸੇ ਲੋਕਾਂ ਨੂੰ ਭੋਜਨ ਅਤੇ ਪਾਣੀ ਦੀ ਸਪਲਾਈ ਕਰ ਰਹੇ ਹਨ। ਸੁਰੱਖਿਆ ਕਾਰਨਾਂ ਕਰਕੇ ਮੰਡੀ ਤੋਂ ਕੁੱਲੂ ਵੱਲ ਵਾਹਨਾਂ ਦੀ ਆਵਾਜਾਈ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਕੱਲ੍ਹ ਦੇਰ ਸ਼ਾਮ ਸ਼ੁਰੂ ਹੋਏ ਭਾਰੀ ਮੀਂਹ ਕਾਰਨ ਹਾਈਵੇਅ ਮੁੜ ਚਾਲੂ ਕਰਨ ਵਿਚ ਦੇਰੀ ਹੋ ਰਹੀ ਹੈ। ਮੀਂਹ ਰੁਕਣ ਦੇ ਫਿਲਹਾਲ ਕੋਈ ਸੰਕੇਤ ਨਹੀਂ ਹਨ।

ਬਿਆਸ ਦਰਿਆ ਦੇ ਉੱਪਰਲੇ ਕੈਚਮੈਂਟ ਖੇਤਰਾਂ ਵਿੱਚ ਭਾਰੀ ਮੀਂਹ ਕਾਰਨ ਪੰਡੋਹ ਬੰਨ੍ਹ ਵਿੱਚ ਪਾਣੀ ਦੇ ਵਹਾਅ ਵਿੱਚ ਭਾਰੀ ਵਾਧਾ ਹੋਣ ਕਾਰਨ ਸਥਿਤੀ ਨਾਜ਼ੁਕ ਹੋ ਗਈ ਹੈ। ਅਧਿਕਾਰੀਆਂ ਨੂੰ ਪਾਣੀ ਛੱਡਣ ਲਈ ਸਪਿਲਵੇਅ ਗੇਟ ਖੋਲ੍ਹਣ ਲਈ ਮਜਬੂਰ ਹੋਣਾ ਪਿਆ, ਜਿਸ ਨਾਲ ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਕਾਫ਼ੀ ਵੱਧ ਗਿਆ। ਸਥਾਨਕ ਲੋਕਾਂ, ਸੈਲਾਨੀਆਂ ਅਤੇ ਕਾਮਿਆਂ ਨੂੰ ਸੁਰੱਖਿਆ ਉਪਾਅ ਵਜੋਂ ਦਰਿਆ ਦੇ ਕੰਢਿਆਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਗਈ ਹੈ। ਚੇਤਾਵਨੀ ਸਾਇਰਨ ਲਗਾਤਾਰ ਵੱਜ ਰਹੇ ਹਨ ਅਤੇ ਦਰਿਆ ਨੇੜੇ ਰਹਿਣ ਵਾਲੇ ਜਾਂ ਜਾਣ ਵਾਲੇ ਲੋਕਾਂ ਨੂੰ ਸੁਚੇਤ ਕਰਨ ਲਈ ਜਨਤਕ ਘੋਸ਼ਣਾ ਵਾਹਨ ਤਾਇਨਾਤ ਕੀਤੇ ਗਏ ਹਨ।

**ਕੁੱਲੂ ਦੇ ਲਾਰਜੀ ਡੈਮ ਤੋਂ ਵੀ ਪਾਣੀ ਛੱਡਿਆ**

ਨਦੀ ਦੇ ਪੱਧਰ ਵਿੱਚ ਵਾਧੇ ਅਤੇ ਗਾਦ ਕਾਰਨ ਲਾਰਜੀ ਹਾਈਡਰੋ ਇਲੈਕਟ੍ਰਿਕ ਪ੍ਰੋਜੈਕਟ (126 ਮੈਗਾਵਾਟ) ਕੁੱਲੂ ਤੋਂ ਵੀ ਪਾਣੀ ਛੱਡਿਆ ਗਿਆ ਹੈ। ਆਮ ਲੋਕਾਂ ਅਤੇ ਸੈਲਾਨੀਆਂ ਨੂੰ ਇੱਕ ਵਾਰ ਫਿਰ ਨਦੀ ਦੇ ਕਿਨਾਰਿਆਂ ਤੋਂ ਦੂਰ ਰਹਿਣ ਦੀ ਚੇਤਾਵਨੀ ਦਿੱਤੀ ਗਈ ਹੈ।

ਮੀਂਹ, ਜ਼ਮੀਨ ਖਿਸਕਣ ਅਤੇ ਬੰਦ ਸੜਕਾਂ ਕਾਰਨ ਪੈਦਾ ਹੋਏ ਖ਼ਤਰਨਾਕ ਹਾਲਾਤਾਂ ਨੂੰ ਦੇਖਦੇ ਹੋਏ, ਮੰਡੀ ਦੇ ਜ਼ਿਲ੍ਹਾ ਮੈਜਿਸਟਰੇਟ ਅਪੂਰਵ ਦੇਵਗਨ ਨੇ ਰੋਕਥਾਮ ਸੁਰੱਖਿਆ ਉਪਾਅ ਵਜੋਂ ੀ ਜ਼ਿਲ੍ਹੇ ਭਰ ਦੇ ਸਾਰੇ ਸਕੂਲ ਅਤੇ ਵਿਦਿਅਕ ਸੰਸਥਾਵਾਂ ਨੂੰ ਬੰਦ ਰੱਖਣ ਦੇ ਆਦੇਸ਼ ਦਿੱਤੇ ਹਨ। ਅਧਿਕਾਰੀ ਹਾਲਾਤ 'ਤੇ ਨੇੜਿਓਂ ਨਿਗਰਾਨੀ ਰੱਖ ਰਹੇ ਹਨ। ਸਥਾਨਕ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਅਧਿਕਾਰਤ ਐਡਵਾਈਜ਼ਰੀ ਦੀ ਪਾਲਣਾ ਕਰਨ ਅਤੇ ਜਦੋਂ ਤੱਕ ਬਹੁਤ ਜ਼ਰੂਰੀ ਨਾ ਹੋਵੇ ਘਰ ਤੋਂ ਬਾਹਰ ਨਾ ਨਿਕਲਣ। ਬਚਾਅ ਟੀਮਾਂ ਹਾਈ ਅਲਰਟ 'ਤੇ ਹਨ ਕਿਉਂਕਿ ਖੇਤਰ ਭਰ ਵਿੱਚ ਭਾਰੀ ਮੀਂਹ ਜਾਰੀ ਹੈ।

# ਡਾਕਟਰ ਸਿਰਫ਼ ਇਲਾਜ ਨਹੀਂ ਕਰਦੇ, ਸਮਾਜ ਨੂੰ ਸਿਹਤਮੰਦ ਤੇ ਸਸ਼ਕਤ ਬਣਾਉਣ 'ਚ ਅਹਿਮ ਭੂਮਿਕਾ: ਮੋਦੀ

**ਨਵੀਂ ਦਿੱਲੀ, 1 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੌਮੀ ਡਾਕਟਰਜ਼ ਡੇਅ ਮੌਕੇ ਅੱਜ ਦੇਸ਼ ਭਰ ਦੇ ਡਾਕਟਰਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ 'ਮਾਨਵਤਾ ਦੇ ਥੰਮ ?ਹ' ਅਤੇ 'ਸਿਹਤ ਦੇ ਸੱਚੇ ਰੱਖਿਅਕ' ਵਜੋਂ ਸਲਾਮ ਕੀਤਾ।



ਪ੍ਰਧਾਨ ਮੰਤਰੀ ਨੇ ਐਕਸ 'ਤੇ ਇਕ ਸੁਨੇਹੇ ਵਿਚ ਲਿਖਿਆ, "ਸਾਡੇ ਡਾਕਟਰਾਂ ਨੇ ਆਪਣੀ ਮੁਹਾਰਤ ਅਤੇ ਸਖ਼ਤ ਮਿਹਨਤ ਨਾਲ ਇੱਕ ਵਿਸ਼ੇਸ਼ ਪਛਾਣ ਬਣਾਈ ਹੈ। ਉਨ੍ਹਾਂ ਦੀ ਹਮਦਰਦੀ ਅਤੇ ਸੇਵਾ ਭਾਵਨਾ ਵੀ ਓਨੇ ਹੀ ਕਮਾਲ ਦੀ ਹੈ। ਉਹ ਨਾ ਸਿਰਫ਼ ਬਿਮਾਰੀਆਂ ਨਾਲ ਲੜਦੇ ਹਨ ਬਲਕਿ ਸਮਾਜ ਨੂੰ ਸਿਹਤਮੰਦ ਅਤੇ ਸਸ਼ਕਤ ਬਣਾਉਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਭਾਰਤ ਦੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦਾ ਯੋਗਦਾਨ ਅਸਾਧਾਰਨ ਹੈ।"

ਪ੍ਰਧਾਨ ਮੰਤਰੀ ਦਾ ਇਹ ਸੁਨੇਹਾ ਨਾ ਸਿਰਫ਼ ਮੈਡੀਕਲ ਖੇਤਰ ਪ੍ਰਤੀ ਸ਼ੁਕਰਗੁਜ਼ਾਰੀ ਦਾ ਪ੍ਰਗਟਾਵਾ ਹੈ, ਸਗੋਂ ਹਰ ਚੁਣੌਤੀ ਵਿੱਚ ਦੇਸ਼ ਦੇ ਨਾਲ ਖੜ੍ਹੇ ਲੱਖਾਂ ਡਾਕਟਰਾਂ ਦੀ ਨਿਰਸਵਾਰਥ ਸੇਵਾ ਲਈ ਇੱਕ ਜਨਤਕ ਸ਼ਰਧਾਂਜਲੀ ਵੀ ਹੈ। ਦੇਸ਼ ਇਸ ਦਿਨ ਨੂੰ ਡਾ. ਬਿਧਾਨ ਚੰਦਰ ਰਾਏ ਦੇ ਜਨਮ ਦਿਵਸ ਵਜੋਂ ਮਨਾਉਂਦਾ ਹੈ - ਜੋ ਨਾ ਸਿਰਫ਼ ਇੱਕ ਮਹਾਨ ਡਾਕਟਰ ਸਨ, ਬਲਕਿ ਉਨ੍ਹਾਂ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਵਜੋਂ ਦਵਾਈ ਅਤੇ ਜਨਤਕ ਸੇਵਾ ਦੋਵਾਂ ਖੇਤਰਾਂ ਵਿੱਚ ਇੱਕ ਮਿਸਾਲ ਵੀ ਕਾਇਮ ਕੀਤੀ।

# ਪਹਿਲਗਾਮ ਦਹਿਸ਼ਤੀ ਹਮਲਾ ਆਰਥਿਕ ਜੰਗ ਸੀ: ਜੈਸ਼ੰਕਰ

**ਨਿਊਯਾਰਕ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਕਿਹਾ ਕਿ ਪਹਿਲਗਾਮ ਦਹਿਸ਼ਤੀ ਹਮਲਾ ਆਰਥਿਕ ਜੰਗ ਸੀ, ਜਿਸ ਦਾ ਮਕਸਦ ਕਸ਼ਮੀਰ ਵਿੱਚ ਸੈਰ-ਸਪਾਟੇ ਨੂੰ ਤਬਾਹ ਕਰਨਾ ਸੀ। ਜੈਸ਼ੰਕਰ ਨੇ ਜ਼ੋਰ ਦੇ ਕੇ ਆਖਿਆ ਭਾਰਤ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਪਾਕਿਸਤਾਨ ਤੋਂ ਪੈਦਾ ਹੋਣ ਵਾਲੇ ਅਤਿਵਾਦ ਦਾ ਜਵਾਬ ਦੇਣ ਤੋਂ ਰੋਕਣ ਲਈ ਪਰਮਾਣੂ ਬਲੈਕਮੇਲ ਦੀ ਇਜਾਜ਼ਤ ਨਹੀਂ ਦੇਵੇਗਾ।



ਜੈਸ਼ੰਕਰ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਭਾਰਤ ਵਿਚ ਲੜੀਵਾਰ ਕਈ ਦਹਿਸ਼ਤੀ ਹਮਲੇ ਹੋਏ ਹਨ, ਜਿਨ੍ਹਾਂ ਨੂੰ ਪਾਕਿਸਤਾਨ ਦੀ ਸਰਪ੍ਰਸਤੀ ਸੀ ਅਤੇ 22 ਅਪਰੈਲ ਨੂੰ ਪਹਿਲਗਾਮ ਦਹਿਸ਼ਤੀ ਹਮਲੇ ਮਗਰੋਂ ਦੇਸ਼ ਵਿੱਚ ਇੱਕ ਭਾਵਨਾ ਸੀ ਕਿ 'ਬੱਸ ਹੁਣ ਬਹੁਤ ਹੋ ਗਿਆ।" ਜੈਸ਼ੰਕਰ ਮੈਨਹਟਨ ਵਿੱਚ 9/11 ਮੈਮੋਰੀਅਲ ਨੇੜੇ ਵਨ ਵਰਲਡ ਟਰੇਡ ਸੈਂਟਰ ਵਿਖੇ ਨਿਊਜ਼ਵੀਕ ਦੇ ਦਫ਼ਤਰ ਵਿਚ ਉਨ੍ਹਾਂ ਦੇ ਸੀਈਓ ਦੇਵ ਪ੍ਰਗਦ ਨਾਲ ਗੱਲਬਾਤ ਕਰ ਰਹੇ ਸਨ।

ਜੈਸ਼ੰਕਰ ਨੇ ਕਿਹਾ ਕਿ ਪਹਿਲਗਾਮ ਹਮਲਾ 'ਆਰਥਿਕ ਜੰਗ' ਸੀ। ਇਸ ਦਾ ਮਕਸਦ ਕਸ਼ਮੀਰ ਵਿੱਚ ਸੈਰ-ਸਪਾਟੇ ਨੂੰ ਤਬਾਹ ਕਰਨਾ ਸੀ, ਜੋ ਕਿ ਅਰਥਚਾਰੇ ਦਾ ਮੁੱਖ ਅਧਾਰ ਸੀ। ਇਸ ਦਾ ਉਦੇਸ਼ ਧਾਰਮਿਕ ਹਿੰਸਾ ਨੂੰ ਭੜਕਾਉਣਾ ਵੀ ਸੀ ਕਿਉਂਕਿ ਲੋਕਾਂ ਨੂੰ ਮਾਰਨ ਤੋਂ ਪਹਿਲਾਂ ਉਨ੍ਹਾਂ ਦੇ ਅਕੀਦੇ ਦੀ ਪਛਾਣ ਕਰਨ ਲਈ ਕਿਹਾ ਗਿਆ ਸੀ।

ਉਨ੍ਹਾਂ ਕਿਹਾ, "ਇਸ ਲਈ ਅਸੀਂ ਫੈਸਲਾ ਕੀਤਾ ਕਿ ਅਸੀਂ ਦਹਿਸ਼ਤਗਰਦਾਂ ਨੂੰ ਸਜ਼ਾ ਦੇ ਕੇ ਰਹਾਂਗੇ। ਇਹ ਵਿਚਾਰ ਕਿ ਉਹ (ਦਹਿਸ਼ਤਗਰਦ) ਸਰਹੱਦ ਦੇ ਉਸ ਪਾਸੇ ਹਨ, ਜੋ ਬਦਲਾ ਲੈਣ ਤੋਂ ਰੋਕਦਾ ਹੈ, ਤਾਂ ਮੈਨੂੰ ਲੱਗਦਾ ਹੈ, ਇਹ ਇੱਕ ਅਜਿਹਾ ਪ੍ਰਸਤਾਵ ਹੈ ਜਿਸਨੂੰ ਚੁਣੌਤੀ ਦੇਣ ਦੀ ਲੋੜ ਹੈ ਅਤੇ ਅਸੀਂ ਇਹੀ ਕੀਤਾ।" ਜੈਸ਼ੰਕਰ ਇਸ ਵੇਲੇ ਅਮਰੀਕਾ ਦੇ ਅਧਿਕਾਰਤ ਦੌਰੇ 'ਤੇ ਹਨ ਅਤੇ ਮੰਗਲਵਾਰ ਨੂੰ 'ਕੁਆਡ' ਵਿਦੇਸ਼ ਮੰਤਰੀਆਂ ਦੀ ਮੀਟਿੰਗ ਵਿੱਚ ਹਿੱਸਾ ਲੈਣ ਲਈ ਵਾਸ਼ਿੰਗਟਨ ਡੀਸੀ ਜਾਣਗੇ। ਉਨ੍ਹਾਂ ਆਪਣੀ ਫੇਰੀ ਦੀ ਸ਼ੁਰੂਆਤ ਸੰਯੁਕਤ ਰਾਸ਼ਟਰ ਦੇ ਮੁੱਖ ਦਫਤਰ ਵਿੱਚ ਭਾਰਤ ਦੇ ਸਥਾਈ ਮਿਸ਼ਨ ਵੱਲੋਂ 'ਦਿ ਹਿਊਮਨ ਕੋਸਟ ਆਫ ਟੈਰੋਰਿਜ਼ਮ' ਸਿਰਲੇਖ ਵਾਲੀ ਇੱਕ ਪ੍ਰਦਰਸ਼ਨੀ ਦੇ ਉਦਘਾਟਨ ਨਾਲ ਕੀਤੀ।

# ਹਿਮਾਚਲ ਦੇ ਕਈ ਜ਼ਿਲ੍ਹਿਆਂ ਵਿਚ ਹੜ੍ਹਾਂ ਦੀ ਚੇਤਾਵਨੀ; ਸ਼ਿਮਲਾ 'ਚ ਕੌਮੀ ਸ਼ਾਹਰਾਹ 5 ਬੰਦ

**ਸ਼ਿਮਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਿਮਾਚਲ ਪ੍ਰਦੇਸ਼ ਵਿੱਚ ਸੋਮਵਾਰ ਤੋਂ ਪੈ ਰਹੇ ਭਾਰੀ ਮੀਂਹ ਕਰਕੇ ਚੰਬਾ, ਮੰਡੀ, ਹਮੀਰਪੁਰ, ਸ਼ਿਮਲਾ, ਸਿਰਮੌਰ ਅਤੇ ਸੋਲਨ ਜ਼ਿਲ੍ਹਿਆਂ ਵਿਚ ਅਗਲੇ 24 ਘੰਟਿਆਂ ਲਈ ਹੜ੍ਹਾਂ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਭਾਰੀ ਮੀਂਹ ਕਰਕੇ ਸ਼ਿਮਲਾ ਜ਼ਿਲ੍ਹੇ ਦੇ ਕਿੰਗਲ ਅਤੇ ਬਿਠਲ ਨੇੜੇ ਕਈ ਥਾਵਾਂ 'ਤੇ ਕੌਮੀ ਸ਼ਾਹਰਾਹ 5 ਵੀ ਬੰਦ ਹੋ ਗਿਆ ਹੈ, ਜਿਸ ਨਾਲ ਸੜਕ ਆਵਾਜਾਈ ਵਿੱਚ ਵਿਘਨ ਪੈ ਰਿਹਾ ਹੈ।

ਸੂਬੇ ਦੇ ਮੌਸਮ ਵਿਭਾਗ ਦੇ ਹਾਈਡ ?ਰੋਮੈਟ ਡਿਵੀਜ਼ਨ ਅਨੁਸਾਰ ਇਨ੍ਹਾਂ ਜ਼ਿਲ੍ਹਿਆਂ ਦੇ ਕੁਝ ਜਲ-ਖੇਤਰਾਂ(ਨਦੀਆਂ ਨਾਲਿਆਂ) ਅਤੇ ਨੇੜਲੀਆਂ ਥਾਵਾਂ ਉੱਤੇ ਪਾਣੀ ਦਾ ਪੱਧਰ ਵਧਣ ਤੇ ਹੜ੍ਹ ਆਉਣ ਦੀ ਸੰਭਾਵਨਾ ਹੈ। ਇਸ ਦੌਰਾਨ, ਅਗਲੇ ਕੁਝ ਘੰਟਿਆਂ ਤੱਕ ਰਾਜ ਭਰ ਵਿੱਚ ਭਾਰੀ ਬਾਰਿਸ਼ ਜਾਰੀ ਰਹਿਣ ਦੀ ਸੰਭਾਵਨਾ ਹੈ ਕਿਉਂਕਿ ਮੌਸਮ ਵਿਭਾਗ ਨੇ ਸ਼ਿਮਲਾ, ਕਾਂਗੜਾ, ਮੰਡੀ, ਊਨਾ, ਹਮੀਰਪੁਰ, ਸੋਲਨ, ਬਿਲਾਸਪੁਰ ਅਤੇ ਸਿਰਮੌਰ ਜ਼ਿਲ੍ਹਿਆਂ ਲਈ ਸੰਤਰੀ ਮੌਸਮ ਦੀ ਚੇਤਾਵਨੀ ਜਾਰੀ ਕੀਤੀ ਹੈ, ਜਿਸ ਦੇ ਨਤੀਜੇ ਵਜੋਂ ਦੂਰ-ਦੁਰਾਡੇ ਇਲਾਕਿਆਂ ਵਿੱਚ ਗਰਜ ਨਾਲ ਤੂਫ਼ਾਨ ਅਤੇ ਬਿਜਲੀ ਦੇ ਨਾਲ-ਨਾਲ ਕੁਝ ਤੇਜ਼ ਬਾਰਿਸ਼ ਹੋ ਸਕਦੀ ਹੈ।

ਕੁੱਲੂ, ਚੰਬਾ, ਕਿਨੌਰ ਅਤੇ ਲਾਹੌਲ ਅਤੇ ਸਪਿਤੀ ਜ਼ਿਲ੍ਹਿਆਂ ਲਈ ਪੀਲੇ (ਯੈਲੋ) ਮੌਸਮ ਦੀ ਚੇਤਾਵਨੀ ਵੀ ਜਾਰੀ ਕੀਤੀ ਗਈ ਹੈ, ਜਿਸ ਦੇ ਨਤੀਜੇ ਵਜੋਂ ਦਿਨ ਭਰ ਦੂਰ-ਦੁਰਾਡੇ ਇਲਾਕਿਆਂ ਵਿੱਚ ਹਲਕੇ ਤੋਂ ਦਰਮਿਆਨਾ ਮੀਂਹ ਪੈ ਸਕਦਾ ਹੈ।

# ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਵਿੱਚ 27% ਦੀ ਰਿਕਾਰਡ ਤੋੜ ਜੀ.ਐਸ.ਟੀ ਵਿਕਾਸ ਦਰ ਹਾਸਿਲ: ਹਰਪਾਲ ਸਿੰਘ ਚੀਮਾ



**ਚੰਡੀਗੜ੍ਹ, 1 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਨੇ ਨਵੇਂ ਕੀਰਤੀਮਾਨ ਸਥਾਪਤ ਕਰਦਿਆਂ ਜੂਨ 2025 ਲਈ ਸ਼ੁੱਧ ਜੀਐਸਟੀ ਪ੍ਰਾਪਤੀ ਵਿੱਚ ਰਿਕਾਰਡ ਤੋੜ 44.44 ਪ੍ਰਤੀਸ਼ਤ ਵਾਧਾ ਅਤੇ ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਲਈ 27.01 ਪ੍ਰਤੀਸ਼ਤ ਦਾ ਵਾਧਾ ਦਰਜ ਕੀਤਾ ਹੈ, ਜੋ ਕਿ ਸੂਬੇ ਦੇ ਇਤਿਹਾਸ ਵਿੱਚ ਕਿਸੇ ਵਿੱਤੀ ਤਿਮਾਹੀ ਦੌਰਾਨ ਅਤੇ ਜੂਨ ਮਹੀਨੇ ਲਈ ਹੁਣ ਤੱਕ ਦਾ ਦਰਜ਼ ਕੀਤਾ ਗਿਆ ਸਭ ਤੋਂ ਵੱਧ ਜੀ.ਐਸ.ਟੀ ਮਾਲੀਆ ਵਾਧਾ ਹੈ।

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਹ ਪ੍ਰਗਟਾਵਾ ਰਾਜ ਦੇ ਚੋਟੀ ਦੇ ਪੰਜ ਟੈਕਸਦਾਤਾਵਾਂ ਨੂੰ ਰਾਜ ਦੇ ਆਰਥਿਕ ਵਿਕਾਸ ਅਤੇ ਮਾਲੀਆ ਉਤਪਾਦਨ ਵਿੱਚ ਉਨ੍ਹਾਂ ਦੇ ਮਿਸਾਲੀ ਯੋਗਦਾਨ ਲਈ ਸਨਮਾਨਿਤ ਕਰਨ ਤੋਂ ਬਾਅਦ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ। ਸਨਮਾਨਿਤ ਕੀਤੇ ਗਏ ਕਰਦਾਤਾਵਾਂ ਵਿੱਚ ਅੰਬੂਜਾ ਸੀਮੈਂਟ ਤੋਂ ਆਸ਼ੂ ਅਗਨੀਹੋਤਰੀ, ਐਚ.ਪੀ.ਸੀ.ਐਲ-ਮਿੱਤਲ ਐਨਰਜੀ ਲਿਮਟਿਡ (ਐਚ.ਐਮ.ਈ.ਐਲ) ਤੋਂ ਸੰਜੇ ਮਲਹੋਤਰਾ, ਸੈਮਸੰਗ ਇੰਡੀਆ ਪ੍ਰਾਈਵੇਟ ਲਿਮਟਿਡ ਤੋਂ ਚਮਨ ਲਾਲ ਸ਼ਰਮਾ, ਟਾਟਾ ਸਟੀਲ ਤੋਂ ਅੰਕੁਸ਼ ਸ਼ਰਮਾ ਅਤੇ ਦਾਦਾ ਮੋਟਰਜ਼ ਤੋਂ ਨਿਤਿਨ ਦਾਦਾ ਸ਼ਾਮਲ ਹਨ। ਵਿੱਤ ਮੰਤਰੀ ਨੇ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਸਮਾਵੇਸ਼ੀ ਵਿਕਾਸ ਅਤੇ ਵਿੱਤੀ ਸਥਿਰਤਾ ਪ੍ਰਾਪਤ ਕਰਨ ਵਿੱਚ ਜ਼ਿੰਮੇਵਾਰ ਟੈਕਸਦਾਤਾਵਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜਿਨ੍ਹਾਂ ਦੇ ਨਾਲ ਇਸ ਮੌਕੇ ਸਕੱਤਰ ਟੈਕਸੇਸ਼ਨ ਅਜੀਤ ਬਾਲਾਜੀ ਜੋਸ਼ੀ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਵੀ ਹਾਜਿਰ ਸਨ, ਨੇ ਦੱਸਿਆ ਕਿ ਪੰਜਾਬ ਨੇ ਜੀਐਸਟੀ ਵਿਕਾਸ ਵਿੱਚ ਕੌਮੀ ਔਸਤ ਨੂੰ ਪਿੱਛੇ ਛੱਡ ਦਿੱਤਾ ਹੈ ਅਤੇ ਸਰਹੱਦੀ ਤਣਾਅ ਸਮੇਤ ਰਾਸ਼ਟਰੀ ਅਤੇ ਭੂ-ਰਾਜਨੀਤਿਕ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਬਾਵਜੂਦ ਟੈਕਸ ਜੁਟਾਉਣ ਵਿੱਚ ਆਪਣੇ ਆਪ ਨੂੰ ਸਿਖਰਲੇ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚ ਮਜ਼ਬੂਤੀ ਨਾਲ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਜੂਨ 2025 ਲਈ ਸ਼ੁੱਧ ਜੀਐਸਟੀ ਪ੍ਰਾਪਤੀ 2379.90 ਕਰੋੜ ਰੁਪਏ ਰਹੀ, ਜੋ ਕਿ ਜੂਨ 2024 ਵਿੱਚ ਪ੍ਰਾਪਤ ਹੋਏ 1647.69 ਕਰੋੜ ਰੁਪਏ ਦੇ ਮੁਕਾਬਲੇ 732.21 ਕਰੋੜ ਰੁਪਏ ਦੇ ਸ਼ਾਨਦਾਰ ਮਾਲੀਆ ਵਾਧੇ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਅਪ੍ਰੈਲ ਵਿੱਚ 15.35 ਪ੍ਰਤੀਸ਼ਤ ਅਤੇ ਮਈ ਵਿੱਚ 24.59 ਪ੍ਰਤੀਸ਼ਤ ਦੇ ਪ੍ਰਤੀ ਮਹੀਨਾ ਸ਼ੁੱਧ ਵਿਕਾਸ ਰੁਝਾਨਾਂ ਸਦਕਾ ਮਈ 2025 ਵਿੱਚ ਭਾਰਤ ਅਤੇ ਪਾਕਿਸਤਾਨ ਵਿਚਕਾਰ ਟਕਰਾਅ ਦੇ ਬਾਵਜੂਦ ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਦੌਰਾਨ ਸ਼ੁੱਧ ਜੀਐਸਟੀ ਪ੍ਰਾਪਤੀਆਂ 6,830.40 ਕਰੋੜ ਰੁਪਏ ਤੱਕ ਪਹੁੰਚ ਗਈਆਂ। ਉਨ੍ਹਾਂ ਕਿਹਾ ਵਿੱਤੀ ਸਾਲ 2024-25 ਦੀ ਪਹਿਲੀ ਤਿਮਾਹੀ ਦੌਰਾਨ ਪ੍ਰਾਪਤੀ 5,377.75 ਕਰੋੜ ਰੁਪਏ ਦੇ ਮਾਲੀਏ ਸਦਕਾ ਦਰਜ ਕੀਤੀ ਗਈ 6.41 ਪ੍ਰਤੀਸ਼ਤ ਵਿਕਾਸ ਦਰ ਦੇ ਮੁਕਾਬਲੇ ਇਸ ਵਿੱਤੀ ਵਰ੍ਹੇ ਦੇ ਪਹਿਲੀ ਤਿਮਾਹੀ ਦੌਰਾਨ ਚਾਰ ਗੁਣਾ ਤੋਂ ਵੱਧ ਵਿਕਾਸ ਦਰ ਹਾਸਿਲ ਹੋਇਆ ਹੈ।

ਵਿੱਤ ਮੰਤਰੀ ਨੇ ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਦੀ ਅਗਵਾਈ ਵਾਲੀਆਂ ਸਰਕਾਰਾਂ 'ਤੇ ਵੀ ਤਿੱਖਾ ਹਮਲਾ ਕਰਦਿਆਂ ਟੈਕਸ ਚੋਰੀ ਨੂੰ ਰੋਕਣ ਅਤੇ ਸੂਬੇ ਦੀ ਵਿੱਤੀ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਉਨ੍ਹਾਂ ਦੀ ਅਸਫਲਤਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਮਹੀਨਾ-ਦਰ-ਮਹੀਨਾ ਅਤੇ ਸਾਲ-ਦਰ-ਸਾਲ ਨਿਰੰਤਰ ਵਿਕਾਸ ਨੂੰ ਯਕੀਨੀ ਬਣਾਇਆ ਹੈ। ਉਨ੍ਹਾਂ ਨੇ ਵਿੱਤੀ ਸਾਲ 2022-23 ਵਿੱਚ 16.25 ਪ੍ਰਤੀਸ਼ਤ, ਵਿੱਤੀ ਸਾਲ 2023-24 ਵਿੱਚ 15.51 ਪ੍ਰਤੀਸ਼ਤ ਅਤੇ ਵਿੱਤੀ ਸਾਲ 2024-25 ਵਿੱਚ 12.84 ਪ੍ਰਤੀਸ਼ਤ ਦੀ ਜੀਐਸਟੀ ਸੰਗ੍ਰਹਿ ਵਿਕਾਸ ਦਰ ਦਾ ਜ਼ਿਕਰ ਕੀਤਾ, ਜਿਸ ਨਾਲ ਤਿੰਨ ਸਾਲਾਂ ਵਿੱਚ ਕੁੱਲ 62,733 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਹੈ। ਇਸ ਦੇ ਉਲਟ, ਵਿੱਤੀ ਸਾਲ 2018-19 ਤੋਂ ਵਿੱਤੀ ਸਾਲ 2021-22 ਤੱਕ ਕਾਂਗਰਸ ਦੇ ਸ਼ਾਸਨ ਦੌਰਾਨ ਸੂਬੇ ਨੇ ਸਿਰਫ਼ 55,146 ਕਰੋੜ ਰੁਪਏ ਇਕੱਠੇ ਕੀਤੇ। ਇਸੇ ਤਰ੍ਹਾਂ, ਅਕਾਲੀ-ਭਾਜਪਾ ਸਰਕਾਰ ਦੌਰਾਨ ਸੂਬੇ ਵਿੱਚ ਵਿੱਤੀ ਸਾਲ 2014-15 ਅਤੇ ਵਿੱਤੀ ਸਾਲ 2015-16 ਦੌਰਾਨ ਵੈਟ ਅਤੇ ਸੀ.ਐਸ.ਟੀ ਪ੍ਰਾਪਤੀ ਵਿੱਚ ਕ੍ਰਮਵਾਰ ਸਿਰਫ 4.57 ਪ੍ਰਤੀਸ਼ਤ ਅਤੇ 2.67 ਪ੍ਰਤੀਸ਼ਤ ਵਾਧਾ ਹੋਇਆ। ਹਰਪਾਲ ਚੀਮਾ ਨੇ ਕਿਹਾ ਕਿ ਆਪ ਸਰਕਾਰ ਨੇ ਤਿੰਨ ਸਾਲਾਂ ਵਿੱਚ ਹੀ ਕਾਂਗਰਸ ਸਰਕਾਰ ਦੁਆਰਾ ਆਪਣੇ ਪੂਰੇ ਪੰਜ ਸਾਲਾਂ ਵਿੱਚ ਪ੍ਰਾਪਤ ਕੀਤੇ ਗਏ ਜੀ.ਐਸ.ਟੀ. ਮਾਲੀਏ ਨਾਲੋਂ ਵੱਧ ਮਾਲੀਆ ਪ੍ਰਾਪਤ ਕਰ ਲਿਆ ਹੈ।

# ਜੈੱਟ ਫਿਊਲ 7.5 ਫੀਸਦ ਮਹਿੰਗਾ ਤੇ ਵਪਾਰਕ ਐੱਲਪੀਜੀ ਸਿਲੰਡਰ 58.50 ਰੁਪਏ ਸਸਤਾ ਹੋਇਆ

**ਨਵੀਂ ਦਿੱਲੀ, 1 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਵਾਈ ਜਹਾਜ਼ਾਂ ਵਿਚ ਵਰਤੇ ਜਾਂਦੇ ਈਂਧਣ ਏਵੀਏਸ਼ਨ ਟਰਬਾਈਨ ਫਿਊਲ (1"6) ਦੀਆਂ ਕੀਮਤਾਂ ਵਿਚ 7.5 ਫੀਸਦ ਦਾ ਇਜ਼ਾਫ਼ਾ ਕੀਤਾ ਗਿਆ ਹੈ ਜਦੋਂਕਿ ਕਮਰਸ਼ਲ ਐੱਲਪੀਜੀ ਸਿਲੰਡਰ 58.50 ਰੁਪਏ ਪ੍ਰਤੀ ਸਿਲੰਡਰ ਸਸਤਾ ਹੋ ਗਿਆ ਹੈ।

ਸਰਕਾਰੀ ਮਾਲਕੀ ਵਾਲੇ ਈਂਧਣ ਰਿਟੇਲਰਾਂ ਮੁਤਾਬਕ ਲਗਾਤਾਰ ਤਿੰਨ ਵਾਰ ਜੈੱਟ ਫਿਊਲ ਦੀਆਂ ਕੀਮਤਾਂ ਵਿਚ ਕਟੌਤੀ ਮਗਰੋਂ ਐਤਕੀਂ ਏਵੀਏਸ਼ਨ ਟਰਬਾਈਨ ਫਿਊਲ ਦੀ ਕੀਮਤ ਵਿਚ ਪ੍ਰਤੀ ਕਿਲੋਲਿਟਰ 6217.5 ਰੁਪਏ ਜਾਂ 7.5 ਫੀਸਦ ਦਾ ਵਾਧਾ ਕੀਤਾ ਗਿਆ ਹੈ। ਇਸ ਨਵੇਂ ਵਾਧੇ ਨਾਲ ਕੌਮੀ ਰਾਜਧਾਨੀ, ਜੋ ਦੇਸ਼ ਦੇ ਸਭ ਤੋਂ ਰੁਝੇਵਿਆਂ ਵਾਲੇ ਹਵਾਈ ਅੱਡਿਆਂ 'ਚੋਂ ਇਕ ਹੈ, ਵਿਚ ਜੈੱਟ ਈਂਧਣ ਦੀ ਕੀਮਤ 89,344.05 ਪ੍ਰਤੀ ਕਿਲੋਲਿਟਰ ਨੂੰ ਪਹੁੰਚ ਗਈ ਹੈ। ਇਸ ਤੋਂ ਪਹਿਲਾਂ ਪਹਿਲੀ ਜੂਨ ਨੂੰ ਏਟੀਐੱਫ ਦੀ ਕੀਮਤ ਵਿਚ ਪ੍ਰਤੀ ਕਿਲੋ ਲਿਟਰ 2,414.25 ਰੁਪਏ, 1 ਮਈ ਨੂੰ 3,954.38 ਰੁਪਏ ਤੇ 1 ਅਪਰੈਲ ਨੂੰ 5,870.54 ਰੁਪਏ ਪ੍ਰਤੀ ਕਿਲੋ ਲਿਟਰ ਦੀ ਕਟੌਤੀ ਕੀਤੀ ਗਈ ਸੀ। ਜੈੱਟ ਈਂਧਣ ਦੀਆਂ ਕੀਮਤਾਂ ਵਿਚ ਵਾਧੇ ਕਰਕੇ ਪੈਣ ਵਾਲੇ ਅਸਰ ਬਾਰੇ ਏਅਰਲਾਈਨਾਂ ਨੇ ਫੌਰੀ ਕੋਈ ਟਿੱਪਣੀ ਨਹੀਂ ਕੀਤੀ ਹੈ।

ਇਸ ਦੇ ਨਾਲ ਹੀ ਤੇਲ ਕੰਪਨੀਆਂ ਨੇ ਵਪਾਰਕ ਐੱਲਪੀਜੀ ਦੀ ਕੀਮਤ 19 ਕਿਲੋਗ੍ਰਾਮ ਪ੍ਰਤੀ ਸਿਲੰਡਰ 58.5 ਰੁਪਏ ਘਟਾ ਦਿੱਤੀ ਹੈ। ਵਪਾਰਕ ਐਲਪੀਜੀ ਦੀ ਕੀਮਤ ਹੁਣ ਕੌਮੀ ਰਾਜਧਾਨੀ ਵਿੱਚ 1,665 ਰੁਪਏ ਅਤੇ ਮੁੰਬਈ ਵਿੱਚ 1,616.50 ਰੁਪਏ ਹੈ। ਇਹ ਵਪਾਰਕ ਐਲਪੀਜੀ ਦੀਆਂ ਦਰਾਂ ਵਿੱਚ ਲਗਾਤਾਰ ਚੌਥੀ ਕਟੌਤੀ ਹੈ। ਕੀਮਤਾਂ ਵਿੱਚ ਆਖਰੀ ਵਾਰ 1 ਜੂਨ ਨੂੰ ਪ੍ਰਤੀ 19 ਕਿਲੋਗ੍ਰਾਮ ਸਿਲੰਡਰ 24 ਰੁਪਏ ਘਟਾਇਆ ਗਿਆ ਸੀ। ਇਸ ਤੋਂ ਪਹਿਲਾਂ 1 ਮਈ ਨੂੰ 14.50 ਰੁਪਏ ਦੀ ਕਟੌਤੀ ਕੀਤੀ ਗਈ ਸੀ ਅਤੇ 1 ਅਪ੍ਰੈਲ ਨੂੰ ਪ੍ਰਤੀ ਸਿਲੰਡਰ 41 ਰੁਪਏ ਦੀ ਕਟੌਤੀ ਕੀਤੀ ਗਈ ਸੀ। ਕੁੱਲ ਮਿਲਾ ਕੇ ਅਪ੍ਰੈਲ ਤੋਂ ਹੁਣ ਤੱਕ ਕੀਮਤਾਂ ਵਿੱਚ ਪ੍ਰਤੀ ਸਿਲੰਡਰ 138 ਰੁਪਏ ਦੀ ਕਟੌਤੀ ਕੀਤੀ ਗਈ ਹੈ।

# ਜੇ ਸਬਸਿਡੀ ਬੰਦ ਕੀਤੀ ਤਾਂ ਮਸਕ ਨੂੰ ਦੱਖਣੀ ਅਫਰੀਕਾ ਪਰਤਣਾ ਪਵੇਗਾ: ਟਰੰਪ

**ਵਾਸ਼ਿੰਗਟਨ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਟੈਸਲਾ ਦੇ ਸੀਈਓ ਐਲਨ ਮਸਕ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਉਨ੍ਹਾਂ ਦੀ ਕੰਪਨੀ ਦੀ ਸਬਸਿਡੀ ਬੰਦ ਕੀਤੀ ਗਈ ਤਾਂ ਉਨ੍ਹਾਂ ਨੂੰ ਆਪਣਾ ਕਾਰੋਬਾਰ ਛੱਡ ਕੇ ਦੱਖਣੀ ਅਫਰੀਕਾ ਪਰਤਣਾ ਪਵੇਗਾ। ਟਰੰਪ ਨੇ ਕਿਹਾ ਕਿ ਸਬਸਿਡੀ ਬੰਦ ਹੋਣ ਨਾਲ ਟੈਸਲਾ ਨਾ ਤਾਂ ਇਲੈਕਟ੍ਰਿਕ ਕਾਰਾਂ ਦਾ ਉਤਪਾਦਨ ਕਰ ਸਕੇਗੀ ਤੇ ਨਾ ਹੀ ਸਪੇਸਐਕਸ ਦੇ ਰਾਕੇਟ, ਸੈਟੇਲਾਈਟ ਲਾਂਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮਸਕ ਨੂੰ ਸਰਕਾਰੀ ਸਬਸਿਡੀ ਵਜੋਂ ਕਾਫੀ ਪੈਸਾ ਮਿਲਿਆ ਹੈ ਤੇ ਇਸ ਦੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਟਰੰਪ ਨੇ ਕਿਹਾ ਕਿ ਉਹ ਸ਼ੁਰੂ ਤੋਂ ਹੀ ਇਲੈਕਟ੍ਰਿਕ ਵਾਹਨਾਂ ਲਈ ਲਾਈਆਂ ਜਾਂਦੀਆਂ ਸ਼ਰਤਾਂ ਖ਼ ?ਲਾਫ਼ ਹਨ, ਭਾਵੇਂ ਇਲੈਕਟ੍ਰਿਕ ਗੱਡੀਆਂ ਚੰਗੀਆਂ ਹਨ ਪਰ ਇਨ੍ਹਾਂ ਗੱਡੀਆਂ ਨੂੰ ਖਰੀਦਣ ਲਈ ਹਰ ਇਕ ਨੂੰ ਮਜਬੂਰ ਨਹੀਂ ਕੀਤਾ ਜਾ ਸਕਦਾ।

# RailOne ਐਪ: ਰੇਲ ਯਾਤਰੀਆਂ ਦੀਆਂ ਸਾਰੀਆਂ ਸਹੂਲਤਾਂ ਲਈ ਇੱਕ ਵੱਡਾ ਹੱਲ: ਅਸ਼ਵਨੀ ਵੈਸ਼ਨਵ

**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਨੇ ਮੰਗਲਵਾਰ ਨੂੰ RailOne ਮੋਬਾਈਲ ਐਪਲੀਕੇਸ਼ਨ ਲਾਂਚ ਕਰਦਿਆਂ ਰੇਲ ਯਾਤਰੀਆਂ ਨੂੰ ਵੱਡੀ ਸਹੂਲਤ ਪ੍ਰਦਾਨ ਕੀਤੀ ਹੈ। ਇਹ ਐਪ ਯਾਤਰੀਆਂ ਨੂੰ ਕਈ ਸੇਵਾਵਾਂ ਜਿਵੇਂ ਕਿ ਟਿਕਟ ਬੁਕਿੰਗ, ਟਰੇਨ ਅਤੇ PNR ਪੁੱਛਗਿੱਛ, ਯਾਤਰਾ ਦੀ ਯੋਜਨਾਬੰਦੀ, ਰੇਲ ਹੈਲਪ ਸੇਵਾਵਾਂ ਅਤੇ ਭੋਜਨ ਬੁਕਿੰਗ ਤੱਕ ਆਸਾਨ ਪਹੁੰਚ ਪ੍ਰਦਾਨ ਕਰੇਗੀ।

ਵੈਸ਼ਨਵ ਨੇ ਸੈਂਟਰ ਫਾਰ ਰੇਲਵੇ ਇਨਫਰਮੇਸ਼ਨ ਸਿਸਟਮਜ਼ (CRIS) ਦੇ 40ਵੇਂ ਸਥਾਪਨਾ ਦਿਵਸ ਸਮਾਰੋਹ ਵਿੱਚ ਇਸ ਐਪ ਦਾ ਉਦਘਾਟਨ ਕੀਤਾ। ਇਹ ਐਪ ਐਂਡਰਾਇਡ ਪਲੇਅ ਸਟੋਰ ਅਤੇ iOS ਐਪ ਸਟੋਰ ਦੋਵਾਂ ਪਲੇਟਫਾਰਮਾਂ 'ਤੇ ਉਪਲਬਧ ਹੈ।

ਰੇਲਵੇ ਮੰਤਰਾਲਾ ਦੇ ਪ੍ਰੈਸ ਨੋਟ ਅਨੁਸਾਰ, TRailOne ਐਪ ਯਾਤਰੀਆਂ ਦੀਆਂ ਸਾਰੀਆਂ ਲੋੜਾਂ ਲਈ ਇੱਕ ਇੱਕ ਵੱਡਾ ਹੱਲ ਹੈ। ਇਸ ਐਪ ਰਾਹੀਂ ਯਾਤਰੀਆਂ ਨੂੰ ਟਿਕਟਿੰਗ - ਰਿਜ਼ਰਵਡ, ਅਣਰਿਜ਼ਰਵਡ, ਪਲੇਟਫਾਰਮ ਟਿਕਟਾਂ; ਟਰੇਨ ਅਤੇ PNR ਪੁੱਛਗਿੱਛ; ਯਾਤਰਾ ਦੀ ਯੋਜਨਾਬੰਦੀ; ਰੇਲ ਹੈਲਪ ਸੇਵਾਵਾਂ; ਟ ?ਰੇਨ ਵਿੱਚ ਭੋਜਨ ਬੁਕਿੰਗ ਦੀਆਂ ਸੇਵਾਵਾਂ ਮਿਲਣਗੀਆਂ।" ਕਿਹਾ ਗਿਆ ਹੈ ਕਿ ਇਸ ਤੋਂ ਇਲਾਵਾ ਮਾਲ ਢੋਆ-ਢੁਆਈ ਨਾਲ ਸਬੰਧਤ ਪੁੱਛਗਿੱਛ ਦੀਆਂ ਸਹੂਲਤਾਂ ਵੀ ਉਪਲਬਧ ਹਨ।

ਐਪ ਦੇ ਮੂਲ ਉਦੇਸ਼ ਨੂੰ ਉਜਾਗਰ ਕਰਦੇ ਹੋਏ ਮੰਤਰਾਲੇ ਨੇ ਕਿਹਾ ਕਿ ਇਹ ਇੱਕ ਸਧਾਰਨ ਅਤੇ ਸਪੱਸ਼ਟ ਯੂਜ਼ਰ ਇੰਟਰਫੇਸ ਰਾਹੀਂ ਉਪਭੋਗਤਾਵਾਂ ਨੂੰ ਬਿਹਤਰ ਅਨੁਭਵ ਪ੍ਰਦਾਨ ਕਰੇਗਾ। ਮੰਤਰਾਲੇ ਨੇ ਕਿਹਾ, "ਇਹ ਸਾਰੀਆਂ ਸੇਵਾਵਾਂ ਨੂੰ ਇੱਕ ਥਾਂ 'ਤੇ ਹੀ ਨਹੀਂ ਰੱਖਦਾ, ਬਲਕਿ ਸੇਵਾਵਾਂ ਦੇ ਵਿਚਕਾਰ ਇੱਕ ਏਕੀਕ੍ਰਿਤ ਕਨੈਕਟੀਵਿਟੀ ਵੀ ਪ੍ਰਦਾਨ ਕਰਦਾ ਹੈ, ਜੋ ਉਪਭੋਗਤਾ ਨੂੰ ਭਾਰਤੀ ਰੇਲਵੇ ਸੇਵਾਵਾਂ ਦਾ ਇੱਕ ਸੰਪੂਰਨ ਪੈਕੇਜ ਦਿੰਦਾ ਹੈ।

ਇਸ ਐਪ ਦੀ ਇੱਕ ਖਾਸ ਵਿਸ਼ੇਸ਼ਤਾ ਸਿੰਗਲ ਸਾਈਨ-ਆਨ ਹੈ, ਜੋ ਉਪਭੋਗਤਾਵਾਂ ਨੂੰ ਕਈ ਪਾਸਵਰਡ ਯਾਦ ਰੱਖਣ ਦੀ ਲੋੜ ਨੂੰ ਖਤਮ ਕਰਦੀ ਹੈ। ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ, TRailOne ਐਪ ਡਾਊਨਲੋਡ ਕਰਨ ਤੋਂ ਬਾਅਦ, ਕੋਈ ਵੀ RailConnect ਜਾਂ UTSonMobile ਐਪ ਦੇ ਮੌਜੂਦਾ ਯੂਜ਼ਰ 94 ਦੀ ਵਰਤੋਂ ਕਰਕੇ ਲੌਗਇਨ ਕਰ ਸਕਦਾ ਹੈ। ਇਸ ਨਾਲ ਉਪਭੋਗਤਾਵਾਂ ਨੂੰ ਵੱਖ-ਵੱਖ ਸੇਵਾਵਾਂ ਲਈ ਵੱਖਰੀਆਂ ਐਪਲੀਕੇਸ਼ਨਾਂ ਰੱਖਣ ਦੀ ਲੋੜ ਖਤਮ ਹੋ ਜਾਂਦੀ ਹੈ।"

ਪ੍ਰੈੱਸ ਨੋਟ ਵਿੱਚ ਦੱਸਿਆ ਗਿਆ ਹੈ ਕਿ TR-Wallet (ਰੇਲਵੇ ਈ-ਵਾਲਿਟ) ਦੀ ਸਹੂਲਤ ਵੀ ਇਸ ਐਪ ਵਿੱਚ ਸ਼ਾਮਲ ਕੀਤੀ ਗਈ ਹੈ। ਨਿਊਮੇਰਿਕ mPIN ਅਤੇ ਬਾਇਓਮੀਟ੍ਰਿਕ ਲੌਗਇਨ ਵਰਗੀਆਂ ਆਸਾਨ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਗਈਆਂ ਹਨ। ਨਵੇਂ ਉਪਭੋਗਤਾਵਾਂ ਲਈ ਰਜਿਸਟ ?ਰੇਸ਼ਨ ਪ੍ਰਕਿਰਿਆ ਨੂੰ ਆਸਾਨ ਅਤੇ ਤੇਜ਼ ਬਣਾਈ ਗਈ ਹੈ। ਇਸ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੋ ਉਪਭੋਗਤਾ ਸਿਰਫ ਪੁੱਛਗਿੱਛ ਕਰਨਾ ਚਾਹੁੰਦੇ ਹਨ, ਉਹ ਆਪਣੇ ਮੋਬਾਈਲ ਨੰਬਰ ਅਤੇ OTP ਨਾਲ ਗੈਸਟ ਲੌਗਇਨ ਰਾਹੀਂ ਵੀ ਲੌਗਇਨ ਕਰ ਸਕਦੇ ਹਨ।

# ਮੋਦੀ ਦੇ ਫੈਸਲਿਆਂ ਕਰਕੇ Operation Sindoor ਦੌਰਾਨ ਦੇਸ਼ ਨੂੰ ਨੁਕਸਾਨ ਝੱਲਣਾ ਪਿਆ: ਕਾਂਗਰਸ

**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਭਲਕ ਤੋਂ ਸ਼ੁਰੂ ਹੋ ਰਹੇ 8 ਰੋਜ਼ਾ ਪੰਜ ਮੁਲਕੀ ਦੌਰੇ ਤੋਂ ਪਹਿਲਾਂ ਮੁੱਖ ਵਿਰੋਧੀ ਧਿਰ ਕਾਂਗਰਸ ਨੇ ਅੱਜ ਪ੍ਰਧਾਨ ਮੰਤਰੀ 'ਤੇ ਇਹ ਕਹਿੰਦੇ ਹੋਏ ਤਨਜ਼ ਕੱਸਿਆ ਕਿ ਉਹ ਦੇਸ਼ ਨੂੰ ਦਰਪੇਸ਼ ਮੁੱਦਿਆਂ ਤੋਂ 'ਭੱਜ' ਰਹੇ ਹਨ। ਕਾਂਗਰਸ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਵੱਲੋਂ ਲਏ ਫੈਸਲਿਆਂ ਕਰਕੇ ÒOperation SindoorÓ ਦੇ ਪਹਿਲੇ ਦੋ ਦਿਨਾਂ ਵਿਚ ਭਾਰਤ ਨੂੰ ਨੁਕਸਾਨ ਝੱਲਣਾ ਪਿਆ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਐਕਸ 'ਤੇ ਇਕ ਪੋਸਟ ਵਿਚ ਪ੍ਰਧਾਨ ਮੰਤਰੀ ਦੇ ਪੰਜ ਮੁਲਕੀ ਦੌਰੇ ਨੂੰ ਸੈਰ-ਸਪਾਟਾ ਦੱਸਿਆ।

ਰਮੇਸ਼ ਨੇ ਕਿਹਾ, "ਸੁਪਰ ਪ੍ਰੀਮੀਅਮ ਫ ?ਰੀਕੁਐਂਟ ਫਲਾਇਰ ਪੀਐੱਮ 5-ਦੇਸ਼ਾਂ, 8-ਦਿਨਾਂ ਦੀ ਯਾਤਰਾ 'ਤੇ ਹਨ। ਉਹ ਘੱਟੋ-ਘੱਟ 4 ਮੁੱਦਿਆਂ ਤੋਂ ਭੱਜ ਰਹੇ ਹਨ, ਜੋ ਦੇਸ਼ ਨੂੰ ਪ੍ਰੇਸ਼ਾਨ ਕਰ ਰਹੇ ਹਨ।" ਕਾਂਗਰਸੀ ਸੰਸਦ ਮੈਂਬਰ ਨੇ ਮਨੀਪੁਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ "ਜਦੋਂ ਤੋਂ ਰਾਜ ਵਿੱਚ ਡਬਲ ਇੰਜਣ ਲੀਹੋਂ ਲੱਥਿਆ ਹੈ ਅਤੇ ਜਦੋਂ ਤੋਂ ਰਾਜ ਵਿੱਚ ਆਮ ਜੀਵਨ ਪੂਰੀ ਤਰ੍ਹਾਂ ਤਬਾਹ ਹੋ ਗਿਆ ਹੈ, ਪ੍ਰਧਾਨ ਮੰਤਰੀ ਉਦੋਂ ਦੇ ਉਥੇ ਨਹੀਂ ਗਏ ਹਨ।" ਰਮੇਸ਼ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਵੱਲੋਂ ਲਏ



ਫੈਸਲਿਆਂ ਕਰਕੇ Operation Sindoor ਦੇ ਪਹਿਲੇ ਦੋ ਦਿਨਾਂ ਵਿਚ ਭਾਰਤ ਨੂੰ ਵੱਡਾ ਨੁਕਸਾਨ ਝੱਲਣ ਪਿਆ। ਰਮੇਸ਼ ਨੇ ਕਿਹਾ, "ਰੱਖਿਆ ਅਧਿਕਾਰੀਆਂ ਵੱਲੋਂ ਕੀਤੇ ਗਏ ਖੁਲਾਸੇ ਮੁਤਾਬਕ ਪ੍ਰਧਾਨ ਮੰਤਰੀ ਦੇ ਫੈਸਲਿਆਂ ਕਾਰਨ Operation Sindoor ਦੇ ਪਹਿਲੇ ਦੋ ਦਿਨਾਂ ਵਿੱਚ ਭਾਰਤ ਨੂੰ ਉਲਟਾ ਨੁਕਸਾਨ ਝੱਲਣਾ ਪਿਆ।"

ਰਮੇਸ਼ ਨੇ ਵਪਾਰ ਦੀ ਧਮਕੀ ਦਾ ਇਸਤੇਮਾਲ ਕਰਕੇ ਭਾਰਤ ਤੇ ਪਾਕਿਸਤਾਨ ਦਰਮਿਆਨ ਜੰਗਬੰਦੀ ਕਰਵਾਉਣ ਦੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਦਾਅਵਿਆਂ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ, "ਰਾਸ਼ਟਰਪਤੀ ਟਰੰਪ ਲਗਾਤਾਰ ਦਾਅਵਾ ਕਰ ਰਹੇ ਹਨ ਕਿ ਉਨ੍ਹਾਂ ਵਪਾਰ ਸਮਝੌਤੇ ਦਾ ਇਸਤੇਮਾਲ ਕਰਕੇ ਭਾਰਤ ਤੇ ਪਾਕਿਸਤਾਨ ਵਿਚਾਲੇ ਜੰਗਬੰਦੀ ਕਰਵਾਈ ਹੈ।" ਉਨ੍ਹਾਂ ਕਿਹਾ ਕਿ ਮੋਦੀ ਦੀ ਅਗਵਾਈ ਵਾਲੀ ਸਰਕਾਰ 70 ਦਿਨਾਂ ਬਾਅਦ ਵੀ ਪਹਿਲਗਾਮ ਦਹਿਸ਼ਤੀ ਹਮਲੇ ਦੇ ਕਸੂਰਵਾਰਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਖੜ੍ਹਾਉਣ ਵਿੱਚ ਨਾਕਾਮ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 2 ਤੋਂ 9 ਜੁਲਾਈ ਤੱਕ ਆਪਣੇ ਵਿਦੇਸ਼ ਦੌਰੇ ਦੌਰਾਨ ਘਾਨਾ, ਤ੍ਰਿਨੀਦਾਦ ਅਤੇ ਟੋਬੈਗੋ, ਅਰਜਨਟੀਨਾ, ਬ੍ਰਾਜ਼ੀਲ ਅਤੇ ਨਾਮੀਬੀਆ - ਜਾਣਗੇ। ਇਸ ਦੌਰੇ ਦਾ ਮੁੱਖ ਪ੍ਰੋਗਰਾਮ 6-7 ਜੁਲਾਈ ਨੂੰ ਰੀਓ ਡੀ ਜਨੇਰੀਓ (ਬ੍ਰਾਜ਼ੀਲ) ਵਿੱਚ 'ਬ੍ਰਿਕਸ' ਸੰਮੇਲਨ ਹੋਵੇਗਾ।

# ਸ਼ੌਰਟਸ ਪਾ ਕੇ ਆਏ ਐਕਸੀਅਨ ਨੂੰ ਕਲੱਬ 'ਚ ਦਾਖਲ ਹੋਣ ਤੋਂ ਰੋਕਿਆ; ਬਦਲਾਖੋਰੀ 'ਚ ਬਿਜਲੀ ਕੱਟਣ 'ਤੇ ਮੰਤਰੀ ਨੇ ਕੀਤਾ ਮੁਅੱਤਲ

**ਅੰਬਾਲਾ , 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਬਾਲਾ ਛਾਉਣੀ ਦੇ ਇੱਕ ਮਸ਼ਹੂਲ ਕਲੱਬ ਨਾਲ ਬਦਲਾਖੋਰੀ ਦੌਰਾਨ ਵਿਭਾਗੀ ਅਹੁਦੇ ਦਾ ਫਾਇਦਾ ਉਠਾਉਣਾ ਬਿਜਲੀ ਵਿਭਾਗ ਦੇ ਐਕਸੀਐਨ ਨੂੰ ਮਹਿੰਗਾ ਪੈ ਗਿਆ। ਬਿਜਲੀ ਮੰਤਰੀ ਅਨਿਲ ਵਿੱਜ ਨੇ ਗੰਭੀਰ ਦੁਰਵਿਵਹਾਰ ਅਤੇ ਅਧਿਕਾਰਾਂ ਦੇ ਦੁਰ ਵਰਤੋਂ ਦੇ ਦੋਸ਼ਾਂ ਹੇਠ ਐਕਸੀਐਨ ਹਰੀਸ਼ ਗੋਇਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ 30 ਜੂਨ ਦੀ ਸ਼ਾਮ ਨੂੰ ਗੋਇਲ ਫੀਨਿਕਸ ਕਲੱਬ ਦੇ ਬਾਰ 'ਚ ਸ਼ੌਰਟਸ ਪਾ ਕੇ ਆਏ, ਪਰ ਕਲੱਬ ਦੇ ਨਿਯਮਾਂ ਅਨੁਸਾਰ ਅਜਿਹੀ ਪੋਸ਼ਾਕ 'ਚ ਦਾਖਲੇ 'ਤੇ ਮਨਾਹੀ ਹੈ। ਇਸ ਦੌਰਾਨ ਦੋ ਕਰਮਚਾਰੀਆਂ ਨੇ ਉਨ੍ਹਾਂ ਨੂੰ ਨਿਯਮ ਦੱਸੇ ਤੇ ਅੰਦਰ ਜਾਣ ਤੋਂ ਰੋਕ ਦਿੱਤਾ। ਪਰ ਗੋਇਲ ਨੇ ਇੱਥੇ ਗ਼ੁੱਸੇ 'ਚ ਆ ਕੇ ਗ਼ਲਤ ਵਿਹਾਰ ਕੀਤਾ ਤੇ ਨਿਯਮਾਂ ਦੀ ਉਲੰਘਣਾ ਕਰਨ ਲਈ ਸਟਾਫ 'ਤੇ ਹੀ ਨਰਾਜ਼ਗੀ ਜ਼ਾਹਰ ਕੀਤੀ। ਜਾਣਕਾਰੀ ਅਨੁਸਾਰ ਇੰਇਸ ਘਟਨਾ ਤੋਂ ਕੁਝ ਸਮੇਂ ਬਾਅਦ ਉਨ੍ਹਾਂ ਨੇ ਕਲੱਬ ਦੀ ਬਿਜਲੀ ਸਪਲਾਈ ਵੀ ਕੱਟ



ਦਿੱਤੀ।

ਇਸ ਬਾਰੇ ਕਲੱਬ ਪ੍ਰਧਾਨ ਸ਼ੈਲੇਂਦਰ ਖੰਨਾ (ਸ਼ੈਲੀ) ਵੱਲੋਂ ਬਿਜਲੀ ਮੰਤਰੀ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਹੈ ਕਿ ਐਕਸੀਅਨ ਨੇ ਬਿਜਲੀ ਕੱਟਣ ਉਪਰੰਤ ਕਲੱਬ ਮੈਨੇਜਰ ਬਲਿੰਦਰ ਸਿੰਘ ਨੂੰ ਫ਼ੋਨ 'ਤੇ ਕਿਹਾ " ਕੀ ਗੱਲ, ਤੁਹਾਡੀ ਲਾਈਟ ਚਲੀ ਗਈ ਅਤੇ ਜਨਰੇਟਰ ਚੱਲ ਰਿਹਾ, ਕਿਵੇਂ ਲੱਗ ਰਿਹੈ ?" ਇਸ 'ਤੇ ਕਾਰਵਾਈ ਕਰਦਿਆਂ ਬਿਜਲੀ ਮੰਤਰੀ ਸ੍ਰੀ ਅਨਿੱਲ ਵਿੱਜ ਨੇ ਐਕਸੀਅਨ ਹਰੀਸ਼ ਗੋਇਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਦਿਆਂ ਜਵਾਬ ਤਲਬ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਲੋਕ ਸੇਵਕ ਵੱਲੋਂ ਅਜਿਹਾ ਵਿਹਾਰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

# ਡਿਪਟੀ ਕਮਿਸ਼ਨਰ ਨੇ ਖੇਡ ਮੈਦਾਨਾ ਦੀ ਸਾਫ਼-ਸਫ਼ਾਈ ’ਤੇ ਪ੍ਰਬੰਧਾਂ ਦਾ ਲਿਆ ਜਾਇਜਾ

## ਨੌਜਵਾਨਾਂ ਲਈ ਮਿਆਰੀ ਅਤੇ ਸੁਰੱਖਿਅਤ ਖੇਡ ਮੈਦਾਨ ਬਨਾਉਣਾ ਸਰਕਾਰ ਦੀ ਪਹਿਲੀ ਤਰਜੀਹ



**ਪਟਿਆਲਾ, 2 ਜੁਲਾਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਨੇ ਜ਼ਿਲ੍ਹਾ ਸਪੋਰਟਸ ਕਾਊਂਸਲ ਦੀ ਬੈਠਕ ਦੀ ਅਗਵਾਈ ਕਰਦੇ ਹੋਏ ਪੋਲੋ ਗਰਾਂਊਡ, ਜਿਮਨੇਜ਼ੀਅਮ ਹਾਲ, ਰਿੰਕ ਹਾਲ ਅਤੇ ਸਵਿੰਮਿੰਗ ਪੂਲ ਸਮੇਤ ਜ਼ਿਲ੍ਹੇ ਦੇ ਮੁੱਖ ਖੇਡ ਮੈਦਾਨਾਂ ਦੀ ਸਾਫ ਸਫਾਈ ਅਤੇ ਦੀ ਸੁਚੱਜੀ ਸਾਂਭ ਸੰਭਾਲ ਲਈ ਤੁੰਰਤ ਕਾਰਵਾਈ ਕਰਨ ਦੇ ਆਦੇਸ਼ ਦਿੱਤੇ । ਉਹਨਾਂ ਕਿਹਾ ਕਿ ਖਿਡਾਰੀਆਂ ਅਤੇ ਨੌਜਵਾਨਾਂ ਲਈ ਉਚਿਤ ਅਤੇ ਮਿਆਰੀ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਸਰਕਾਰ ਦੀ ਪਹਿਲੀ ਤਰਜੀਹ ਹੈ ਅਤੇ ਇਸ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀ ਕੀਤੀ ਜਾਵੇਗੀ । ਉਹਨਾਂ ਸਪਸ਼ਟ ਕੀਤਾ ਕਿ ਖੇਡ ਮੈਦਾਨਾ ਵਿੱਚ ਸਾਫ਼-ਸਫਾਈ ਨਾ ਹੋਣ ਅਤੇ ਪ੍ਰਬੰਧਨ ਦੀ ਕਮੀ ਨਾਲ ਨਾ ਸਿਰਫ ਖਿਡਾਰੀਆਂ ਦੀ ਸਿਹਤ ਉਪਰ ਨਕਾਰਤਮਕ ਪ੍ਰਭਾਵ ਪੈਂਦਾ ਹੈ, ਸਗੋਂ ਇਸ ਨਾਲ ਉਹਨਾਂ ਦੀ ਕਾਰਗੁਜਾਰੀ ‘ ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੋ ਪੰਜਾਬ ਸਰਕਾਰ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਛੇੜੀ ਹੈ, ਤਹਿਤ ਨਸ਼ਿਆਂ ਤੋਂ ਮੁਕਤ ਹੋਏ ਨੌਜਵਾਨ ਹੁਣ ਖੇਡ ਮੈਦਾਨ ਦੀਆਂ ਉਚਾਈਆਂ ਵੱਲ ਵੱਧ ਰਹੇ ਹਨ । ਇਸ ਲਈ ਇਹ ਬਹੁਤ ਜਰੂਰੀ ਹੈ ਕਿ ਖੇਡ ਮੈਦਾਨ ਅਤੇ ਸਟੇਡੀਅਮ ਦੀ ਸਥਿਤੀ ਅਜਿਹੀ ਹੋਵੇ ਕਿ ਨੌਜਵਾਨਾਂ ਨੂੰ ਸੁਵਿਧਾਵਾਂ ਮਿਲਣ ਅਤੇ ਉਹ ਇਹਨਾਂ ਥਾਵਾਂ ‘ ਤੇ ਆ ਕੇ ਆਪਣਾ ਸਮਾਂ ਸਹੀ ਤਰੀਕੇ ਨਾਲ ਬਿਤਾ ਸਕਣ । ਇਸ ਲਈ ਖੇਡ ਮੈਦਾਨਾਂ ਦੀ ਮਿਆਰੀ ਬਣਤਰ ਅਤੇ ਸੁਰੱਖਿਆ ਦੇ ਸਬੰਧ ਵਿੱਚ ਸਮੂਹ ਅਧਿਕਾਰੀ ਆਪਣੀ ਜਿੰਮੇਵਾਰੀ ਨੂੰ ਗੰਭੀਰਤਾ ਨਾਲ ਲੈਣ । ਇਸ ਮੌਕੇ ਉਹਨਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ, ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਪਿਊਸ਼ ਅਗਰਵਾਲ ਅਤੇ ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਹਾਜ਼ਰ ਸਨ।

# ਡੀ.ਸੀ. ਵੱਲੋਂ ਲੋਕਾਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਬਰਸਾਤ ’ਚ ਵੱਧ ਤੋਂ ਵੱਧ ਬੂਟੇ ਲਾਉਣ ਦਾ ਸੱਦਾ

## ਏ.ਡੀ.ਸੀ. ਸੇਖੋਂ ਨੇ ਸਮਾਜ ਸੇਵੀ ਸੰਸਥਾਵਾਂ ਨਾਲ ਮਿਲਕੇ ਇੱਕ ਵਾਰ ਵਰਤੋਂ ’ਚ ਆਉਣ ਵਾਲੇ ਪਲਾਸਟਿਕ ਦੀਆਂ ਵਸਤਾਂ ਨਾ ਵਰਤਣ ਲਈ ਮੁਹਿੰਮ ਚਲਾਉਣ ਲਈ ਕਿਹਾ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਇਸ ਬਰਸਾਤ ਦੇ ਮੌਸਮ ’ਚ ਵੱਧ ਤੋਂ ਵੱਧ ਬੂਟੇ ਲਗਾਏ ਜਾਣ। ਉਨ੍ਹਾਂ ਨੇ ਜ਼ਿਲ੍ਹਾ ਵਾਤਾਰਵਣ ਕਮੇਟੀ ਦੀ 37ਵੀਂ ਮੀਟਿੰਗ ’ਚ ਜ਼ਿਲ੍ਹੇ ਦੇ ਵਾਤਾਵਰਣ ਪਲਾਨ ’ਤੇ ਚਰਚਾ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਵਣਾਂ ਹੇਠ ਰਕਬਾ ਵਧਾਉਣ ਲਈ ਹਰਿਆਵਲ ਲਹਿਰ ਤਹਿਤ ਬੂਟੇ ਲਾਉਣ ਦਾ ਟੀਚਾ ਵੀ ਪੂਰਾ ਕੀਤਾ ਜਾਵੇਗਾ, ਇਸ ਲਈ ਆਮ ਲੋਕ ਵੀ ਵੱਧ ਤੋਂ ਵੱਧ ਬੂਟੇ ਲਾਉਣ ਅਤੇ ਇਨ੍ਹਾਂ ਨੂੰ ਸੰਭਾਲਣ ਦਾ ਪ੍ਰਣ ਵੀ ਕਰਨ।



ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਵਾਤਾਵਰਣ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ।

ਇਸੇ ਦੌਰਾਨ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਨਗਰ ਨਿਗਮ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਧਿਕਾਰੀਆਂ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਹੈ ਕਿ ਜ਼ਿਲ੍ਹੇ ਦੀ ਆਬੋ-ਹਵਾ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਇੱਕ ਵਾਰ ਵਰਤੋਂ ’ਚ ਆਉਣ ਵਾਲੇ ਪਲਾਸਟਿਕ ਦੀਆਂ ਵਸਤਾਂ ਨਾ ਵਰਤਣ ਲਈ ਮੁਹਿੰਮ ਚਲਾਈ ਜਾਵੇ।

ਨਵਰੀਤ ਕੌਰ ਸੇਖੋਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਜਿੱਥੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਬੰਦ ਕਰਨ ਉਥੇ ਨਾਲ ਹੀ ਆਪਣੇ ਘਰਾਂ ਵਿੱਚੋਂ ਨਿਕਲਦੇ ਕੂੜੇ ਨੂੰ ਗਿੱਲੇ ਤੇ ਸੁੱਕੇ ਕੂੜੇ ਦੇ ਰੂਪ ਵਿੱਚ ਵੱਖੋ-ਵੱਖ ਕਰਕੇ ਹੀ ਕੂੜੇ ਵਾਲੇ ਨੂੰ ਚੁਕਾਉਣ।

ਉਨ੍ਹਾਂ ਨੇ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਲਈ ਨਾਨ-ਅਟੇਨਮੈਂਟ ਐਕਸ਼ਨ ਪਲਾਨ ਪੂਰੀ ਤਰ੍ਹਾਂ ਲਾਗੂ ਕਰਨ ਦੇ ਆਦੇਸ਼ ਵੀ ਜਾਰੀ ਕੀਤੇ।

ਏ.ਡੀ.ਸੀ. ਨੇ ਜ਼ਿਲ੍ਹੇ ਅੰਦਰ ਠੋਸ ਅਤੇ ਤਰਲ ਕੂੜਾ ਪ੍ਰਬੰਧਨ, ਪਲਾਸਟਿਕ ਕੂੜੇ ਦਾ ਨਿਪਟਾਰਾ, ਗਰੀਨ ਬੈਲਟ, ਹਵਾ ਤੇ ਪਾਣੀ ਦੀ ਗੁਣਵੱਤਾ ਸੁਧਾਰਨ, ਉਦਯੋਗਿਕ ਕਚਰੇ ਨੂੰ ਸੰਭਾਲਣ ਤੋਂ ਇਲਾਵਾ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਆਦਿ ਨੁਕਤਿਆਂ ’ਤੇ ਚਰਚਾ ਕਰਕੇ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਏ.ਡੀ.ਸੀ. ਨੇ ਪਿੰਡਾਂ ਦੇ ਛੱਪੜਾਂ ਦੀ ਸਾਫ਼-ਸਫ਼ਾਈ, ਘੱਗਰ ’ਚ ਪੈਣ ਵਾਲੇ ਪਾਣੀ ’ਚ ਸੀਵਰੇਜ ਜਾਂ ਫੈਕਟਰੀਆਂ ਦੇ ਪਾਣੀ ਨੂੰ ਬਿਨ੍ਹਾਂ ਸੋਧੇ ਨਾ ਪੈਣ ਦੇਣ ਆਦਿ ਪ੍ਰਬੰਧਾਂ, ਸੀਵਰੇਜ ਸੋਧਕ ਪਲਾਟਾਂ, ਸੋਧਿਆ ਪਾਣੀ ਸਿੰਚਾਈ ਲਈ ਵਰਤਣ, ਨਵੇਂ ਐਸ.ਟੀ.ਪੀਜ਼ ਲਾਉਣ, ਹਵਾ ਦੀ ਗੁਣਵੱਤਾ, ਆਵਾਜ਼ ਪ੍ਰਦੂਸ਼ਣ, ਪ੍ਰੈਸ਼ਰ ਹਾਰਨ, ਬਾਇਓ ਮੈਡੀਕਲ ਵੇਸਟ, ਘਰਾਂ ’ਚੋਂ ਗਿੱਲੇ ਤੇ ਸੁੱਕੇ ਕੂੜੇ ਨੂੰ ਇਕੱਤਰ ਕਰਨ ਸਬੰਧੀ ਕੀਤੇ ਜਾ ਰਹੇ ਕਾਰਜਾਂ ਦਾ ਜਾਇਜ਼ਾ ਵੀ ਲਿਆ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਣ ਇੰਜੀਨੀਅਰ ਗੁਰਕਰਨ ਸਿੰਘ ਨੇ ਮੀਟਿੰਗ ਦੀ ਕਾਰਵਾਈ ਚਲਾਈ। ਉਨ੍ਹਾਂ ਨਾਲ ਐਸ.ਡੀ.ਓ. ਅਕਾਂਕਸ਼ਾ ਬਾਂਸਲ, ਵਣ ਮੰਡਲ ਅਫ਼ਸਰ ਗੁਰਮਨਪ੍ਰੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਡੀ.ਡੀ.ਪੀ.ਓ. ਮੋਹਿੰਦਰਜੀਤ ਸਿੰਘ ਸਮੇਤ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਫ਼ਸਰ, ਜਲ ਸਪਲਾਈ ਤੇ ਸੀਵਰੇਜ ਬੋਰਡ, ਡਰੇਨੇਜ, ਭੂਮੀ ਰੱਖਿਆ ਆਦਿ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਸਿਰਫ 48 ਘੰਟਿਆਂ ਦੇ ਅੰਦਰ ਰਜਿਸਟਰੀ ਦੀ ਪ੍ਰਕਿਰਿਆ ਹੋਵੇਗੀ ਮੁਕੰਮਲ : ਡਿਪਟੀ ਕਮਿਸ਼ਨਰ



**ਬਠਿੰਡਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਲੋਕਾਂ ਨੂੰ ਨਾਗਰਿਕ ਕੇਂਦਰਿਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ‘ਈਜ਼ੀ ਰਜਿਸਟਰੀ’ ਪ੍ਰਣਾਲੀ (ਜ਼ਮੀਨ-ਜਾਇਦਾਦ ਦੀ ਰਜਿਸਟਰੀ ਸੌਖੇ ਢੰਗ ਨਾਲ ਕਰਨ) ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਦੀ ਪ੍ਰਕਿਰਿਆ 48 ਘੰਟਿਆਂ ਅੰਦਰ ਮੁਕੰਮਲ ਹੋਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ ?ਰੀ ਸ਼ੌਕਤ ਅਹਿਮਦ ਪਰੇ ਨੇ ਵਸੀਕਾ ਨਵੀਸ ਅਤੇ ਵਕੀਲ ਸਾਹਿਬਾਨਾਂ ਨਾਲ ਕੀਤੀ ਗਈ ਮੀਟਿੰਗ ਦੌਰਾਨ ਵਿਚਾਰ ਵਿਟਾਂਦਰਾ ਕਰਦਿਆਂ ਸਾਂਝੀ ਕੀਤੀ।

ਡਿਪਟੀ ਕਮਿਸ਼ਨਰ ਸ਼ ?ਰੀ ਸ਼ੌਕਤ ਅਹਿਮਦ ਪਰੇ ਨੇ ਮੀਟਿੰਗ ਦੌਰਾਨ ਕਿਹਾ ਕਿ ਹੁਣ ਆਮ ਲੋਕਾਂ ਨੂੰ ਦਫ਼ਤਰਾਂ ਵਿੱਚ ਖੱਜਲ-ਖੁਆਰ ਨਹੀਂ ਹੋਣਾ ਪਵੇਗਾ ਅਤੇ ਨਾ ਹੀ ਏਜੰਟਾਂ ਜਾਂ ਵਿਚੋਲਿਆਂ ਨਾਲ ਵਾਹ ਪਵੇਗਾ ਕਿਉਂਕਿ ਹੁਣ ਸ਼ੁਰੂ ਤੋਂ ਲੈ ਕੇ ਅੰਤ ਤੱਕ ਹਰ ਜਾਣਕਾਰੀ ਮੋਬਾਈਲ ’ਤੇ ਮਿਲਿਆ ਕਰੇਗੀ ਅਤੇ ਇਹ ਪ੍ਰਣਾਲੀ ਤੇਜ਼ ਅਤੇ ਪਾਰਦਰਸ਼ੀ ਹੋਵੇਗੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਇਸ ਪ੍ਰਾਜੈਕਟ ਦੀ ਸ਼ੁਰੂਆਤ ਤੋਂ ਬਾਅਦ ਲੋਕਾਂ ਨੂੰ ਜ਼ਮੀਨ-ਜਾਇਦਾਦ ਦੀ ਰਜਿਸਟਰੀ ਲਈ ਹੁਣ ਸਥਾਨਕ ਸਬ-ਰਜਿਸਟਰਾਰ ਦਫ਼ਤਰ ਵਿੱਚ ਜਾਣ ਦੀ ਲੋੜ ਨਹੀਂ ਸਗੋਂ ਜਿੱਥੇ ਚਾਹੁਣ, ਜ਼ਿਲ੍ਹੇ ਦੇ ਕਿਸੇ ਵੀ ਸਬ-ਰਜਿਸਟਰਾਰ ਦਫ਼ਤਰ ਵਿੱਚ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਦਸਤਾਵੇਜ਼ ਤਿਆਰ ਕਰਨ ਲਈ ਹੈਲਪਲਾਈਨ ਨੰਬਰ 1076 ਰਾਹੀਂ ਸੇਵਾ ਸਹਾਇਕਾਂ ਨੂੰ ਘਰ ਵੀ ਬੁਲਾਇਆ ਜਾ ਸਕਦਾ ਹੈ। ਇਸ ਨਾਲ ਪੇਂਡੂ ਪਰਿਵਾਰਾਂ, ਸੀਨੀਅਰ ਨਾਗਰਿਕਾਂ, ਕੰਮਕਾਜ ਵਾਲੇ ਪੇਸ਼ੇਵਰਾਂ ਅਤੇ ਬਾਹਰ ਨਾ ਜਾ ਸਕਣ ਵਾਲਿਆਂ ਨੂੰ ਵੱਡੀ ਸਹੂਲਤ ਮਿਲੇਗੀ।

ਡਿਪਟੀ ਕਮਿਸ਼ਨਰ ਸ਼ ?ਰੀ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਨਵੀਂ ਪ੍ਰਣਾਲੀ ਤਹਿਤ ਲੋਕਾਂ ਨੂੰ ਰਜਿਸਟਰੀ ਲਈ ਦਸਤਾਵੇਜ਼ ਜਮ ?ਹਾਂ ਕਰਵਾਉਣ, ਪ੍ਰਵਾਨਗੀ, ਅਦਾਇਗੀ ਅਤੇ ਦਫਤਰ ਆਉਣ ਦਾ ਸਮਾਂ ਲੈਣ ਜਿਹੀ ਸਾਰੀ ਜਾਣਕਾਰੀ ਵਟਸਐਪ ਰਾਹੀਂ ਮਿਲਿਆ ਕਰੇਗੀ ਤਾਂ ਕਿ ਉਹ ਪਲ-ਪਲ ਦੀ ਸੂਚਨਾ ਬਾਰੇ ਜਾਣੂੰ ਹੋ ਸਕਣ। ਉਨ੍ਹਾਂ ਕਿਹਾ ਕਿ ਆਨਲਾਈਨ ਦਸਤਾਵੇਜ਼ ਜਮ੍ਹਾਂ ਕਰਵਾਉਣ, ਡਿਜੀਟਲ ਵਿਧੀ ਨਾਲ ਅਗਾਊਂ ਪੜਤਾਲ ਕਰਨ ਅਤੇ ਰਜਿਸਟਰੀ ਲਈ ਸਬ-ਰਜਿਸਟਰਾਰ ਦਫ਼ਤਰ ਜਾਣ ਲਈ ਖੁਦ ਹੀ ਸਮੇਂ ਦੀ ਚੋਣ ਕਰਨ ਵਰਗੀਆਂ ਸਹੂਲਤਾਂ ਹੋਣਗੀਆਂ ਅਤੇ ਕਿਸੇ ਵੀ ਨਾਗਰਿਕ ਨੂੰ ਹੁਣ ਲੰਮੀਆਂ ਲਾਈਨਾਂ ਵਿੱਚ ਲੱਗਣ ਅਤੇ ਦਫ਼ਤਰਾਂ ਦੇ ਵਾਰ-ਵਾਰ ਗੇੜੇ ਮਾਰਨ ਦੀ ਲੋੜ ਨਹੀਂ ਪਵੇਗੀ।

ਉਨ੍ਹਾਂ ਇਹ ਵੀ ਦੱਸਿਆ ਕਿ ਸੇਲ ਡੀਡ ਦਾ ਖਰੜਾ ਖੁਦ ਤਿਆਰ ਕਰਨ ਦੀ ਵਿਵਸਥਾ ਕੀਤੀ ਗਈ ਹੈ। ਇਸ ਤੋਂ ਇਲਾਵਾ ਸੇਵਾ ਸਹਾਇਕਾਂ ਰਾਹੀਂ ਘਰ ਬੈਠਿਆਂ ਰਜਿਸਟਰੀ ਦੇ ਦਸਤਾਵੇਜ਼ ਤਿਆਰ ਕਰਨ ਲਈ ਸੇਵਾਵਾਂ ਹਾਸਲ ਹੋਣਗੀਆਂ, ਜਿਸ ਨਾਲ ਲੋਕਾਂ ਨੂੰ ਸੇਲ ਡੀਡ ਤਿਆਰ ਕਰਨ ਲਈ ਪ੍ਰਾਈਵੇਟ ਲੋਕਾਂ ਅਤੇ ਵਿਚੋਲਿਆਂ ਰਾਹੀਂ ਵਸੂਲੀਆਂ ਜਾਂਦੀਆਂ ਮੋਟੀਆਂ ਫੀਸਾਂ ਨਹੀਂ ਦੇਣੀਆਂ ਪੈਣਗੀਆਂ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਕਦਮ ਜਿੱਥੇ ਸਵੈ-ਨਿਰਭਰਤਾ ਵਧਾਉਂਦਾ ਹੈ ਉਥੇ ਹੀ ਪ੍ਰਾਈਵੇਟ ਲੋਕਾਂ ’ਤੇ ਨਿਰਭਰਤਾ ਘਟਾਉਂਦਾ ਹੈ ਅਤੇ ਲੋਕਾਂ ਨੂੰ ਸਰਕਾਰੀ ਸਿਸਟਮ ਵਿੱਚ ਹੋਰ ਤਾਕਤਵਰ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਜਿਸਟਰੀ ਦੀ ਫੀਸ ਦੇ ਭੁਗਤਾਨ ਲਈ ਬੈਂਕਾਂ ਵੱਲ ਨਹੀਂ ਭੱਜਣਾ ਪਵੇਗਾ। ਉਨ੍ਹਾਂ ਕਿਹਾ ਕਿ ਆਨਲਾਈਨ ਭੁਗਤਾਨ ਲਈ ਵਿਸ਼ੇਸ਼ ਗੇਟਵੇ ਨਾਗਰਿਕਾਂ ਨੂੰ ਡਿਜੀਟਲ ਲੈਣ-ਦੇਣ ਵਿੱਚ ਸਾਰੀਆਂ ਫੀਸਾਂ (ਜਿਵੇਂ ਸਟੈਂਪ ਡਿਊਟੀ, ਰਜਿਸਟ ?ਰੇਸ਼ਨ ਫੀਸ) ਦਾ ਭੁਗਤਾਨ ਕਰਨ ਦੀ ਆਗਿਆ ਦਿੰਦਾ ਹੈ ਜਿਸ ਨਾਲ ਬੈਂਕਾਂ ਵਿੱਚ ਆ ਕੇ ਡਿਮਾਂਡ ਡਰਾਫਟ ਤਿਆਰ ਕਰਨ ਦੀ ਲੋੜ ਨਹੀਂ ਰਹੀ ਅਤੇ ਨਗਦੀ ਕੋਲ ਹੋਣ ਕਰਕੇ ਸੁਰੱਖਿਆ ਦੀ ਚਿੰਤਾ ਵੀ ਨਹੀਂ ਰਹੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਰਜਿਸਟਰੀ ਨੂੰ ਲੈ ਕੇ ਜੇਕਰ ਕਿਸੇ ਨੂੰ ਸ਼ਿਕਾਇਤ ਹੈ ਤਾਂ ਵਟਸਐਪ ਰਾਹੀਂ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨਾਗਰਿਕ ਪਾਸੋਂ ਰਿਸ਼ਵਤ ਮੰਗੀ ਜਾਂਦੀ ਹੈ ਤਾਂ ਵਟਸਐਪ ਲਿੰਕ ਰਾਹੀਂ ਤੁਰੰਤ ਸ਼ਿਕਾਇਤ ਦਰਜ ਕਰਵਾ ਸਕਦਾ ਹੈ ਅਤੇ ਰਿਸ਼ਵਤ ਮੰਗਣ ਵਾਲੇ ਅਧਿਕਾਰੀ ਖਿਲਾਫ਼ ਕੀਤੀ ਗਈ ਕਾਰਵਾਈ ਬਾਰੇ ਤਾਜ਼ਾ ਜਾਣਕਾਰੀ ਵੀ ਮਿਲੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੂਨਮ ਸਿੰਘ ਤੋਂ ਇਲਾਵਾ ਜ਼ਿਲ੍ਹੇ ਨਾਲ ਸਬੰਧਤ ਵਸੀਕਾ ਨਵੀਸ ਆਦਿ ਹਾਜ਼ਰ ਸਨ।

# ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਨੇ ਨੌਜਵਾਨਾਂ ਲਈ ਮਾਰਕੀਟ: ਲਿੰਕਡ ਪ੍ਰੋਡੈਕਟ ਲਾਂਚ ਕੀਤਾ

**ਜਲੰਧਰ/ਅੰਮ੍ਰਿਤਸਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ÓICICIPru ਸਮਾਰਟ ਇੰਸ਼ੋਰੈਂਸ ਪਲਾਨ ਪਲੱਸ’ ਲਾਂਚ ਕੀਤਾ ਹੈ। ਇਹ ਇੱਕ ਮਾਰਕੀਟ- ਲਿੰਕਡ ਪ੍ਰੋਡੈਕਟ ਹੈ ਜੋ ਗਾਹਕਾਂ ਨੂੰ ਲੰਬੇ ਸਮੇਂ ਵਿੱਚ ਦੌਲਤ ਬਣਾਉਣ ਵਿੱਚ ਮਦਦ ਕਰਨ ਲਈ ਤਿਆਰ ਕੀਤਾ ਗਿਆ ਹੈ। ਇਸ ਉਤਪਾਦ ਨੂੰ ਸਿਰਫ਼ 1000 ਰੁਪਏ ਦੇ ਮਾਸਿਕ ਪ੍ਰੀਮੀਅਮ ’ਤੇ ਖਰੀਦਿਆ ਜਾ ਸਕਦਾ ਹੈ। ਇਸ ਨਾਲ, ਨੌਜਵਾਨ ਗਾਹਕ ਆਸਾਨੀ ਨਾਲ ਨਿਯਮਤ ਨਿਵੇਸ਼ ਕਰ ਸਕਦੇ ਹਨ ਅਤੇ ਆਪਣੇ ਲੰਬੇ ਸਮੇਂ ਦੇ ਵਿੱਤੀ ਟੀਚਿਆਂ ਨੂੰ ਪੂਰਾ ਕਰ ਸਕਦੇ ਹਨ। ਇਸ ਵਿੱਚ ਜੀਵਨ ਬੀਮੇ ਦਾ ਲਾਭ ਵੀ ਸ਼ਾਮਲ ਹੈ, ਜੋ ਗਾਹਕ ਦੇ ਪਰਿਵਾਰ ਨੂੰ ਉਸਦੀ ਗੈਰਹਾਜ਼ਰੀ ਵਿੱਚ ਵਿੱਤੀ ਸੁਰੱਖਿਆ ਪ੍ਰਦਾਨ ਕਰਦਾ ਹੈ। ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਮੁੱਖ ਪ੍ਰੋਡੈਕਟ ਅਤੇ ਵੰਡ ਅਧਿਕਾਰੀ ਸ਼੍ਰੀ ਅਮਿਤ ਪਲਟਾ ਨੇ ਕਿਹਾ, “ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਵੱਡੀ ਅਰਥਵਿਵਸਥਾ ਹੈ ਅਤੇ ਮੋਰਗਨ ਸਟੇਨਲੀ ਦੇ ਅਨੁਸਾਰ 2028 ਤੱਕ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗੀ। ਦੇਸ਼ ਦੀ ਵਿਕਾਸ ਯਾਤਰਾ ਨੌਜਵਾਨਾਂ ਦੁਆਰਾ ਚਲਾਈ ਜਾ ਰਹੀ ਹੈ, ਜੋ ਕੁੱਲ ਆਬਾਦੀ ਦਾ ਲਗਭਗ 65% ਹਨ। ਯੂਨਿਟ ਲਿੰਕਡ ਬੀਮਾ ਯੋਜਨਾਵਾਂ (ULIPs) ਦੌਲਤ ਸਿਰਜਣ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਹਨ। ਨੌਜਵਾਨਾਂ ਨੂੰ ਜਲਦੀ ਨਿਵੇਸ਼ ਸ਼ੁਰੂ ਕਰਨ ਅਤੇ ਲੰਬੇ ਸਮੇਂ ਲਈ ਨਿਵੇਸ਼ ਵਿੱਚ ਬਣੇ ਰਹਿਣ ਲਈ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ, ਅਸੀਂ ਆਈਸੀਆਈਸੀਆਈ ਪ੍ਰੂ ਸਮਾਰਟ ਬੀਮਾ ਯੋਜਨਾ ਪਲੱਸ ਲਾਂਚ ਕੀਤੀ ਹੈ। ਇਹ ਇੱਕ ਕਿਫਾਇਤੀ ਅਤੇ ਟੈਕਸ-ਕੁਸ਼ਲ ਉਤਪਾਦ ਹੈ ਜਿੱਥੇ ਨੌਜਵਾਨ ਪ੍ਰਤੀ ਮਹੀਨਾ ਸਿਰਫ਼ 1000 ਰੁਪਏ ਨਾਲ ਨਿਵੇਸ਼ ਸ਼ੁਰੂ ਕਰ ਸਕਦੇ ਹਨ।”ਸ਼੍ਰੀ ਅਮਿਤ ਪਲਟਾ ਨੇ ਅੱਗੇ ਕਿਹਾ, “ਇਸ ਪ੍ਰੋਡੈਕਟ ਦੇ ਨਿਸ਼ਾਨਾ ਗਾਹਕ ਨੂੰ ਧਿਆਨ ਵਿੱਚ ਰੱਖਦੇ ਹੋਏ, ਜੋ ਬ੍ਰਾਂਡਾਂ ਅਤੇ ਪ੍ਰੋਡੈਕਟ ਨਾਲ ਡਿਜੀਟਲ ਰੂਪ ਵਿੱਚ ਜੁੜਨਾ ਪਸੰਦ ਕਰਦੇ ਹਨ, ਅਸੀਂ ਪੂਰੀ ਖਰੀਦ ਪ੍ਰਕਿਰਿਆ ਨੂੰ ਡਿਜੀਟਲਾਈਜ਼ ਕੀਤਾ ਹੈ।”ਉਨ੍ਹਾਂ ਅੱਗੇ ਕਿਹਾ, TICICIPru ਸਮਾਰਟ ਇੰਸ਼ੋਰੈਂਸ ਪਲਾਨ ਪਲੱਸ ਗਾਹਕਾਂ ਨੂੰ 25 ਦਿਨਾਂ ਦੇ ਨਿਵੇਸ਼ ਨਾਲ 25 ਦਿਨਾਂ ਦਾ ਨਿਵੇਸ਼ ਪ੍ਰਦਾਨ ਕਰਦਾ ਹੈ। ਕਈ ਫੰਡਾਂ ਅਤੇ ਚਾਰ ਪੋਰਟਫੋਲੀਓ ਰਣਨੀਤੀਆਂ ਦਾ ਵਿਕਲਪ ਹੈ। ਗਾਹਕ ਬਿਨਾਂ ਕਿਸੇ ਵਾਧੂ ਖਰਚੇ ਜਾਂ ਟੈਕਸਾਂ ਦੇ ਆਪਣੀਆਂ ਜ਼ਰੂਰਤਾਂ ਅਨੁਸਾਰ ਫੰਡਾਂ ਵਿਚਕਾਰ ਸਵਿਚ ਕਰ ਸਕਦੇ ਹਨ। ਇਸ ਤੋਂ ਇਲਾਵਾ, ਇਹ ਯੋਜਨਾ ਜੀਵਨ ਬੀਮਾ ਸੁਰੱਖਿਆ ਪ੍ਰਦਾਨ ਕਰਦੀ ਹੈ, ਜਿਸ ਨਾਲ ਪਰਿਵਾਰ ਲਈ ਵਿੱਤੀ ਸਥਿਰਤਾ ਯਕੀਨੀ ਬਣਦੀ ਹੈ। ਇੱਕ ਵਿਲੱਖਣ ਵਿਕਲਪ ਦੇ ਤੌਰ ’ਤੇ, ਗਾਹਕ ‘ਪ੍ਰੀਮੀਅਮ ਛੋਟ’ ਐਡ-ਆਨ ਲਾਭ ਦੀ ਚੋਣ ਵੀ ਕਰ ਸਕਦੇ ਹਨ, ਤਾਂ ਜੋ ਉਨ੍ਹਾਂ ਦੀ ਲੰਬੇ ਸਮੇਂ ਦੀ ਬੱਚਤ ਯੋਜਨਾ ਪ੍ਰਭਾਵਿਤ ਨਾ ਹੋਵੇ ਭਾਵੇਂ ਪਾਲਿਸੀਧਾਰਕ ਕਿਸੇ ਕਾਰਨ ਕਰਕੇ ਆਲੇ-ਦੁਆਲੇ ਨਾ ਹੋਵੇ। ÷ਇਸ ਉਤਪਾਦ ਦੀ ਸ਼ੁਰੂਆਤ ਇਸ ਗੱਲ ਨੂੰ ਉਜਾਗਰ ਕਰਦੀ ਹੈ ਕਿ ਅਸੀਂ ਲਗਾਤਾਰ ਅਜਿਹੇ ਹੱਲ ਲਿਆ ਰਹੇ ਹਾਂ ਜੋ ਗਾਹਕਾਂ ਦੀਆਂ ਬਦਲਦੀਆਂ ਜ਼ਰੂਰਤਾਂ ਨੂੰ ਪੂਰਾ ਕਰਦੇ ਹਨ। ਇਹ ਇੱਕ ਕਿਫਾਇਤੀ ਵਿਕਲਪ ਹੈ ਜੋ ਕਿਸੇ ਨੂੰ ਵਿਸ਼ਵਾਸ, ਸਪਸ਼ਟਤਾ ਅਤੇ ਸੰਤੁਲਨ ਨਾਲ ਆਪਣੇ ਭਵਿੱਖ ਲਈ ਯੋਜਨਾ ਬਣਾਉਣ ਦੇ ਯੋਗ ਬਣਾਉਂਦਾ ਹੈ, ਉਨ੍ਹਾਂ ਅੱਗੇ ਕਿਹਾ।

# ਪਟਿਆਲਾ ਪੁਲਿਸ ਨੇ ਲਾਈਵ ਮੁਕਾਬਲੇ ਦੌਰਾਨ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਬੱਬੂ ਨੂੰ ਗ੍ਰਿਫ਼ਤਾਰ ਕੀਤਾ : ਐਸਐਸਪੀ ਵਰੁਣ ਸ਼ਰਮਾ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਪੁਲਿਸ ਨੇ ਅੱਜ ਸ਼ਾਮ ਇੱਕ ਲਾਈਵ ਮੁਕਾਬਲੇ ਦੌਰਾਨ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਬੱਬੂ ਪੁੱਤਰ ਗੁਰਚਰਨ ਸਿੰਘ ਨਿਵਾਸੀ ਪਿੰਡ ਨਨਹੇੜਾ, ਥਾਣਾ ਘੱਗਾ ਨੂੰ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ।ਇਸ ਕੋਲੋਂ 6 ਪਿਸਤੌਲ, 36 ਜ਼ਿੰਦਾ ਕਾਰਤੂਸ ਤੇ ਚੋਰੀ ਦਾ ਸਕੂਟਰ ਵੀ ਬਰਾਮਦ ਹੋਇਆ ਹੈ।

ਐਸਐਸਪੀ ਪਟਿਆਲਾ ਵਰੁਣ ਸ਼ਰਮਾ ਸਰਹਿੰਦ ਰੋਡ ‘ਤੇ ਘਟਨਾ ਸਥਾਨ ‘ਤੇ ਪਹੁੰਚੇ ਅਤੇ ਮੀਡੀਆ ਨੂੰ ਪੁਲਿਸ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਉਸ ਵਿਰੁੱਧ ਹਥਿਆਰਾਂ ਦੀ ਵਰਤੋਂ ਕਰਕੇ ਡਕੈਤੀ ਅਤੇ ਚੋਰੀ ਦੀਆਂ 5 ਐਫਆਈਆਰ ਦਰਜ ਸਨ। ਹਾਲ ਹੀ ਦੇ ਸਮੇਂ ਦੌਰਾਨ, ਉਸਨੇ ਬੈਂਕ ਦੇ ਸੁਰੱਖਿਆ ਗਾਰਡ ਤੋਂ ਹਥਿਆਰ ਖੋਹ ਕੇ ਬੈਂਕ ਡਕੈਤੀ ਕੀਤੀ ਹੈ।

ਐਸਐਸਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਅੱਜ ਇੰਚਾਰਜ ਸੀਆਈਏ ਸਟਾਫ ਪ੍ਰਦੀਪ ਬਾਜ਼ਵਾ ਨੂੰ ਸਰਹਿੰਦ ਰੋਡ ਪਟਿਆਲਾ ‘ਤੇ ਉਸਦੀ ਗਤੀਵਿਧੀ ਬਾਰੇ ਗੁਪਤ ਸੂਚਨਾ ਮਿਲੀ ਸੀ ਜਦੋਂ ਉਕਤ ਦੋਸ਼ੀ ਆਪਣੇ ਅਮਰੀਕਾ ਅਧਾਰਤ ਹੈਂਡਲਰ ਕਰਨ ਯੂਐਸਏ ਤੋਂ ਪਾਰਸਲ ਦੇ ਰੂਪ ਵਿੱਚ .30 ਬੋਰ ਅਮਰੀਕੀ ਪਿਸਤੌਲ ਪ੍ਰਾਪਤ ਕਰਕੇ ਵਾਪਸ ਆ ਰਿਹਾ ਸੀ ਤਾਂ ਇਸ ਨੂੰ ਸਰਹਿੰਦ ਰੋਡ ‘ਤੇ ਇੱਕ ਜਗ੍ਹਾ ਪੁਲਿਸ ਨੇ ਲਲਕਾਰਿਆ। ਇਸ ਦੌਰਾਨ ਉਸ ਨੇ ਆਪਣੀ ਗੈਰ-ਕਾਨੂੰਨੀ ਪਿਸਤੌਲ ਨਾਲ ਪੁਲਿਸ ਪਾਰਟੀ ‘ਤੇ 3 ਰਾਊਂਡ ਗੋਲੀਬਾਰੀ ਕੀਤੀ ਅਤੇ ਇੱਕ ਰਾਊਂਡ ਸੀਆਈਏ ਟੀਮ ਦੁਆਰਾ ਵਰਤੀ ਜਾ ਰਹੀ ਗੱਡੀ ‘ਤੇ ਜਾ ਵੱਜਿਆ ਪਰ ਲਾਈਵ ਮੁਕਾਬਲੇ ਦੌਰਾਨ ਪੁਲਿਸ ਪਾਰਟੀ ਨੇ ਜਵਾਬੀ ਕਾਰਵਾਈ ਦੌਰਾਨ ਬਹੁਤ ਸੰਜਮ ਦਿਖਾਉਂਦੇ ਹੋਏ ਕੁਝ ਗੋਲੀਆਂ ਚਲਾਈਆਂ ਅਤੇ ਉਸਦੀ ਇੱਕ ਗੋਲੀ ਉਸਦੀ ਲੱਤ ਵਿੱਚ ਲੱਗ ਗਈ। ਇਸ ਮੌਕੇ ਉਸ ਨੂੰ ਤੁਰੰਤ ਕਾਬੂ ਕਰ ਲਿਆ ਗਿਆ।



ਐਸਐਸਪੀ ਨੇ ਕਿਹਾ ਕਿ ਉਸਨੂੰ ਡਾਕਟਰੀ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ।

ਐਸਐਸਪੀ ਨੇ ਅੱਗੇ ਕਿਹਾ ਕਿ ਇਸ ਹਥਿਆਰ ਦੀ ਵਰਤੋਂ ਕਰਕੇ ਉਹ ਕੋਈ ਵੱਡਾ ਅਪਰਾਧ ਜਾਂ ਟਾਰਗੇਟ ਕਿਲਿੰਗ ਕਰ ਸਕਦਾ ਹੈ, ਇਸ ਬਾਰੇ ਪੁਲਿਸ ਨੂੰ ਪੁਖਤਾ ਜਾਣਕਾਰੀ ਸੀ। ਦੋਸ਼ੀ ਤੋਂ ਹਥਿਆਰਾਂ ਦੀ ਬਰਾਮਦਗੀ ਬਾਰੇ ਜਾਣਕਾਰੀ ਦਿੰਦੇ ਹੋਏ, ਐਸਐਸਪੀ ਨੇ ਕਿਹਾ ਕਿ ਪਿਸਤੌਲ ਗ੍ਰੇਟਾ .30 ਬੋਰ, ਮੇਡ ਇਨ ਯੂਐਸਏ, ਕੰਟਰੀ ਮੇਡ .32 ਬੋਰ ਪਿਸਤੌਲ, ਕੰਟਰੀ ਮੇਡ .32 ਬੋਰ ਰਿਵਾਲਵਰ, ਕੰਟਰੀ ਮੇਡ (ਦੇਸੀ ਕੱਟਾ)315 ਬੋਰ, ਕੰਟਰੀ ਮੇਡ (ਦੇਸੀ ਕੱਟਾ), 315 ਬੋਰ, ਕੰਟਰੀ ਮੇਡ (ਦੇਸੀ ਕੱਟਾ), 22 ਬੋਰ ਸਮੇਤ 36 ਜ਼ਿੰਦਾ ਕਾਰਤੂਸ ਅਤੇ ਉਸ ਵਲੋਂ ਪਟਿਆਲਾ ਦੇ ਤ੍ਰਿਪੜੀ ਖੇਤਰ ਤੋਂ ਚੋਰੀ ਕੀਤਾ ਇੱਕ ਸਕੂਟਰ ਚੋਰੀ ਵੀ ਬਰਾਮਦ ਕੀਤਾ ਗਿਆ ਹੈ। ਐਸਐਸਪੀ ਦੇ ਨਾਲ ਐਸਪੀ ਇਨਵੈਸਟੀਗੇਸ਼ਨ ਗੁਰਬੰਸ ਸਿੰਘ ਬੈਂਸ ਅਤੇ ਹੋਰ ਪੁਲਿਸ ਅਧਿਕਾਰੀ ਵੀ ਮੌਜੂਦ ਸਨ।

# ਕਾਸੋ ਆਪਰੇਸ਼ਨ ਤਹਿਤ ਮਾਛੀਵਾੜਾ ਪੁਲਿਸ ਵੱਲੋਂ,ਦੋ ਪੁੱਤਰਾ ਸਮੇਤ ਮਾਂ ਕੋਲੋਂ 30 ਗ੍ਰਾਮ ਹੈਰੋਇਨ 90 ਹਜਾਰ ਡਰੱਗ ਮਨੀ ਬਰਾਮਦ

**ਮਾਛੀਵਾੜਾ ਸਾਹਿਬ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਿਆਂ ਦੀ ਰੋਕਥਾਮ ਲਈ ਪੰਜਾਬ ਸਰਕਾਰ ਦਿਨ ਪ੍ਰਤੀ ਦਿਨ ਹੋਰ ਸਖਤ ਹੁੰਦੀ ਜਾ ਰਹੀ।ਪੰਜਾਬ ਅੰਦਰ ਨਸ਼ਿਆਂ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮਾਛੀਵਾੜਾ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਪ੍ਰਾਪਤ ਹੋਈ ਜਦੋਂ ਨੇੜਲੇ ਪਿੰਡ ਤੋਂ ਦੋ ਨੌਜਵਾਨ ਅਤੇ ਉਹਨਾਂ ਦੀ ਮਾਤਾ ਕੋਲੋਂ 30 ਗ੍ਰਾਮ ਹੈਰੋਇਨ ਅਤੇ 90 ਹਜਾਰ ਡਰੱਗ ਮਨੀ ਬਰਾਮਦ ਹੋਈ।ਪ੍ਰੈਸ ਕਾਨਫਰੰਸ ਕਰਦਿਆਂ ਥਾਣਾ ਮਾਛੀਵਾੜਾ ਸਾਹਿਬ ਵਿਖੇ ਏ.ਐਸ.ਆਈ. ਕਰਨੈਲ ਸਿੰਘ ਨੇ ਦੱਸਿਆ ਕਿ ਡਾ. ਜੋਤੀ ਯਾਦਵ ਆਈ.ਪੀ.ਐਸ .ਮਾਨਯੋਗ ਸੀਨੀਅਰ ਕਪਤਾਨ ਪੁਲਿਸ ਜ਼ਿਲ੍ਹਾ ਖੰਨਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਤਰਲੋਚਨ ਸਿੰਘ ਪੀ.ਪੀ.ਐਸ. ਉਪ ਕਪਤਾਨ ਪੁਲਿਸ ਸਮਰਾਲਾ ਦੀ ਦੇਖ ਦੇਖ ਹੇਠ ਥਾਣਾ ਮਾਛੀਵਾੜਾ ਸਾਹਿਬ ਦੇ ਇਲਾਕਾ ਵਿੱਚ ਕਾਸੋ ਸਰਚ ਆਪ੍ਰੇਸ਼ਨ ਚਲਾਇਆ ਗਿਆ ਸੀ। ਇਸ ਮੁਹਿੰਮ ਤਹਿਤ ਨੇੜਲੇ ਪਿੰਡ ਤੱਖਰਾਂ ਵਿਖੇ ਇੱਕ ਘਰ ਦੀ ਤਲਾਸ਼ੀ ਕੀਤੀ ਗਈ ਸੀ। ਜਿਸ ਦੌਰਾਨ ਪ੍ਰਭਜੋਤ ਸਿੰਘ, ਨਵਜੋਤ ਸਿੰਘ



ਪੁੱਤਰ ਜਗਤਾਰ ਸਿੰਘ ਅਤੇ ਬੇਅੰਤ ਕੌਰ ਪਤਨੀ ਜਗਤਾਰ ਸਿੰਘ ਵਾਸੀ ਪਿੰਡ ਤੱਖਰਾਂ, ਕੋਲੋਂ 30 ਗ੍ਰਾਮ ਹੈਰੋਇਨ ਅਤੇ 90,000/- ਰੁਪਏ ਦੀ ਡਰੱਗ ਮਨੀ ਬ੍ਰਾਮਦ ਕੀਤੀ ਗਈ ਹੈ। ਇਹਨਾਂ ਦੋਸ਼ੀਆਂ ਦੇ ਖਿਲਾਫ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮਾ ਦਰਜ਼ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ। ਹੋਰ ਤਫਤੀਸ਼ ਲਈ ਪੁਲਸ ਵੱਲੋਂ ਦੋ ਦਿਨ ਦੀ ਰਿਮਾਂਡ ਹਾਸਲ ਕੀਤਾ ਗਿਆ ਹੈ। ਪ੍ਰਭਜੋਤ ਸਿੰਘ ਉਪਰ ਪਹਿਲਾਂ ਹੀ ਰਾਜਸਥਾਨ ਵਿਖੇ ਇਕ ਭੁੱਕੀ ਦਾ ਮਾਮਲਾ ਦਰਜ ਹੈ ਜਿਸ ਦੌਰਾਨ ਉਹ ਸਜ਼ਾ ਕੱਟ ਚੁੱਕਾ ਹੈ।

# ਖ਼ਾਲੀ ਪਏ ਪਲਾਟਾਂ ਦੀ ਸਫ਼ਾਈ ਕਰਵਾਉਣ ਲਈ ਪਲਾਟ ਮਾਲਕ ਨੂੰ ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹੁਕਮ ਜਾਰੀ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਨੇ ਖੜੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਲੋਕਾਂ ਨੂੰ ਬਚਾਉਣ ਲਈ ਸਖਤ ਫ਼ੈਸਲਿਆਂ ਲੈਂਦਿਆਂ ਜ਼ਿਲ੍ਹੇ ਵਿੱਚ ਪਏ ਖ਼ਾਲੀ ਪਲਾਟਾਂ ਤੇ ਮਾਲਕਾਂ ਨੂੰ ਆਪਣੇ ਖ਼ਾਲੀ ਪਲਾਟਾਂ ਦੀ ਸਾਫ਼ ਸਫ਼ਾਈ ਕਰਵਾਉਣ ਦੇ ਆਦੇਸ਼ ਜਾਰੀ ਕੀਤੇ ਹਨ। ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਪਟਿਆਲਾ ਦੀ ਹਦੂਦ ਅੰਦਰ ਨਿੱਜੀ ਕਬਜ਼ੇ/ਮਾਲਕੀ ਵਾਲੇ ਖ਼ਾਲੀ ਪਏ ਪਲਾਟਾਂ ਵਿੱਚ ਕੂੜੇ-ਕਰਕਟ, ਗੰਦਗੀ ਅਤੇ ਮੀਂਹ ਦੇ ਰੁਕੇ ਹੋਏ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਤੁਰੰਤ ਸਾਫ਼ ਸਫ਼ਾਈ ਆਪਣੇ ਪੱਧਰ ’ਤੇ ਕਰਵਾਉਣ ਦੇ ਹੁਕਮ ਦਿੱਤੇ ਗਏ ਗਏ। ਇਸ ਤੋਂ ਇਲਾਵਾ ਪਲਾਟ ਮਾਲਕਾਂ ਨੂੰ ਆਪਣੀ ਮਾਲਕੀ ਵਾਲੇ ਖ਼ਾਲੀ ਪਲਾਟ ਦੇ ਆਲੇ-ਦੁਆਲੇ ਪੱਕੀ ਚਾਰ ਦੀਵਾਰੀ ਜਾਂ ਫੈਨਸਿੰਗ ਕਰਵਾਉਣੀ ਯਕੀਨੀ ਬਣਾਉਣ ਜਾਂ ਪਲਾਟ ਵਿੱਚ ਕੂੜਾ ਕਰਕਟ ਇਕੱਠਾ ਹੋਣ ਤੋਂ ਰੋਕਣ ਲਈ ਪ੍ਰਬੰਧ ਕਰਨ ਲਈ ਵੀ ਕਿਹਾ ਗਿਆ ਹੈ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕਮਿਸ਼ਨਰ ਨਗਰ ਨਿਗਮ ਪਟਿਆਲਾ ਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਆਪਣੇ ਆਪਣੇ ਅਧਿਕਾਰ ਖੇਤਰ ਵਿੱਚ ਬੀ.ਐਨ.ਐਸ.ਐਸ ਦੀ ਧਾਰਾ 163 ਰਾਹੀਂ ਜਾਰੀ ਇਨ੍ਹਾਂ ਹੁਕਮਾਂ ਦੀ ਪਾਲਣਾ ਪੰਜਾਬ ਮਿਊਂਸੀਪਲ ਕਾਰਪੋਰੇਸ਼ਨ ਐਕਟ, 1976, ਇਨਵਾਇਨਰਮੈਂਟ (ਪ੍ਰੋਟੈਕਸ਼ਨ) ਐਕਟ, 1986 ਅਤੇ ਮਿਊਂਸੀਪਲ ਸੋਲਿਡ ਵੈਸਟ (ਮੈਨੇਜਮੈਂਟ ਐਂਡ ਹੈਡਲਿੰਗ) ਰੂਲਜ਼, 2016 ਅਧੀਨ ਪ੍ਰਾਪਤ ਅਧਿਕਾਰਾਂ ਤਹਿਤ ਕਰਵਾਉਣੀ ਯਕੀਨੀ ਬਣਾਉਣਗੇ। ਇਨ੍ਹਾਂ ਹੁਕਮਾਂ ਦੀ ਉਲੰਘਣਾਂ ਕਰਨ ਵਾਲੇ ਵਿਅਕਤੀ/ਅਦਾਰਿਆਂ ਵਿਰੁੱਧ ਜਨਤਕ ਸਿਹਤ ਨੂੰ ਨੁਕਸਾਨ ਪਹੁੰਚਾਉਣ ਦੇ ਸਿੱਟੇ ਵਜੋਂ ਉਕਤ ਨਿਯਮਾਂ ਤਹਿਤ ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਪਲਾਟ ਦੀ ਸਾਫ਼ ਸਫ਼ਾਈ ਦਾ ਕੰਮ ਨਗਰ ਨਿਗਮ ਜਾਂ ਨਗਰ ਕੌਂਸਲ/ਪੰਚਾਇਤ ਵੱਲੋਂ ਕਰਵਾਇਆ ਗਿਆ ਜਾਂਦਾ ਹੈ ਤਾਂ ਸਾਫ਼ ਸਫ਼ਾਈ ਤੇ ਹੋਣ ਵਾਲੇ ਖ਼ਰਚ ਦੀ ਰਿਕਵਰੀ ਪਲਾਟ ਦੇ ਕਾਬਜ਼/ਮਾਲਕ ਪਾਸੋਂ ਕੀਤੀ ਜਾਵੇਗੀ।

# “ਫੂਡ ਸੇਫਟੀ ਵੈਨ” ਕੋਲ ਕਰਵਾਓ ਖਾਣ ਪੀਣ ਵਾਲੀਆਂ ਚੀਜ਼ਾਂ ਦੀ ਗੁਣਵੱਤਾ ਜਾਂਚ: ਸਿਵਲ ਸਰਜਨ

**ਬਰਨਾਲਾ, 2 ਜੁਲਾਈ**
**-ਰਾਕੇਸ਼ ਗੋਇਲ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਮਿਸ਼ਨਰ ਫੂਡ ਸੇਫਟੀ ਪੰਜਾਬ ਵੱਲੋਂ ਜ਼ਿਲ੍ਹਾ ਬਰਨਾਲਾ ਲਈ ਇੱਕ ਫੂਡ ਸੇਫਟੀ ਵੈਨ ਮੁਹਈਆ ਕਰਵਾਈ ਗਈ ਹੈ ਜਿਸ ਰਾਹੀਂ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਖਾਣ - ਪੀਣ ਦੀਆਂ ਵਸਤਾਂ ਨੂੰ ਜ਼ਿਲ੍ਹਾ ਬਰਨਾਲਾ ਵਿੱਚ ਹੀ ਫੂਡ ਸੇਫਟੀ ਵੈਨ ਰਾਹੀਂ ਟੈਸਟ ਕਰਵਾਇਆ ਜਾ ਸਕਦਾ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਾ. ਬਲਜੀਤ ਸਿੰਘ ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਸਿਹਤ ਵਿਭਾਗ ਬਰਨਾਲਾ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਿਸ਼ਾ ਨਿਰਦੇਸ਼ ਅਧੀਨ ਇਸ ਫੂਡ ਸੇਫਟੀ ਵੈਨ ਰਾਹੀਂ ਵੱਖ ਵੱਖ ਖਾਣ ਪੀਣ ਵਾਲੀਆਂ ਚੀਜ਼ਾਂ ਦੇ ਸੈਂਪਲ ਜਿਵੇਂ ਕਿ ਦੁੱਧ, ਮਸਾਲੇ, ਪਾਣੀ ਤੇਲ, ਘਿਓ ਆਦਿ ਦੇ ਵੱਖ ਵੱਖ ਸੈਂਪਲ ਟੈਸਟ 50 ਰੁਪਏ ਪ੍ਰਤੀ ਸੈਂਪਲ ਟੈਸਟਿੰਗ ਫ਼ੀਸ ਨਾਲ ਚੈੱਕ ਕਰਵਾਏ ਜਾ ਸਕਦੇ ਹਨ।

ਡਾ. ਜਸਪ੍ਰੀਤ ਸਿੰਘ ਜ਼ਿਲ੍ਹਾ ਸਿਹਤ ਅਫ਼ਸਰ ਬਰਨਾਲਾ ਨੇ ਦੱਸਿਆ ਕਿ ਆਪਣੀਆਂ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਜਾਂਚ ਲਈ ਸਾਨੂੰ ਜ਼ਿਲੇ ਵਿੱਚ ਮੌਜੂਦ ਇਸ ਫੂਡ ਸੇਫਟੀ ਵੈਨ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ ਅਤੇ ਲੋਕਾਂ ਨੂੰ ਵੀ ਇਹ ਟੈਸਟਿੰਗ ਕਰਵਾਉਣ ਲਈ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ।

ਮੈਡਮ ਸੀਮਾ ਫੂਡ ਸੇਫਟੀ ਅਫ਼ਸਰ ਨੇ ਕਿਹਾ ਕਿ ਫੂਡ ਸੇਫਟੀ ਵੈਨ ਅਤਿ ਆਧੁਨਿਕ ਟੈਸਟਿੰਗ ਮਸ਼ੀਨਾਂ ਨਾਲ ਲੈਸ ਹੈ, ਜਿਸ ਰਾਹੀਂ ਇਹ ਟੈਸਟ ਕੀਤੇ ਜਾਣੇ ਹਨ।

ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਕਿਸੇ ਵੀ ਕੰਮ ਕਾਜ ਵਾਲੇ ਦਿਨ ਦਫ਼ਤਰ ਸਿਵਲ ਸਰਜਨ ਬਰਨਾਲਾ ਦੀ ਫੂਡ ਸੇਫਟੀ ਸ਼ਾਖਾ ਬਰਨਾਲਾ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮ ਸ਼ਲਾਘਾਯੋਗ : ਐਸ ਪੀ ਜਸਬੀਰ ਸਿੰਘ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲਾ ਸਾਂਝ ਕੇਂਦਰ ਪਟਿਆਲਾ ਵਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਮਾਨਯੋਗ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ ਅਤੇ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਿਊਨਿਟੀ ਅਫੇਅਰ ਗੁਰਪ੍ਰੀਤ ਕੌਰ ਦਿਉਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡੀ ਆਈ ਜੀ ਪਟਿਆਲਾ ਰੇਜ ਡਾਕਟਰ ਨਾਨਕ ਸਿੰਘ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ ਅਤੇ ਨੋਡਲ ਅਫ਼ਸਰ ਕਮਿਊਨਿਟੀ ਅਫੇਅਰ ਪਟਿਆਲਾ ਵੈਭਵ ਚੋਧਰੀ ਦੀ ਅਗਵਾਈ ਸਰਪ੍ਰਸਤੀ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ,ਸਾਂਝ ਸੰਪਰਕ, ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਆਯੋਜਿਤ ਕੀਤੇ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਐਸ ਪੀ ਅਪ੍ਰੇਸ਼ਨ ਜਸਬੀਰ ਸਿੰਘ ਨਾਲ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਉਪਕਾਰ ਸਿੰਘ,ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ,ਭਿੰਦਰ ਜਲਵੇੜਾ ਨੇ ਮੁਲਾਕਾਤ ਕੀਤੀ,ਇਸ ਮੌਕੇ ਐਸ ਪੀ ਜਸਬੀਰ ਸਿੰਘ ਨੇ ਸੰਬੋਧਨ ਕਰਦਿਆ ਨਸ਼ਿਆਂ ਦੀ ਮੰਗ ਖ਼ਤਮ ਕਰਨ ਲਈ ਸਮਾਜ ਨੂੰ ਪੁਲਿਸ ਦਾ ਸਹਿਯੋਗ ਕਰਨ ਦਾ ਸੱਦਾ ਦਿੱਤਾ ਉਹਨਾਂ ਕਿਹਾ ਕਿ ਨਸ਼ਿਆਂ ਦੀ ਲਤ ਨੂੰ ਗੰਭੀਰ ਬਿਮਾਰੀ ਦੱਸਦਿਆਂ ਕਿਹਾ ਕਿ ਪਟਿਆਲਾ ਪੁਲਿਸ ਇਸ ਦੇ ਸ਼ਿਕਾਰ ਵਿਅਕਤੀਆਂ ਦੇ ਇਲਾਜ ਲਈ ਪੂਰਾ ਸਹਿਯੋਗ ਕਰ ਰਹੀ ਹੈ ,ਕਿਉਂਕਿ ਪੰਜਾਬ ਸਰਕਾਰ ਨੇ ਕਿਸੇ ਕਾਰਨ ਨਸ਼ਿਆਂ ਦੀ ਲਤ ਦੇ ਸਿਕਾਰ ਵਿਅਕਤੀ ਬੀਮਾਰ ਮੰਨ ਕੇ ਇਲਾਜ ਕਰਵਾਉਣ ਦੀ ਨੀਤੀ ਬਣਾਈ ਹੈ, ਨੋਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਦਿਆ ਕਿਹਾ ਕਿ 15 ਤੋਂ 35 ਸਾਲ ਦੀ ਉਮਰ ਤੱਕ ਨਸ਼ਿਆਂ ਦੀ ਲਤ ਲੱਗਣ ਦਾ ਖਤਰਾ ਸਭ ਤੋਂ ਜ਼ਿਆਦਾ ਹੁੰਦਾ ਹੈ, ਇਸ ਲਈ ਨੋਜਵਾਨ ਕਿਸੇ ਵੀ ਤਰ੍ਹਾਂ ਦੀ ਦੋਸਤੀ ਦੇ ਵਾਸਤੇ ਪਾ ਕੇ ਨਸ਼ੇ ਦੀ ਲਤ ਲਗਾਉਣ ਵਾਲੇ ਤੋ ਦੂਰ ਰਹਿਕੇ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦੇਣ। ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਪੁਲਿਸ ਵੱਲੋਂ ਗੁਪਤ ਰੱਖਿਆ ਜਾਂਦਾ ਹੈ ਇਸ ਲਈ ਬਗੈਰ ਕਿਸੇ ਡਰ ਭੈਅ ਤੋਂ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦਿੱਤੀ ਜਾਵੇ ਤਾਂ ਹੀ ਅਸੀਂ ਨਸ਼ਿਆਂ ਨੂੰ ਪੰਜਾਬ ਵਿਚੋਂ ਜੜ੍ਹੋਂ ਖ਼ਤਮ ਕਰ ਸਕਾਂਗੇ ਉਹਨਾਂ ਨੋਜਵਾਨਾਂ ਨੂੰ ਖੇਡਾਂ ਵੱਲ ਵੱਧ ਤੋਂ ਵੱਧ ਰੁੱਚੀ ਲੈਣ ਲਈ ਵੀ ਪ੍ਰੇਰਿਤ ਕੀਤਾ।




ਇਸ ਮੌਕੇ ਉਹਨਾਂ ਕਿਹਾ ਕਿ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ, ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮ ਸ਼ਲਾਘਾਯੋਗ ਹਨ,ਉਹਨਾਂ ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਉਹਨਾਂ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹਨਾਂ ਵਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਪੁਲਿਸ ਨੂੰ ਜ਼ੋ ਸਹਿਯੋਗ ਦਿੱਤਾ ਜਾ ਰਿਹਾ ਹੈ ਉਹੋ ਬਹੁਤ ਹੀ ਪ੍ਰਸੰਸਾਯੋਗ ਉਪਰਾਲਾ ਹੈ।

# ਭਾਵਾਧਸ ਅਤੇ ਵਾਲਮੀਕਿ ਭਾਈਚਾਰੇ ਨੇ ਚੌਕ ਦਾ ਨਾਮ ਸੰਵਿਧਾਨ ਚੌਕ ਰੱਖਣ ਦੀ ਮੰਗ ਨੂੰ ਲੈ ਕੇ ਵਧੀਕ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ



**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਰਾਣੇ ਬੱਸ ਸਟੈਂਡ ਨਜ਼ਦੀਕ ਬੱਤੀਆਂ ਵਾਲੇ ਚੌਂਕ ਦਾ ਨਾਮ ਸੰਵਿਧਾਨ ਚੌਂਕ ਰੱਖਣ ਅਤੇ ਨਾਲ ਲੱਗਦੇ ਅੰਬੇਡਕਰ ਪਾਰਕ ਵਿੱਚ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਨਾਮ ਤੇ ਇੱਕ ਲਾਇਬ੍ਰੇਰੀ ਇੱਥੇ ਸਥਾਪਿਤ ਕਰਨ ਸਬੰਧੀ ਭਾਰਤੀਯ ਵਾਲਮਿਕੀ ਧਰਮ ਸਮਾਜ ਅਤੇ ਵਾਲਮੀਕਿ ਭਾਈਚਾਰੇ ਵੱਲੋਂ ਰਾਸ਼ਟਰੀ ਸਲਾਹਕਾਰ ਵੀਰ ਪ੍ਰੇਮ ਖੋੜਾ ਦੀ ਅਗਵਾਈ ਵਿੱਚ ਪੁਰਜੋਰ ਮੰਗ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ, ਦੇ ਨਾਮ ਇੱਕ ਮੰਗ ਪੱਤਰ ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ ਨੂੰ ਸੌਂਪਿਆ ਗਿਆ। ਇਸ ਤੋਂ ਇਲਾਵਾ ਉਕਤ ਮੰਗ ਪੱਤਰ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਨਗਰ ਨਿਗਮ ਮੇਅਰ ਕੁੰਦਨ ਗੋਗੀਆ ਨੂੰ ਵੀ ਦਿੱਤਾ ਗਿਆ। ਇਸ ਉਪਰਾਂਤ ਵੀਰ ਪ੍ਰੇਮ ਖੋੜਾ ਨੇ ਕਿਹਾ ਕਿ ਸੰਵਿਧਾਨ ਭਾਰਤ ਨੂੰ ਇੱਕ ਪ੍ਰਭੂਸੱਤਾ, ਸੰਪੰਨ, ਸਮਾਜਵਾਦੀ, ਧਰਮ ਨਿਰਪੱਖ ਅਤੇ ਜਮਹੂਰੀ ਗਣਰਾਜ ਘੋਸ਼ਿਤ ਕਰਦਾ ਹੈ ਅਤੇ ਨਾਗਰਿਕਾਂ ਨੂੰ ਨਿਆਂ ਸਮਾਨਤਾ ਅਤੇ ਅਜਾਦੀ ਦਾ ਭਰਪੂਰ ਅਹਿਸਾਸ ਕਰਵਾਉਂਦਾ ਹੈ ਤੇ ਆਪਸੀ ਭਾਇਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਦਾ ਯਤਨ ਕਰਦਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਕਿਸੇ ਵਿਸ਼ੇਸ਼ ਜਾਤੀ ਜਾਂ ਪੰਥ ਨਾਲ ਸਬੰਧਤ ਨਹੀਂ ਹੈ ਸਗੋਂ ਦੇਸ਼ ਦੀ ਜਨਸੰਖਿਆ ਨੂੰ ਇੱਕ ਲੜੀ ਵਿੱਚ ਪਿਰੋਉਣ ਵਾਲਾ ਇੱਕ ਮਾਰਗ ਦਰਸ਼ਕ ਦਸਤਾਵੇਜ਼ ਹੈ। ਅੰਬੇਡਕਰ ਪਾਰਕ ਵਿੱਚ ਲਾਇਬ੍ਰੇਰੀ ਦੀ ਸਥਾਪਨਾ ਦੀ ਮੰਗ ਸਬੰਧੀ ਉਨ੍ਹਾਂ ਕਿਹਾ ਕਿ ਸਿੱਖਿਆ, ਗਿਆਨ ਅਤੇ ਸਮਾਜਿਕ ਨਿਆਂ ਸਬੰਧੀ ਅੰਬੇਡਕਰ ਲਾਇਬ੍ਰੇਰੀ ਦੀ ਅਹਿਮ ਮਹੱਤਤਾ ਹੈ। ਲਾਇਬ੍ਰੇਰੀ ਖੁਲ੍ਹਣ ਨਾਲ ਜਿੱਥੇ ਸ਼ਹਿਰ ਵਾਸੀ ਅਤੇ ਨੌਜਵਾਨ ਪੀੜ੍ਹੀ ਜਿੱਥੇ ਵੱਧ ਤੋਂ ਵੱਧ ਗਿਆਨ ਪ੍ਰਾਪਤ ਕਰੇਗੀ। ਉੱਥੇ ਹੀ ਡਾ. ਅੰਬੇਡਕਰ ਦੇ ਵਿਚਾਰਾਂ ਅਤੇ ਸੰਘਰਸ਼ ਤੇ ਸਿੱਖਿਆਵਾਂ ਤੋਂ ਵੀ ਜਾਣੂੰ ਹੋਵੇਗੀ।

ਇਸ ਮੌਕੇ ਸੋਨੂੰ ਭਲਵਾਨ, ਸੀਮਾ ਵੇਦ, ਸਰਸਵਤੀ ਦੇਵੀ, ਸੰਜੇ ਹੰਸ, ਗੁਰਪਾਲ ਸਿੰਘ ਸਿੱਧੂ, ਅਮਰਜੀਤ ਬਿੱਟੂ ਸੋਢੀ, ਅਮਰਜੀਤ ਸਿੰਘ, ਰਾਜਵਿੰਦਰ ਸਿੰਘ ਰਹਿਲ, ਕੁਲਦੀਪ ਸਿੰਘ ਬੱਗੀ, ਬਲਵੀਰ ਚੰਦ, ਗੁਰਪ੍ਰੀਤ ਸਿੰਘ ਬੱਗੀ, ਨਰੇਸ਼ ਮਸੀਹ, ਨੀਰਜ ਕੁਮਾਰ, ਸੰਜੀਵ ਕੁਮਾਰ ਆਦਿ ਸ਼ਾਮਲ ਸਨ।

## ਸੰਪਾਦਕੀ

# ਬੀਮਾ ਖੇਤਰ ਸਬੰਧੀ ਆਮ ਲੋਕਾਂ ਨੂੰ ਬਿਲਕੁਲ ਜਾਣਕਾਰੀ ਨਹੀਂ ?

ਖਪਤਕਾਰਾਂ ਦਾ ਭਰੋਸਾ ਬੇਸ਼ੱਕ ਬੀਮਾ ਖੇਤਰ ਦੀ ਬੁਨਿਆਦ ਹੋ ਸਕਦਾ ਹੈ, ਪਰ ਤਾਜ਼ਾ ਸਰਵੇਖਣ ਉਨ੍ਹਾਂ ਤਲਖ਼ ਹਕੀਕਤ ਵੱਲ ਇਸ਼ਾਰਾ ਕਰਦਾ ਹੈ ਜੋ ਸਖ਼ਤ ਰੈਗੂਲੇਟਰੀ ਨਿਗਰਾਨੀ ਦੀ ਮੰਗ ਕਰਦੀਆਂ ਹਨ। ਇਸ ਸਰਵੇਖਣ ਦੇ ਸਿੱਟਿਆਂ ਮੁਤਾਬਿਕ ਭਾਰਤ ਵਿੱਚ 65 ਪ੍ਰਤੀਸ਼ਤ ਬੀਮਾ ਪਾਲਿਸੀ ਧਾਰਕਾਂ ਨੂੰ ਲਾਭਾਂ, ਛੋਟਾਂ ਜਾਂ ਦਾਅਵਿਆਂ ਦੀਆਂ ਪ੍ਰਕਿਰਿਆਵਾਂ ਵਰਗੀਆਂ ਜ਼ਰੂਰੀ ਜਾਣਕਾਰੀਆਂ ਬਾਰੇ ਸੀਮਤ ਜਾਂ ਬਿਲਕੁਲ ਵੀ ਸਮਝ ਨਹੀਂ ਹੈ। ਲਗਭਗ 60 ਪ੍ਰਤੀਸ਼ਤ ਨਿਰਭਰ ਲੋਕਾਂ ਨੂੰ ਤਾਂ ਇਹ ਵੀ ਨਹੀਂ ਪਤਾ ਕਿ ਉਹ ਕਿਹੜੀ ਨੀਤੀ ਅਧੀਨ ਕਵਰ ਹੁੰਦੇ ਹਨ। ਇਸ ਦੇ ਵਿਆਪਕ ਸਿੱਟੇ ਪ੍ਰਤੱਖ ਹਨ- ਪਾਲਿਸੀ ਧਾਰਕਾਂ ਦੀ ਵੱਡੀ ਬਹੁਗਿਣਤੀ ਇਸ ਗੱਲ ਤੋਂ ਅਣਜਾਣ ਹੈ ਕਿ ਉਨ੍ਹਾਂ ਕਿਸ ਚੀਜ਼ ਲਈ ਇਹ ਸਾਰੀ ਪ੍ਰਕਿਰਿਆ ਮੁਕੰਮਲ ਕੀਤੀ ਹੈ। ਇਹ ਵੀ ਉਦੋਂ ਹੋ ਰਿਹਾ ਹੈ ਜਦੋਂ ਦੇਸ਼ ਵਿੱਚ ਬੀਮਾ ਕਰਾਉਣ ਵਾਲਿਆਂ ਦੀ ਗਿਣਤੀ ਵਧ ਰਹੀ ਹੈ। ਸਮਝ ਦੀ ਘਾਟ ਸਿਰਫ਼ ਉਸ ਸ਼ਬਦਾਵਲੀ ਕਰ ਕੇ ਨਹੀਂ ਹੈ ਜਿਸ ਨੂੰ ਸਮਝਣਾ ਮੁਸ਼ਕਿਲ ਹੈ ਬਲਕਿ ਬੀਮੇ ਦਾ ਉਦੋਂ ਮਕਸਦ ਹੀ ਖ਼ਤਮ ਹੋ ਜਾਂਦਾ ਹੈ ਜਦੋਂ ਬੀਮਾ ਕੰਪਨੀ ਖ਼ਪਤਕਾਰਾਂ ਨੂੰ ਸਹੀ ਗਿਆਨ ਅਤੇ ਸਾਧਨਾਂ ਨਾਲ ਲੈਸ ਕਰਨ ਦੀ ਆਪਣੀ ਬੁਨਿਆਦੀ ਜ਼ਿੰਮੇਵਾਰੀ ਵਿੱਚ ਅਸਫਲ ਰਹਿੰਦੀ ਹੈ। ਬੀਮਾ ਕੰਪਨੀਆਂ ਨੂੰ ਚਾਹੀਦਾ ਹੈ ਕਿ ਉਹ ਸਰਲ ਭਾਸ਼ਾ ਵਰਤਣ ਜੋ ਸਾਧਾਰਨ ਇਨਸਾਨ ਦੀ ਸਮਝ 'ਚ ਵੀ ਪਵੇ।

ਵਿੱਤੀ ਉਤਪਾਦਾਂ ਦੀ ਗ਼ਲਤ ਵਿਕਰੀ ਸਾਰੇ ਪਾਸੇ ਮੁੱਖ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ, ਜੋ ਵਿੱਤੀ ਸੁਰੱਖਿਆ ਦੇ ਸਿਖਰਲੇ ਟੀਚੇ ਨੂੰ ਪਹਿਲੇ ਹੀ ਕਦਮ 'ਤੇ ਫਿੱਕਾ ਪਾ ਦਿੰਦੀ ਹੈ। ਜਨਤਕ ਧਾਰਨਾ ਵਿੱਚ, ਬੀਮਾ ਉਦਯੋਗ ਨੂੰ ਸਵੈ-ਸੇਵੀ ਤੇ ਵਿਰੋਧਾਤਮਕ ਰੂਪ ਵਿੱਚ ਦੇਖਿਆ ਜਾਂਦਾ ਹੈ। ਸਿਹਤ ਖੇਤਰ ਨੇ, ਖ਼ਾਸ ਤੌਰ 'ਤੇ, ਮਰੀਜ਼ ਦੀ ਕੀਮਤ 'ਤੇ ਹੁੰਦੇ ਬੀਮਾ ਕੰਪਨੀਆਂ ਅਤੇ ਹਸਪਤਾਲਾਂ ਦੇ ਗੱਠਜੋੜ ਕਰ ਕੇ ਬਦਨਾਮੀ ਖੱਟੀ ਹੈ। ਰੈਗੂਲੇਟਰੀ ਕੰਟਰੋਲ ਘੱਟ ਹਨ, ਜਿਨ੍ਹਾਂ ਵਿੱਚ ਜਵਾਬਦੇਹੀ ਦੀ ਵੀ ਡੂੰਘੀ ਕਮੀ ਹੈ। ਪਾਰਦਰਸ਼ਤਾ, ਸਰਲ ਭਾਸ਼ਾ ਤੇ ਪਰਿਵਾਰਾਂ ਅਤੇ ਦੋਸਤਾਂ ਵਿੱਚ ਬੀਮਾ ਕਵਰੇਜ ਬਾਰੇ ਗੱਲਬਾਤ ਨੂੰ ਉਤਸ਼ਾਹਿਤ ਕਰਨਾ ਅਜਿਹੇ ਕੰਮ ਹਨ ਜਿਨ੍ਹਾਂ ਨੂੰ ਤਰਜੀਹੀ ਆਧਾਰ ਉੱਤੇ ਕਰਨ ਦੀ ਲੋੜ ਹੈ। ਇਸ ਤਰ੍ਹਾਂ ਬੀਮੇ ਬਾਰੇ ਹਰ ਕਿਸੇ ਦੀ ਸਮਝ ਦਾ ਦਾਇਰਾ ਵਧੇਗਾ ਤੇ ਉਹ ਪਾਲਿਸੀ ਬਾਰੇ ਢੁੱਕਵੇਂ ਸਵਾਲ ਵੀ ਪੁੱਛ ਸਕੇਗਾ। ਜਿਸ ਗੱਲ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ, ਉਹ ਹੈ ਲੈਣ-ਦੇਣ ਵਾਲੀ ਪਹੁੰਚ ਨੂੰ ਬਦਲਣਾ ਜਿਸ ਨੇ ਬੀਮਾ ਵਿਕਰੀ ਨੂੰ ਵਪਾਰਕ ਸੌਦਿਆਂ ਤੱਕ ਸੀਮਤ ਕਰ ਕੇ ਰੱਖ ਦਿੱਤਾ ਹੈ। ਬੀਮਾ ਉਤਪਾਦਾਂ ਨਾਲ ਮਨੁੱਖੀ ਤੱਤ ਜੁੜਿਆ ਹੋਇਆ ਹੈ ਅਤੇ ਖਪਤਕਾਰਾਂ ਦੀ ਭਲਾਈ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ।

ਬੀਮਾ ਧੋਖਾਧੜੀ ਦੇ ਖ਼ਤਰੇ ਨੂੰ ਧਿਆਨ ਵਿੱਚ ਰੱਖਦੇ ਹੋਏ, ਜਾਂਚ-ਪੜਤਾਲ ਦੇ ਆਧਾਰ ਉੱਤੇ ਹੀ ਫ਼ੈਸਲਾ ਕਰਨਾ ਚਾਹੀਦਾ ਹੈ। ਦਾਅਵੇਦਾਰਾਂ 'ਤੇ ਕਿਸੇ ਵੀ ਤਰੀਕੇ ਨਾਲ ਵਾਧੂ ਅਤੇ ਵਿਰੋਧੀ ਪ੍ਰਣਾਲੀ ਦਾ ਬੋਝ ਪਾਏ ਜਾਣ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਕਲੇਮ ਨਕਾਰਨ ਦੀ ਬਜਾਏ ਇਸ ਦਾ ਮਾਣ ਰੱਖਣਾ ਬੀਮਾ ਇੰਡਸਟਰੀ ਦਾ ਮਿਆਰ ਬਣਨਾ ਚਾਹੀਦਾ ਹੈ।

# ਐਮਰਜੈਂਸੀ ਬਿਨਾਂ ਸ਼ੱਕ ਸਾਡੇ ਲੋਕਤੰਤਰ 'ਤੇ ਧੱਬਾ ਸੀ

ਐਮਰਜੈਂਸੀ ਬਿਨਾਂ ਸ਼ੱਕ ਸਾਡੇ ਲੋਕਤੰਤਰ 'ਤੇ ਧੱਬਾ ਸੀ ਤੇ ਇਸ ਦੀ ਪੰਜਾਹਵੀਂ ਵਰ੍ਹੇਗੰਢ ਮੌਕੇ ਰਾਸ਼ਟਰੀ ਸਵੈਮਸੇਵਕ ਸੰਘ (ਆਰਐੱਸਐੱਸ) ਨੇ 42ਵੀਂ ਸੋਧ 'ਤੇ ਨਿਸ਼ਾਨਾ ਸੇਧਿਆ ਹੈ ਜਿਸ ਤਹਿਤ 'ਸਮਾਜਵਾਦੀ' ਅਤੇ 'ਧਰਮ ਨਿਰਪੱਖ' ਸ਼ਬਦ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਸ਼ਾਮਿਲ ਕੀਤੇ ਗਏ ਸਨ। ਆਰਐੱਸਐੱਸ ਦੇ ਜਨਰਲ ਸਕੱਤਰ ਦੱਤਾਤ੍ਰੇਅ ਹੋਸਾਬਲੇ ਨੇ ਇਸ ਬਿਨਾਅ 'ਤੇ ਇਹ ਦੋਵੇਂ ਸ਼ਬਦ ਹਟਾਉਣ ਦੀ ਮੰਗ ਕੀਤੀ ਹੈ ਕਿਉਂ ਜੋ ਇਹ ਐਮਰਜੈਂਸੀ ਦੌਰਾਨ ਉਸ ਵੇਲੇ ਸ਼ਾਮਿਲ ਕੀਤੇ ਗਏ ਸਨ "ਜਦੋਂ ਬੁਨਿਆਦੀ ਅਧਿਕਾਰ ਮੁਲਤਵੀ ਕਰ ਦਿੱਤੇ ਗਏ ਸਨ, ਪਾਰਲੀਮੈਂਟ ਕੰਮ ਨਹੀਂ ਕਰ ਰਹੀ ਸੀ, ਨਿਆਂਪਾਲਿਕਾ ਲੂਲੀ ਲੰਗੜੀ ਬਣ ਗਈ ਸੀ ।"ਆਰਐੱਸਐੱਸ ਆਗੂ ਦੀ ਇਹ ਮੰਗ ਇਸ ਤੱਥ ਨੂੰ ਨਜ਼ਰਅੰਦਾਜ਼ ਕਰਦੀ ਹੈ ਕਿ ਸੁਪਰੀਮ ਕੋਰਟ ਨੇ ਪਿਛਲੇ ਸਾਲ ਹੀ ਇਹ ਮਾਮਲਾ ਹਮੇਸ਼ਾ ਲਈ ਨਿਬੇੜ ਦਿੱਤਾ ਸੀ। ਪ੍ਰਸਤਾਵਨਾ ਵਿੱਚ ਇਨ੍ਹਾਂ ਦੋਵੇਂ ਸ਼ਬਦਾਂ ਨੂੰ ਸ਼ਾਮਿਲ ਕਰਨ ਖ਼ਿਲਾਫ਼ ਦਾਇਰ ਪਟੀਸ਼ਨਾਂ ਨੂੰ ਖਾਰਜ ਕਰਦਿਆਂ ਸੁਪਰੀਮ ਕੋਰਟ ਨੇ ਨਿਸ਼ਚੇ ਨਾਲ ਆਖਿਆ ਸੀ ਕਿ ਪਾਰਲੀਮੈਂਟ ਨੂੰ ਧਾਰਾ 368 ਅਧੀਨ ਸੰਵਿਧਾਨ ਵਿੱਚ ਸੋਧ ਕਰਨ ਦਾ ਅਖ਼ਤਿਆਰ ਹਾਸਿਲ ਹੈ। ਸੁਪਰੀਮ ਕੋਰਟ ਨੇ ਇਹ ਵੀ ਆਖਿਆ ਸੀ ਕਿ ਇਹ ਦੋਵੇਂ ਸ਼ਬਦਾਂ ਨੂੰ "ਸਾਡੇ ਭਾਵ ਭਾਰਤ ਦੇ ਲੋਕਾਂ ਵੱਲੋਂ"ਵੱਡੇ ਪੱਧਰ 'ਤੇ ਨਾ ਕੇਵਲ ਪ੍ਰਵਾਨ ਕੀਤਾ ਗਿਆ ਸਗੋਂ ਇਸ ਦੇ ਅਰਥਾਂ ਨੂੰ ਚੰਗੀ ਤਰ੍ਹਾਂ ਸਮਝਿਆ ਵੀ ਗਿਆ ਹੈ।

ਆਰਐੱਸਐੱਸ ਇਹ ਵੀ ਭੁੱਲ ਜਾਂਦੀ ਹੈ ਕਿ ਨਿਰੰਕੁਸ਼ਵਾਦੀ ਕਾਂਗਰਸ ਸ਼ਾਸਨ ਨੂੰ ਸੱਤਾ ਤੋਂ ਹਟਾ ਕੇ ਕਾਇਮ ਹੋਈ ਜਨਤਾ ਪਾਰਟੀ ਸਰਕਾਰ ਨੇ ਜਦੋਂ 1978 ਵਿੱਚ ਸੰਵਿਧਾਨ (44ਵੀਂ ਸੋਧ) ਐਕਟ ਪਾਸ ਕੀਤਾ ਸੀ ਤਾਂ ਪ੍ਰਸਤਾਵਨਾ ਨੂੰ ਛੇੜਿ ?ਆ ਨਹੀਂ ਗਿਆ ਸੀ। ਇਸ ਐਕਟ ਦਾ ਮੁੱਖ ਮੰਤਵ "ਉਨ੍ਹਾਂ ਵਿਗਾੜਾਂ ਨੂੰ ਦੂਰ ਕਰਨਾ ਜਾਂ ਸੁਧਾਈ ਕਰਨਾ ਸੀ ਜੋ ਐਮਰਜੈਂਸੀ ਦੌਰਾਨ ਸੋਧਾਂ ਜ਼ਰੀਏ ਸੰਵਿਧਾਨ ਵਿੱਚ ਸ਼ਾਮਿਲ ਕੀਤੇ ਗਏ ਸਨ।"ਇਸ ਦਰੁਸਤੀ ਪ੍ਰਕਿਰਿਆ ਦੌਰਾਨ ਸਮਾਜਵਾਦੀ ਅਤੇ ਧਰਮ ਨਿਰਪੱਖ ਸ਼ਬਦ ਇਸ ਕਰ ਕੇ ਬਚੇ ਰਹੇ ਕਿਉਂਕਿ ਇਨ੍ਹਾਂ ਬਾਰੇ ਕੁਝ ਵੀ ਇਤਰਾਜ਼ਯੋਗ ਨਹੀਂ ਸੀ; ਜ਼ਾਹਿਰ ਹੈ ਕਿ ਇੰਨੇ ਦਹਾਕਿਆਂ ਬਾਅਦ ਇਸ ਮੁੱਦੇ ਨੂੰ ਮੁੜ ਖੜ੍ਹੇ ਕਰਨ ਪਿੱਛੇ ਕਿਹੋ ਜਿਹੇ ਮੰਤਵ ਹੋ ਸਕਦੇ ਹਨ। ਪ੍ਰਸਤਾਵਨਾ ਨੂੰ ਹੱਲਾਸ਼ੇਰੀ ਦੇਣ ਲਈ ਮੋਦੀ ਸਰਕਾਰ ਨੇ 26 ਨਵੰਬਰ 2024 ਨੂੰ ਸੰਵਿਧਾਨ ਦੇ ਧਾਰਨ ਕਰਨ ਦੀ 75ਵੀਂ ਵਰ੍ਹੇਗੰਢ ਮੌਕੇ ਦੇਸ਼ਿਵਆਪੀ ਪੱਧਰ 'ਤੇ ਇਸ ਦੇ ਜਨਤਕ ਪਾਠ ਦੇ ਪ੍ਰੋਗਰਾਮ ਕਰਵਾਏ ਸਨ। ਇਸ ਪਹਿਲਕਦਮੀ ਤੋਂ ਜ਼ਾਹਿਰ ਹੁੰਦਾ ਸੀ ਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੇ ਮਨ ਵਿੱਚ ਪ੍ਰਸਤਾਵਨਾ ਦੇ ਤਤਕਰੇ ਬਾਰੇ ਕੋਈ ਉਜ਼ਰ ਨਹੀਂ ਹੈ। ਹੁਣ ਭਾਰਤੀ ਜਨਤਾ ਪਾਰਟੀ ਦਾ ਫ਼ਰਜ਼ ਬਣਦਾ ਹੈ ਕਿ ਉਹ ਆਰਐੱਸਐੱਸ ਦੀ ਇਸ ਮੰਗ ਦੇ ਮੱਦੇਨਜ਼ਰ ਆਪਣਾ ਸਟੈਂਡ ਸਪੱਸ਼ਟ ਕਰੇ।

ਐਮਰਜੈਂਸੀ ਵੇਲੇ ਹੋਈਆਂ ਵਧੀਕੀਆਂ ਨੂੰ ਨਾ ਮੁਆਫ਼ ਕੀਤਾ ਜਾ ਸਕਦਾ ਤੇ ਨਾ ਹੀ ਭੁਲਾਇਆ ਜਾ ਸਕਦਾ ਹੈ ਪਰ ਸਮੇਂ ਦੀ ਪਰਖ 'ਤੇ ਪੂਰੀ ਉੱਤਰ ਚੁੱਕੀ ਸੰਵਿਧਾਨ ਦੀ ਪ੍ਰਸਤਾਵਨਾ ਨੂੰ ਇੰਝ ਨਿਸ਼ਾਨਾ ਬਣਾਉਣਾ ਸੰਵਿਧਾਨ ਵਿੱਚ ਦਰਜ ਕਦਰਾਂ-ਕੀਮਤਾਂ ਲਈ ਖ਼ਤਰਨਾਕ ਸਾਬਿਤ ਹੋ ਸਕਦਾ ਹੈ।

ਕਿਹਾ ਜਾਂਦਾ ਹੈ ਕਿ ਕਲਾਕਾਰ ਅਤੇ ਅਦੀਬ ਸਭ ਦੇ ਸਾਂਝੇ ਹੁੰਦੇ ਹਨ। ਇਨ੍ਹਾਂ ਸਮਿਆਂ 'ਚ ਸਾਡੀ ਸਭ ਤੋਂ ਵੱਡੀ 'ਪ੍ਰਾਪਤੀ' ਇਹੋ ਰਹੀ ਹੈ ਕਿ ਅਸੀਂ ਕਲਾ ਅਤੇ ਕਲਾਕਾਰਾਂ ਵਿਚਾਲੇ ਵੀ ਕੰਧਾਂ ਉਸਾਰਨੀਆਂ ?ਸਿੱਖ ਲਈਆਂ ਹਨ। ਪਹਿਲਗਾਮ ਹਮਲੇ ਦੇ ਸੰਦਰਭ ਵਿੱਚ ਹੁਣ ਕਲਾਕਾਰਾਂ 'ਚ ਵੰਡੀਆਂ ਪਾਉਣ ਦੀ ਗੱਲ ਕਰਨ ਵਾਲੇ ਉਦੋਂ ਕਿੱਥੇ ਸਨ ਜਦੋਂ ਇਸ ਹਮਲੇ 'ਚ ਸ਼ਹੀਦ ਹੋਏ ਵਿਨੈ ਨਰਵਾਲ ਦੀ ਪਤਨੀ ਹਿਮਾਂਸ਼ੀ ਨਰਵਾਲ, ਕਰਨਲ ਸੋਫੀਆ ਕੁਰੈਸ਼ੀ ਅਤੇ ਦੋਵਾਂ ਦੇਸ਼ਾਂ ਵਿਚਾਲੇ ਜੰਗਬੰਦੀ ਦੇ ਫ਼ੈਸਲੇ ਦਾ ਐਲਾਨ ਕਰਨ ਵਾਲੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਦੀ ਧੀ ਨੂੰ ਇੱਜ਼ਤ ਨੂੰ ਸੋਸ਼ਲ ਮੀਡੀਆ 'ਤੇ ਰੋਲਿਆ ਜਾ ਰਿਹਾ ਸੀ ? ਉਸ ਵੇਲੇ ਇਨ੍ਹਾਂ ਧੀਆਂ ਭੈਣਾਂ ਦੇ ਹੱਕ 'ਚ ਨਾ ਡਟਣ ?ਵਾਲੇ ਕੀ ਗੱਦਾਰ ਨਹੀਂ ਕਹਾਉਣਗੇ ? ਜ਼ਰਾ ਸੋਚੋ ਇਨ੍ਹਾਂ ਗੱਦਾਰਾਂ ਦਾ ਹੁਣ ਕੀ ਕਰਨਾ ਹੈ ?

# ਕਮਲਦੀਪ ਸਿੰਘ (ਟਰੂ ਬਲੱਡ ਪੰਪ)ਨੇ ਇੱਕ ਲੋੜਵੰਦ ਮਰੀਜ਼ ਨੂੰ ਖ਼ੂਨਦਾਨ ਕਰ ਨਿਭਾਇਆ ਮਾਨਵਤਾ ਪ੍ਰਤੀ ਆਪਣਾ ਫ਼ਰਜ਼

**ਬਠਿੰਡਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਦੇ ਇਸ ਸਵਾਰਥ ਭਰੇ ਸਮੇਂ ਵਿੱਚ ਜਿੱਥੇ ਹੱਥ ਨੂੰ ਹੱਥ ਖਾ ਰਿਹਾ ਹੈ ਅਜਿਹੇ ਸਮੇਂ ਅੰਦਰ ਬਿਨਾ ਕਿਸੇ ਸਵਾਰਥ ਕਿਸੇ ਦੇ ਕੰਮ ਆਉਣਾ ਕਿਸੇ ਅਜੂਬੇ ਤੋਂ ਘੱਟ ਨਹੀਂ। ਨਿਸਵਾਰਥ ਸੇਵਾ ਭਾਵਨਾ ਨਾਲ ਸੇਵਾ ਕਰਨ ਦੇ ਖੇਤਰ ਵਿੱਚ ਅੱਜ ਡੇਰਾ ਸੱਚਾ ਸੌਦਾ ਦਾ ਕੋਈ ਵੀ ਸਾਨੀ ਨਜ਼ਰ ਨਹੀਂ ਆ ਰਿਹਾ। ਇਸੇ ਲੜੀ ਨੂੰ ਅੱਗੇ ਤੋਰਦਿਆਂ ਡੇਰਾ ਸ਼ਰਧਾਲੂ ਕਮਲਦੀਪ ਸਿੰਘ ਨੇ ਏਮਜ਼ ਹਸਪਤਾਲ ਚ ਇਲਾਜ਼ ਅਧੀਨ ਇੱਕ ਲੋੜਵੰਦ ਮਰੀਜ਼ ਨੂੰ ਇੱਕ ਯੂਨਿਟ ਖ਼ੂਨਦਾਨ ਕਰ ਇਨਸਾਨੀਅਤ ਪ੍ਰਤੀ ਆਪਣਾ ਫਰਜ਼ ਨਿਭਾ ਇੱਕ ਇਨਸਾਨ ਹੋਣ ਦਾ ਪ੍ਰਮਾਣ ਦਿੱਤਾ। ਜਿਕਰਯੋਗ ਹੈ ਕਿ ਏਮਜ਼ ਹਸਪਤਾਲ ਚ ਇਲਾਜ਼ ਅਧੀਨ ਸੁਰਿੰਦਰ ਕੌਰ ਵਾਸੀ ਡੱਬਵਾਲੀ ਦਾ ਹਰਨੀਆਂ ਦਾ ਆਪ੍ਰੇਸ਼ਨ ਹੋਣਾ ਸੀ ਜਿਸਨੂੰ ਖ਼ੂਨ ਦੀ ਤੁਰੰਤ ਜ਼ਰੂਰਤ ਸੀ।




ਇਸ ਬਾਰੇ ਜਦੋਂ ਡੇਰਾ ਸੱਚਾ ਸੌਦਾ ਦੇ ਸੇਵਾਦਾਰ ਕਮਲਦੀਪ ਸਿੰਘ ਨੂੰ ਪਤਾ ਲੱਗਾ ਤਾਂ ਉਸਨੇ ਬਿਨਾ ਦੇਰ ਕੀਤਿਆਂ ਪਰਿਵਾਰ ਨਾਲ ਸੰਪਰਕ ਕਰਦਿਆ ਹਸਪਤਾਲ ਪਹੁੰਚ ਮਰੀਜ਼ ਨੂੰ ਇੱਕ ਯੂਨਿਟ ਖ਼ੂਨ ਦਾਨ ਕੀਤਾ। ਕਮਲਦੀਪ ਇਸਤੋਂ ਪਹਿਲਾਂ ਜਰੂਰਤਮੰਦ ਮਰੀਜਾਂ ਲਈ 25 ਵਾਰ ਖ਼ੂਨਦਾਨ ਕਰ ਚੁੱਕਾ ਹੈ।

ਦੱਸਣਾ ਬਣਦਾ ਹੈ ਕਿ ਖ਼ੂਨਦਾਨ ਦੇ ਖੇਤਰ ਵਿੱਚ ਡੇਰਾ ਸੱਚਾ ਸੌਦਾ ਦੇ ਨਾਮ ਕਈ ਵਰਲਡ ਰਿਕਾਰਡ ਦਰਜ਼ ਹਨ। ਸਿਰਫ਼ ਇੰਨਾ ਹੀ ਨਹੀਂ ਡੇਰਾ ਪ੍ਰੇਮੀਆਂ ਦੇ ਨਿਸਵਾਰਥ ਭਾਵਨਾ ਨਾਲ ਖ਼ੂਨਦਾਨ ਕਰਨ ਦੇ ਜ਼ਜਬੇ ਨੂੰ ਦੇਖਦਿਆਂ ਡੇਰਾ ਮੁਖੀ ਨੇ ਇਹਨਾਂ ਨੂੰ ਟਰੂ ਬਲੱਡ ਪੰਪ ਦਾ ਖਿਤਾਬ ਦਿੱਤਾ ਹੋਇਆ ਹੈ।

# ਸਿਹਤ ਵਿਭਗ ਵੱਲੋ ਆਮ ਆਦਮੀ ਕਲੀਨਿਕਾਂ ਦੇ ਡਾਕਟਰਾਂ ਨੂੰ ਹਲਕਾਅ ਅਤੇ ਗੈਰਸੰਚਾਰੀ ਰੋਗਾਂ ਸਬੰਧੀ ਟ੍ਰੇਨਿੰਗ ਦਿੱਤੀ ਗਈ




**ਅੰਮ੍ਰਿਤਸਰ 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵੱਲੋਂ ਆਮ ਆਦਮੀ ਕਲੀਨਿਕਾਂ ਦੇ ਸਮੂਹ ਮੈਡੀਕਲ ਅਫਸਰਾਂ ਨੂੰ ਗੈਰ ਸੰਚਾਰੀ ਬਿਮਾਰੀਆਂ ਅਤੇ ਹਲਕਆ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਤੇ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਹੁਣ ਆਮ ਆਦਮੀ ਕਲੀਨਿਕਾਂ ਵਿੱਚ ਗਰਭਵਤੀ ਮਾਵਾਂ ਦੇ ਮੁਫਤ ਇਲਾਜ ਦੇ ਨਾਲ ਨਾਲ ਗੈਰ ਸੰਚਾਰੀ ਬਿਮਾਰੀਆਂ ਜਿਵੇਂ ਕਿ ਸ਼ੂਗਰ, ਹਾਈਪਰਟੈਂਸ਼ਨ, ਕੈਂਸਰ ਅਤੇ ਰੇਬੀਜ ਵਰਗੀਆਂ ਬਿਮਾਰੀਆਂ ਦਾ ਇਲਾਜ ਕੀਤਾ ਜਾਣਾ ਸੰਭਵ ਹੋ ਸਕੇਗਾ, ਇਸੇ ਹੀ ਸਬੰਧ ਵਿੱਚ ਅੱਜ ਹੋਟਲ ਕਿਓਨ ਵਿਖੇ ਇੱਕ ਵਿਸ਼ੇਸ਼ ਟ੍ਰੇਨਿੰਗ ਵਰਕਸ਼ਾਪ ਲਗਾਈ ਜਾ ਰਹੀ ਹੈ, ਜਿਸ ਵਿੱਚ ਸਮੂਹ ਆਦਮ ਆਮ ਆਦਮੀ ਕਲੀਨਿਕ ਦੇ ਡਾਕਟਰਾਂ ਨੂੰ ਇਹਨਾਂ ਬਿਮਾਰੀਆਂ ਸਬੰਧੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ ਤਾਂ ਜੋ ਆਮ ਲੋਕਾਂ ਨੂੰ ਉਹਨਾਂ ਦੇ ਘਰ ਦੇ ਨਜ਼ਦੀਕੀ ਸਾਰੀਆਂ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ। ਉਹਨਾਂ ਆਖਿਆ ਕਿ ਹੁਣ ਜਲਦ ਹੀ ਆਮ ਆਦਮੀ ਕਲੀਨਿਕਾਂ ਵਿੱਚ ਹਲਕਾਅ ਦੀ ਵੈਕਸੀਨ ਵੀ ਮੁਹਈਆ ਕਰਵਾਈ ਜਾਵੇਗੀ।

ਇਸ ਟ੍ਰੇਨਿੰਗ ਦੌਰਾਨ ਜਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ, ਜ਼ਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ, ਵੱਲੋਂ ਇਹ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ।

# ਮੁੱਖ ਮੰਤਰੀ ਵੱਲੋਂ ਧੂਰੀ ਰੇਲਵੇ ਓਵਰਬ੍ਰਿਜ ਦੀ ਉਸਾਰੀ ਛੇਤੀ ਸ਼ੁਰੂ ਕਰਨ ਦਾ ਐਲਾਨ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧੂਰੀ ਵਿੱਚ ਦੋ ਮਾਰਗੀ ਰੇਲਵੇ ਓਵਰਬ੍ਰਿਜ (ਆਰ.ਓ.ਬੀ.) ਦੀ ਉਸਾਰੀ ਜਲਦ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਸ੍ਰੀ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਤੋਂ ਬਾਅਦ ਰੇਲਵੇ ਮੰਤਰਾਲੇ ਵੱਲੋਂ ਲੋੜੀਂਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਅਤਿ-ਆਧੁਨਿਕ ਆਰ.ਓ.ਬੀ. ਲੈਵਲ ਕਰਾਸਿੰਗ (ਫਾਟਕ) ਨੰਬਰ 62 ਏ 'ਤੇ ਬਣਾਇਆ ਜਾਵੇਗਾ ਅਤੇ ਮਾਲਵਾ ਖੇਤਰ ਦੇ ਲੋਕਾਂ, ਖਾਸ ਕਰ ਕੇ ਧੂਰੀ ਹਿੱਸੇ ਦੇ ਵਸਨੀਕਾਂ ਨੂੰ ਦਰਪੇਸ਼ ਟਰੈਫਿਕ ਸਮੱਸਿਆ ਹੱਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 54.76 ਕਰੋੜ ਹੈ, ਜਿਸ ਦਾ ਪੂਰਾ ਖਰਚਾ ਸੂਬਾ ਸਰਕਾਰ ਵੱਲੋਂ ਕੀਤਾ ਜਾਵੇਗਾ। ਇਹ ਪ੍ਰਾਜੈਕਟ 18 ਮਹੀਨਿਆਂ ਦੇ ਅੰਦਰ ਪੂਰਾ ਹੋ ਜਾਵੇਗਾ।

ਸ੍ਰੀ ਮਾਨ ਨੇ ਕਿਹਾ ਕਿ ਪ੍ਰਾਜੈਕਟ ਲਈ ਮੁੱਢਲਾ ਕੰਮ 2024 ਵਿੱਚ ਸ਼ੁਰੂ ਹੋਇਆ ਸੀ ਪਰ ਮਾਰਚ 2025 ਵਿੱਚ ਰੇਲਵੇ ਦੀ ਮਨਜ਼ੂਰੀ ਨਾ ਮਿਲਣ ਕਰਕੇ ਕੰਮ ਵਿੱਚ ਦੇਰੀ ਹੋਈ। ਸੂਬਾ ਸਰਕਾਰ ਨੇ ਇਸ ਮਾਮਲੇ ਦੀ ਪੈਰਵੀ ਕੀਤੀ ਹੈ ਅਤੇ ਰੇਲਵੇ ਅਧਿਕਾਰੀਆਂ ਤੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਹੋਣ ਦੇ ਨਾਲ ਪ੍ਰਾਜੈਕਟ 'ਤੇ ਕੰਮ ਜਲਦੀ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੇ ਦ੍ਰਿੜ੍ਹ ਯਤਨਾਂ ਸਦਕਾ ਪੰਜਾਬ ਬੇਮਿਸਾਲ ਵਿਕਾਸ ਦੇ ਨਵੇਂ ਯੁੱਗ ਦਾ ਗਵਾਹ ਬਣ ਰਿਹਾ ਹੈ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਰੰਗਲਾ ਪੰਜਾਬ ਬਣਾਉਣ ਲਈ ਪਹਿਲਾਂ ਹੀ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਹੋਈ ਹੈ ਅਤੇ ਇਹ ਪ੍ਰਾਜੈਕਟ ਇਸੇ ਦਾ ਪ੍ਰਤੀਕ ਹੈ। ਉਨ੍ਹਾਂ ?ਕਹਾ ਕਿ ਆਉਂਦੇ ਦਿਨੀਂ ਹੋਰ ਵੀ ਪ੍ਰਾਜੈਕਟਾਂ ਦੇ ਐਲਾਨ ਕੀਤੇ ਜਾਣਗੇ।

# ਡਿਪਟੀ ਕਮਿਸ਼ਨਰ ਵੱਲੋਂ ਪਲਾਟ ਮਾਲਕਾਂ ਨੂੰ 10 ਜੁਲਾਈ ਤੱਕ ਆਪਣੇ ਖਾਲੀ ਪਏ ਪਲਾਟਾਂ 'ਚੋਂ ਕੂੜਾ-ਕਰਕਟ ਸਾਫ਼ ਕਰਵਾਉਣ ਦੇ ਨਿਰਦੇਸ਼

**ਜਲੰਧਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਭਰ ਦੇ ਪਲਾਟ ਮਾਲਕਾਂ ਨੂੰ 10 ਜੁਲਾਈ, 2025 ਤੱਕ ਆਪਣੇ ਖਾਲੀ ਪਲਾਟਾਂ 'ਚੋਂ ਕੂੜਾ-ਕਰਕਟ ਅਤੇ ਹੋਰ ਰਹਿੰਦ-ਖੂੰਹਦ ਸਾਫ਼ ਕਰਵਾਉਣ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ ਹਨ ਅਤੇ ਚਿਤਾਵਨੀ ਦਿੱਤੀ ਹੈ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡਾ. ਅਗਰਵਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਖਾਲੀ ਪਲਾਟਾਂ ਵਿੱਚ ਕੂੜੇ ਦੇ ਢੇਰ ਅਤੇ ਜਮ ? ਹਾ ਮੀਂਹ ਦਾ ਪਾਣੀ ਲੋਕਾਂ ਦੀ ਸਿਹਤ ਲਈ ਗੰਭੀਰ ਖ਼ਤਰਾ ਪੈਦਾ ਕਰਦੇ ਹਨ ਕਿਉਂਕਿ ਇਸ ਨਾਲ ਨੁਕਸਾਨਦੇਹ ਬੈਕਟੀਰੀਆ ਅਤੇ ਕੀੜੇ-ਮਕੌੜੇ ਪੈਦਾ ਹੁੰਦੇ ਹਨ, ਜਿਸ ਨਾਲ ਵੱਖ-ਵੱਖ ਬਿਮਾਰੀਆਂ ਫੈਲਣ ਦਾ ਖ਼ਤਰਾ ਹੁੰਦਾ ਹੈ, ਖਾਸ ਕਰ ਮੌਨਸੂਨ ਦੇ ਮੌਸਮ ਦੌਰਾਨ। ਬੀ.ਐਨ.ਐਸ.ਐਸ. ਦੀ ਧਾਰਾ 163 ਤਹਿਤ ਹੁਕਮ ਜਾਰੀ ਕਰਦਿਆਂ ਡਾ. ਅਗਰਵਾਲ ਵੱਲੋਂ ਪਲਾਟ ਮਾਲਕਾਂ 'ਤੇ ਜਨਤਕ ਸਿਹਤ ਦੀ ਰੱਖਿਆ ਲਈ ਆਪਣੇ ਪਲਾਟਾਂ ਦੀ ਸਾਫ-ਸਫਾਈ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ ਹੈ।

ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਪਲਾਟ ਮਾਲਕਾਂ ਨੂੰ ਆਪਣੇ ਖਾਲੀ ਪਲਾਟਾਂ ਦੇ ਆਲੇ-ਦੁਆਲੇ ਚਾਰਦੀਵਾਰੀ ਜਾਂ ਵਾੜ ਬਣਾਉਣੀ ਚਾਹੀਦੀ ਹੈ ਤਾਂ ਜੋ ਕੂੜੇ ਦੀ ਗੈਰ-ਕਾਨੂੰਨੀ ਡੰਪਿੰਗ ਨੂੰ ਰੋਕਿਆ ਜਾ ਸਕੇ। ਸਰਕਾਰੀ ਵਿਭਾਗਾਂ ਨੂੰ ਵੀ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੀ ਖਾਲੀ ਪਈ ਜ਼ਮੀਨ ਸਮੇਤ ਖਾਲੀ ਪਈਆਂ ਜਾਇਦਾਦਾਂ ਤੋਂ ਕੂੜਾ-ਕਰਕਟ ਸਾਫ਼ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਤੇ ਨਗਰ ਨਿਗਮ ਜਲੰਧਰ ਨੂੰ ਨਿਰਦੇਸ਼ ਦਿੱਤੇ ਕਿ ਆਪੋ-ਆਪਣੇ ਖੇਤਰਾਂ ਵਿੱਚ ਇਨ੍ਹਾਂ ਹੁਕਮਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਤੁਰੰਤ ਕਾਰਵਾਈ ਯਕੀਨੀ ਬਣਾਈ ਜਾਵੇ । ਉਨ੍ਹਾਂ ਇਨ੍ਹਾਂ ਵਿਭਾਗਾਂ ਨੂੰ ਇਹ ਵੀ ਹਦਾਇਤ ਕੀਤੀ ਕਿ 10 ਜੁਲਾਈ, 2025 ਤੋਂ ਬਾਅਦ ਜੇਕਰ ਇਨ੍ਹਾਂ ਪਲਾਟਾਂ ਦੀ ਸਫਾਈ ਸਰਕਾਰੀ ਏਜੰਸੀਆਂ ਤੋਂ ਕਰਵਾਉਣ ਦੀ ਲੋੜ ਪੈਂਦੀ ਹੈ ਤਾਂ ਪਲਾਟ ਮਾਲਕਾਂ ਖਿਲਾਫ਼ ਰਿਕਵਰੀ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ।

ਡਾ. ਅਗਰਵਾਲ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਹੁਕਮ ਪੂਰੀ ਤਰ੍ਹਾਂ ਜਨਤਕ ਸਿਹਤ ਦੇ ਹਿੱਤ ਵਿੱਚ ਜਾਰੀ ਕੀਤੇ ਗਏ ਹਨ ਤਾਂ ਜੋ ਨਾਗਰਿਕਾਂ ਨੂੰ ਬਿਮਾਰੀਆਂ ਤੋਂ ਬਚਾਇਆ ਜਾ ਸਕੇ, ਖਾਸ ਕਰ ਚੱਲ ਰਹੇ ਮਾਨਸੂਨ ਦੇ ਸੀਜ਼ਨ ਦੌਰਾਨ ਜਦੋਂ ਵੈਕਟਰ ਬੋਰਨ ਬਿਮਾਰੀਆਂ ਤੇਜ਼ੀ ਨਾਲ ਫੈਲ ਸਕਦੀਆਂ ਹਨ। ਉਨ੍ਹਾਂ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਅਤੇ ਵਸਨੀਕਾਂ ਦੀ ਸਿਹਤ ਦੀ ਸੁਰੱਖਿਆ ਲਈ ਜਲੰਧਰ ਪ੍ਰਸ਼ਾਸਨ ਦੀ ਵਚਨਬੱਧਤਾ ਦੁਹਰਾਈ।

# ਮਜੀਠੀਆ ਦੀ ਗ੍ਰਿਫ਼ਤਾਰੀ ਜਮਹੂਰੀ ਪ੍ਰਕਿਰਿਆ 'ਤੇ ਸਵਾਲ: ਅਸ਼ਵਨੀ ਕੁਮਾਰ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਕਾਨੂੰਨ ਤੇ ਨਿਆਂ ਮੰਤਰੀ ਅਸ਼ਵਨੀ ਕੁਮਾਰ ਦਾ ਕਹਿਣਾ ਹੈ ਕਿ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ਕਥਿਤ ਮਨੀ ਲਾਂਡਰਿੰਗ ਮਾਮਲੇ 'ਚ ਗ੍ਰਿਫ਼ਤਾਰੀ ਕਾਨੂੰਨੀ, ਰਾਜਨੀਤਕ ਤੇ ਜਮਹੂਰੀ ਪ੍ਰਕਿਰਿਆਵਾਂ ਨਾਲ ਸਬੰਧਤ ਕਈ ਸਵਾਲ ਖੜ੍ਹੇ ਕਰਦੀ ਹੈ। ਮਜੀਠੀਆ ਵਿਰੁੱਧ ਨਸ਼ਿਆਂ ਨਾਲ ਕਥਿਤ ਸਬੰਧਿਤ ਮਾਮਲਾ ਪਿਛਲੇ ਕਈ ਸਾਲਾਂ ਤੋਂ ਪੰਜਾਬ ਦੀ ਰਾਜਨੀਤੀ ਦੇ ਕੇਂਦਰ ਵਿੱਚ ਰਿਹਾ ਹੈ। ਉਨ੍ਹਾਂ ਨੂੰ ਕੈਦ ਕੀਤਾ ਗਿਆ, ਜ਼ਮਾਨਤ 'ਤੇ ਰਿਹਾਅ ਕੀਤਾ ਗਿਆ ਅਤੇ ਹੁਣ ਤੱਕ ਦੋਸ਼ੀ ਸਾਬਤ ਨਹੀਂ ਕੀਤਾ ਗਿਆ ਜਦਕਿ ਵੱਖ ਵੱਖ ਸਰਕਾਰਾਂ ਨਸ਼ਿਆਂ ਖ਼ਿਲਾਫ਼ ਜੰਗ ਤੋਂ ਸਿਆਸੀ ਲਾਹਾ ਲੈਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਤੇ ਡਰੱਗ ਮਨੀ ਖ਼ਿਲਾਫ਼ ਲੜਾਈ ਪੁਲੀਸ ਦੀਆਂ ਤਾਕਤਾਂ ਦੀ ਦਮਨਕਾਰੀ ਵਰਤੋਂ



ਰਾਹੀਂ ਨਹੀਂ ਬਲਕਿ ਕਾਨੂੰਨੀ ਪ੍ਰਕਿਰਿਆ, ਮੁਲਜ਼ਮਾਂ ਦੇ ਪੱਖ 'ਚ ਬੇਕਸੂਰ ਹੋਣ ਦੇ ਅਨੁਮਾਨ ਦੇ ਬੁਨਿਆਦੀ ਅਧਿਕਾਰ ਅਤੇ ਕੁਦਰਤੀ ਨਿਆਂ ਦੇ ਸਿਧਾਂਤਾਂ ਨਾਲ ਲੜੀ ਜਾਣੀ ਚਾਹੀਦੀ ਹੈ। ਅਜਿਹਾ ਨਹੀਂ ਲਗਦਾ ਕਿ ਸਵੇਰੇ-ਸਵੇਰੇ ਮਾਰੇ ਗਏ ਛਾਪੇ ਅਤੇ ਮਜੀਠੀਆ ਦੀ ਗ੍ਰਿਫ਼ਤਾਰੀ ਦੇ ਢੰਗ ਦੇ ਮਾਮਲੇ 'ਚ ਅਜਿਹਾ ਹੋਇਆ ਹੈ। ਉਨ੍ਹਾਂ ਕਿਹਾ ਕਿ ਅਜਿਹਾ ਲਗਦਾ ਹੈ ਕਿ ਇਹ ਕਾਨੂੰਨੀ ਮਾਮਲਾ ਨਹੀਂ ਹੈ ਬਲਕਿ ਸਿਆਸੀ ਮਕਸਦ ਹਾਸਲ ਕਰਨ ਦਾ ਮਾਮਲਾ ਹੈ।

ਉਨ੍ਹਾਂ ਕਿਹਾ ਕਿ ਬਿਕਰਮ ਮਜੀਠੀਆ ਦੀ ਗ੍ਰਿਫ਼ਤਾਰੀ ਸੁਪਰੀਮ ਕੋਰਟ ਵੱਲੋਂ ਕਈ ਮਾਮਲਿਆਂ 'ਚ ਤੈਅ ਕੀਤੇ ਗਏ ਕਾਨੂੰਨ ਦੇ ਖ਼ ?ਲਾਫ਼ ਹੈ ਜਿਸ 'ਚ ਕਿਹਾ ਗਿਆ ਹੈ ਕਿ ਨਿੱਜੀ ਆਜ਼ਾਦੀ ਨੂੰ ਸਿਰਫ਼ ਅਸਾਧਾਰਨ ਮਾਮਲਿਆਂ 'ਚ ਸੀਮਤ ਕੀਤਾ ਜਾ ਸਕਦਾ ਹੈ ਅਤੇ ਅਪਰਾਧਿਕ ਮਾਮਲਿਆਂ 'ਚ ਜਾਂਚ ਲਈ ਮੁਲਜ਼ਮ ਦੀ ਗ੍ਰਿਫ਼ਤਾਰੀ ਦੀ ਲੋੜ ਨਹੀਂ ਹੈ। ਮਜੀਠੀਆ ਮਾਮਲੇ 'ਚ ਇਸ ਬਾਰੇ ਕੁਝ ਵੀ ਨਹੀਂ ਕਿਹਾ ਗਿਆ ਕਿ ਜਾਂਚ ਦੇ ਸ਼ੁਰੂਆਤੀ ਗੇੜ 'ਚ ਹੀ ਸਵੇਰੇ-ਸਵੇਰੇ ਉਨ੍ਹਾਂ ਦੀ ਗ੍ਰਿਫ਼ਤਾਰੀ ਕਿਉਂ ਜ਼ਰੂਰੀ ਸੀ। ਉਨ੍ਹਾਂ ਕਿਹਾ ਕਿ ਇਹ ਸਿਧਾਂਤ ਕਿ ਕਾਨੂੰਨ ਨੂੰ ਆਪਣਾ ਕੰਮ ਕਰਨਾ ਚਾਹੀਦਾ ਹੈ, ਕਾਨੂੰਨੀ ਪ੍ਰਕਿਰਿਆ ਦੀ ਦੁਰਵਰਤੋਂ ਨੂੰ ਜਾਇਜ਼ ਨਹੀਂ ਠਹਿਰਾਉਂਦਾ।

# ਸ਼ਿਵ ਸੈਨਾ ਹਿੰਦੁਸਤਾਨ ਦੇ ਰਾਜਨੀਤਿਕ ਵਿੰਗ, ਹਿੰਦੁਸਤਾਨ ਸ਼ਕਤੀ ਸੈਨਾ ਨੇ ਪਟਿਆਲਾ ਵਿੱਚ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਦਾ ਕੀਤਾ ਐਲਾਨ



**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਿੰਦੁਸਤਾਨ ਸ਼ਕਤੀ ਸੈਨਾ, ਪਟਿਆਲਾ ਦੇ ਰਾਸ਼ਟਰੀ ਦਫ਼ਤਰ ਵਿਖੇ ਹੋਈ ਇੱਕ ਇਤਿਹਾਸਕ ਮੀਟਿੰਗ ਦੌਰਾਨ ਸੰਗਠਨ ਦੇ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ ਗਈ। ਇਸ ਮੌਕੇ @ਤੇ, ਸ਼ਿਵ ਸੈਨਾ ਹਿੰਦੁਸਤਾਨ ਦੇ ਰਾਜਨੀਤਿਕ ਵਿੰਗ, ਹਿੰਦੁਸਤਾਨ ਸ਼ਕਤੀ ਸੈਨਾ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਜੀ ਅਤੇ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਸਲਾਹਕਾਰ, ਸ਼੍ਰੀ ਹੇਮਰਾਜ ਗੋਇਲ ਜੀ ਨੇ ਨਵ-ਨਿਯੁਕਤ ਆਗੂਆਂ ਨੂੰ ਵਧਾਈ ਦਿੱਤੀ ਅਤੇ ਸੰਗਠਨ ਦੇ ਵਿਸਥਾਰ ਅਤੇ ਸਸ਼ਕਤੀਕਰਨ ਲਈ ਨਵੀਂ ਰਣਨੀਤੀ @ਤੇ ਚਰਚਾ ਕੀਤੀ।

ਨਵੇਂ ਨਿਯੁਕਤ ਅਹੁਦੇਦਾਰਾਂ ਦੀ ਸੂਚੀ: ਸ਼੍ਰੀ ਕਸ਼ਮਾ ਕਾਂਤ ਪਾਂਡੇ, ਜ਼ਿਲ੍ਹਾ ਪ੍ਰਧਾਨ, ਪਟਿਆਲਾ ਹਿੰਦੁਸਤਾਨ ਸ਼ਕਤੀ ਸੈਨਾ, ਸ਼੍ਰੀ ਕ੍ਰਿਸ਼ਨ ਕੁਮਾਰ ਗਾਬਾ, ਜ਼ਿਲ੍ਹਾ ਉਪ ਪ੍ਰਧਾਨ, ਪਟਿਆਲਾ ਹਿੰਦੁਸਤਾਨ ਸ਼ਕਤੀ ਸੈਨਾ, ਸ਼੍ਰੀ ਰਿੰਕੂ ਭਾਰਦਵਾਜ, ਜ਼ਿਲ੍ਹਾ ਜਨਰਲ ਸਕੱਤਰ, ਪਟਿਆਲਾ, ਹਿੰਦੁਸਤਾਨ ਸ਼ਕਤੀ ਸੈਨਾ

ਹਿੰਦੁਸਤਾਨ ਸ਼ਕਤੀ ਸੈਨਾ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਦਾ ਇਤਿਹਾਸਕ ਐਲਾਨ: ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਜੀ ਨੇ ਇਸ ਮੌਕੇ ਐਲਾਨ ਕੀਤਾ ਕਿ ਹਿੰਦੁਸਤਾਨ ਸ਼ਕਤੀ ਦਾ ਝੰਡਾ ਸੈਨਾ ਹੁਣ ਪੂਰੇ ਭਾਰਤ ਵਿੱਚ ਉਡਾਣ ਭਰੇਗੀ।

ਅਸੀਂ ਨਾ ਸਿਰਫ਼ ਇੱਕ ਮਜ਼ਬੂਤ ਰਾਸ਼ਟਰਵਾਦੀ ਰਾਜਨੀਤਿਕ ਸੰਗਠਨ ਵਜੋਂ ਉਭਰਾਂਗੇ, ਸਗੋਂ ਆਪਣੀ ਸ਼ਿਵ ਸੈਨਾ ਹਿੰਦੁਸਤਾਨ ਦੀ ਧਾਰਮਿਕ ਸ਼ਾਖਾ ਸ਼੍ਰੀ ਰਾਮ-ਹਨੂਮਾਨ ਸੇਵਾ ਦਲ ਨੂੰ ਵੀ ਰਾਸ਼ਟਰੀ ਪੱਧਰ @ਤੇ ਸੰਗਠਿਤ ਕਰਾਂਗੇ, ਤਾਂ ਜੋ ਦੇਸ਼ ਦੀ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਨੂੰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਟੀਚਾ ਭਾਰਤ ਨੂੰ ਇੱਕ ਸੰਯੁਕਤ, ਮਜ਼ਬੂਤ ਅਤੇ ਖੁਸ਼ਹਾਲ ਰਾਸ਼ਟਰ ਬਣਾਉਣਾ ਹੈ, ਜਿੱਥੇ ਹਰ ਨਾਗਰਿਕ ਨੂੰ ਮਾਣ, ਸੁਰੱਖਿਆ ਅਤੇ ਵਿਕਾਸ ਦੇ ਬਰਾਬਰ ਮੌਕੇ ਮਿਲਣ।

ਸੰਗਠਨ ਦੀਆਂ ਭਵਿੱਖੀ ਯੋਜਨਾਵਾਂ: ਹਿੰਦੁਸਤਾਨ ਸ਼ਕਤੀ ਸੈਨਾ ਜਲਦੀ ਹੀ ਪੰਜਾਬ ਅਤੇ ਹੋਰ ਰਾਜਾਂ ਵਿੱਚ ਆਪਣੀ ਮੌਜੂਦਗੀ ਨੂੰ ਮਜ਼ਬੂਤ ਕਰਨ ਲਈ ਇੱਕ ਵਿਆਪਕ ਮੁਹਿੰਮ ਸ਼ੁਰੂ ਕਰੇਗੀ।

ਨਾਲ ਹੀ, ਸ਼ਿਵ ਸੈਨਾ ਹਿੰਦੁਸਤਾਨ ਦੀ ਰਾਜਨੀਤਿਕ ਸ਼ਾਖਾ, ਹਿੰਦੁਸਤਾਨ ਸ਼ਕਤੀ ਸੈਨਾ, ਜਲਦੀ ਹੀ ਦੇਸ਼ ਦੇ ਸਾਰੇ ਰਾਜਾਂ ਵਿੱਚ ਰਾਜ ਪੱਧਰੀ ਸੰਗਠਨ ਦੇ ਢਾਂਚੇ ਦਾ ਐਲਾਨ ਕਰੇਗੀ।

# ਯੁੱਧ ਨਸ਼ਿਆਂ ਵਿਰੁੱਧ

**ਰੂਪਨਗਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਪਤਾਨ ਪੁਲਿਸ ਰੂਪਨਗਰ ਸ. ਗੁਲਨੀਤ ਸਿੰਘ ਖੁਰਾਨਾ ਨੇ ਜਾਣਕਾਰੀ ਦਿੰਦਿਆ ਦੱਸਿਆ ਗਿਆ ਕਿ ਰੂਪਨਗਰ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਜ਼ਿਲ੍ਹਾ ਪੁਲਿਸ ਵਲੋਂ ਐਨ.ਡੀ.ਪੀ.ਐਸ.ਐਕਟ ਦੇ ਵੱਖ-ਵੱਖ ਮੁਕੱਦਮਿਆਂ ਵਿਚ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 22 ਗ੍ਰਾਮ ਤੋਂ ਵੱਧ ਨਸ਼ੀਲਾ ਪਾਊਡਰ ਤੇ 14 ਗ੍ਰਾਮ ਤੋਂ ਵੱਧ ਚਰਸ ਬ੍ਰਾਮਦ ਕੀਤੀ ਗਈ ਅਤੇ 1 ਵਿਅਕਤੀ ਨੂੰ ਗ੍ਰਿਫਤਾਰ ਕਰਕੇ 8250 ਐਮ.ਐਲ. ਨਜ਼ਾਇਜ਼ ਸ਼ਰਾਬ ਬ੍ਰਾਮਦ ਕੀਤੀ ਗਈ ਅਤੇ ਐਕਸਾਇਜ਼ ਐਕਟ ਤਹਿਤ ਮੁਕੱਦਮਾ ਦਰਜ਼ ਕੀਤਾ ਗਿਆ।

ਐੱਸ.ਐੱਸ.ਪੀ ਰੂਪਨਗਰ ਨੇ ਦੱਸਿਆ ਕਿ ÷ਯੁੱਧ ਨਸ਼ਿਆ ਵਿਰੁੱਧ ਮੁਹਿੰਮ ਦੀ ਲਗਾਤਾਰਤਾ ਵਿੱਚ ਜ਼ਿਲ੍ਹਾ ਪੁਲਿਸ ਵੱਲੋਂ ਵੱਖ-ਵੱਖ ਸਥਾਨਾ ਤੇ ਨਾਕਾਬੰਦੀਆਂ ਅਤੇ ਗਸ਼ਤਾ ਰਾਂਹੀ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਦੀ ਚੈਕਿੰਗ ਕੀਤੀ ਗਈ। ਜਿਸ ਦੌਰਾਨ ਥਾਣਾ ਸਦਰ ਰੂਪਨਗਰ ਵੱਲੋਂ ਲਖਵੀਰ ਸਿੰਘ ਉਰਫ਼ ਲੱਖਾ ਵਾਸੀ ਪਿੰਡ ਲਾਡਲ ਅਤੇ ਸਿਕੰਦਰ ਸਿੰਘ ਉਰਫ ਵਿੱਕੀ ਵਾਸੀ ਬੇਰਮਪੁਰ ਨੂੰ ਗਿਰਫਤਾਰ ਕਰਕੇ 22 ਗ੍ਰਾਮ ਤੋਂ ਵੱਧ ਨਸ਼ੀਲਾ ਪਾਊਡਰ ਬਰਾਮਦ ਕੀਤਾ ਗਿਆ ਅਤੇ ਗੁਰਸਿਮਰਨ ਸਿੰਘ ਪਿੰਡ ਸੁਖਰਾਮਪੁਰ ਟੱਪਰੀਆਂ ਹਾਲ ਵਾਸੀ ਜ਼ਿਲ੍ਹਾ ਰੂਪਨਗਰ ਪਾਸੋ 14 ਗ੍ਰਾਮ ਤੋਂ ਵੱਧ ਚਰਸ ਬ੍ਰਾਮਦ ਕੀਤੀ ਗਈ ਜਿਸ ਖਿਲਾਫ ਥਾਣਾ ਸਿਟੀ ਰੂਪਨਗਰ ਵਿਖੇ ਮੁਕੱਦਮਾ ਦਰਜ਼ ਕੀਤਾ ਗਿਆ।

ਇਸ ਤੋ ਇਲਾਵਾ ਥਾਣਾ ਸਿਟੀ ਮੋਰਿੰਡਾ ਵੱਲੋਂ ਸਤੀਸ ਕੁਮਾਰ ਵਾਸੀ ਸੈਕਟਰ 32 ਏ ਚੰਡੀਗੜ੍ਹ ਨੂੰ ਗ੍ਰਿਫਤਾਰ ਕਰਕੇ ਉਸ ਪਾਸੋ 8250 ਐਮ.ਐਲ. ਨਜ਼ਾਇਜ਼ ਸ਼ਰਾਬ ਬ੍ਰਾਮਦ ਕੀਤੀ ਗਈ ਅਤੇ ਉਸ ਖਿਲਾਫ ਐਕਸਾਇਜ਼ ਐਕਟ ਤਹਿਤ ਮੁਕੱਦਮਾ ਦਰਜ਼ ਕੀਤਾ ਗਿਆ।

ਐਸ.ਐਸ.ਪੀ. ਰੂਪਨਗਰ ਵਲੋਂ ਪਬਲਿਕ ਨੂੰ ਅਪੀਲ ਕੀਤੀ ਕਿ ਨਸ਼ੇ ਵਰਗੀ ਅਲਾਹਮਤ ਨੂੰ ਖਤਮ ਕਰਨ ਲਈ ਪੁਲਿਸ ਦਾ ਪੂਰਨ ਤੌਰ ਤੇ ਸਹਿਯੋਗ ਕੀਤਾ ਜਾਵੇ ਅਤੇ ਜੇਕਰ ਉਨ੍ਹਾਂ ਦੇ ਇਲਾਕਾ ਵਿੱਚ ਕੋਈ ਵਿਅਕਤੀ ਨਸ਼ਾ ਤਸਕਰੀ/ਸਮੱਗਲਿੰਗ ਕਰਦਾ ਹੈ ਤਾਂ ਉਸਦੀ ਸੂਚਨਾ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਇਨ ਨੰਬਰ 97791-00200 (ਵਟਸਐਪ ਚੈਟਬੋਟ) ਜਾ ਜਿਲਾ ਪੁਲਿਸ ਦੇ ਨੰਬਰਾ ਪਰ ਸਾਂਝੀ ਕੀਤੀ ਜਾਵੇ। ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਤਾ ਗੁਪਤ ਰੱਖਿਆ ਜਾਵੇਗਾ।

# ਲਾਲਾ ਲਾਜਪਤ ਰਾਏ ਮੈਮੋਰੀਅਲ ਪੋਲੀਟੈਕਨਿਕ ਕਾਲਜ ਅਜੀਤਵਾਲ ਵਿਖੇ ਹੋਵੇਗੀ ਯੂ.ਜੀ.ਸੀ.-ਨੈੱਟ ਦੀ ਪ੍ਰੀਖਿਆ

**ਮੋਗਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂ.ਜੀ.ਸੀ.-ਨੈੱਟ ਦੀ ਪ੍ਰੀਖਿਆ 29 ਜੂਨ 2025 ਨੂੰ ਜਿਲ੍ਹਾ ਮੋਗਾ ਦੇ ਲਾਲਾ ਲਾਜਪਤ ਰਾਏ ਮੈਮੋਰੀਅਲ ਪੋਲੀਟੈਕਨਿਕ ਕਾਲਜ ਅਜੀਤਵਾਲ ਵਿਖੇ ਹੋ ਰਹੀ ਹੈ।

ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ

ਲਾਲਾ ਲਾਜਪਤ ਰਾਏ ਮੈਮੋਰੀਅਲ ਪੋਲੀਟੈਕਨਿਕ ਕਾਲਜ ਅਜੀਤਵਾਲ ਵਿਖੇ ਸਥਾਪਿਤ ਪ੍ਰੀਖਿਆ ਕੇਂਦਰ ਦੇ ਆਸ-ਪਾਸ 100 ਮੀਟਰ ਦੇ ਘੇਰੇ ਅੰਦਰ ਵਿਦਿਆਰਥੀਆਂ ਅਤੇ ਡਿਊਟੀ ਸਟਾਫ ਤੋਂ ਬਿਨਾਂ ਆਮ ਲੋਕਾਂ ਦੇ ਇਕੱਠੇ ਹੋਣ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ ।

ਇਹ ਹੁਕਮ ਮਿਤੀ 29 ਜੂਨ 2025 ਨੂੰ ਲਾਗੂ ਰਹੇਗਾ। ਸ੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਇਸ ਪ੍ਰੀਖਿਆ ਨੂੰ ਅਮਨ ਅਮਾਨ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਉਕਤ ਹੁਕਮ ਪਾਰਦਰਸ਼ੀ ਢੰਗ ਨਾਲਜਾਰੀ ਕੀਤੇ ਗਏ ਹਨ।

# ਬਰਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਰੂਪਨਗਰ ਹਲਕੇ ਦੀ ਮਹੱਤਵਪੂਰਨ ਕਾਂਗਰਸ ਮੀਟਿੰਗ, ਬੂਥ ਪੱਧਰ 'ਤੇ ਢਾਂਚਾ ਮਜ਼ਬੂਤ ਕਰਨ 'ਤੇ ਰਿਹਾ ਕੇਂਦਰਤ

**ਰੂਪ ਨਗਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਹਲਕੇ ਵਿੱਚ ਕਾਂਗਰਸ ਪਾਰਟੀ ਨੇ ਬੂਥ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅੱਜ ਨੂਰਪੁਰ ਬੇਦੀ ਬਲਾਕ ਵਿਖੇ ਇਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ। ਇਹ ਮੀਟਿੰਗ ਸੀਨੀਅਰ ਕਾਂਗਰਸ ਆਗੂ ਸ. ਬਰਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਹਲਕੇ ਦੇ ਸੀਨੀਅਰ ਆਗੂ, ਜ਼ਿਲ੍ਹਾ ਪਰਿਸ਼ਦ ਮੈਂਬਰ, ਪੰਚ-ਸਰਪੰਚ, ਵੱਡੀ ਗਿਣਤੀ ਵਿੱਚ ਵਰਕਰ, ਯੂਥ ਕਾਂਗਰਸ, ਓਬੀਸੀ ਸੈਲ, ਐਸੀ ਸੈਲ ਅਤੇ ਹੋਰ ਯੂਨਿਟਾਂ ਨੇ ਭਰਪੂਰ ਭਾਗ ਲਿਆ।

ਮੀਟਿੰਗ ਵਿੱਚ ਬੂਥ ਪੱਧਰ 'ਤੇ ਪਾਰਟੀ ਢਾਂਚੇ ਨੂੰ ਮਜ਼ਬੂਤ ਕਰਨਾ, ਜਨ-ਸੰਪਰਕ ਵਧਾਉਣਾ, ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨਾ ਅਤੇ ਸਥਾਨਕ ਮੁੱਦਿਆਂ 'ਤੇ ਸਰਗਰਮੀ ਨਾਲ ਕੰਮ ਕਰਨ ਵਰਗੀਆਂ ਰਣਨੀਤੀਆਂ 'ਤੇ ਵਿਚਾਰ-



ਵਟਾਂਦਰਾ ਹੋਇਆ। ਹਲਕੇ ਦੇ ਕੋਆਰਡੀਨੇਟਰ ਕਮਲ ਕਿਸ਼ੋਰ ਸ਼ਰਮਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੀ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਹੀ ਚੋਣੀ ਜਿੱਤਣ ਦੀ ਚਾਬੀ ਹੈ। ਉਨ੍ਹਾਂ ਨੇ ਕਈ ਮਹੱਤਵਪੂਰਨ ਰਣਨੀਤਮਕ ਸੁਝਾਅ ਵੀ ਸਾਂਝੇ ਕੀਤੇ।

ਬਰਿੰਦਰ ਸਿੰਘ ਢਿੱਲੋਂ ਨੇ ਕਿਹਾ, "ਸਫਲਤਾ ਦਾ ਰਾਹ ਬੂਥ ਪੱਧਰ ਤੋਂ ਹੁੰਦੈ। ਜੇਕਰ ਅਸੀਂ ਢਿੱਲੀ ਨਾ ਛੱਡੀਏ ਅਤੇ ਇਕਜੁਟ ਹੋ ਕੇ ਮਿਹਨਤ ਕਰੀਏ ਤਾਂ ਰੂਪਨਗਰ 'ਚ ਕਾਂਗਰਸ ਮੁੜ ਆਪਣਾ ਸਨਮਾਨ ਹਾਸਿਲ ਕਰੇਗੀ। ਮੀਟਿੰਗ ਦੇ ਅੰਤ 'ਤੇ ਇਹ ਨਿਰਣਾ ਲਿਆ ਗਿਆ ਕਿ ਪਾਰਟੀ ਘਰ-ਘਰ ਤੱਕ ਜਾ ਕੇ ਜਨ-ਸੰਪਰਕ ਮੁਹਿੰਮ ਚਲਾਵੇਗੀ ਅਤੇ ਹਰੇਕ ਵੋਟਰ ਤੱਕ ਕਾਂਗਰਸ ਦਾ ਸੁਨੇਹਾ ਪਹੁੰਚਾਇਆ ਜਾਵੇਗਾ।

ਇਸ ਮੌਕੇ ਨੂਰਪੁਰ ਬੇਦੀ ਬਲਾਕ ਦੇ ਪ੍ਰਧਾਨ, ਸਨਮਾਨਤ ਸੀਨੀਅਰ ਆਗੂ, ਸਮੂਹ ਸੈਲਾਂ ਦੇ ਮੈਂਬਰ, ਜ਼ਿਲ੍ਹਾ ਤੇ ਬਲਾਕ ਪੱਧਰ ਦੇ ਚੁਣੇ ਨੁਮਾਇੰਦੇ ਅਤੇ ਪਾਰਟੀ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

# ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਤੇ ਕਾਨੂੰਨੀ ਕਾਰਵਾਈ ਕਰਨ ਸਬੰਧੀ ਐਸ ਐਸ ਪੀ ਸਾਹਿਬ ਨੂੰ ਮੰਗ ਪੱਤਰ ਸੌਂਪਿਆ



**ਮਲੇਰਕੋਟਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਐਸ.ਐਸ.ਪੀ. ਸਾਹਿਬ ਨੂੰ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਵਫਦ ਵੱਲੋਂ ਸੋਸ਼ਲ ਮੀਡਿਆ ਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਤੇ ਕਾਨੂੰਨੀ ਕਾਰਵਾਈ ਕਰਨ ਸਬੰਧੀ ਮੰਗ ਪੱਤਰ ਸੌਂਪਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਪ੍ਰਧਾਨ ਸਾਹਿਬਜਾਦਾ ਨਦੀਮ ਅਨਵਾਰ ਖਾਂ ਨੇ ਦੱਸਿਆ ਕਿ ਪੈਗੰਬਰ ਮੁਹੰਮਦ ਸਾਹਿਬ ਅਤੇ ਇਸਲਾਮ ' ਵਿਰੁੱਧ ਅਪਮਾਨਜਨਕ ਭਾਸ਼ਾ ਦੀ ਵਰਤੋਂ ਵਿਰੁੱਧ ਐੱਸ.ਐੱਸ.ਪੀ ਸਾਹਿਬ ਮਾਲੇਰਕੋਟਲਾ ਨੂੰ ਸ਼ਿਕਾਇਤ ਦੇ ਕੇ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਬੇਨਤੀ ਕੀਤੀ।

ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਦਿਨ ਪਹਿਲਾਂ ਸੋਸ਼ਲ ਮੀਡੀਆ ਦੇ ਵੱਖ-ਵੱਖ ਸਾਧਨਾਂ ਰਾਹੀਂ ਇੱਕ ਵੀਡਿਓ ਜਾਰੀ ਹੋਈ ਜਿਸ ਵਿੱਚ ਇੱਕ ਵਿਅਕਤੀ ਨੇ ਜਨਤਕ ਤੌਰ ਤੇ ਪੈਗ਼ੰਬਰ ਮੁਹੰਮਦ ਦੇ ਵਿਰੁੱਧ ਬਹੁਤ ਹੀ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਹੈ ਅਤੇ ਇਸਲਾਮ ਧਰਮ ਦੇ ਵਿਰੁੱਧ ਬਹੁਤ ਹੀ ਅਪਮਾਨਜਨਕ ਟਿੱਪਣੀਆਂ ਕੀਤੀਆਂ ਹਨ ਇਹਨਾਂ ਟਿੱਪਣੀਆਂ ਨੇ ਮੁਸਲਿਮ ਭਾਈਚਾਰੇ ਵਿੱਚ ਕਾਫ਼ੀ ਰੋਸ ਪੈਦਾ ਕੀਤਾ ਹੈ।

ਅਜਿਹੇ ਬਿਆਨ ਨਾ ਸਿਰਫ਼ ਲੱਖਾਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਂਦੇ ਹਨ ਬਲਕਿ ਫ਼ ?ਰਕੂ ਅਸ਼ਾਂਤੀ ਅਤੇ ਅਸਹਿਮਤੀ ਨੂੰ ਭੜਕਾਉਣ ਦੇ ਸਮਰੱਥ ਵੀ ਹਨ। ਇਹ ਕਾਰਵਾਈ ਇੱਕ ਖ਼ਾਸ ਭਾਈਚਾਰੇ ਨੂੰ ਭੜਕਾਉਣ, ਜਨਤਕ ਸ਼ਾਂਤੀ ਨੂੰ ਭੰਗ ਕਰਨ ਅਤੇ ਸਮਾਜ ਵਿੱਚ ਨਫ਼ਰਤ ਫੈਲਾਉਣ ਦੀ ਜਾਣ ਬੁੱਝ ਕੇ ਕੀਤੀ ਗਈ ਕੋਸ਼ਿਸ਼ ਜਾਪਦੀ ਹੈ ਜਿਸਦੇ ਬਰਖਿਲਾਫ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਤੇ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਹਨਾਂ ਦੱਸਿਆ ਕਿ ਧਾਰਮਿਕ ਭਾਵਨਾਵਾਂ ਦੀ ਪੜਤਾਲ ਤੇ ਪਤਾ ਲੱਗਿਆ ਹੈ ਕਿ ਇਹ ਸੋਸ਼ਲ ਮੀਡੀਆ ਦੇ ਫੇਸਬੁੱਕ ਪੇਜ਼ ਤੇ ਬਹੁਤ ਜਿਆਦਾ ਐਕਟਿਵ ਹੈ ਅਤੇ ਖੱਤਰੀ ਜਾਗਰਣ ਮਿਸ਼ਨ ਅਤੇ 'ਦਲਜੀਤ ਕਾਫਰ ਸਿੰਘ ਦੇ ਨਾਮ ਤੋਂ ਦੋ ਫੇਸਬੁੱਕ ਪੇਜ ਵਿਦੇਸ਼ ਵਿੱਚ ਬੈਠ ਕੇ ਚਲਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਐਸ.ਐਸ.ਪੀ. ਗਗਨਅਜੀਤ ਸਿੰਘ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਇਸ ਸਬੰਧੀ ਛੇਤੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਮੁਹੰਮਦ ਅਖਲਾਕ, ਮੁਕੱਰਮ ਸੈਫੀ, ਮੁਹੰਮਦ ਸ਼ਾਹਿਦ, ਸੁਹੈਬ ਅਹਿਮਦ ਖਾਨ ਸੈਬੀ, ਸ਼ਹਿਜਾਦ ਹੁਸੈਨ, ਸਾਬਿਰ ਅਲੀ ਜੋਸ਼ੀ, ਮੁਹੰਮਦ ਇਰਫਾਨ ਆਦਿ ਵੀ ਹਾਜਰ ਸਨ।

# ਕਹਾਣੀ

## ਜ਼ਿੰਮੇਵਾਰੀਆਂ

-ਜਿਓਤਿਰਮੌਇ ਦੇਵੀ

ਬੜਾ ਭਰਿਆ ਪੂਰਾ ਪਰਿਵਾਰ ਸੀ। ਚੰਗਾ ਘਰ ਬਾਰ ਸੀ। ਸਭ ਖ਼ੁਸ਼ੀਆਂ ਸਨ। ਚਾਰ ਪੁੱਤ, ਦੋ ਧੀਆਂ ਤੇ ਉਨ੍ਹਾਂ ਦੇ ਸੁਖੀ-ਸਾਂਦੀ ਵਸਦੇ ਪਰਿਵਾਰ। ਚਾਰੇ ਪੁੱਤ ਚੰਗੇ ਮਾਣ ਵਾਲੇ ਆਹੁਦਿਆਂ 'ਤੇ ਸਨ। ਸਭ ਤੋਂ ਵੱਡਾ ਕਾਲਜ 'ਚ ਅਧਿਆਪਕ ਸੀ, ਉਸ ਤੋਂ ਛੋਟਾ ਡਾਕਟਰ ਤੇ ਛੋਟੇ ਦੋਵੇਂ ਵਕੀਲ। ਘਰ ਵੀ ਬੜਾ ਸਾਂਵਾ ਚਲਦਾ ਸੀ। ਕਦੇ ਕਦਾਈਂ ਕਿਸੇ ਗੱਲੋਂ ਮਾੜਾ-ਮਾਟਾ ਬੋਲ ਬੁਲਾਰਾ ਵੀ ਹੋ ਜਾਂਦਾ ਪਰ ਰਾਤ ਗਈ ਤੇ ਬਾਤ ਗਈ ਵਾਂਗ ਮਾਹੌਲ ਫੇਰ ਆਪੇ ਹੀ ਠੀਕ ਹੋ ਜਾਂਦਾ। ਉਂਜ ਇਕ ਹੋਰ ਮਾਮਲਾ ਜ਼ਰੂਰ ਸੀ ਜਿਸ ਤੋਂ ਬੋਲ-ਬੁਲਾਰਾ ਬਹੁਤ ਹੁੰਦਾ ਸੀ। ਮਾਮਲੇ ਦਾ ਕਾਰਨ ਸੀ ਘਰ ਦੇ ਵੱਡੇ ਪ੍ਰੋਫੈਸਰ ਪੁੱਤ ਦਾ ਮਾਂ ਮਹਿੱਟਰ ਮੁੰਡਾ, ਜੋਗੀ। ਮੁੰਡੇ ਦੀ ਦਾਦੀ ਨੇ ਮਾਂ ਦੀ ਥਾਂ ਪੂਰਦਿਆਂ ਉਸ ਨੂੰ ਕੁਝ ਹੱਦ ਤੱਕ ਵਿਗਾੜ ਹੀ ਦਿੱਤਾ ਸੀ। ਹੁਣ ਜੋਗੀ ਘਰ ਵਿਚ ਹਰ ਪੁਆੜੇ ਦੀ ਜੜ੍ਹ ਹੁੰਦਾ ਤੇ ਦਾਦੀ ਉਸ ਦਾ ਪੱਖ ਪੂਰਦੀ। ਸਭ ਨੂੰ ਪਤਾ ਸੀ ਕਿ ਘਰ ਦੀ ਮਾਂ ਦਾ ਜ਼ਿਆਦਾ ਝੁਕਾਅ ਆਪਣੇ ਇਸ ਪੋਤੇ ਵੱਲ ਸੀ।

ਕੋਈ ਵੀ ਘਰ ਔਕੜਾਂ ਜਾਂ ਝੇੜਿਆਂ-ਝਗੜਿਆਂ ਤੋਂ ਪੂਰੀ ਤਰ੍ਹਾਂ ਮੁਕਤ ਤਾਂ ਹੋ ਹੀ ਨਹੀਂ ਸਕਦਾ। ਝਗੜੇ ਦਾ ਸਭ ਤੋਂ ਵੱਡਾ ਆਧਾਰ ਬਣਦੇ ਸਨ ਮਹੀਨੇ ਦੇ ਬਿੱਲ। ਬਿਜਲੀ, ਪਾਣੀ, ਰਾਸ਼ਨ ਤੇ ਹੋਰ ਸਮਾਨ ਦੇ ਬਿਲ। ਕਈ ਵਾਰ ਤਾਂ ਕਰਿਆਨੇ ਦੇ, ਧੋਬੀ ਦੇ, ਦੋਧੀ ਦੇ, ਮੁਨਿਆਰੀ ਦੇ ਬਿੱਲ ਅਦਾ ਨਾ ਹੁੰਦੇ ਜਾਂ ਫੇਰ ਕਿਤਾਬਾਂ-ਕਾਪੀਆਂ ਦੇ ਬਿੱਲਾਂ ਦੀ ਅਦਾਇਗੀ ਰੁਕ ਜਾਂਦੀ। ਘਰ ਦੀਆਂ ਤਿੰਨ ਨੂੰਹਾਂ ਸਨ ਤੇ ਉਨ੍ਹਾਂ ਦੇ ਪਤੀਆਂ ਦੇ ਨਾਵਾਂ 'ਤੇ ਖਾਤੇ ਚਲਦੇ ਸਨ। ਦੁਕਾਨਾਂ ਵਾਲੇ, ਕੰਮਾਂ ਵਾਲੇ ਬਿੱਲ ਲੈ ਕੇ ਆਉਂਦੇ। ਕਈ ਵਾਰ ਗਰਮਾ-ਗਰਮੀ ਵੀ ਹੁੰਦੀ, ਕੁਝ ਅਦਾਇਗੀ ਹੁੰਦੀ, ਕੁਝ ਅੱਗੇ ਪੈ ਜਾਂਦੇ। ਇਵੇਂ ਹੀ ਇਕ ਵਾਰ ਤਕੜੀ ਗਰਮਾ-ਗਰਮਾ ਹੋ ਗਈ। ਵੱਡਾ ਪੁੱਤਰ ਮਾਂ ਨਾਲ ਉਲਝ ਗਿਆ,' ਪਿਛਲੇ ਸਾਲ ਤਾਂ ਹਾਲੇ ਤਲਾਈਆਂ ਭਰਵਾਈਆਂ ਸਨ ਮਾਂ, ਇਸ ਵਾਰ ਨਵੀਂ ਤਲਾਈ ਦੀ ਕੀ ਲੋੜ ?' ਗੱਲ ਅਜੇ ਪੂਰੀ ਨਹੀਂ ਹੋਈ ਸੀ ਕਿ ਘਰ ਦੇ ਹੋਰ ਪੁੱਤਰ ਵੀ ਆ ਡਟੇ। ਸਾਰੇ ਹੀ ਵਧ-ਵਧ ਕੇ ਬੋਲਣ ਲੱਗ ਪਏ। ਮਾਤਾ ਨੇ ਸੋਚਿਆ ਕਿ ਉਨ੍ਹਾਂ ਨੂੰ ਕੀ ਦੱਸੇ ਕਿ ਉਸ ਦੇ ਹੋਰ ਪੋਤੇ-ਪੋਤੀਆਂ ਲਈ ਹੁਣ ਵੱਖਰੇ ਬਿਸਤਰਿਆਂ ਦੀ ਲੋੜ ਸੀ ਪਰ ਉਹ ਚੁੱਪ ਹੀ ਕਰ ਗਈ। 'ਤੂੰ ਜੋਗੀ ਨੂੰ ਸਿਰ ਚਾੜ੍ਹੀ-ਜਾਨੀ ਏ,'' ਡਾਕਟਰ ਪੁੱਤਰ ਮਾਂ ਨਾਲ ਖਹਿਬੜ ਰਿਹਾ ਸੀ, 'ਪਿਛਲੇ ਮਹੀਨੇ ਨਵੀਂ ਰਜ਼ਾਈ ਭਰਵਾਈ ਸੀ ਤੇ ਹੁਣ ਤਲਾਈ ਤਾਂ ਉਸ ਦੇ ਫਰਜ਼ੰਦ ਲਈ ਸੀ, ਪ੍ਰੋਫੈਸਰ ਸਾਹਿਬ ਗਰਜ ਪਏ, 'ਦਰਜ਼ੀ ਦਾ ਬਿੱਲ ਦੇਖੋ ਅਸਮਾਨੀਂ ਚੜ੍ਹਿਆ ਪਿਐ, ਦੋਧੀ ਦਾ ਵੀ ਘੱਟ ਨਹੀਂ। ਹਰ ਮਹੀਨੇ ਸਾਰੇ ਹੀ ਬਿਲ ਵਧੀ ਜਾਂਦੇ ਨੇ, ਵਧੀ ਜਾਂਦੇ ਨੇ।' ਵੱਡੇ ਵਕੀਲ ਪੁੱਤ ਨੇ ਮੋਰਚਾ ਸਾਂਭਿਆ, 'ਇਸ ਤੋਂ ਪਹਿਲਾਂ ਕਿ ਗੱਲ ਹੱਥੋਂ ਨਿਕਲ ਜਾਵੇ, ਕੁਝ ਸੋਚਣਾ ਪਊਗਾ।'

ਮਾਤਾ ਤਾਂ ਇਸ ਗੱਲੋਂ ਵੀ ਪਸੀਨੇ ਨਾਲ ਤਰ ਹੋਈ ਜਾਂਦੀ ਸੀ ਕਿ ਨੂੰਹਾਂ ਨਾ ਸੁਣ ਲੈਣ ਕਿ ਉਸ ਦੇ ਪੁੱਤਰ ਕੀ ਗੱਲਾਂ ਪਏ ਕਰਦੇ ਸਨ। ਉਹ ਬੋਲੀ, 'ਦੇਖੋ, ਪਿਛਲੇ ਮਹੀਨੇ ਕੁਝ ਖਰਚਾ ਵੱਧਣਾ ਹੀ ਸੀ। ਤੁਹਾਡੀਆਂ ਭੈਣਾਂ ਆਈਆਂ ਕਰ ਕੇ ਜਵਾਈ ਆਏ ਤੇ ਉਨ੍ਹਾਂ ਨੂੰ ਕੋਈ ਖਾਲੀ ਹੱਥੀ ਤਾਂ ਨਹੀਂ ਨਾ ਤੋਰ ਦਿੰਦਾ। ਫੇਰ ਤੁਹਾਡੇ ਦੋ ਭਰਾਵਾਂ ਦੇ ਜਨਮ ਦਿਨ ਵੀ ਸਨ ਕਿਉਂ ਐਡਾ ਚੀਕ-ਚਿਹਾੜਾ ਪਾਉਂਦੇ ?'' ਛੋਟੇ ਵਕੀਲ ਸਾਹਿਬ ਨੇ ਸਮਾਂ ਮੁਨਾਸਿਬ ਸਮਝਦਿਆਂ ਮੂੰਹ ਖੋਲ੍ਹਿਆ,''ਤੇ ਉਸ ਤੋਂ ਪਿਛਲੇ ਮਹੀਨੇ ? ਉਦੋਂ ਖਰਚਾ ਕਿਉਂ ਵੱਧਿਆ। ਮਾਤਾ ਨੇ ਸਿਰਫ ਇੰਨਾ ਹੀ ਕਿਹਾ ਕਿ ਉਸ ਮਹੀਨੇ ਤਾਂ ਬਿਜਲੀ, ਪਾਣੀ ਦੇ ਬਿੱਲਾਂ ਦੀਆਂ ਦਰਾਂ ਵਧੀਆਂ ਸਨ ਤੇ ਦਾਲਾਂ ਤੇ ਭਾਅ ਵੀ।'' ਉਹ ਇਹ ਕਿਵੇਂ ਕਹਿੰਦੀ ਕਿ ਛੋਟੇ ਵਕੀਲ ਸਾਹਿਬ ਦੀ ਪਤਨੀ ਦੇ ਪੇਕਿਓਂ ਚਾਰ ਜੀਆਂ ਦੀ ਧਾੜ ਵੀ ਉਸ ਮਹੀਨੇ ਆਈ ਸੀ। ਤੇ ਨਾਲੇ ਇਹ ਕਹਿੰਦਿਆਂ ਮਾਤਾ ਦੀ ਜ਼ੁਬਾਨ ਨਾ ਸੜ ਜਾਏ। ਕਿ ਘਰ ਦੇ ਬੱਚੇ ਵੱਡੇ ਹੋ ਰਹੇ ਸਨ ਤੇ ਖਰਚਾ ਵੱਧ ਰਿਹਾ ਸੀ। ਹੁਣ ਪੋਤੇ-ਪੋਤੀਆਂ ਤੋਲਣਾ ਤਾਂ ਸੋਚ ਵੀ ਨਹੀਂ ਸੀ ਸਕਦੀ। ਪੋਤੇ-ਪੋਤੀਆਂ, ਦੋਹਤੇ-ਦੋਹਤੀਆਂ ਤਾਂ ਮਾਤਾ ਦਾ ਮਾਣ ਸਨ, ਉਸ ਦੀਆਂ ਕਈ ਖੱਟੀਆਂ-ਮਿੱਠੀਆਂ ਯਾਦਾਂ ਦੇ ਮੁਜੱਸਮੇ। ਵੱਡੇ ਵਕੀਲ ਸਾਹਿਬ ਅੰਤਲੀ ਦਲੀਲ ਦੇ ਰਹੇ ਸਨ, 'ਸਚਾਈ ਤਾਂ ਇਹ ਹੈ ਕਿ ਇਥੇ ਕਿਸੇ ਨੂੰ ਧੇਲੇ ਦੀ ਕਦਰ ਹੀ ਕੋਈ ਨਹੀਂ।'' ਮਾਂ ਸਿਰਫ ਫਿੱਕਾ ਜਿਹਾ ਮੁਸਕਰਾਈ। ਉਹ ਤਾਂ ਸੋਚ ਹੀ ਕੁਝ ਹੋਰ ਰਹੀ ਸੀ। ਏਨੇ ਨੂੰ ਇਕ ਹੋਰ ਬਾਣ ਆ ਗਿਆ, ''ਜਿੱਥੋਂ ਤੱਕ ਜੋਗੀ ਦਾ ਸਵਾਲ ਹੈ, ਤੁਹਾਨੂੰ ਪਤਾ ਕੀ ਹੈ ਕਿ ਮੈਂ ਨੇ ਉਹਨੂੰ ਪੜ੍ਹਨ-ਲਿਖਣ ਜੋਗਾ ਵੀ ਨਹੀਂ ਛੱਡਿਆ।'' ਮਾਤਾ ਕੁਰਲਾ ਉਠੀ, ''ਨਹੀਂ ! ਇੰਜ ਨਾ ਕਹੋ ਪੁੱਤਰੋ, ਮੇਰੇ ਪੋਤੇ ਬਾਰੇ !'' ਜੋਗੀ ਦਾ ਪ੍ਰੋਫੈਸਰ ਪਿਤਾ ਵਿਚੋਂ ਹੀ ਬੋਲਿਆ,''ਸਾਹਮਣੇ ਹੀ ਤਾਂ ਹੈ ਕਿਵੇਂ ਬੋਕ ਵਾਂਗ ਵਧੀ ਜਾਂਦੈ, ਖਾਣ-ਪੀਣ ਤੋਂ ਇਲਾਵਾ ਕੀ ਕੰਮ ਹੈ ਉਹਨੂੰ !''

ਇਹ ਗੱਲ ਤਾਂ ਮਾਤਾ ਬਰਦਾਸ਼ਤੋਂ ਪਰ੍ਹੇ ਦੀਆਂ ਸਨ। ਜੋਗੀ ਚੰਗਾ ਖਾਣ ਦਾ ਸ਼ੌਕੀਨ ਸੀ ਤੇ ਦਾਦੀ ਉਸ ਮਾਂ-ਮਹਿੱਟਰ ਦੀ ਇਹ ਇੱਛਾ ਵੀ ਪੂਰੀ ਨਾ ਕਰਦੀ ? ਮੁੰਡੇ ਨੂੰ ਕਿੰਨਾ ਕੁਝ ਸੁਣਨਾ ਪੈਂਦਾ ਸੀ ਤੇ ਹੁਣ ਦਾਦੀ ਨੂੰ ਸੁਣਨਾ ਪੈ ਰਿਹਾ ਸੀ। ਮਾਤਾ ਦੇ ਲੱਠਾਂ ਵਰਗੇ ਕਮਾਊ ਪੁੱਤ ਕੁਝ ਹੋਰ ਚਿਰ ਕਮਾਈ ਦੀਆਂ, ਖਰਚੇ ਦੀਆਂ ਤੇ



ਬੱਚਿਆਂ ਦੀਆਂ ਲੋੜਾਂ ਦੀਆਂ, ਫਜ਼ੂਲ ਜਿਹੀਆਂ ਗੱਲਾਂ ਕਰਦੇ ਰਹੇ। ਮਾਤਾ ਤਾਂ ਮਾਲਾ ਫੇਰਨ ਲੱਗ ਪਈ ਸੀ। ਉਹ ਕਿੰਨਾ ਚਿਰ ਹੋਰ ਸਭ ਕੁਝ ਸਕਦੀ ਸੀ ! ਦੋ ਨੂੰਹਾਂ ਵੀ ਜੋਗੀ ਵਿਰੁੱਧ ਬੁੜ ਬੁੜ ਕਰ ਰਹੀਆਂ ਸਨ ਪਰ ਵੱਡੇ ਵਕੀਲ ਦੀ ਪਤਨੀ ਜੋਗੀ ਖਿਲਾਫ ਕੁਝ ਨਹੀਂ ਸੀ ਬੋਲਦੀ। ਸ਼ਾਇਦ ਇਸ ਕਰਕੇ ਕਿ ਉਹਦੇ ਆਪਣੇ ਪੇਕੇ ਘਰ ਉਹਦੀ ਮਾਂ ਉਸ ਦੇ ਮਾਂ-ਵਾਹਰੇ ਭਤੀਜੇ ਨੂੰ ਸਾਂਭਦੀ ਸੀ। ਦਿਨ ਬੀਤਦੇ ਗਏ। ਮਾਤਾ ਦੀ ਉਮਰ ਤਾਂ ਬਹੁਤੀ ਨਹੀਂ ਸੀ ਪਰ ਮਾੜੀ ਸਿਹਤ ਤੇ ਦਿਨੋ-ਦਿਨ ਘਰ ਦੇ ਮਾੜੇ ਹੁੰਦੇ ਜਾਂਦੇ ਹਾਲਾਤ ਨੇ ਉਹਨੂੰ ਬਹੁਤ ਥਕਾ ਦਿੱਤਾ ਸੀ। ਉਹ ਆਪਣੀਆਂ ਸੰਸਾਰਕ ਜ਼ਿੰਮੇਵਾਰੀਆਂ ਹੌਲੀ ਹੌਲੀ ਛੱਡਦੀ ਗਈ ਅਤੇ ਬਹੁਤਾ ਸਮਾਂ ਪਾਠ-ਪੂਜਾ ਵਿਚ ਹੀ ਲਾਉਣ ਲੱਗ ਪਈ। ਹਾਂ, ਸ਼ਾਮ ਵੇਲੇ ਪੋਤੇ-ਪੋਤੀਆਂ ਨਾਲ ਬੈਠਣਾ, ਖੇਡਣਾ ਤੇ ਬਾਤਾਂ ਪਾਉਣੀਆਂ ਕਦੇ ਵੀ ਨਾ ਛੱਡ ਸਕੀ। ਸਾਲਾਂ ਤੋਂ ਜਿਹੜਾ ਘਰ ਉਹਨੇ ਮਿਹਨਤ ਨਾਲ ਪੋਟਾ ਪੋਟਾ ਕਰ ਕੇ ਸੰਭਾਲਿਆ ਸੀ, ਨੂੰਹਾਂ ਹਵਾਲੇ ਕਰ ਦਿੱਤਾ। ਤੇ ਨੂੰਹਾਂ ਨੂੰ ਘਰ ਸੰਭਾਲਣ ਵਿਚ ਮਾਤਾ ਦੀ ਸਲਾਹ ਕਿੱਥੇ ਚਾਹੀਦੀ ਸੀ ? ਖੈਰ ! ਮਾਤਾ ਤਾਂ ਵੀ ਸੰਤੁਸ਼ਟ ਸੀ। ਜ਼ਿੰਮੇਵਾਰੀਆਂ ਇਕ ਪੀੜ੍ਹੀ ਤੋਂ ਸਰਕ ਕੇ ਅਗਲੀ ਪੀੜ੍ਹੀ 'ਤੇ ਜਾ ਪਈਆਂ ਸਨ। ਤੇ ਘਰ ਸਾਵਾਂ ਚੱਲ ਰਿਹਾ ਸੀ।

ਜ਼ਿੰਮੇਵਾਰੀਆਂ ਤੋਂ ਪਿੱਛੇ ਹੱਟਣ ਨਾਲ ਮਾਤਾ ਅਚਾਨਕ ਫੇਰ ਘਰ ਦਾ ਕੇਂਦਰ ਬਿੰਦੂ ਬਣ ਗਈ। ਹਰ ਕੋਈ ਫਿਰ ਉਸੇ ਪੁੱਛਣ ਲੱਗਾ। ਮਾਤਾ ਦੀ ਉਮਰ ਕੀ ਸੱਚਮੁਚ ਜ਼ਿਆਦਾ ਹੋ ਗਈ ? ਮਾਤਾ ਦੀ ਸਿਹਤ ਕਿਵੇਂ ਹੈ ? ਕੀ ਉਸ ਦੇ ਦਿਨ ਪੁੱਗ ਗਏ ਹਨ ? ਫਿਰ ਹਰ ਕੋਈ ਮਾਤਾ ਬਾਰੇ ਚਿੰਤਤ ਹੋਣ ਲੱਗੇ। ਠੀਕ ਹੈ ਕਿ ਪੁੱਤ ਵੱਡੇ ਹੋ ਗਏ ਸਨ ਤੇ ਕਿਸੇ ਨੂੰ ਵੀ ਮਾਤਾ ਦੀ ਬਹੁਤੀ ਲੋੜ ਨਹੀਂ ਸੀ ਰਹਿ ਗਈ ਪਰ ਇਸ ਨਾਲ ਮਾਂ ਪ੍ਰਤੀ ਉਨ੍ਹਾਂ ਦਾ ਪਿਆਰ ਤੇ ਭਾਵਨਾ ਤਾਂ ਨਹੀਂ ਸੀ ਨਾ ਘੱਟ ਸਕਦੀ। ਨੂੰਹਾਂ-ਪੁੱਤ ਤਹਿ ਦਿਲੋਂ ਮਾਂ ਦਾ ਧਿਆਨ ਕਰਨ ਲੱਗ ਸਨ ਤੇ ਜੋਗੀ ਦਾ ਵੀ ! ਮਾਤਾ ਉਠਦੀ, ਬਹਿੰਦੀ, ਮੰਜੇ 'ਤੇ ਪਈ ਨਿੰਮਾ-ਨਿੰਮਾ ਮੁਸਕਰਾਂਦੀ ਰਹਿੰਦੀ ਤੇ ਕਹੀ ਜਾਂਦੀ, 'ਮੈਂ ਠੀਕ ਹਾਂ ਬੱਚਾ, ਮੈਨੂੰ ਕੁਝ ਨਹੀਂ ਚਾਹੀਦਾ। ਤੁਸੀ ਹੋ ਤੇ ਮੇਰੇ ਕੋਲ ਸਭ ਕੁਝ ਹੈ।' ਉਹਨੂੰ ਤਸੱਲੀ ਸੀ ਕਿ ਚਾਚੀਆਂ ਹੁਣ ਜੋਗੀ ਦਾ ਪੂਰਾ ਖਿਆਲ ਰੱਖਦੀਆ ਸਨ, ਖਾਸਕਰ ਵਿਚਕਾਰਲੀ ਚਾਚੀ। ਇਕ ਦਿਨ ਡਾਕਟਰ ਪੁੱਤ ਨੇ ਆਪਣੀ ਪਤਨੀ ਨੂੰ ਹਰਖ ਕੇ ਕਿਹਾ,'ਤੈਨੂੰ ਪਤੈ ਮਾਂ ਨੂੰ ਕਿੰਨੇ ਹੀ ਦਿਨਾਂ ਤੋਂ ਬੁਖਾਰ ਏ ? ਉਹ ਵਿਚਾਰੀ ਆਪਣੇ ਪਤੀ ਤੋਂ ਇਹੋ ਜਿਹੀ ਝਿੜਕ ਦੀ ਆਸ ਨਹੀਂ ਸੀ ਰੱਖਦੀ। ਘਬਰਾ ਕੇ ਬੋਲੀ, 'ਮੈਨੂੰ ਕਿਵੇਂ ਪਤਾ ਲਗਦਾ ? ਉਹ ਤਾਂ ਰੋਜ਼ ਨਹਾਉਂਦੇ ਨੇ, ਪਾਠ-ਪੂਜਾ 'ਤੇ ਬੈਠਦੇ ਨੇ। ਹਾਂ, ਰੋਟੀ ਜ਼ਰੂਰ ਕੁਝ ਦਿਨਾਂ ਤੋਂ ਘਟਾ ਦਿੱਤੀ ਏ।

ਜੋਗੀ ਨੇ ਵੀ ਅੱਜ ਸਵੇਰੇ ਈ ਮੈਨੂੰ ਕਿਹਾ ਸੀ ਕਿ ਮਾਤਾ ਕੁਝ ਠੀਕ ਨਹੀ।' 'ਤੂੰ ਕਿੰਨੀ ਲਾਪ੍ਰਵਾਹ ਏਂ। ਮੈਂ ਹੀ ਮਾਂ ਕੋਲ ਜਾਨਾ।'' ਡਾਕਟਰ ਸਾਹਿਬ ਮਾਂ ਦੇ ਕਮਰੇ ਵੱਲ ਭੱਜ ਨਿਕਲੇ ਤੇ ਫੇਰ ਚਾਰੇ ਭਰਾ, ਮਾਂ ਦੇ ਸਿਰਹਾਣੇ ਜਾ ਖੜ੍ਹੇ ਹੋਏ। ਮਾਤਾ ਅੱਖਾਂ ਮੀਚੀ ਪਈ ਸੀ, ਸ਼ਾਂਤ-ਚਿੱਤ। ਜੋਗੀ ਦਾਦੀ ਦੀਆਂ ਪੁੜਪੁੜੀਆਂ ਝੱਸ ਰਿਹਾ ਸੀ। ਪ੍ਰੋਫੈਸਰ ਨੇ ਮਾਂ ਦਾ ਮੱਥਾ ਟੋਹਿਆ। ਡਾਕਟਰ ਨੇ ਫਿਕਰਮੰਦੀ ਦਰਸਾਈ,'' ਮਾਂ ਨੂੰ ਤਾਂ ਬੜਾ ਤਾਪ ਚੜ੍ਹਿਐ।'' ਪਰ ਮਾਤਾ ਇੰਨੇ ਕੁ ਬੁਖਾਰ ਨੂੰ ਕੀ ਸਮਝਦੀ ਸੀ।'' ਨਹੀਂ, ਨਹੀਂ ਮੈਨੂੰ ਬੁਖਾਰ ਤਾਂ ਕੋਈ ਨਹੀਂ ਐਵੇਂ ਜ਼ਰਾ ਕੁ ਦਰਦਾ ਨੇ। ਮੈਂ ਤਾਂ ਹੀ ਸਵੇਰ ਤੋਂ ਉੱਠੀ ਈ ਨਹੀਂ, ਐਵੇਂ ਕਿਉਂ ਫਿਕਰ ਕਰਦੇ ਓ ?'' ਉਹਨੇ ਸਾਰਿਆਂ ਨੂੰ ਚਿੰਤਾਮੁਕਤ ਕਰਨ ਲਈ ਕਿਹਾ। ਸ਼ਾਮ ਤੱਕ ਮਾਤਾ ਬੇਹੋਸ਼ ਹੀ ਹੋ ਗਈ, ਅੱਖਾਂ ਹੀ ਨਾ ਖੋਲ੍ਹੇ। ਅਗਲੇ ਤਿੰਨ ਦਿਨਾਂ ਵਿਚ ਕਮਰਾ ਤਰ੍ਹਾਂ-ਤਰ੍ਹਾਂ ਦੀਆਂ ਦਵਾਈਆਂ, ਟੀਕਿਆਂ ਤੇ ਉਨ੍ਹਾਂ ਦੀ ਗੰਧ ਨਾਲ ਭਰ ਗਿਆ। ਉੱਡੇ ਮੂੰਹਾਂ ਵਾਲੇ ਪੁੱਤ ਕਮਰੇ ਦੇ ਅੰਦਰ ਬਾਹਰ ਹੋਈ ਜਾਂਦੇ। ਨੂੰਹਾਂ ਦੇ ਵੀ ਜਿਹੇਂ ਹੋਸ਼ ਉੱਡ ਗਏ ਸਨ।'' ਮਾਂ ਨੇ ਦਵਾਈ ਲਈ ? ਮਾਂ ਨੇ ਦੁੱਧ ਪੀਤਾ ? ਮਾਂ ਨੇ ਰਸ ਪੀਤਾ ? '' ਸਵਾਲ ਬੱਸ ਇਹੋ ਜਿਹੇ ਹੀ ਹੋ ਕੇ ਰਹਿ ਗਏ। ਖਰਚੇ, ਦਵਾਈਆਂ ਡਾਕਟਰਾਂ ਦਾ ਕੋਈ ਅੰਤ ਨਾ ਰਿਹਾ। ਮਾਤਾ ਨੂੰ ਬਚਾਉਣ ਦੀ ਮੁਹਿੰਮ ਛਿੜ ਗਈ। ਧੀਆਂ ਵੀ ਆ ਕੇ ਮਾਂ ਦੇ ਗੋਡੇ-ਮੁੱਢ ਲੱਗ ਗਈਆਂ। ਦੁਖੀ ਤਾਂ ਸਾਰੇ ਸਨ ਪਰ ਜੋਗੀ ਦਾ ਦੁੱਖ ਕੋਈ ਨਹੀਂ ਸੀ ਜਾਣਦਾ। ਰਾਤ ਨੂੰ ਸਾਰੇ ਸੌਂ ਜਾਂਦੇ, ਪਰ ਜੋਗੀ ਦਾਦੀ ਦੇ ਕੋਲ ਹੀ ਮੰਜੇ 'ਤੇ ਸਿਰ ਸੁੱਟੀ ਬੈਠਾ ਰਹਿੰਦਾ। ਬੇਹੋਸ਼, ਸੁੱਧ -ਬੁੱਧ ਤੋਂ ਸੱਖਣੀ ਮਾਤਾ ਰਾਤ ਵੇਲੇ ਅਚਨਚੇਤ ਜੋਗੀ ਦਾ ਮੱਥਾ ਪਲੋਸਦੀ ਤੇ ਕਦੇ-ਕਦੇ ਕੁਝ ਕਹਿੰਦੀ ਵੀ, ਪਰ ਨਾਲ ਦੀ ਨਾਲ ਫਿਰ ਨੀਂਦੇ ਸੌਂ ਜਾਂਦੀ। ਪਰਿਵਾਰ ਦੇ ਬਾਕੀ ਸਾਰੇ ਮੈਂਬਰ ਜਦੋਂ ਘਰ ਹੁੰਦੇ ਤਾਂ ਮਾਤਾ ਦੇ ਕਮਰੇ ਵਿਚ ਹੀ ਬੈਠੇ ਰਹਿੰਦੇ। ਪ੍ਰੋਫੈਸਰ, ਡਾਕਟਰ ਤੇ ਵਕੀਲ ਪੁੱਤ ਬਚਪਨ ਦੀਆਂ ਗੱਲਾਂ ਕਰਦੇ। ਮਾਂ ਦੀ ਘਾਲਣਾ ਯਾਦ ਕਰਦੇ। ਨੂੰਹਾਂ ਛੋਟੀ ਛੋਟੀ ਗੱਲੋਂ ਮਾਂ ਦਾ ਵਿਰੋਧ ਕਰਨ ਦੀਆਂ ਗੱਲਾਂ ਨੂੰ ਯਾਦ ਕਰਕੇ ਆਪਣੀ ਗਲਤੀ 'ਤੇ ਝੂਰਦੀਆਂ। ਪੋਤੇ-ਪੋਤੀਆਂ ਕੰਧਾਂ ਕੌਲਿਆਂ ਪਿੱਛੇ ਖੜ੍ਹ ਕੇ ਰੋ ਲੈਂਦੇ। ਜੋਗੀ ਦਾ ਦੁੱਖ ਤਾਂ ਉਸ ਦੇ ਅੰਗ-ਅੰਗ ਵਿਚੋਂ ਛਲਕਦਾ ਸੀ। ਤੇ ਫੇਰ ਮਾਤਾ ਚਲਾਣਾ ਕਰ ਗਈ। ਪਰਿਵਾਰ ਦੀਆਂ ਧੀਆਂ ਵੱਲੋਂ ਚੌਥੇ ਦਿਨ ਦਿੱਤੀ ਗਈ ਸ਼ਰਧਾਜਲੀ ਮਗਰੋਂ ਉਠਾਲਾ ਹੋ ਗਿਆ। ਹੁਣ ਚਾਰੇ ਪੁੱਤਰਾਂ ਨੇ ਮਾਂ ਨੂੰ ਵਿਦਾਇਗੀ ਦੇਣ ਲਈ ਸ਼ਰਾਧ ਕਰਨਾ ਸੀ। ਉਨ੍ਹਾਂ ਮਾਂ ਦੇ ਅਗਲੇ ਸਫਰ ਲਈ ਸਾਮਾਨ ਢੋਣਾ ਸੀ। ਨਵੇਂ ਬਿਸਤਰੇ, ਤਲਾਈਆਂ, ਰਜਾਈਆਂ, ਰੇਸ਼ਮੀ ਸਿਰ੍ਹਾਣੇ, ਭਾਂਡੇ ਤੇ ਕਿੰਨਾ ਕੁਝ ਹੀ ਕੁਝ ਨਵਾਂ ਇਕੱਠਾ ਹੋਇਆ। ਦੂਰੋਂ-ਪਾਰੋਂ ਸਾਰੇ ਰਿਸ਼ਤੇਦਾਰ ਘਰ ਵਿਚ ਇਕੱਠੇ ਹੋ ਰਹੇ ਸਨ। ਮਾਤਾ ਦੇ ਸਭ ਤੋਂ ਨੇੜਲੇ ਜੋਗੀ ਦੇ ਹੱਥੋਂ ਸ਼ਰਾਧ ਦੀ ਰਸਮ ਹੋਣੀ ਸੀ, ਪਰ ਜੋਗੀ ਦੇ ਹੱਥੋਂ ਸ਼ਰਾਧ ਦੀ ਰਸਮ ਹੋਣੀ ਸੀ, ਪਰ ਜੋਗੀ ਕਿੱਥੇ ਸੀ ? ਉਹ ਨਾ ਖਾਂਦਾ, ਨਾ ਦਿਸਦਾ ਸਭ ਤੋਂ ਛੋਟਾ ਚਾਚਾ ਕਦੇ ਉਹਨੂੰ ਲੱਭਦਾ ਤੇ ਬੁਲਾ ਕੇ ਰੋਟੀ ਖਵਾਉਂਦਾ। ਮੁੰਡਾ ਪੀਲਾ ਭੂਕ ਵਰਗਾ ਹੋਇਆ ਪਿਆ ਸੀ। ਚਿੱਟੇ ਪਰ ਮੈਲੇ ਕੱਪੜੇ, ਵਾਲ ਖਿੰਡੇ ਹੋਏ। ਉਹ ਡਡਰਿਆਂ ਵਾਂਗ ਝਾਕਦਾ ਜਿਵੇਂ ਕਿਸੇ ਹੋਰ ਗ੍ਰਹਿ ਤੋਂ ਆਇਆ ਹੋਵੇ। ਸ਼ਰਾਧ ਦਾ ਦਿਨ ਵੀ ਆ ਗਿਆ। ਘਰ ਨੂੰ ਨਵੀਂ ਜਿਹੀ ਦਿੱਖ ਦਿੱਤੀ ਗਈ। ਦੋਸਤਾਂ, ਮਿੱਤਰਾਂ, ਰਿਸ਼ਤੇਦਾਰਾਂ ਤੇ ਭਜਨ ਮੰਡਲੀਆਂ ਨੇ ਆਪੋ-ਆਪਣੀਆਂ ਥਾਵਾਂ ਸਾਂਭ ਲਈਆਂ। ਪ੍ਰੋਫੈਸਰ ਨੇ ਜੋਗੀ ਨੂੰ ਸੱਦਿਆ, 'ਕਿਥੇ ਸੀ ? ਇੱਥੇ ਆ ਬੈਠ ਇੱਥੇ ?'' ਮੁੰਡੇ ਨੇ ਹੈਰਾਨੀ ਜਿਹੀ 'ਚ ਪੁੱਛਿਆ, ''ਕਿਉਂ, ਮੈਂ ਇਥੇ ਕੀ ਕਰਨੈ ? 'ਤੂੰ ਆਪਣੀ ਦਾਦੀ ਲਈ ਇਹ ਸਾਰਾ ਸਾਮਾਨ ਦਾਨ ਕਰਨਾ ਏ ? 'ਦਾਨ ? ਕਿਹਨੂੰ ?'' 'ਤੂੰ ਚੁੱਪ ਕਰ ਕੇ ਬੈਠ ਜਾ ਇਥੇ ਆਕੇ !''

ਜੋਗੀ ਚੁਪਚਾਪ ਬੈਠ ਗਿਆ ਤੇ ਫੇਰ ਪੰਡਿਤ ਦੇ ਪਿੱਛੇ ਪਿੱਛੇ ਮੰਤਰ ਵੀ ਬੋਲਣ ਲੱਗ ਪਿਆ। ਮੰਤਰ ਬੋਲਦਿਆਂ ਬੋਲਦਿਆਂ ਉਸ ਦਾ ਸਬਰ ਟੁੱਟ ਗਿਆ। ਉਸ ਨੇ ਉੱਚੀ ਸਾਰੀ ਲੇਰ ਮਾਰੀ। 'ਹਾਏ ਦਾਦੀ ! ਤੂੰ ਕਿਉਂ ਤੁਰ ਗਈ ਦਾਦੀ ! ਇਨ੍ਹਾਂ ਪਖੰਡੀਆਂ ਤੇਰੇ ਜਿਉਂਦੇ ਜੀਅ ਬਿਸਤਰਿਆਂ ਤੇ ਭਾਂਡਿਆਂ ਦੀ ਖਾਤਰ ਹੀ ਤੈਨੂੰ ਭੰਡਿਆ ਸੀ।'' ਹੋਰ ਪੋਤੇ ਪੋਤਰੀਆਂ ਵੀ ਆਪੋ-ਆਪਣੀ ਥਾਂ ਡੁਸਕਣ ਲੱਗ ਪਏ। ਪਰ੍ਹਾਂ ਬੈਠੇ ਦੋਸਤ, ਮਿੱਤਰ, ਰਿਸ਼ਤੇਦਾਰ ਵੀ ਦੌੜੇ ਆਏ। 'ਕੀ ਹੋਇਆ, ਕੀ ਹੋਇਆ ?'' ਜੋਗੀ ਅੱਗੋ ਕੁਝ ਨਾ ਬੋਲਿਆ ਤੇ ਖੁਦ ਨੂੰ ਸੰਭਾਲਣ ਦੀ ਕੋਸ਼ਿਸ਼ ਕਰਨ ਲੱਗਾ। 'ਇਹ ਕੀ ਬਕਦੈਂ ਬੇਸ਼ਰਆਂ। ਪ੍ਰੋਫੈਸਰ ਆਪਣੇ ਪੁੱਤ ਨੂੰ ਘੂਰ ਰਿਹਾ ਸੀ। ਛੋਟੇ ਚਾਚੇ ਨੇ ਕਿਹਾ, 'ਜੋਗੀ, ਕੀ ਗੱਲ ਏ ? ਤੂੰ ਦੱਸ ਮੈਨੂੰ !''

ਜੋਗੀ ਦੀਆਂ ਅੱਖਾਂ 'ਚੋ ਦਰਿਆ ਵਹਿ ਤੁਰੇ,'' ਤੁਸੀਂ ਦਾਦੀ ਨੂੰ ਕਦੇ ਸੁਖ ਨਹੀਂ ਦਿੱਤਾ। ਹਰ ਗੱਲ 'ਤੇ ਉਸ ਨੂੰ ਟੋਕਦੇ ਰਹੇ। ਉਹ ਸਾਡੇ ਲਈ ਸਾਮਾਨ ਬਣਾਉਂਦੀ ਤੇ ਤੁਸੀ ਭੰਡਦੇ ਰਹੇ। ਮੈਂ ਮਰੀ ਹੋਈ ਦਾਦੀ ਦੇ ਨਾਂ 'ਤੇ ਕੋਈ ਦਾਨ ਨਹੀਂ ਕਰ ਸਕਦਾ !'' ਜੋਗੀ ਉਥੋਂ ਉੱਠ ਕੇ ਭੱਜ ਤੁਰਿਆ। ਛੋਟੇ ਚਾਚੇ ਦੀਆਂ ਅੱਖਾਂ ਵਿਚੋਂ ਵੀ ਦਰਦ ਛਲਕਿਆ ਤੇ ਤਿੰਨੋ ਵੱਡੇ ਭਰਾ ਇਕ ਦੂਜ ਦੇ ਮੂੰਹ ਵੱਲ ਝਾਕਣ ਲੱਗੇ। ਚੁੱਪ-ਗੜੁੱਪ।

# ਵਿਅੰਗ

## ਜ਼ਰਾ ਦੇਖ ਕੇ ਚਲੋ

ਗਿੱਦੜ ਨਖਿੱਧ ਜਿਹਾ ਜਾਨਵਰ ਗਿਣਿਆ ਜਾਂਦਾ ਹੈ। ਕੋਈ ਡਰਾਕਲ ਹੋਵੇ ਤਾਂ ਉਸ ਨੂੰ ਗਿੱਦੜ ਜਿਹਾ ਡਰਾਕਲ ਆਖ ਦਿੱਤਾ ਜਾਂਦਾ ਹੈ। ਕਿਸੇ ਬਾਜ਼ਾਰੀ ਮਜਨੂੰ ਨੂੰ ਲੋਕ ਕੁੱਟ ਧਰਨ ਤਾਂ ਇਸ ਨੂੰ ਗਿੱਦੜ ਕੁਟ ਕਿਹਾ ਜਾਂਦਾ ਹੈ। ਇਸ ਪ੍ਰਕਾਰ ਜੇ ਕੋਈ ਜੇਬਕਤਰਾ ਮੌਕੇ ਤੇ ਫੜੇ ਜਾਣ ਕਾਰਨ ਕੁੱਟਿਆ ਜਾਵੇ ਤਾਂ ਉਹ ਵੀ ਗਿੱਦੜ ਕੁੱਟ ਦੀ ਮਾਰ ਹੇਠ ਆ ਜਾਂਦਾ ਹੈ। ਅਜਿਹੀ ਕੁੱਟ ਵਿਚ ਸਾਡੇ ਜਿਹੇ ਵੀ ਦੋ-ਚਾਰ ਜੁੱਤੀਆਂ ਲਾ ਕੇ ਸ਼ੇਰ ਬਣ ਦੇ ਦੇਖ ਲੈਂਦੇ ਹਨ ਉਂਝ ਭਾਵੇਂ ਘਰ ਵਾਲੀ ਤੋਂ ਚੌਵੀ ਘੰਟੇ ਡਰਕੇਜੂਨ ਪੂਰੀ ਕਰਦੇ ਹੋਣ। ਸਪਸ਼ਟ ਹੈ ਕਿ ਗਿੱਦੜ ਦੀ ਚਰਚਾ ਕਈ ਵਾਰ ਹੋ ਜਾਂਦੀ ਹੈ। ਪੁਰਾਣੇ ਬਜ਼ੁਰਗ ਪਹਿਲੇ ਵੇਲਿਆਂ ਵਿਚ 'ਸ਼ੁਕਰ ਸੁਰਮਈ ਦੇ ਰੰਗਾਂ ਨੂੰ ਕਿ ਗਿੱਦੜ ਚੱਲੇ ਗੰਗਾ ਨੂੰ' ਕਈ ਵਾਰ ਉਚਰਦੇ ਸਨ। ਚਾਹੇ ਹੁਣ ਦੀ ਅੰਗਰੇਜ਼ੀ ਤਰਜ਼ ਦੀ ਪੀੜ੍ਹੀ ਅਜਿਹੇ ਦੇਸੀ ਕਥਨਾਂ ਤੋਂ ਪੂਰੀ ਤਰ੍ਹਾਂ ਬੇਖਬਰ ਹੀ ਹੈ। ਹਾਂ ਗਿੱਦੜਸਿੰਗੀ ਤੋਂ ਜਾਣੂ ਹੋਣਗੇ। ਖੈਰ, ਅਸੀਂ ਗੱਲ ਕਰਨੀ ਹੈ ਗਿੱਦੜਚੀਕ ਦੀ ਜੋ ਸਭ ਤੋਂ ਵੱਧ ਚਰਚਾ ਵਿਚ ਆਉਂਦੀ ਹੈ। ਇਹ ਭੇਡ ਚਾਲ ਦੀ ਤਰਜ਼ ਵਾਲਾ ਕੰਮ ਹੁੰਦਾ ਹੈ। ਜਿਸ ਤਰ੍ਹਾਂ ਇਕ ਭੇਡ ਦੂਜੀ ਭੇਡ ਦੇ ਪਿੱਛੇ ਪਿੱਛੇ ਹੋ ਲੈਂਦੀ ਹੈ ਉਸੇ ਤਰ੍ਹਾਂ ਜੇ ਗਿੱਦੜ ਕਿਸੇ ਕਾਰਨ ਚੀਕ ਮਾਰ ਦੇਵੇ ਤਾਂ ਨੇੜੇ ਤੇੜੇ ਦੇ ਗਿੱਦੜ ਫੌਰਨ ਚੀਕਾਂ ਮਰਨ ਲੱਗ ਪੈਂਦੇ ਹਨ। ਇੰਜ ਇਹ ਆਪਣੀ ਕਟੁੰਬੀ ਦੀ ਏਕਤਾ ਦਾ ਪ੍ਰਗਟਾਵਾ ਕਰਦੇ ਹਨ। ਭਾਵ ਪਹਿਲੀ ਚੀਕ ਦੇ ਕਾਰਨ ਪਿੱਛੇ ਨਹੀਂ ਜਾਇਆ ਜਾਂਦਾ ਕੇਵਲ ਗਿੱਦੜ ਯੂਨੀਅਨ ਜ਼ਿੰਦਾਬਾਦ ਦਾ ਕੰਮ ਹੀ ਕੀਤਾ ਜਾਂਦਾ ਹੈ। ਗਿੱਦੜ ਚੀਕ ਕਈ ਵਾਰ ਚੇਤੇ ਆ ਜਾਂਦੀ ਹੈ ਬੰਦੇ ਹਾਲਾਂਕਿ ਸੋਚਣ ਸਮਝਣ ਦੀ ਤਾਕਤ ਨਾਲ ਲੈਸ ਹੁੰਦੇ ਹਨ ਪਰ ਕਈ ਹਾਲਤਾਂ ਵਿਚ ਇਹ ਗਿੱਦੜ ਦੇ ਪੈਰੋਕਾਰ ਹੀ ਬਣ ਜਾਂਦੇ ਹਨ ਪਰ ਇਹ ਮਨੁੱਖੀ ਕਾਰ-ਵਿਹਾਰ ਵਿਚ ਹਾਨੀਕਾਰਕ ਸਿੱਧ ਹੁੰਦੀ ਹੈ। ਕਿਉਂਕਿ ਗਲਤ-ਠੀਕ ਦਾ ਫਰਕ ਖਤਮ ਹੋ ਜਾਂਦਾ ਹੈ।

ਕਈ ਵਾਰ ਚੀਕਾਂ ਸੰਘ ਪਾੜਨ ਜਾਂ ਸਿਰ ਪੋਲ ਕਰਨ ਦਾ ਕੰਮ ਹੀ ਕਰਦੀਆਂ ਹਨ। ਸਾਡੇ ਜਦੋਂ ਸਮਾਜਵਾਦ ਦੀ ਚੜ੍ਹਤ ਵੇਲੇ ਮੁਲਾਜ਼ਮ, ਮਜ਼ਦੂਰ, ਜਥੇਬੰਦੀਆਂ ਦਾ ਜ਼ੋਰ ਹੁੰਦਾ ਸੀ ਉਥੋਂ ਕਈ ਵਾਰ ਬਗੈਰ ਸੋਚੇ ਪਰਖੇ ਗਿੱਦੜ ਚੀਕ ਪੈਣ ਲੱਗ ਪੈਂਦੀ ਸੀ। ਅਫਸਰਸ਼ਾਹੀ ਭਾਵੇ ਅਫਸਰ ਲੋਕ ਮਾਰਖਾਨੇਦਾਰ ਕੋਈ ਮਜ਼ਦੂਰ ਤੇ ਮੁਲਾਜ਼ਮ ਦੇ ਸ਼ਰੀਕ ਯਾਨਿ ਕਿ ਦੁਸ਼ਮਣ ਸਮਝੇ ਜਾਂਦੇ ਹਨ। ਨਤੀਜੇ ਵਜੋਂ ਜੇ ਕੋਈ ਈਮਾਨਦਾਰ ਅਫਸਰ ਵੀ ਕਿਸੇ ਗੈਰ-ਜ਼ਿੰਮੇਵਾਰ ਮੁਲਾਜ਼ਮ ਨੂੰ ਡਿਊਟੀ ਪ੍ਰਤੀ ਸੁਚੇਤ ਕਰਦਾ ਤਾਂ ਉਸ ਖਿਲਾਫ ਵੀ 'ਅਫਰਸ਼ਾਹੀ ਮੁਰਦਾਬਾਦ' ਅਤੇ 'ਮੁਲਾਜ਼ਮ ਏਕਤਾ ਜ਼ਿੰਦਾਬਾਦ' ਦਾ ਬੈਂਡ ਵਾਜਾ ਵੱਜਣ ਲੱਗ ਪੈਂਦਾ ਸੀ। ਇਸੇ ਪ੍ਰਕਾਰ ਕਿਸੇ ਨੇਕ ਨੀਤ ਕਾਰਖਾਨੇ ਦੇ ਮਾਲਿਕ ਵਲੋਂ ਜੇ ਕਿਸੇ ਮਜਬੂਰੀ ਵੱਸ ਮਜ਼ਦੂਰਾਂ ਨੂੰ ਕੁਝ ਆਖ ਦਿੱਤਾ ਜਾਂਦਾ ਤਾਂ ਵੀ ਸਰਮਾਏਦਾਰੀ ਮੁਰਦਾਬਾਦ ਤੇ ਮਜ਼ਦੂਰ ਏਕਤਾ ਜ਼ਿੰਦਾਬਾਦ ਦਾ ਸੰਗੀਤ ਸ਼ੁਰੂ ਹੋ ਜਾਂਦਾ ਸੀ। ਲਿਖਣ ਦਾ ਭਾਵ ਇਹ ਨਹੀਂ ਕਿ ਭ੍ਰਿਸ਼ਟ ਅਫਸਰਾਂ ਤੇ ਗਰੀਬਮਾਰ ਕਾਰਖਾਨੇਦਾਰ ਜਾਂ ਸਰਮਾਏਦਾਰ ਦਾ ਵਿਰੋਧ ਨਾ ਕੀਤਾ ਜਾਵੇ।

ਅਸੀਂ ਆਪ ਸਮਾਜਵਾਦੀ ਵਿਚਾਰਧਾਰਾ ਰੱਖਦੇ ਹਾਂ ਤੇ ਇਸ ਦੇ ਪਤਨ 'ਤੇ ਵੀ ਦੁਖੀ ਵੀ ਹਾਂ ਪਰ ਹਰ ਕੇਸ ਜਾਂ ਸਮੱਸਿਆ ਦੀ ਘੋਖ ਜ਼ਰੂਰ ਹੋਣੀ ਚਾਹੀਦੀ ਹੈ ਤੇ ਘੋਟਾ ਲਗਾ ਕੇ ਚੀਕ ਚੰਘਿਆੜਾ ਨਹੀਂ ਪਾਉਣਾ ਚਾਹੀਦਾ ਜੇ ਕੋਈ ਵਿਰੋਧ ਕਰਨ ਦੇ ਯੋਗ ਹੈ ਤਾਂ ਵਿਰੋਧ ਡੱਟ ਕੇ ਹੋਣਾ ਚਾਹੀਦਾ ਹੈ ਪਰ ਜੇ ਕੋਈ ਨੇਕ ਅਫਸਰ ਜਾਂ ਸਰਮਾਏਦਾਰ ਡਿਊਟੀ ਚੰਗੀ ਤਰ੍ਹਾਂ ਕਰਨ ਲਈ ਆਖੇ ਜਾਂ ਤਾੜੇ ਤਾਂ ਇਸ ਵਿਰੁੱਧ ਗਿੱਦੜ ਚੀਕ ਘਾਤਕ ਸਿੱਧ ਹੁੰਦੀ ਹੈ।

ਸਮਾਜਵਾਦ ਦਾ ਪਤਨ ਤੇ ਨਿਜੀਕਰਨ ਜਾਂ ਪੂੰਜੀਵਾਦ ਦੀ ਚੜ੍ਹਤ ਦਾ ਇਕ ਵੱਡਾ ਕਾਰਨ ਜਥੇਬੰਦੀਆਂ ਦੀਆਂ ਗਿੱਦੜ ਚੀਕਾਂ ਹਨ। ''ਮੇਰੇ ਹੱਕ ਇਥੇ ਰੱਖ'' ਉਤੇ ਜ਼ੋਰ ਦਿੱਤਾ ਗਿਆ ਤੇ ਕਾਮੇ ਨੂੰ ਫਰਜ਼ ਪੂਰਤੀ ਬਾਰੇ ਅਵੇਸਲਾ ਕਰ ਛੱਡਿਆ। ਪੈਦਾਵਾਰ ਘੱਟ ਗਈ। ਕੰਮ ਚੋਰੀ ਭਾਰੂ ਹੋ ਗਈ ਇਸ ਸਮਾਜਵਾਦ ਦਾ ਚੰਗਾ ਭਲਾ ਸੰਕਲਪ ਬਦਨਾਮ ਹੋ ਕੇ ਰਹਿ ਗਿਆ। ਸਪੱਸ਼ਟ ਹੈ ਕਿ ਗਿੱਦੜ ਚੀਕ ਮਾਰਨ ਤੋਂ ਪਹਿਲਾਂ ਪੂਰੀ ਤਰ੍ਹਾਂ ਵਿਚਾਰ ਕਰਨਾ ਜ਼ਰੂਰੀ ਹੁੰਦਾ ਹੈ। ਪਹਿਲੀ ਚੀਕ ਦੇ ਠੀਕ ਗਲਤ ਹੋਣ ਬਾਰੇ ਪੂਰੀ ਤਰ੍ਹਾਂ ਪੁਣ ਛਾਣ ਕਰਕੇ ਹੀ ਅਗਾਂਹ ਕਦਮ ਪੁੱਟਣਾ ਚਾਹੀਦਾ ਹੈ। ਜੇ ਪਹਿਲੀ ਚੀਕ ਠੀਕ ਨਾ ਲੱਗੇ ਤਾਂ ਉਸ ਨੂੰ ਸਮਝਾ ਕੇ ਚੁੱਪ ਕਰਾਉਣਾ ਚਾਹੀਦਾ ਹੈ।

ਨਿਰਾ ਕੋੜਮੇ ਤੇ ਕਬੀਲੇ ਦੇ ਅਸਰ ਹੇਠ ਨਹੀਂ ਆਉਣਾ ਚਾਹੀਦਾ। ਕਾਮਰੇਡ ਜਾਂ ਸਾਥੀ ਹੋਣਾ ਮਾੜਾ ਨਹੀਂ ਪਰ ਅਨ੍ਹੇਵਾਹ ਇਕ ਦੂਜੇ ਦੇ ਮਗਰ ਲੱਗਣਾ ਹਾਨੀਕਾਰਕ ਹੁੰਦਾ ਹੈ। ਇੰਝ ''ਹਮ ਤੋ ਡੂਬੇ ਹੈਂ ਸਨਮ, ਤੁਝ ਕੋ ਭੀ ਲੇ ਕੇ ਡੂਬੇਂ ਗੇਂ'' ਵਾਲਾ ਕੰਮ ਵੀ ਹੋ ਜਾਂਦਾ ਹੈ। ਇਸ ਲਈ ਸਾਥ ਅਕਲ ਨਾਲ ਹੋਣਾ ਚਾਹੀਦਾ ਹੈ। ਨਾ ਕਿ ਗਿੱਦੜ ਚੀਕ ਦੇ ਨੁਸਖੇ ਮੁਤਾਬਕ। ਗਿੱਦੜ ਚੀਕ ਗਿੱਦੜ ਲਈ ਹੀ ਠੀਕ ਹੈ ਬੰਦਿਆਂ ਲਈ ਨਹੀਂ। ਬੰਦਿਆਂ ਨੂੰ ਤਾਂ ''ਏ ਭਾਈ ਜ਼ਰਾ ਦੇਖ ਕੇ ਚਲੋ'' ਚੇਤੇ ਰੱਖਣਾ ਚਾਹੀਦਾ ਹੈ।

-ਰਾਜਿੰਦਰ ਪਾਲ ਸ਼ਰਮਾ

# ਵਿਅੰਗ

## ਲੀਡਰਾਂ ਤੇ ਮਾਸਟਰਾਂ ਦੀ ਬੱਲੇ-ਬੱਲੇ

ਜਿਸ ਤਰ੍ਹਾਂ ਦਲੀਲ ਤੇ ਵਕੀਲ ਦਾ ਸਬੰਧ ਹੈ, ਉਸੇ ਤਰ੍ਹਾਂ ਲੀਡਰ ਤੇ ਲੈਕਚਰ ਦਾ ਹੈ। ਜਿਹੜਾ ਬੰਦਾ ਲੈਕਚਾਰ ਨਹੀਂ ਕਰ ਸਕਦਾ, ਉਹ ਲੀਡਰ ਨਹੀਂ ਹੋ ਸਕਦਾ। ਕੰਮ ਜਾਂ ਕਿੱਤਾ, ਜੋ ਅਜਿਹਾ ਹੈ ਪਰ ਲੀਡਰ ਵੀ ਹਰੇਕ ਨਹੀਂ ਬਣ ਸਕਦਾ। ਵਿਸ਼ੇਸ਼ ਰੁਚੀ ਤੇ ਰੁਝਾਨ ਦੀ ਲੋੜ ਹੁੰਦੀ ਹੈ। ਇਕ ਵਾਰ ਇਕ ਮੁਹੱਲੇ ਵਾਲੇ ਇਸ ਗੱਲੋਂ ਔਖੇ ਸਨ ਕਿ ਜਦੋਂ ਵੀ ਉਨ੍ਹਾਂ ਨੂੰ ਸਰਕਾਰੇ ਦਰਬਾਰੇ ਮਾੜਾ ਮੋਟਾ ਕੰਮ ਪੈਂਦਾ ਸੀ ਤਾਂ ਉਨ੍ਹਾਂ ਨੂੰ ਹੋਰ ਮੁਹੱਲੇ ਤੋਂ ਕੋਈ ਲੀਡਰ ਨਾਲ ਲੈ ਕੇ ਜਾਣਾ ਪੈਂਦਾ ਸੀ। ਇਕ ਦਿਨ ਮੁਹੱਲੇ ਦਾ ਇਕੱਠ ਹੋਇਆ ਤੇ ਸਾਰਿਆਂ ਨੇ ਲੀਡਰ ਦੀ ਘਾਟ ਬਾਰੇ ਵਿਚਾਰ ਕੀਤਾ। ਫੈਸਲਾ ਇਹ ਹੋਇਆ ਕਿ ਕੋਈ ਮੁਹੱਲੇ ਵਿਚੋਂ ਲੀਡਰ ਪੈਦਾ ਕੀਤਾ ਜਾਵੇ ਤਾਂ ਜੋ ਦੂਜਿਆਂ ਦੇ ਮਗਰ ਫਿਰਨ ਵਿਚ ਹੁਣ ਜਿਹੜਾ ਲੜਕਾ ਪੈਦਾ ਹੋਏਗਾ, ਉਸ ਨੂੰ ਲੀਡਰ ਬਣਾਓ। ਸੁਭਾਵਿਕ ਤੌਰ 'ਤੇ ਕਿਸੇ ਘਰ ਲੜਕਾ ਪੈਦਾ ਹੋ ਗਿਆ। ਸਾਰਾ ਮੁਹੱਲਾ ਉਸ ਨੂੰ ਆਪਣਾ ਹੀ ਸਮਝਦਾ ਸੀ ਕਿਉਂਕਿ ਲੀਡਰ ਦੀ ਘਾਟ ਪੂਰੀ ਹੋਣ ਦੀ ਉਸ ਤੋਂ ਆਸ ਸੀ। ਉਸ ਦੀ ਸੇਵਾ ਤੇ ਖਾਤਿਰਦਾਰੀ ਵੀ ਸਭ ਕਰਦੇ ਸਨ। ਆਸ਼ੀਰਵਾਦ ਤੇ ਸ਼ੁੱਭ ਇੱਛਾਵਾਂ ਉਸ ਸੰਭਾਵੀ ਲੀਡਰ ਨੂੰ ਮਿਲਦੀਆਂ ਸਨ।

ਹੌਲੀ ਹੌਲੀ ਉਹ ਵੱਡਾ ਹੁੰਦਾ ਗਿਆ ਤੇ ਮੁਹੱਲੇ ਵਾਲੇ ਖੁਸ਼ ਹੁੰਦੇ ਗਏ ਪਰ ਉਸ ਮੁੰਡੇ ਨੇ ਘਰਵਾਲਿਆਂ ਨੂੰ ਦੁਕਾਨ ਪਾ ਕੇ ਦੇਣ ਲਈ ਆਖ ਦਿੱਤਾ। ਲੀਡਰਾਂ ਵਾਲੇ ਜਰਾਸੀਮ ਉਸ ਵਿਚ ਉੱਕਾ ਹੀ ਨਹੀਂ ਸਨ। ਜਦੋਂ ਮੁਹੱਲੇ ਵਾਲਿਆਂ ਨੂੰ ਉਸ ਦੀ ਇੱਛਾ ਦਾ ਪਤਾ ਲੱਗਾ ਤਾਂ ਉਹ ਭੱਜੇ-ਭੱਜੇ ਮੁੰਡੇ ਦੇ ਘਰ ਆਏ। ਉਸਨੂੰ ਸਮਝਾਉਣ ਲੱਗੇ ਕਿ ਅਸੀਂ ਤਾਂ ਸਾਰਾ ਜ਼ੋਰ ਤੈਨੂੰ ਲੀਡਰ ਬਣਾਉਣ 'ਤੇ ਲਾਇਆ ਸੀ ਪਰ ਤੂੰ ਲੂਣ-ਤੇਲ ਵੇਚਣ ਲਈ ਜ਼ਿੱਦ ਫੜੀ ਬੈਠਾ ਹੈ ਪਰ ਮੁੰਡੇ ਨੇ ਸਾਫ ਕਹਿ ਦਿੱਤਾ ਕਿ ਉਸਨੂੰ



ਲੀਡਰੀ ਦਾ ਕੋਈ ਸ਼ੌਕ ਨਹੀਂ ਤੇ ਦੁਕਾਨ ਹੀ ਕਰੇਗਾ। ਮੁਹੱਲੇ ਦੀਆਂ ਆਸਾਂ 'ਤੇ ਪਾਣੀ ਫਿਰ ਗਿਆ। ਉਪਰੋਕਤ ਤੋਂ ਸਪੱਸ਼ਟ ਹੈ ਕਿ ਸੁਭਾਵਿੱਕ ਰੁਝਾਨ ਤੇ ਰੁਚੀ ਬਗੈਰ ਬੰਦਾ ਨਾ ਤਾਂ ਲੀਡਰ ਬਣ ਸਕਦਾ ਹੈ ਤੇ ਨਾ ਕੋਈ ਹੋਰ ਮੱਲ ਮਾਰ ਸਕਦਾ ਹੈ। ਹਰ ਕੰਮ ਵਿਚ ਸਫਲਤਾ ਲਈ ਵਿਸ਼ੇਸ਼ ਰੁਚੀ ਦੀ ਲੋੜ ਹੁੰਦੀ ਹੈ। ਆਉਂਦੇ ਹਾਂ ਲੀਡਰ ਲੈਕਚਰ ਵੱਲ। ਲੀਡਰ ਨੂੰ ਆਮ ਜਨਤਕ ਭਾਸ਼ਣ ਤਾਂ ਕਰਨੇ ਹੀ ਪੈਂਦੇ ਹਨ। ਵਿਸ਼ੇਸ਼ ਕਰਕੇ ਚੋਣਾਂ ਦੇ ਨੇੜੇ ਜਾ ਕੇ ਤਾਂ ਲੈਕਚਰਾਂ ਦੀ ਧੂੜ ਵਰ੍ਹਾਉਣੀ ਪੈਂਦੀ ਹੈ। ਆਮ ਹਾਲਾਤ ਵਿਚ ਵੀ ਕਦੇ ਟੂਰਨਾਮੈਂਟ ਦੇ ਉਦਘਾਟਨ ਜਾਂ ਸਮਾਪਤੀ 'ਤੇ ਬੋਲਣਾ ਪੈਂਦਾ ਹੈ ਤੇ ਕਈ ਵਾਰ ਕਿਸੇ ਮੇਲੇ ਮੁਸ਼ਾਵੇ 'ਤੇ। ਹੋਰ ਤਾਂ ਹੋਰ ਸਾਡੇ ਸਮਾਜਿਕ ਸਮਾਗਮਾਂ ਵਿਚ ਵੀ ਲੀਡਰਾਂ ਦੇ ਭਾਸ਼ਣ ਉਰਫ ਲੈਕਚਰ ਆਮ ਚੱਲਦੇ ਹਨ। ਕਈਆਂ ਦੀ ਤਾਂ ਲੀਡਰਾਂ ਨਾਲ ਨੇੜਤਾ ਹੁੰਦੀ ਹੈ ਤੇ ਬਹੁਤੇ ਸਾਡੇ ਜਿਹੇ ਖਿੱਚ ਧੂਹ ਕੇ ਲੀਡਰਾਂ ਨੂੰ ਸੱਦ ਲੈਂਦੇ ਹਨ। ਮਰਗਤ ਦੇ ਭੋਗ ਤੇ ਦੋ-ਚਾਰ ਲੀਡਰਾਂ ਵਲੋਂ 'ਸ਼ਰਧਾਂਜਲੀ ਲੈਕਚਾਰ' ਆਮ ਹੁੰਦੇ ਹਨ। ਵਿਆਹ ਮੰਗਣਾ ਵੀ ਇਨ੍ਹਾਂ ਬਗੈਰ ਨਹੀਂ ਸਜਦਾ। ਜੇ ਕਿਤੇ ਇਥੇ ਵੀ ਦੋ-ਚਾਰ ਲਫਜ਼ ਬੋਲਣੇ ਹੋਣ ਤਾਂ ਲੀਡਰ ਸਾਹਿਬ ਨੂੰ ਹੀ ਕਸ਼ਟ ਦਿੱਤਾ ਜਾਂਦਾ ਹੈ। ਉਂਝ ਇਹ ਵੀ ਸਪੱਸ਼ਟ ਹੈ ਕਿ ਲੀਡਰ ਹਰੇਕ ਨਹੀਂ ਬਣ ਸਕਦਾ। ਲੋਕ ਰਾਜ ਵਿਚ ਚਾਹੇ ਅਚੋਵਾਈ ਤਾਂ ਕਈਆਂ ਨੂੰ ਹੁੰਦੀ ਹੈ ਕਿ ਲੀਡਰੀ ਵਿਚ ਪੈਰ ਧਰਿਆ ਜਾਵੇ ਪਰ ਵਿਸ਼ੇਸ਼ ਯੋਗਤਾ ਬਗੈਰ ਕੁਝ ਪੱਲੇ ਨਹੀਂ ਪੈਂਦਾ। ਸਰਕਾਰੇ-ਦਰਬਾਰੇ ਚੱਲਦੀ ਹੈ ਤੇ ਸਮਾਜ ਵਿਚ ਪੂਰੀ ਸ਼ਾਨ ਹੁੰਦੀ ਹੈ। ਕਈਆਂ ਦੇ ਕੰਮ ਕਰਾਉਣ ਦੀ ਸਮੱਰਥਾ ਹੁੰਦੀ ਹੈ। ਇਸੇ ਕਾਰਨ ਤਾਂ ਮੁਹੱਲੇ ਵਾਲੇ ਲੀਡਰ ਪੈਦਾ ਕਰਨਾ ਚਾਹੁੰਦੇ ਸਨ। ਆਪਣਾ ਲੀਡਰ ਹੋਵੇ ਤਾਂ ਬੰਦਾ ਮਾਣ ਨਾਲ ਬਾਂਹ ਫੜ ਕੇ ਤੋਰਨ ਜੋਗਾ ਹੁੰਦਾ ਹੈ। ਸਾਡੇ ਅਜੇ ਕੌਮੀ ਪੱਧਰ 'ਤੇ ਕਹਿਣੀ ਤੇ ਕਰਨੀ ਦਾ ਸੁਮੇਲ ਸਥਾਪਿਤ ਨਹੀਂ ਹੋ ਸਕਿਆ।

ਨੈਤਿਕ ਸੋਚ ਦੀ ਘਾਟ ਕਾਰਨ ਲੀਡਰਾਂ ਦੇ ਲੈਕਚਾਰਾਂ ਦੀ ਵਿਸ਼ਵਾਸ ਯੋਗਤਾ ਦੀ ਘਾਟ ਜ਼ਰੂਰ ਹੁੰਦੀ ਹੈ ਪਰ ਆਸ ਕਰਦੇ ਹਾਂ ਕਿ ਭ੍ਰਿਸ਼ਟਾਚਾਰ ਨੂੰ ਠੱਲ ਪਏਗੀ ਤੇ ਫਿਰ ਕਹਿਣੀ ਤੇ ਕਰਨੀ ਦਾ ਵੀ ਸੁਮੇਲ ਹੋ ਜਾਏਗਾ ਪਰ ਇਸ ਵਿਚ ਕੋਈ ਸ਼ੱਕ ਨਹੀਂ ਕਿ ਲੈਕਚਰ ਬਗੈਰ ਸਫਲ ਲੀਡਰ ਹੋਣਾ ਔਖਾ ਹੈ, ਬਲਕਿ ਅਸੰਭਵ ਹੈ। ਲੀਡਰ ਤੇ ਲੈਕਚਾਰ ਦਾ ਇੰਨਾ ਹੀ ਗੂੜ੍ਹਾ ਰਿਸ਼ਤਾ ਹੈ, ਜਿੰਨਾ ਵਕੀਲ ਤੇ ਦਲੀਲ ਦਾ। ਸੋ ਲੀਡਰ ਤੇ ਲੈਕਚਰ ਜ਼ਿੰਦਾਬਾਦ !

-ਰਾਜਿੰਦਰ ਪਾਲ ਸ਼ਰਮਾ

# ਮਿੰਨੀ ਕਹਾਣੀਆਂ

## ਸੁਧਾਰ

''ਦੇਖੋ ਜੀ, ਮੈਂ ਹੋਰ ਤਾਂ ਸਭ ਕੁਝ ਬਰਦਾਸ਼ਤ ਕਰ ਸਕਦੀ ਹਾਂ ਪਰ ਕਿਸੇ ਦੀ ਟੋਕਾ ਟਾਕੀ ਮੈਨੂੰ ਬਿਲਕੁਲ ਬਰਦਾਸ਼ਤ ਨਹੀਂ।'' ਵਿਆਹ ਦੇ ਪਹਿਲੇ ਦਿਨਾਂ ਵਿਚ ਹੀ ਮੇਰੀ ਪਤਨੀ ਦਾ ਆਦੇਸ਼।

ਆਦੇਸ਼ ਦੀ ਪੂਰੀ ਤਰ੍ਹਾਂ ਪਾਲਣਾ ਹੁੰਦੀ ਰਹ। ਇਕ ਦਿਨ ਕੁਵੇਲੇ ਜਿਹੇ ਮੇਰਾ ਸਾਲਾ ਆ ਗਿਆ। ਰੋਟੀ ਖਾਣ ਲੱਗਿਆਂ ਮੂੰਹ ਵਿਚ ਇਕ ਬੁਰਕੀ ਪਾਈ ਸੀ ਕਿ ਉਸ ਦੀ ਸਪਾਟ ਪੇਂਡੂ ਬੋਲੀ ਨੇ ਆਪਣੀ ਭੈਣ ਨੂੰ ਝੰਜੋੜ ਸੁੱਟਿਆ, ''ਕੁੜੀਏ ! ਤੂੰ ਤਾਂ ਸੰਨ੍ਹੀ ਹੀ ਰਲਾ ਰੱਖੀ ਹੈ, ਐਨਾ ਲੂਣ, ਮਾਸੜ ਜੀ ਤਾਂ ਪਹਿਲਾਂ ਹੀ ਬੀ ਪੀ ਦੇ ਮਰੀਜ ਐ, ਮਾਰਨਾ ਇਨ੍ਹਾਂ ਨੂੰ ?

ਸਾਡੇ ਵਲੋਂ ਵੀ ਕੋਈ ਪ੍ਰਤੀਕਰਮ ਨਾ ਕਰਨ 'ਤੇ ਉਸ ਨੇ ਸਾਨੂੰ ਵੀ ਕਸੂਰਵਾਰ ਠਹਿਰਾਉਂਦਿਆਂ ਆਖਿਆ, ਓਏ ਜੀਜੇ ! ਭੈਣ ਤਾਂ ਬੇਵਕੂਫ ਹੈ ਹੀ, ਤੁਸੀਂ ਵੀ ਚੁੱਪ ਚਾਪ ਬੈਠੇ ਰੋਟੀ ਖਾਈ ਜਾ ਰਹੇ ਹੋ, ਆਪਣੀ ਨੂੰਹ ਨੂੰ ਐਨਾ ਹੀ ਨਹੀਂ ਸਮਝਾ ਸਕਦੇ ਕਿ ਭਾਈ ਲੂਣ ਘੱਟ ਪਾਇਆ ਕਰ। ਉਸ ਦਿਨ ਤੋਂ ਬਾਅਦ ਸਾਡੇ ਘਰ ਵਿਚ ਸੁਧਾਰ ਆਉਣਾ ਸ਼ੁਰੂ ਹੋ ਗਿਆ।

-ਰਘਬੀਰ ਸਿੰਘ ਮਹਿਮੀ

## ਫਰਕ

''ਮੰਮੀ ਮੈਂ ਕਾਲਜ ਲਈ ਲੇਟ ਹੋ ਗਿਆ। ਰੋਟੀ ਲੈ ਆਓ।'' ਗੁਰਿੰਦਰ ਨੇ ਸ਼ਰਟ ਦੇ ਬਟਣ ਲਗਾਉਂਦਿਆਂ ਆਪਣੀ ਮਾਂ ਨੂੰ ਕਿਹਾ। ਉਸੇ ਸਮੇਂ ਉਸ ਦੀ ਛੋਟੀ ਭੈਣ ਨੇ ਰੋਟੀ ਦੀ ਥਾਲੀ ਮੇਜ 'ਤੇ ਰੱਖ ਦਿੱਤੀ ਪਰ ਪਾਣੀ ਦਾ ਗਲਾਸ ਮੇਜ 'ਤੇ ਰੱਖਣ ਲੱਗੇ ਉਸ ਦੇ ਹੱਥੋਂ ਫਿਸਲ ਗਿਆ ਤੇ ਥੋੜ੍ਹਾਂ ਜਿਹਾ ਪਾਣੀ ਗੁਰਿੰਦਰ ਦੀ ਸ਼ਰਟ 'ਤੇ ਡਿੱਗ ਪਿਆ।

ਗੁਰਿੰਦਰ ਆਪਣੀ ਭੈਣ 'ਤੇ ਗੁੱਸੇ ਹੋਣ ਲੱਗਾ ਤਾਂ ਉਸ ਦੀ ਭੈਣ ਨੇ ਡਰਦਿਆਂ ਕਿਹਾ, ''ਪਾਣੀ ਹੀ ਹੈ, ਸੁੱਕ ਜਾਵੇਗਾ।'' ਗੁਰਿੰਦਰ ਨੇ ਗੁੱਸੇ ਵਿਚ ਰੋਟੀ ਦੀ ਥਾਲੀ ਪਰ੍ਹੇ ਧੱਕ ਦਿੱਤੀ। ਉਸ ਦੀ ਮਾਂ ਨੇ ਸਮਝਾਉਣ ਦੀ ਕੋਸ਼ਿਸ਼ ਕੀਤੀ ਪਰ ਉਸ ਨੇ ਅਣ-ਸੁਣਿਆ ਕਰ ਦਿੱਤਾ ਤੇ ਕਾਲਜ ਵੱਲ ਤੁਰ ਪਿਆ। ਪਹਿਲਾ ਪੀਰੀਅਡ ਲਗਾਉਣ ਤੋਂ ਬਾਅਦ ਉਹ ਕੰਟੀਨ ਚਲਾ ਗਿਆ। ਉਹ ਖਾਣ ਲਈ ਕੁਝ



ਮੰਗਵਾਉਂਦਾ, ਐਨੇ ਵਿਚ ਨਿੱਕੀ ਆ ਗਈ। ਨਿੱਕੀ ਉਸ ਦੇ ਨਾਲ ਪੜ੍ਹਦੀ ਸੀ ਤੇ ਦੋਨਾਂ ਵਿਚ ਚੰਗੀ ਬਣਦੀ ਸੀ। ਨਿੱਕੀ ਉਸ ਦੀ ਸਾਹਮਣੀ ਕੁਰਸੀ 'ਤੇ ਬੈਠ ਗਈ ਪਰ ਜਦੋਂ ਉਸ ਨੇ ਆਪਣਾ ਕਿਤਾਬਾਂ ਵਾਲਾ ਬੈਗ ਮੇਜ 'ਤੇ ਰੱਖਿਆ ਤਾਂ ਬੈਗ ਸਾਹਮਣੇ ਪਈ ਸੌਸ ਦੀ ਬੋਤਲ ਨਾਲ ਟਕਰਾਹਿਆ। ਸਰਾ ਸੌਸ ਗੁਰਿੰਦਰ ਦੇ ਕੱਪੜਿਆਂ 'ਤੇ ਡਿੱਗ ਪਿਆ। ਨਿੱਕੀ ਨੇ ਹਲਕੀ ਜਿਹੀ ਸੌਰੀ ਆਖੀ ਤਾਂ ਗੁਰਿੰਦਰ ਨੇ ਕੱਪੜੇ ਸਾਫ ਕਰਦਿਆਂ ਮੁਸਕਰਾ ਕੇ ਕਿਹਾ, ਕੋਈ ਗੱਲ ਨਹੀਂ।

-ਰੁਪਿੰਦਰ ਕੌਰ

# ਕਾਵਿ ਰਚਨਾ

## ਦੋ ਪਲ

ਕਿਸੇ ਉਂਗਲੀ ਫੜਾਈ, ਅਸੀਂ ਤੁਰੀ ਗਏ ਨਾਲ
ਉਹਨੇ ਉਂਗਲੀ ਛੁਡਾਈ, ਅਸੀਂ ਵੇਖਦੇ ਰਹੇ।
ਮਾਂ-ਮਹਿੱਟਰਾਂ ਦੇ ਵਾਂਗੂੰ, ਅਸੀਂ ਦੁਨੀਆਂ ਦੇ ਵਿਚ,
ਸਾਡੀ ਸੁਣੀ ਨਾ ਦੁਹਾਈ, ਅਸੀਂ ਵੇਖਦੇ ਰਹੇ।

ਇਕ ਰਾਹਾਂ ਅਣਜਾਣ, ਦੂਜੇ ਪੰਧ ਦੁਸ਼ਵਾਰ,
ਦਿਸਹੱਦਿਆਂ ਤੋਂ ਸੀ, ਤੀਜੇ ਦੂਰ ਮੰਜ਼ਲਾਂ।
ਚੌਥੇ ਪੈਰਾਂ ਵਿਚ ਛਾਲੇ, ਪੰਜ ਤੱਪਦੇ ਸੀ ਰੇਤੇ,
ਛੇਵੇਂ ਦੰਦੀਆਂ ਚਿੜਾਉਣ, ਮਗਰੂਰ ਮਜ਼ਲਾਂ।

ਸੱਤ ਦੁਨੀਆਂ ਦੀ ਭੀੜ, ਬਾਕੀ ਗਰਜ਼ਾਂ ਦਾ ਸ਼ੋਰ,
ਸੁਣੇ ਕੰਨ 'ਚ ਨਾ ਪਾਈ, ਅਸੀਂ ਵੇਖਦੇ ਰਹੇ।
ਮਾਂ-ਮਹਿੱਟਰਾਂ ਦੇ ਵਾਂਗੂੰ, ਅਸੀਂ ਦੁਨੀਆਂ ਦੇ ਵਿਚ,
ਸਾਡੀ ਸੁਣੀ ਨਾ ਦੁਹਾਈ, ਅਸੀਂ ਵੇਖਦੇ ਰਹੇ।

ਹੁੰਦਾ ਕਿਸ ਕੋਲ ਸਮਾਂ, ਕੌਣ ਸੁਣਦਾ ਹੈ ਗੱਲ,
ਆਪੋ-ਧਾਪੀ ਵਿਚ ਦੁਨੀਆਂ ਹੈ ਦੌੜੀ ਫਿਰਦੀ।
ਉਹ ਵੀ ਚਾਹੁੰਦਾ ਸੀ ਨਿਭਾਵਾਂ, ਵੰਡਾਂ ਮੀਤ ਨੂੰ ਵਫਾਵਾਂ,
ਧੁੰਦ ਬੰਧਨਾਂ ਦੀ ਸਭ ਕੁਝ ਕੱਜੀ ਜਾਂਵਦੀ।

ਉਹਨੇ ਭੋਲਾ ਜਿਹਾ ਬਣ, ਦੱਸੀ ਸਾਰੀ ਮਜਬੂਰੀ,
ਇਉਂ ਕੀਤੀ ਚਤੁਰਾਈ, ਅਸੀਂ ਵੇਖਦੇ ਰਹੇ।
ਮਾਂ ਮਹਿੱਟਰਾਂ ਦੇ ਵਾਂਗੂੰ, ਅਸੀਂ ਦੁਨੀਆਂ ਦੇ ਵਿਚ,
ਸਾਡੀ ਸੁਣੀ ਨਾ ਦੁਹਾਈ, ਅਸੀਂ ਵੇਖਦੇ ਰਹੇ।

ਉਹਨੇ ਚੜ੍ਹ ਲਿਆ ਸਾਲੂ, ਫੁਲਕਾਰੀਆਂ ਦੀ ਛਾਵੇਂ,
ਸਾਡੇ ਹੌਕੇ ਸ਼ਹਿਨਾਈ ਬਣ, ਕੂਕਦੇ ਰਹੇ।
ਕੁਝ ਹਿਜਰਾਂ ਦੀ ਅੱਗ, ਕੁਝ ਹੌਕਿਆਂ ਦੇ ਲਾਂਬੂ,
ਇਉਂ ਜੱਗ ਵਾਲੇ ਭੈੜੇ, ਸਾਨੂੰ ਫੂਕਦੇ ਰਹੇ।

ਐਵੇਂ ਪਲ ਦੋ ਪਲ ਸੀ ਖੁਸ਼ੀ ਦਾ ਲਿਸ਼ਕਾਰਾ,
ਉਸ ਅਉਧ ਨਾ ਹੰਢਾਈ, ਅਸੀਂ ਵੇਖਦੇ ਰਹੇ।
ਮਾਂ ਮਹਿੱਟਰਾਂ ਦੇ ਵਾਂਗੂੰ, ਅਸੀਂ ਦੁਨੀਆਂ ਦੇ ਵਿਚ,
ਸਾਡੀ ਸੁਣੀ ਨਾ ਦੁਹਾਈ, ਅਸੀਂ ਵੇਖਦੇ ਰਹੇ।

-ਵਿਯੋਗੀ

✲ ✲ ✲ ✲ ✲

# ਮਿੰਨੀ ਕਹਾਣੀ

## ਲੁੱਟੇ ਗਏ

ਪ੍ਰਾਂਤ ਵਿਚ ਪੰਚਾਹਿਤ ਸਮਿਤੀਆਂ ਤੇ ਪੰਚਾਇਤਾਂ ਦੀਆਂ ਚੋਣਾਂ ਹੋ ਰਹੀਆਂ ਸਨ। ਦੋਵਾਂ ਮੁੱਖ ਪਾਰਟੀਆਂ ਨੇ ਚੋਣ ਬੂਥ ਅਤੇ ਚੋਣ ਡੱਬੇ ਆਪਣੇ ਕਬਜ਼ੇ ਵਿਚ ਕਰਨ ਲਈ ਬਿਹਾਰ ਤੋਂ ਤਜਰਬੇਕਾਰ ਚੋਣ ਮਾਫੀਆ ਆਗੂ ਲੈ ਆਂਦੇ ਸਨ। ਦੋਵਾਂ ਮੁੱਖ ਪਾਰਟੀਆਂ ਦੇ ਲੱਠਬਾਜ਼ਾਂ ਲਈ ਅੱਜ ਕੱਲ੍ਹ ਬਹੁਤ ਕੰਮ ਸੀ। ਉਨ੍ਹਾਂ ਨੇ ਚੋਣਾਂ ਦੇ ਦਿਨਾਂ ਵਿਚ ਕਬਜ਼ਿਆਂ, ਥਾਣਿਆਂ ਵਿਚ ਬੰਦਾ ਫਸਾਉਣਾ ਫੇਰ ਛੁਡਾਉਣਾ ਆਦਿ ਦਾ ਧੰਦਾ ਕੁਝ ਦਿਨਾਂ ਲਈ ਮੁਲਤਵੀ ਕਰ ਦਿੱਤਾ ਸੀ।

ਗੈਂਗ ਜੁੱਟ ਬਣ ਗਏ ਸਨ। ਧਰਮ, ਜਾਤ, ਗੋਤ, ਬਰਾਦਰੀ, ਲਾਲਚ, ਧਮਕੀ, ਰੋਆਬ, ਸ਼ਰਾਬ, ਭੁੱਕੀ, ਸਮੈਕ ਆਦਿ ਦਾ ਹਰ ਹਥਿਆਰ ਵਰਤਿਆ ਜਾ ਰਿਹਾ ਸੀ। ਬਹੁਤ ਥਾਈਂ ਨਾਮਜ਼ਦਗੀ ਪੱਤਰ ਗੁੰਮ ਹੋ ਗਏ ਸਨ। ਮਿਲੇ ਹੀ ਨਹੀਂ ਸਨ। ਕਈ ਥਾਈਂ ਨਾਮਜ਼ਦਗੀ ਪੱਤਰ ਰੱਦ ਕਰਵਾ ਦਿੱਤੇ ਗਏ। ਕਈ ਥਾਈਂ ਨਾਮਜ਼ਦਗੀ ਪੱਤਰ ਜਾਅਲੀ ਅਰਜ਼ੀਆਂ ਰਾਹੀਂ ਰਣ ਹੋ ਗਏ ਸਨ। ਰੌਲਾ ਪੈ ਗਿਆ ਸੀ, ਗੈਂਗ ਬਹੁਤੇ ਹੀ ਸਰਗਰਮ ਸਨ।

ਮਹਿਲਾਂ ਦੇ ਭਵਨਾਂ ਦੇ ਕੰਨ ਅਤੇ ਅੱਖਾਂ ਬੰਦ ਸਨ। ਦੋਵਾਂ ਮੁੱਖ ਪਾਰਟੀਆਂ ਨੇ ਨਕਲੀ ਸ਼ਰਾਬਾਂ, ਮਿਲਾਵਟੀ ਸ਼ਰਾਬਾਂ, ਮਿਲਾਵਟੀ ਭੁੱਕੀ ਅਤੇ ਨਮਕ ਮਿਲੀ ਸਮੈਕ ਦੇ ਖੁੱਲ੍ਹੇ ਭੰਡਾਰੇ ਚਾਲੂ ਕੀਤੇ ਹੋਏ ਸਨ। ਪਿਆਕੜਾਂ ਦੀਆਂ ਪੌਂ ਬਾਰ੍ਹਾਂ ਸਨ। ਖਬਰ ਆਈ ਸੀ ਕਿ ਕਰਨਾਟਕ ਵਿਧਾਨ ਸਭਾ ਦੀਆਂ ਚੋਣਾਂ ਸਮੇਂ ਮਿਲਾਵਟੀ ਜ਼ਹਿਰਲੀ ਸ਼ਰਾਬ ਪੀ ਕੇ 107 ਮੌਤਾਂ ਹੋ ਚੁੱਕੀਆਂ ਸਨ। ਦੋ ਸੌ ਤੋਂ ਵੱਧ ਨਕਲੀ ਸ਼ਰਾਬ ਪੀ ਕੇ ਬਿਮਾਰ ਪਏ ਲੋਕ ਹਸਪਤਾਲਾਂ ਵਿਚ ਦਾਖਲ ਸਨ। ਦੋ ਸੌ ਤੋਂ ਵੱਧ ਨਕਲੀ ਸ਼ਰਾਬ ਪੀ ਕੇ ਬਿਮਾਰ ਪਏ ਲੋਕ ਹਸਪਤਾਲਾਂ ਵਿਚ ਦਾਖਲ ਸਨ। ਬਹੁਤ ਸਾਰੇ ਨਕਲੀ ਤੇ ਜ਼ਹਿਰੀਲੀ ਸ਼ਰਾਬ ਦੇ ਹੜ੍ਹ ਵਿਚ ਰੁੜ ਗਏ ਸਨ। ਸ਼ਰਾਬ ਯੁੱਧ ਜਾਰੀ ਸੀ। ਆਮ ਦਿਨਾਂ ਵਿਚ ਵੀ ਹਰ ਰੋਜ਼ ਦਸ ਕਰੋੜ ਰੁਪਏ ਦੀ ਸ਼ਰਾਬ ਪੀਤੀ ਜਾ ਰਹੀ ਸੀ। ਹੁਣ ਤਾਂ...

ਗੈਂਗ ਵਾਰ ਜਾਰੀ ਸੀ। ਸ਼ਰਾਬ, ਭੁੱਕੀ, ਅਫੀਮ ਦੀ ਮੁਫਤ ਸਪਲਾਈ ਜਾਰੀ ਸੀ। ਵੋਟਾਂ ਨੇੜੇ ਆ ਰਹੀਆਂ ਸਨ। ਵੱਖ ਵੱਖ ਪਿੰਡਾਂ ਵਿਚ ਜਬਰੀ ਸਰਬ ਸੰਮਤੀਆਂ ਕਰਵਾਈਆਂ ਜਾ ਰਹੀਆਂ ਸਨ। ਨਸ਼ੇੜੀ ਬਹੁਤੀ ਪੀ ਕੇ ਥਾਂ-ਥਾਂ ਡਿੱਗੇ ਪਏ ਸਨ। ਬੇਸੁਰਤਾ ਘੱਟ ਨਸ਼ਈ ਬੰਦੇ ਨੇ ਆ ਦੇ ਦੱਸਿਆ, ਓਏ ਆਪਣੇ ਪਿੰਡ ਵਿਚ ਤਾਂ ਸਰਬ ਸੰਮਤੀ ਹੋ ਗਈ ਹੇ। ਸ਼ਰਾਬ, ਭੁੱਕੀ, ਅਫੀਮ, ਚਰਸ ਬੰਦ, ਆਪਾਂ ਤਾਂ ਲੁੱਟੇ ਗਏ। ਹੈਂ ਸੱਚੀਂ ਸਰਬਸੰਮਤੀ ਹੋ ਗਈ। ਬੇਸੁਰਤ ਪੈ ਨਸ਼ੇੜੀ ਉਠ ਕੇ ਬਹਿ ਗਏ ਉੱਚੀ ਉੱਚੀ ਰੋਣ ਲੱਗੇ।

-ਪ੍ਰੋ. ਹਮਦਰਦਵੀਰ



# ਕਾਵਿ ਕਿਆਰੀ

## ਪਰਦੇਸੀ

ਸਭ ਪਰਦੇਸੀਂ ਤੁਰ ਚੱਲੇ ਨੇ।
ਅਕਲਾਂ ਲੈ ਕੇ ਇਸ
ਮਿੱਟੀ ਤੋਂ, ਇਸ ਮਿੱਟੀ ਕਰਮਾ ਪਿੱਟੀ
ਤੋਂ, ਕਿਰਤੀ ਅਤੇ
ਤਮੀਜ਼ਾਂ ਵਾਲੇ,
ਭਾਰਤ ਮਾਂ ਦੇ ਰਾਜ ਦੁਲਾਰੇ,
ਲੇਖਾਂ ਨੂੰ ਚਮਕਾਉਣ ਦੀ ਖਾਤਿਰ,
ਸੋਨਾ ਨਿਰਾ ਕਮਾਉਣ
ਦੀ ਖਾਤਿਰ,
ਸਭ ਪਰਦੇਸ਼ੀਂ ਤੁਰ ਚੱਲੇ ਨੇ।
ਸੁੱਖਾਂ ਸੁੱਖ
ਜਵਾਨੀ ਆਈ, ਜਵਾਨੀ
ਵੀ ਨਾਲ ਲਿਆਈ,
ਭੁੱਖਾਂ ਦੇ ਸੰਤਾਪ ਬੁਰੇ ਨੇ,
ਥੋੜਾਂ ਦੇ ਅਹਿਸਾਸ
ਬੁਰੇ ਨੇ,
ਬੜੀ ਉਚੇਰੀ ਸਿੱਖਿਆ ਪਾ ਕੇ,
ਆਪਣੇ ਦੇਸ਼ ਵਿਚੋਂ
ਹੁਨਰ ਕਮਾ ਕੇ,
ਸਭ ਪਰਦੇਸੀਂ ਤੁਰ ਚੱਲੇ ਨੇ।
ਉਤੋਂ ਉਤੋਂ ਹੱਸਣ ਮਾਵਾਂ
ਹੰਝੂ ਕਿੱਦਾਂ
ਛੱਕਣ ਮਾਵਾਂ, ਮੱਚਦੇ ਹੋਏ
ਅੰਗਿਆਰ ਤੁਰੇ ਨੇ,
ਸੱਤ ਸਮੁੰਦਰੋਂ ਪਾਰ ਤੁਰੇ ਨੇ,
ਇਕ ਸੁਨਹਿਰੀ ਆਸ ਜਗਾ ਕੇ,
ਪਰ ਮਮਾ ਨੂੰ ਲਾਂਬੂ
ਲਾ ਕੇ,
ਸਭ ਪਰਦੇਸੀਂ ਤੁਰ ਚੱਲੇ ਨੇ,
ਸੱਖਣੇ ਸੱਖਣੇ
ਵਿਹੜੇ ਹੋ ਗਏ, ਰਹਿੰਦ ਖੂਹੰਦ
ਹੀ ਪਿੱਛੇ ਰਹਿ ਗਏ,
ਹੁਨਰ ਦੇਸ਼ ਦਾ ਮੰਡੀ ਵਿਕਿਆ
ਅਕਲਾਂ ਉਤੇ
ਪਹਿਰਾ ਲੱਗਿਆ, ਭੈਣ ਸਾਕ
ਬਚਾਉਣ ਦੀ ਖਾਤਿਰ,
ਆਪਣਾ ਕੱਲ੍ਹ ਰੁਸ਼ਨਾਉਣ
ਦੀ ਖਾਤਿਰ, ਸਭ
ਪਰਦੇਸੀਂ ਤੁਰ ਚੱਲੇ ਨੇ।
ਅਕਲਾਂ ਦੀ ਇਸ ਮੰਡੀ ਅੰਦਰ,
ਆਪਾਂ ਵੀ ਕੁਝ ਬੋਲੀ
ਲਾਈਏ, ਆਪਣੇ ਇਲਮ
ਦੀ ਕੀਮਤ ਪਾਈਏ,
ਤੁਰਿਆ ਜਾਂਦਾ ਪੂਰ ਬਚਾਈਏ,
ਮਨ ਅੰਦਰ ਸ਼ੰਕਾਵਾਂ ਲੈ ਕੇ,
ਅੱਖਾਂ ਵਿਚ ਆਸ਼ਾਵਾਂ
ਲੈ ਕੇ, ਸਭ ਪਰਦੇਸੀਂ ਤੁਰ ਚੱਲੇ ਨੇ
ਲੇਖਾਂ ਨੂੰ ਚਮਕਾਉਣ
ਦੀ ਖਾਤਿਰ
ਸੋਨਾ ਨਿਰਾ ਕਮਾਉਣ ਦੀ ਖਾਤਿਰ

ਕੌਮੀ ਪੱਤ੍ਰਿਕਾ

# ਜ਼ਿਲ੍ਹੇ ’ਚ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਰਣਨੀਤਕ ਥਾਵਾਂ ’ਤੇ ਸਾਰੇ ਪ੍ਰਬੰਧ ਮੁਕੰਮਲ: ਡੀ.ਸੀ.

**➢ ਘੱਗਰ ਨਦੀ ਦਾ ਜਾਇਜ਼ਾ ਲੈਣ ਲਈ ਬਾਦਸ਼ਾਹਪੁਰ ਪੁੱਜੇ ਡਿਪਟੀ ਕਮਿਸ਼ਨਰ, ਕਿਹਾ, ਲੋਕ ਅਫ਼ਵਾਹਾਂ ‘ਤੇ ਯਕੀਨ ਨਾ ਕਰਨ ➢ਕਿਹਾ, ਪ੍ਰਸ਼ਾਸਨ ਵੱਲੋਂ ਪਾਣੀ ਦੇ ਵਹਾਅ ਦੀ ਸਥਿਤੀ ‘ਤੇ ਪਲ-ਪਲ ਦੀ ਨਿਗਰਾਨੀ**



**ਪਾਤੜਾਂ/ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਬਾਦਸ਼ਾਹਪੁਰ ਅਤੇ ਹਰਚੰਦਪੁਰਾ ਵਿਖੇ ਘੱਗਰ ਦਰਿਆ ਦਾ ਦੌਰਾ ਕਰਕੇ ਵਹਿ ਰਹੇ ਪਾਣੀ ਦਾ ਨਿਰੀਖਣ ਕੀਤਾ।ਇਸ ਮੌਕੇ ਉਨ੍ਹਾਂ ਨੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਤੇ ਡਰੇਨੇਜ

ਵਿਭਾਗ ਵੱਲੋਂ ਪਾਣੀ ਦੇ ਵਹਾਅ ਦੀ ਸਥਿਤੀ ‘ਤੇ ਪਲ-ਪਲ ਦੀ ਨਿਗਰਾਨੀ ਰੱਖੀ ਜਾ ਰਹੀ ਹੈ, ਜਿਸ ਲਈ ਲੋਕਾਂ ਨੂੰ ਡਰਨ ਦੀ ਕੋਈ ਲੋੜ ਨਹੀਂ ਅਤੇ ਨਾ ਹੀ ਕਿਸੇ ਕਿਸਮ ਦੀਆਂ ਅਫ਼ਵਾਹਾਂ ‘ਤੇ ਯਕੀਨ ਕਰਨਾ ਚਾਹੀਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ ਨਾਗਰਿਕਾਂ ਦੀ ਜਾਨ ਤੇ ਮਾਲ ਦੀ ਸੁਰੱਖਿਆ ਲਈ ਪੁਖਤਾ ਇੰਤਜ਼ਾਮ ਕੀਤੇ ਹਨ ਅਤੇ ਡਰੇਨੇਜ ਵਿਭਾਗ ਨੇ ਨਦੀਆਂ ਦੇ ਡਰੋਨ ਨਾਲ ਨਿਰੀਖਣ ਕਰਕੇ ਨਾਜ਼ੁਕ ਖੇਤਰਾਂ ਵਿਖੇ ਬੰਨ੍ਹਾਂ ਦੀ ਮੁਰੰਮਤ ਤੇ ਮਜ਼ਬੂਤੀ ਲਈ ਵਿਸ਼ੇਸ਼ ਪ੍ਰਬੰਧ ਵੀ ਕੀਤੇ ਹਨ।ਉਨ੍ਹਾਂ ਦੇ ਨਾਲ ਐਸ.ਡੀ.ਐਮ. ਅਸ਼ੋਕ ਕੁਮਾਰ ਅਤੇ ਡਰੇਨੇਜ ਵਿਭਾਗ ਦੇ ਕਾਰਜਕਾਰੀ ਪ੍ਰਥਮ ਗੰਭੀਰ ਵੀ ਮੌਜੂਦ ਸਨ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਦੋ ਸਾਲ ਪਹਿਲਾਂ ਹੜ੍ਹਾਂ ਕਰਕੇ ਹੋਏ ਨੁਕਸਾਨ ਦੇ ਮੱਦੇਨਜ਼ਰ ਉਨ੍ਹਾਂ ਨੇ ਘੱਗਰ ਤੇ ਹੋਰਨਾਂ ਦਰਿਆਵਾਂ ਦੀਆਂ ਨਾਜ਼ੁਕ ਥਾਵਾਂ ਦਾ ਖ਼ੁਦ ਦੌਰਾ ਕੀਤਾ ਹੈ। ਇਸ ਦੌਰਾਨ ਉਨ੍ਹਾਂ ਨੇ ਸਥਾਨਕ ਨਿਵਾਸੀਆਂ ਨਾਲ ਗੱਲਬਾਤ ਕਰਕੇ ਫੀਡਬੈਕ ਵੀ ਲਈ ਤੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੜ੍ਹਾਂ ਦੀ ਰੋਕਥਾਮ ਸਬੰਧੀ ਜਲ ਨਿਕਾਸ ਤੇ ਹੋਰ ਸਬੰਧਤ ਵਿਭਾਗਾਂ ਨੂੰ ਲੋੜੀਂਦੇ ਅਗਾਊਂ ਪ੍ਰਬੰਧ ਪੁਖ਼ਤਾ ਕਰਨ ਦੀਆਂ ਹਦਾਇਤਾਂ ਕਰੀਬ ਚਾਰ ਮਹੀਨੇ ਪਹਿਲਾਂ ਹੀ ਦੇ ਦਿੱਤੀਆਂ ਗਈਆਂ ਸਨ, ਜਿਸ ਤਹਿਤ ਵਿਭਾਗ ਤੇ ਪੂਰਾ ਪ੍ਰਸ਼ਾਸਨ ਪੱਬਾਂ ਭਾਰ ਹੈ।

ਡੀ.ਸੀ. ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਰਣਨੀਤਕ ਥਾਵਾਂ ‘ਤੇ ਮਿੱਟੀ ਨਾਲ ਭਰੇ ਏ.ਸੀ. ਥੈਲਿਆਂ ਦਾ ਸਟਾਕ ਜਮ੍ਹਾਂ ਕਰਨ ਸਮੇਤ ਮਗਨਰੇਗਾ ਤੇ ਜਲ ਸਰੋਤ ਵਿਭਾਗ ਵੱਲੋਂ ਲੋੜੀਂਦੇ ਬਚਾਅ ਕਾਰਜ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜਲ ਸਰੋਤ ਤੇ ਲੋਕ ਨਿਰਮਾਣ ਵਿਭਾਗ ਨੂੰ ਪਾਣੀ ਦੇ ਵਹਾਅ ਵਿੱਚ ਆਉਣ ਵਾਲੀਆਂ ਰੁਕਾਵਟਾਂ, ਜੋਕਿ ਪਿਛਲੇ ਸਾਲ ਪਛਾਣੀਆਂ ਗਈਆਂ ਸਨ, ਨੂੰ ਵੀ ਦੂਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਡੀ.ਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਤੇ ਮਾਨਸੂਨ ਸੀਜ਼ਨ ਵਿੱਚ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਵੀ ਪੂਰੀ ਤਿਆਰੀ ਹੈ। ਐਕਸੀਐਨ ਪ੍ਰਥਮ ਗੰਭੀਰ ਨੇ ਦੱਸਿਆ ਕਿ ਡਰੇਨੇਜ ਵਿਭਾਗ ਦੀ ਹਰਿਆਣਾ ਤੇ ਹਿਮਾਚਲ ਤੋਂ ਆਉਂਦੇ ਪਾਣੀ ਦੀਆਂ ਗੇਜਾਂ ‘ਤੇ ਪੂਰੀ ਨਜ਼ਰ ਹੈ ਤੇ ਅਪਸਟਰੀਮ ਸਮੇਤ ਡਾਊਨ ਸਟਰੀਮ ‘ਤੇ ਵੀ ਪੂਰਾ ਅਮਲਾ ਲਗਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਵੇਲੇ ਘੱਗਰ ਨਦੀ ਵਿੱਚ ਮਾਰਕੰਡਾ ਦਰਿਆ ਦਾ ਦਸ ਫੁੱਟ ਪਾਣੀ ਆ ਰਿਹਾ ਹੈ ਅਤੇ ਇਹ ਖਤਰੇ ਦੇ ਨਿਸ਼ਾਨ ਤੋਂ ਕਾਫ਼ੀ ਘੱਟ ਹੈ। ਇਸ ਮੌਕੇ ਐਸਡੀਓ ਗੁਲਸ਼ਨ ਕੁਮਾਰ, ਜੇਈਜ ਸਤਨਾਮ ਸਿੰਘ ਅਤੇ ਪਰਦੀਪ ਸਿੰਘ ਸਮੇਤ ਇਲਾਕੇ ਦੇ ਲੋਕ, ਸਰਪੰਚ ਤੇ ਪੰਚਾਇਤ ਮੈਂਬਰ ਵੀ ਹਾਜ਼ਰ ਸਨ।

# ਭਾਸ਼ਾ ਵਿਭਾਗ ਪੰਜਾਬ ਨੇ ਆਪਣੇ-ਆਪ ਨੂੰ ਪੜ੍ਹਨੇ ਲਗਾਇਆ; ਹਰ ਮਹੀਨੇ ਹਰੇਕ ਮੁਲਾਜ਼ਮ ਨੇ ਪੜ੍ਹਨੀ ਸ਼ੁਰੂ ਕੀਤੀ ਘੱਟੋ-ਘੱਟ ਇੱਕ ਕਿਤਾਬ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀਆਂ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਨ ਲਈ ਆਪਣੇ ਤੋਂ ਹੀ ਉੱਦਮ ਸ਼ੁਰੂ ਕੀਤਾ ਹੈ। ਜਿਸ ਤਹਿਤ ਵਿਭਾਗ ਦੇ ਡਾਇਰੈਕਟਰ ਤੋਂ ਲੈ ਕੇ ਸੇਵਾਦਾਰ ਤੱਕ ਨੂੰ ਇੱਕ ਮਹੀਨੇ ’ਚ ਘੱਟੋ-ਘੱਟ ਇੱਕ ਪੁਸਤਕ ਪੜ੍ਹਨੀ ਲਾਜ਼ਮੀ ਕੀਤੀ ਗਈ ਹੈ। ਅੱਜ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਇਸ ਕਾਰਜ ਦੇ ਸ਼ੁਰੂਆਤੀ ਮਹੀਨੇ ਜੂਨ ’ਚ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਪੜ੍ਹੀਆਂ ਗਈਆਂ ਕਿਤਾਬਾਂ ਦੀ ਭਾਸ਼ਾ, ਸ਼ੈਲੀ, ਵਿਸ਼ਾ-ਵਸਤੂ ਤੇ ਹੋਰਨਾਂ ਪੱਖਾਂ ਬਾਰੇ ਜਾਣਕਾਰੀ ਹਾਸਿਲ ਕੀਤੀ ਜਿਸ ਨੂੰ ਮੁਲਾਜ਼ਮਾਂ ਨੇ ਭਰਵਾਂ ਹੁੰਗਾਰਾ ਦਿੱਤਾ। ਜਿਆਦਾਤਰ ਮੁਲਾਜਮਾਂ ਨੇ ਜੂਨ ਮਹੀਨੇ ’ਚ ਕੋਈ ਨਾ ਕੋਈ ਕਿਤਾਬ ਪੜ੍ਹਨ ਬਾਰੇ ਸਾਂਝ ਪਾਈ ਅਤੇ ਜਿੰਨ੍ਹਾਂ ਮੁਲਾਜ਼ਮਾਂ ਨੇ ਇਸ ਮਹੀਨੇ ਕੋਈ ਕਿਤਾਬ ਨਹੀਂ ਪੜ੍ਹੀ ਉਨ੍ਹਾਂ ਨੇ ਅਹਿਦ ਕੀਤਾ ਕਿ ਉਹ ਅਗਲੇ ਮਹੀਨੇ ਘੱਟ-ਘੱਟ ਦੋ ਕਿਤਾਬਾਂ ਪੜ੍ਹਨਗੇ।



ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸੰਬੋਧਨ ਕਰਦੇ ਹੋਏ।

ਸ. ਜਸਵੰਤ ਸਿੰਘ ਜ਼ਫ਼ਰ ਨੇ ਸਮਾਗਮ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਕਿਤਾਬਾਂ ਪੜ੍ਹਨ ਵਾਲੇ ਮਾਪਿਆਂ ਨੂੰ ਕਦੇ ਵੀ ਆਪਣੇ ਬੱਚਿਆਂ ਨੂੰ ਪੜ੍ਹਨ ਲਈ ਨਹੀਂ ਕਹਿਣਾ ਪੈਂਦਾ ਸਗੋਂ ਉਨ੍ਹਾਂ ਦੇ ਬੱਚੇ ਆਪਣੇ ਮਾਪਿਆਂ ਨੂੰ ਹੀ ਆਦਰਸ਼ ਮੰਨਦੇ ਹੋਏ ਪੜ੍ਹਨ ’ਚ ਪੂਰਾ ਧਿਆਨ ਲਗਾਉਂਦੇ ਹਨ ਅਤੇ ਉੱਚੀਆਂ ਪਦਵੀਆਂ ਤੱਕ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਅਜੋਕੇ ਭੱਜ-ਦੌੜ ਵਾਲੇ ਦੌਰ ’ਚ ਕਿਤਾਬਾਂ ਹੀ ਇੱਕੋ-ਇੱਕ ਅਜਿਹਾ ਸਾਧਨ ਹੈ ਜੋ ਮਨੁੱਖ ਦੀ ਜ਼ਿੰਦਗੀ ’ਚ ਠਹਿਰਾਅ, ਸਕੂਨ ਤੇ ਸਹਿਜ ਲਿਆ ਸਕਦੀਆਂ ਹਨ।

ਸ. ਜ਼ਫ਼ਰ ਨੇ ਕਿਹਾ ਕਿ ਦਾਰਸ਼ਨਿਕ ਲੋਕਾਂ ਦੀ ਨਜ਼ਰ ’ਚ ਗਿਆਨਵਾਨ ਵਿਅਕਤੀ ਹੀ ਦੁਨੀਆ ਦੇ ਸਭ ਤੋਂ ਧਨੀ ਲੋਕ ਹੁੰਦੇ ਹਨ। ਇਸ ਕਰਕੇ ਪੁਸਤਕ ਅਜਿਹਾ ਸਾਧਨ ਹਨ ਜੋ ਹਰ ਦੁਨੀਆ ’ਤੇ ਸ਼੍ਰੇਣੀ ਵੰਡ ਨੂੰ ਸਮਾਪਤ ਕਰ ਸਕਦੀਆਂ ਹਨ। ਧਨ ਦੌਲਤ ਵੰਡਣ ਨਾਲ ਕਦੇ ਵੀ ਦੁਨੀਆ ’ਚ ਵੱਖ-ਵੱਖ ਅਧਾਰ ’ਤੇ ਹੋਈ ਸਮਾਜਿਕ ਵੰਡ ਸਮਾਪਤ ਨਹੀਂ ਹੋ ਸਕਦੀ ਪਰ ਪੁਸਤਕਾਂ ਰਾਹੀਂ ਹਾਸਿਲ ਕੀਤਾ ਗਿਆਨ ਦੁਨੀਆ ’ਚ ਸਭ ਤਰ੍ਹਾਂ ਦੀ ਵੰਡਾਂ ਨੂੰ ਖਤਮ ਕਰ ਸਕਦਾ ਹੈ।

ਸ. ਜ਼ਫ਼ਰ ਨੇ ਦੱਸਿਆ ਕਿ ਹਰ ਮਹੀਨੇ ਵਿਭਾਗ ਦੇ ਕਰਮਚਾਰੀ ਇਸੇ ਤਰ੍ਹਾਂ ਆਪਣੇ ਦੁਆਰਾ ਪੜ੍ਹੀਆਂ ਕਿਤਾਬਾਂ ਬਾਰੇ ਜਾਣਕਾਰੀ ਸਾਂਝੀ ਕਰਨਗੇ। ਇਸ ਮੌਕੇ ਭਾਸ਼ਾ ਵਿਭਾਗ ਦੇ ਮੁੱਖ ਦਫ਼ਤਰ ’ਚ ਤੈਨਾਤ ਅਧਿਕਾਰੀਆਂ ‘ਤੇ ਕਰਮਚਾਰੀਆਂ ਨੇ ਆਪਣੇ ਦੁਆਰਾ ਪੜ੍ਹੀਆਂ ਪੁਸਤਕਾਂ ਬਾਰੇ ਦਿਲਚਸਪ ਗੱਲਾਂ ਸਾਂਝੀਆਂ ਕੀਤੀਆਂ। ਵਿਭਾਗ ਦੇ ਬਹੁਤ ਸਾਰੇ ਕਰਮਚਾਰੀਆਂ ਨੇ ਵਿਭਾਗ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ।

ਇਸ ਮੌਕੇ ਡਿਪਟੀ ਡਾਇਰੈਕਟਰ ਚੰਦਨਦੀਪ ਕੌਰ ਤੇ ਸਤਨਾਮ ਸਿੰਘ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਆਲੋਕ ਚਾਵਲਾ, ਸੁਖਪ੍ਰੀਤ ਕੌਰ, ਤੇਜਿੰਦਰ ਸਿੰਘ ਗਿੱਲ, ਜਸਪ੍ਰੀਤ ਕੌਰ ਤੇ ਸੁਰਿੰਦਰ ਕੌਰ ਸਮੇਤ ਵੱਡੀ ਸਾਰੇ ਦੇ ਸਾਰੇ ਕਰਮਚਾਰੀ ਹਾਜ਼ਰ ਸਨ, ਜਿੰਨ੍ਹਾਂ ਨੇ ਆਪਣੇ ਦੁਆਰਾ ਪੜ੍ਹੀਆਂ ਕਿਤਾਬਾਂ ਬਾਰੇ ਜਾਣਕਾਰੀ ਦਿੱਤੀ।

ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਨੇ ਕੀਤਾ।

# ਮੰਗਾਂ ਨੂੰ ਲੈ ਕੇ ਪੰਜਾਬ ਰੋਡਵੇਜ਼ ਯੂਨੀਅਨ ਦੀ ਅਗਵਾਈ ਵਿਚ ਕਰਮਚਾਰੀਆਂ ਵਲੋਂ ਖਰੜ-ਚੰਡੀਗੜ੍ਹ ਹਾਈਵੇਅ ਜਾਮ



**ਖਰੜ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰੋਡਵੇਜ਼, ਪਨਬੱਸ ਦੇ ਕਰਮਚਾਰੀਆਂ ਵਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੈਕਟਰ-17 ਚੰਡੀਗੜ੍ਹ ਵਿਖੇ ਰੋਡਵੇਜ਼, ਪਨਬੱਸ ਰੋਸ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਸੀ ਜਿਸਨੂੰ ਲੈ ਕੇ ਕਰਮਚਾਰੀਆਂ ਨੂੰ ਚੰਡੀਗੜ੍ਹ ਵਿਖੇ ਧਰਨਾ ਲਾਉਣ ਤੋਂ ਪਹਿਲਾਂ ਹੀ ਚੰਡੀਗੜ੍ਹ ਪੁਲਿਸ ਵਲੋਂ ਯੂਨੀਅਨ ਆਗੂਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ, ਜਿਸਦੇ ਰੋਸ ਵਜੋਂ ਪੰਜਾਬ ਦੇ ਵੱਖ ਵੱਖ ਡਿਪੂਆਂ ਤੋਂ ਚੰਡੀਗੜ੍ਹ ਰੋਸ ਧਰਨਾ ਦੇਣ ਜਾ ਰਹੇ ਕਰਮਚਾਰੀਆਂ ਵਲੋਂ ਖਰੜ-ਚੰਡੀਗੜ੍ਹ ਹਾਈਵੇਅ ਤੇ ਪਿੰਡ ਦੇਸੂਮਾਜਰਾ ਨੇੜੇ ਬੱਸ ਸੜਕ ਦਰਮਿਆਨ ਖੜ੍ਹੀਆਂ ਕਰਕੇ ਰੋਸ ਵਜੋਂ ਰੋਸ ਧਰਨਾ ਲਗਾ ਦਿੱਤਾ। ਜਿਸ ਕਾਰਨ ਹਾਈਵੇਅ ਦੇ ਦੋਨੋ ਪਾਸੇ ਵਾਹਨਾਂ ਦੀਆਂ ਲੰਬੀਆਂ ਲਾਈਨਾਂ ਲੱਗ ਗਈਆਂ,ਉਹ ਮੰਗ ਕਰ ਰਹੇ ਸਨ ਕਿ ਉਨ੍ਹਾਂ ਦੇ ਸਾਥੀ ਕਰਮਚਾਰੀਆਂ ਨੂੰ ਪਹਿਲਾਂ ਰਿਹਾਅ ਕੀਤਾ ਜਾਵੇ ਤਾਂ ਹੀ ਉਹ ਇਹ ਧਰਨਾ ਸਮਾਪਤ ਕਰਨਗੇ। ਸੂਚਨਾ ਮਿਲਣ ਤੇ ਡੀ.ਐਸ.ਪੀ.ਖਰੜ ਕਰਨ ਸਿੰਘ ਸੰਧੂ, ਥਾਣਾ ਸਦਰ ਖਰੜ ਦੇ ਐਸ.ਐਚ.ਓ.ਅਮਰਿੰਦਰ ਸਿੰਘ ਸਿੱਧੂ, ਥਾਣਾ ਸਿਟੀ ਖਰੜ ਦੇ ਐਸ.ਐਚ.ਓ.ਇੰਸਪੈਕਟਰ ਸੁਨੀਲ ਕੁਮਾਰ ਸਮੇਤ ਵੱਡੀ ਗਿਣਤੀ ਵਿਚ ਪੁਲਿਸ ਕਰਮਚਾਰੀ ਮੌਕੇ ਤੇ ਪੁੱਜੇ ਅਤੇ ਮੌਕੇ ਤੇ ਧਰਨਾ ਦੇ ਰਹੇ ਧਰਨਾਕਾਰੀਆਂ ਨੂੰ ਸਮਝਾਇਆ ਕਿ ਉਹ ਇੱਥੇ ਜਾਮ ਨਾਲ ਲਗਾਉਣ।

ਟਰੈਫਿਕ ਪੁਲਿਸ ਖਰੜ ਦੇ ਕਰਮਚਾਰੀ ਆਵਾਜ਼ਾਈ ਕੰਟਰੋਲ ਕਰਨ ਲਈ ਮੌਕੇ ਬਾ ਖੂਬੀ ਡਿਊਟੀ ਨਿਭਾਈ। ਯੂਨੀਅਨ ਆਗੂਆਂ ਨੇ ਕਥਿਤ ਤੌਰ ਤੇ ਦੋਸ਼ ਲਾਇਆ ਕਿ ਉਨ੍ਹਾਂ ਨੂੰ ਚੰਡੀਗੜ੍ਹ ਜਾਣ ਤੋਂ ਰੋਕਿਆ ਜਾ ਰਿਹਾ ਹੈ ਜਿਸ ਕਾਰਨ ਉਨ੍ਹਾਂ ਨੇ ਇਹ ਧਰਨਾ ਲਗਾਇਆ ਹੈ, ਪਰ ਬਾਅਦ ਵਿਚ ਯੂਨੀਅਨ ਅਤੇ ਕਰਮਚਾਰੀਆਂ ਵਲੋਂ ਰੋਸ ਧਰਨਾ ਸਮਾਪਤ ਕਰ ਦਿੱਤਾ ਗਿਆ। ਦੂਸਰੇ ਪਾਸੇ ਡੀ.ਐਸ.ਪੀ.ਖਰੜ ਕਰਨ ਸਿੰਘ ਸੰਧੂ ਨੇ ਦਸਿਆ ਕਿ ਪੰਜਾਬ ਰੋਡਵੇਜ਼ ਯੂਨੀਅਨ ਆਗੂਆਂ ਦੀ ਅਗਵਾਈ ਵਿਚ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿਚ ਰੋਸ ਧਰਨਾ ਲਗਾਇਆ ਜਾਣਾ ਸੀ ਉਨ੍ਹਾਂ ਆਗੂਆਂ ਨੂੰ ਸਮਝਾ ਕੇ ਰੋਸ ਧਰਨਾ ਚੁਕਵਾ ਦਿੱਤਾ ਗਿਆ ਸੀ ਅਤੇ ਉਨ੍ਹਾਂ ਨੂੰ ਕਿਹਾ ਕਿ ਇਹ ਖਰੜ-ਚੰਡੀਗੜ੍ਹ ਹਾਈਵੇਅ ਮੇਨ ਹੈ ਜਿਸ ਕਾਰਨ ਆਵਾਜ਼ਾਈ ਨਾ ਰੋਕੀ ਜਾਵੇ। ਜਿਸ ਤੋਂ ਬਾਅਦ ਆਗੂਆਂ ਵਲੋਂ ਰੋਸ ਧਰਨਾ ਸਮਾਪਤ ਕਰਦੇ ਹੋਏ ਆਵਾਜ਼ਾਈ ਖੁਲਵਾ ਦਿੱਤੀ ਗਈ ਸੀ।

# ਪੰਨੂ ਵੱਲੋ 4 ਜੁਲਾਈ ਨੂੰ ਅੰਮ੍ਰਿਤਸਰ ਤੇ ਮੁਹਾਲੀ ਹਵਾਈ ਅੱਡੇ ਬੰਦ ਰੱਖਣ ਬਾਰੇ ਆਡੀਓ ਜਾਰੀ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਸ ਫਾਰ ਜਸਟਿਸ ਦੇ ਆਗੂ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਹੈ ਕੇ 4 ਜੁਲਾਈ ਨੂੰ ਗੁਰੂ ਰਾਮ ਦਾਸ ਹਵਾਈ ਅੱਡਾ ਅੰਮ੍ਰਿਤਸਰ ਤੇ ਸ਼ਹੀਦ ਭਗਤ ਸਿੰਘ ਹਵਾਈ ਅੱਡਾ ਚੰਡੀਗੜ ਨੂੰ ਬੰਦ ਰੱਖਿਆ ਜਾਵੇ ਅਤੇ ਇਸ ਦਿਨ ਕੋਈ ਵੀ ਯਾਤਰੀ ਇੰਨਾਂ ਹਵਾਈ ਅੱਡਿਆਂ ਤੋਂ ਹਵਾਈ ਸਫ਼ਰ ਨਾ ਕਰੇ। ਇਹ ਸੰਦੇਸ਼ ਪੰਨੂ ਨੇ ਇੱਕ ਅਡਿਓ ਕਾਲ ?(+447537121095 ?) ਜਾਰੀ ਕੀਤਾ ਹੈ। ਹਾਲਾਂਕਿ ‘ਪੰਜਾਬੀ ਟ੍ਰਿਬਿਊਨ’ ਇਸ ਆਡੀਓ ਬਾਰੇ ਪੁਸ਼ਟੀ ਨਹੀਂ ਕਰਦਾ।



ਇਸ ਵਿਚ ਕਿਹਾ ਗਿਆ ਹੈ ਕਿ 4 ਜੁਲਾਈ ਸਿੱਖ ਇਤਿਹਾਸ ਵਿੱਚ ਮਹੱਤਵਪੂਰਨ ਹੈ, ਕਿਉਂਕਿ 1955 ਵਿੱਚ ਭਾਰਤੀ ਅਧਿਕਾਰੀਆਂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ’ਤੇ ਹਮਲਾ ਕੀਤਾ ਗਿਆ ਸੀ। ਇਸ ਘਟਨਾ ਵਿੱਚ 200 ਤੋਂ ਵੱਧ ਲੋਕ ਮਾਰੇ ਗਏ ਅਤੇ ਕਈ ਗ੍ਰਿਫ਼ਤਾਰ ਕੀਤੇ ਗਏ। ਇਹ ਹਮਲਾ ਪੰਜਾਬ ਸੂਬਾ ਅੰਦੋਲਨ ਨਾਲ ਸਬੰਧਤ ਇੱਕ ਪ੍ਰਦਰਸ਼ਨ ਦੌਰਾਨ ਹੋਇਆ ਸੀ, ਜਿੱਥੇ ਸਿੱਖ ਵਧੇਰੇ ਸਵੈ-ਸ਼ਾਸਨ ਦੀ ਮੰਗ ਕਰ ਰਹੇ ਸਨ। ਇਸ ਇਤਿਹਾਸਕ ਘਟਨਾ ਤੋਂ ਇਲਾਵਾ, ਸਿੱਖ ਅਮਰੀਕੀ ਸੁਤੰਤਰਤਾ ਦਿਵਸ ਦੇ ਜਸ਼ਨਾਂ ਵਿੱਚ ਵੀ ਹਿੱਸਾ ਲੈਂਦੇ ਹਨ। ਪੰਨੂ ਨੇ ਕਿਹਾ ਹੈ ਕੇ ਇਸ ਦਿਨ ਹਵਾਈ ਸਫ਼ਰ ਕਰਨ ਵਾਲੇ ਹਰਜੇ ਮਰਜੇ ਦੇ ਖ਼ੁਦ ਜ਼ਿੰਮੇਵਾਰ ਹੋਣਗੇ।

# ਪੰਜਾਬ ਸਰਕਾਰ ਨੇ ਫਾਇਰ ਸੇਫਟੀ ਐਨ.ਓ.ਸੀ. ਨਾਲ ਸਬੰਧਤ ਸ਼ਰਤਾਂ ਉਦਯੋਗ ਪੱਖੀ ਕੀਤੀਆਂ: ਸੌਂਦ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਰਾਜ ਵਿੱਚ ਅੱਗ ਬੁਝਾਊ ਸੇਵਾਵਾਂ ਨੂੰ ਆਧੁਨਿਕ ਬਣਾਉਣ ਅਤੇ ਉਦਯੋਗਾਂ ਲਈ ਸੌਖ ਨਾਲ ਕਾਰੋਬਾਰ ਕਰਨ ਦੀ ਪ੍ਰਕਿਰਿਆ ਨੂੰ ਹੋਰ ਬਿਹਤਰ ਬਣਾਉਣ ਲਈ ਅਹਿਮ ਕਦਮ ਚੁੱਕੇ ਹਨ। ਉਦਯੋਗਾਂ ਅਤੇ ਆਮ ਨਾਗਰਿਕਾਂ ਲਈ ਪੰਜਾਬ ਫਾਇਰ ਐਂਡ ਐਮਰਜੈਂਸੀ ਸਰਵਿਸ ਐਕਟ, 2024 ਲਾਗੂ ਕੀਤਾ ਗਿਆ ਹੈ।27 ਜੂਨ ਨੂੰ ਡਾਇਰੈਕਟੋਰੇਟ ਆਫ ਪੰਜਾਬ ਫਾਇਰ ਐਂਡ ਐਮਰਜੈਂਸੀ ਸਰਵਸਿਜ਼ (ਸਥਾਨਕ ਸਰਕਾਰਾਂ ਵਿਭਾਗ) ਵੱਲੋਂ ਜਾਰੀ ਇੱਕ ਨੋਟੀਫਿਕੇਸ਼ਨ ਅਨੁਸਾਰ ਉਦਯੋਗਿਕ ਇਮਾਰਤਾਂ ਦੀ ਆਗਿਆਯੋਗ ਉਚਾਈ ਹੁਣ 18 ਮੀਟਰ ਤੋਂ ਵਧਾ ਕੇ 21 ਮੀਟਰ ਤੱਕ ਕਰ ਦਿੱਤੀ ਗਈ ਹੈ।



ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਵੱਖ-ਵੱਖ ਉਦਯੋਗਾਂ ਦੇ ਜੋਖਮ ਵਰਗੀਕਰਨ ਦੇ ਆਧਾਰ ’ਤੇ ਕਈ ਉਦਯੋਗਾਂ ਦੀ ਫਾਇਰ ਸੇਫਟੀ ਐਨ.ਓ.ਸੀ. ਦੀ ਵੈਧਤਾ 1 ਸਾਲ ਤੋਂ ਵਧਾ ਕੇ 3 ਤੋਂ 5 ਸਾਲ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਉਦਯੋਗਾਂ ਨੂੰ 3 ਵਰਗਾਂ ਵਿੱਚ ਵੰਡਿਆਂ ਗਿਆ ਹੈ ਅਤੇ ਜਿਹੜੇ ਉਦਯੋਗ ਜੋਖਮ ਜਾਂ ਜ਼ਿਆਦਾ ਖਤਰਨਾਕ ਪੱਧਰ ਦੇ ਹਨ ਸਿਰਫ ਉਨ੍ਹਾਂ ਉਦਯੋਗਾਂ ਨੂੰ ਸਾਲਾਨਾ ਐਨ.ਓ.ਸੀ. ਦੀ ਲੋੜ ਹੋਵੇਗੀ। ਘੱਟ ਜੋਖਮ ਵਾਲੇ ਉਦਯੋਗਾਂ ਲਈ 5 ਸਾਲ ਅਤੇ ਦਰਮਿਆਨੇ ਜੋਖਮ ਵਾਲੇ ਉਦਯੋਗਾਂ ਲਈ ਐਨ.ਓ.ਸੀ. ਦੀ ਵੈਧਤਾ 3 ਸਾਲ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਲਾਲ ਫੀਤਾਸ਼ਾਹੀ ਨੂੰ ਨੱਥ ਪਵੇਗੀ ਅਤੇ ਉਦਯੋਗਪਤੀ ਆਪਣਾ ਕਾਰੋਬਾਰ ਹੋਰ ਸੌਖ ਨਾਲ ਕਰ ਸਕਣਗੇ।

ਜ਼ਿਕਰਯੋਗ ਹੈ ਕਿ ਘੱਟ ਜੋਖਮ ਵਾਲੇ ਉਦਯੋਗਾਂ ਦੀ ਸੂਚੀ ਵਿੱਚ 43 ਉਦਯੋਗ, ਦਰਮਿਆਨੇ ਜੋਖਮ ਵਾਲੇ ਉਦਯੋਗਾਂ ਦੀ ਸੂਚੀ ਵਿੱਚ 63 ਉਦਯੋਗ ਅਤੇ ਜ਼ਿਆਦਾ ਜ਼ੋਖਮ ਵਾਲੇ ਉਦਯੋਗਾਂ ਦੀ ਸੂਚੀ ਵਿੱਚ 39 ਉਦਯੋਗਾਂ ਨੂੰ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਯੋਗ ਆਰਕੀਟੈਕਟ ਵੱਲੋਂ ਬਣਾਈ ਗਈ ਅੱਗ ਬੁਝਾਊ ਡਰਾਇੰਗ/ਸਕੀਮ ਨੂੰ ਵਿਭਾਗ ਦੁਆਰਾ ਸਵੀਕਾਰ ਕੀਤਾ ਜਾਵੇਗਾ। ਕਿਸੇ ਹੋਰ ਸਲਾਹਕਾਰ ਜਾਂ ਏਜੰਸੀ ਤੋਂ ਅੱਗ ਬੁਝਾਊ ਡਰਾਇੰਗ/ਸਕੀਮ ਦੀ ਜਾਂਚ ਕਰਵਾਉਣ ਦੀ ਕੋਈ ਲੋੜ ਨਹੀਂ ਹੋਵੇਗੀ।

ਉਦਯੋਗ ਮੰਤਰੀ ਨੇ ਕਿਹਾ ਕਿ ਫਾਇਰ ਐਨ.ਓ.ਸੀ. ਲੈਣ ਲਈ ਅਰਜ਼ੀ ਦੇਣ ਵੇਲੇ ਮਾਲਕ/ਕਾਬਜ਼ਕਾਰ ਵੱਲੋਂ 53 ਪੁਆਇੰਟਾਂ ਦੀ ਇੱਕ ਵਿਆਪਕ ਚੈੱਕਲਿਸਟ ਦੇਣ ਦੀ ਪ੍ਰਣਾਲੀ ਨੂੰ ਵੀ ਖਤਮ ਕਰ ਦਿੱਤਾ ਗਿਆ ਹੈ। ਸੌਂਦ ਨੇ ਕਿਹਾ ਕਿ ਨੋਟੀਫਿਕੇਸ਼ਨ ਅਨੁਸਾਰ ਹੁਣ ਇਮਾਰਤ ਦੇ ਮਾਲਕ ਨੂੰ ਆਨਲਾਈਨ ਸਾਲਾਨਾ ਸਵੈ-ਪ੍ਰਮਾਣੀਕਰਨ ਪੇਸ਼ ਕਰਨ ਦੀ ਆਗਿਆ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਨ੍ਹਾਂ ਫੈਸਲਿਆਂ ਨਾਲ ਉਦਯੋਗਾਂ ਨੂੰ ਰਾਹਤ ਮਿਲੇਗੀ ਅਤੇ ਉਹ ਆਪਣਾ ਜ਼ਿਆਦਾ ਧਿਆਨ ਵਪਾਰਕ ਵਾਧੇ ਵੱਲ ਲਗਾ ਸਕਣਗੇ। ਉਨ੍ਹਾਂ ਕਿਹਾ ਕਿ ਇਸ ਨਾਲ ਉਦਯੋਗਾਂ ਨੂੰ ਬੇਲੋੜੀਆਂ ਮੰਨਜ਼ੂਰੀਆਂ ਲੈਣ ਤੋਂ ਵੀ ਨਿਜਾਤ ਮਿਲੇਗੀ।

# ਕਾਲਜ ’ਚ ਮਹਿਲਾਵਾਂ ਦੇ ਸਮਰ ਕੁਈਨ ਮੁਕਾਬਲੇ



**ਪਾਤੜਾਂ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂਨੀਵਰਸਲ ਕਾਲਜ ਪਾਤੜਾਂ ਵਿਖੇ ਕਰਵਾਏ ਗਏ ਸਮਰ ਕੁਈਨ ਮੁਕਾਬਲੇ ਕਰਵਾਇਆ ਗਏ। ਕਾਲਜ ਦੇ ਚੇਅਰਮੈਨ ਬਲਜੀਤ ਸਿੰਘ, ਵਾਇਸ ਚੇਅਰਮੈਨ ਵੀਰਇੰਦਰ ਸਿੰਘ ਧਾਲੀਵਾਲ ਅਤੇ ਸੈਕਟਰੀ ਪਰਮਿੰਦਰ ਸਿੰਘ ਘੱਗਾ ਅਤੇ ਕਾਲਜ ਦੇ ਪ੍ਰੋਫੈਸਰਾਂ ਨੇ ਮੁੱਖ ਮਹਿਮਾਨ ਵਿਧਾਇਕਾ ਨਰਿੰਦਰ ਕੌਰ ਭਰਾਜ ਦਾ ਸਵਾਗਤ ਕੀਤਾ। ਉਪਰੰਤ ਮੁੱਖ ਮਹਿਮਾਨ ਨੇ ਮੁਕਾਬਲਿਆਂ ਦਾ ਉਦਘਾਟਨ ਕੀਤਾ।

ਇਸ ਦੌਰਾਨ ਵੱਖ-ਵੱਖ ਖੇਤਰਾਂ ਨਾਲ ਸਬੰਧਿਤ 100 ਦੇ ਕਰੀਬ ਔਰਤਾਂ ਨੇ ਹਿੱਸਾ ਲਿਆ। ਮੁਕਾਬਲਿਆਂ ਨੂੰ 20 ਤੋਂ 30 ਸਾਲ, 30 ਤੋਂ 40 ਸਾਲ ਅਤੇ 40 ਸਾਲ ਤੋਂ ਉਪਰ ਦੇ ਉਮਰ ਦੀਆਂ ਔਰਤਾਂ ਨੂੰ ਤਿੰਨ ਵਰਗਾਂ ਵਿੱਚ ਵੰਡਿਆ ਗਿਆ। 20 ਤੋਂ 30 ਸਾਲ ਦੇ ਉਮਰ ਵਰਗ ਵਿੱਚੋਂ ਕੋਮਲਪ੍ਰੀਤ ਕੌਰ, 30 ਤੋਂ 40 ਸਾਲ ਦੇ ਉਮਰ ਵਰਗ ਵਿੱਚੋਂ ਰੂਪਜੀਤ ਕੌਰ, ਅਤੇ 40 ਸਾਲ ਤੋਂ ਉੱਪਰ ਦੇ ਵਰਗ ਵਿਚ ਡਾ. ਆਸ਼ਾ ਕਿਰਨ ਜੇਤੂ ਰਹੇ। ਸਾਰੇ ਭਾਗੀਦਾਰਾਂ ਨੂੰ ਸਨਮਾਨ ਚਿੰਨ੍ਹ ਦਿੱਤੇ ਗਏ। ਕਾਲਜ ਡਾਇਰੈਕਟਰ ਡਾ. ਅਮਰੀਸ਼ ਧਵਨ ਨੇ ਧੰਨਵਾਦੀ ਸ਼ਬਦ ਕਹੇ।

ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਦੇ ਪੁੱਤਰ ਗੁਰਮੀਤ ਸਿੰਘ ਮੌਜੂਦ ਰਹੇ। ਮੁਕਾਬਲੇ ਵਿੱਚ ਜੱਜਾਂ ਦੀ ਭੂਮਿਕਾ ਡਾ. ਰਾਜਵਿੰਦਰ ਕੌਰ, ਡਾ. ਆਸ਼ਾ ਕਿਰਨ ਅਤੇ ਡਾ. ਅਮਨਪ੍ਰੀਤ ਕੌਰ ਨੇ ਨਿਭਾਈ। ਜੇਤੂਆਂ ਦਾ ਮੁੱਖ ਮਹਿਮਾਨ ਨਰਿੰਦਰ ਕੌਰ ਭਰਾਜ ਨੇ ਸਨਮਾਨ ਕੀਤਾ।

# ਕਿਸਾਨਾਂ ਦੀਆਂ ਬੇਸ਼ਕੀਮਤੀ ਜ਼ਮੀਨਾਂ ਖੋਹਣ ਵਿਰੁੱਧ ਲੋਕ ਲਹਿਰ ਵਿੱਢੇਗਾ ਅਕਾਲੀ ਦਲ : ਸੁਖਬੀਰ ਬਾਦਲ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪਾਰਟੀ ਦੀ ਨਵੀਂ ਕੋਰ ਕਮੇਟੀ ਦੀ ਪਹਿਲੀ ਮੀਟਿੰਗ ਚੰਡੀਗੜ੍ਹ ’ਚ ਪਾਰਟੀ ਦੇ ਮੁੱਖ ਦਫ਼ਤਰ ਵਿੱਚ ਹੋਈ। ਇਸ ਮੀਟਿੰਗ ਵਿੱਚ ਕੋਰ ਕਮੇਟੀ ਦੇ ਲਗਪਗ ਸਾਰੇ ਮੈਂਬਰ ਮੌਜੂਦ ਰਹੇ, ਜਿਨ੍ਹਾਂ ਵੱਲੋਂ ਪੰਜਾਬ ਦੇ ਮੌਜੂਦਾ ਸਿਆਸੀ ਹਾਲਤ ਬਾਰੇ ਵਿਚਾਰ-ਚਰਚਾ ਕੀਤੀ ਗਈ। ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਉਹ ਸੂਬੇ ਵਿੱਚ ਸਿਆਸੀ ਬਦਲਾਖੋਰੀ ਦੀ ਨੀਤੀ ਨੂੰ ਬੰਦ ਕਰੇ।



ਉਨ੍ਹਾਂ ਫ਼ੈਸਲਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਵੱਖ-ਵੱਖ ਮੁੱਦੇ ਚੁੱਕੇ ਜਾਣਗੇ। ਇਸ ਦੇ ਨਾਲ ਹੀ ਪੰਜਾਬ ਦੇ ਕਿਸਾਨਾਂ ਦੀ ਬੇਸ਼ਕੀਮਤੀ ਜ਼ਮੀਨਾਂ ਖੋਹਣ ਤੇ ਭ੍ਰਿਸ਼ਟ ‘ਆਪ’ ਆਗੂਆਂ ਨੂੰ ਬਚਾਉਣ ਵਿਰੁੱਧ ਲੋਕ ਲਹਿਰ ਵਿੱਢੀ ਜਾਵੇਗੀ।

ਕੋਰ ਕਮੇਟੀ ਦੀ ਮੀਟਿੰਗ ਤੋਂ ਬਾਅਦ ਪਾਰਟੀ ਦੇ ਸੀਨੀਅਰ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਵਿਚ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠਲੀ ਦਿੱਲੀ ਦੀ ਲੀਡਰਸ਼ਿਪ ਵੱਲੋਂ ਐਮਰਜੈਂਸੀ ਵਰਗੇ ਹਾਲਾਤ ਬਣਾਏ ਗਏ ਹਨ ਅਤੇ ਵਿਰੋਧੀ ਧਿਰ ਦੀ ਆਵਾਜ਼ ਕੁਚਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੁਧਿਆਣਾ ਵਿਚ 24000 ਏਕੜ ਜ਼ਮੀਨ ਐਕੁਆਇਰ ਕੀਤੀ ਜਾ ਰਹੀ ਹੈ, ਜਿਸ ਨਾਲ ਹਜ਼ਾਰਾਂ ਲੋਕ ਆਪਣੇ ਰੁਜ਼ਗਾਰ ਗੁਆ ਲੈਣਗੇ।

# ਰੂਪਨਗਰ ਪੁਲਿਸ ਨੇ 50 ਗ੍ਰਾਮ ਨਸ਼ੀਲਾ ਪਾਊਡਰ ਸਮੇਤ ਕੀਤੇ 2 ਕਾਬੂ

**ਰੂਪ ਨਗਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਲਈ ਜ਼ਿਲ੍ਹਾ ਰੂਪਨਗਰ ਪੁਲਿਸ ਵੱਲੋਂ ਨਸ਼ੇ ਨੂੰ ਵੇਚਣ ਵਾਲਿਆਂ ਵਿਰੁੱਧ ਕਾਰਵਾਈਆਂ ਨਿਰੰਤਰ ਜਾਰੀ ਹਨ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਕਪਤਾਨ ਪੁਲਿਸ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਪੁਲਿਸ ਪੰਜਾਬ ਸ਼੍ਰੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਰੂਪਨਗਰ ਰੇਂਜ ਰੂਪਨਗਰ ਸ. ਹਰਚਰਨ ਸਿੰਘ ਭੁੱਲਰ ਦੀ ਅਗਵਾਈ ਹੇਠ ਰੂਪਨਗਰ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ÷ਯੁੱਧ ਨਸ਼ਿਆ ਵਿਰੁੱਧ÷ ਮੁਹਿੰਮ ਤਹਿਤ ਰੂਪਨਗਰ ਜ਼ਿਲ੍ਹਾ ਪੁਲਿਸ ਵੱਲੋਂ ਐਨ.ਡੀ.ਪੀ.ਐਸ. ਐਕਟ ਦੇ ਵੱਖ-ਵੱਖ ਮੁਕੱਦਮਿਆਂ ਵਿੱਚ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋ 50 ਗ੍ਰਾਮ ਤੋਂ ਵੱਧ ਨਸ਼ੀਲਾ ਪਦਾਰਥ/ਪਾਊਡਰ ਬ੍ਰਾਮਦ ਕੀਤਾ ਗਿਆ।

ਇਸ ਸਬੰਧੀ ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ “ਯੁੱਧ ਨਸ਼ਿਆ ਵਿਰੁੱਧ÷ ਮੁਹਿੰਮ ਦੀ ਲਗਾਤਾਰਤਾ ਵਿੱਚ ਜ਼ਿਲ੍ਹਾ ਪੁਲਿਸ ਵੱਲੋਂ ਵੱਖ-ਵੱਖ ਸਥਾਨਾ ਤੇ ਨਾਕਾਬੰਦੀਆਂ ਅਤੇ ਗਸ਼ਤਾ ਰਾਹੀ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਥਾਣਾ ਸਿੰਘ ਭਗਵੰਤਪੁਰ ਵੱਲੋਂ ਮਨਪ੍ਰੀਤ ਸਿੰਘ ਉਰਫ ਲਾਲੀ ਵਾਸੀ ਪਿੰਡ ਸਲੌਰਾ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 20 ਗ੍ਰਾਮ ਨਸ਼ੀਲਾ ਪਾਊਡਰ/ਪਦਾਰਥ ਬ੍ਰਾਮਦ ਕੀਤਾ ਗਿਆ ਅਤੇ ਥਾਣਾ ਸ੍ਰੀ ਚਮਕੌਰ ਸਾਹਿਬ ਵੱਲੋਂ ਸੁਰਜੀਤ ਸਿੰਘ ਵਾਸੀ ਰੋਲੂ ਮਾਜਰਾ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 30 ਗ੍ਰਾਮ ਤੋਂ ਵੱਧ ਨਸ਼ੀਲਾ ਪਾਊਡਰ/ਪਦਾਰਥ ਬ੍ਰਾਮਦ ਕੀਤਾ ਗਿਆ ਅਤੇ ਉਨ੍ਹਾਂ ਖਿਲਾਫ ਐਨ.ਡੀ.ਪੀ.ਐਸ. ਐਕਟ ਤਹਿਤ ਮੁੱਕਦਮੇ ਦਰਜ਼ ਕੀਤੇ ਗਏ।

ਉਨ੍ਹਾਂ ਅੱਗੇ ਦੱਸਿਆ ਕਿ ਪ੍ਰੋਜੈਕਟ ‘ਸੰਪਰਕ’ ਦੀ ਲਗਾਤਾਰਤਾ ਵਿੱਚ ਆਮ ਪਬਲਿਕ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾ ਸਬੰਧੀ ਜਾਗੂਰਕ ਕਰਨ ਅਤੇ ਪੁਲਿਸ ਨਾਲ ਪਬਲਿਕ ਦਾ ਤਾਲਮੇਲ ਹੋਰ ਵਧਾਉਣ ਲਈ ਪਿੰਡਾ ਵਿੱਚ ਜਾ ਕੇ ਗਜਟਿਡ ਅਫਸਰਾਂ ਅਤੇ ਮੁੱਖ ਅਫਸਰ ਥਾਣਾ ਵਲੋ ਮੀਟਿੰਗਾ ਕਰਕੇ ਉਨ੍ਹਾਂ ਨੂੰ ਪੰਜਾਬ ਐਂਟੀ ਡਰੱਗ ਹੈਲਪਲਾਇਨ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾ ਦੇ ਸੁਝਾਅ ਵੀ ਲਏ ਗਏ।

ਐਸ.ਐਸ.ਪੀ. ਰੂਪਨਗਰ ਵਲੋਂ ਪਬਲਿਕ ਨੂੰ ਅਪੀਲ ਕੀਤੀ ਕਿ ਨਸ਼ੇ ਵਰਗੀ ਅਲਾਹਮਤ ਨੂੰ ਖਤਮ ਕਰਨ ਲਈ ਪੁਲਿਸ ਦਾ ਪੂਰਨ ਤੌਰ ਤੇ ਸਹਿਯੋਗ ਕੀਤਾ ਜਾਵੇ।

# ਮੁੱਖ ਚੋਣ ਅਫ਼ਸਰ ਪੰਜਾਬ ਨੇ ਹੁਸ਼ਿਆਰਪੁਰ ’ਚ ਈਵੀਐਮ ਵੇਅਰਹਾਊਸ ਦੀ ਤਮਾਹੀ ਜਾਂਚ ਕੀਤੀ



**ਹੁਸ਼ਿਆਰਪੁਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਅੱਜ ਜ਼ਿਲ੍ਹਾ ਪੱਧਰ ‘ਤੇ ਬਣਾਏ ਗਏ ਈਵੀਐਮ ਵੇਅਰਹਾਊਸ ਦੀ ਜੂਨ 2025 ਦੀ ਤਿਮਾਹੀ ਨਿਰੀਖਣ ਮੁੱਖ ਚੋਣ ਅਫ਼ਸਰ ਪੰਜਾਬ, ਸਿਬਿਨ ਸੀ. ਵੱਲੋਂ ਕੀਤਾ ਗਿਆ। ਇਹ ਨਿਰੀਖਣ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਮਰਬੀਰ ਕੌਰ ਭੁੱਲਰ ਦੀ ਹਾਜ਼ਰੀ ਵਿੱਚ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਿਕਾਸ ਕੁਮਾਰ ਅਤੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਵੀ ਮੌਜੂਦ ਸਨ।

ਨਿਰੀਖਣ ਪ੍ਰਕਿਰਿਆ ਤਹਿਤ ਵੇਅਰਹਾਊਸ ਨੂੰ ਖੋਲ੍ਹ ਕੇ ਈਵੀਐਮ ਅਤੇ ਵੀਵੀਪੈਟ ਮਸ਼ੀਨਾਂ ਦੀ ਸਥਿਤੀ, ਸੁਰੱਖਿਆ ਪ੍ਰਬੰਧ, ਸੀਲਿੰਗ ਪ੍ਰਣਾਲੀ ਅਤੇ ਸੀਸੀਟੀਵੀ ਨਿਗਰਾਨੀ ਪ੍ਰਣਾਲੀ ਨੂੰ ਨੇੜਿਓਂ ਦੇਖਿਆ ਗਿਆ। ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਾਰੇ ਸਬੰਧਤ ਰਿਕਾਰਡ, ਲੌਗਬੁੱਕ ਅਤੇ ਐਂਟਰੀ ਰਜਿਸਟਰਾਂ ਦੀ ਵੀ ਜਾਂਚ ਕੀਤੀ ਗਈ।

ਮੁੱਖ ਚੋਣ ਅਫ਼ਸਰ ਸਿਬਿਨ ਸੀ. ਨੇ ਕਿਹਾ ਕਿ ਈਵੀਐਮ ਵੇਅਰਹਾਊਸ ਦਾ ਤਿਮਾਹੀ ਨਿਰੀਖਣ ਇੱਕ ਨਿਯਮਤ ਅਤੇ ਜ਼ਰੂਰੀ ਪ੍ਰਕਿਰਿਆ ਹੈ, ਜੋ ਕਿ ਹਰ ਜ਼ਿਲ੍ਹੇ ਵਿੱਚ ਸਮੇਂ-ਸਮੇਂ ’ਤੇ ਕੀਤੀ ਜਾਂਦੀ ਹੈ। ਇਸਦਾ ਉਦੇਸ਼ ਚੋਣ ਪ੍ਰਕਿਰਿਆ ਦੀ ਨਿਰਪੱਖਤਾ, ਸੁਰੱਖਿਆ ਅਤੇ ਪਾਰਦਰਸ਼ਤਾ ਬਣਾਈ ਰੱਖਣਾ ਹੈ। ਉਨ੍ਹਾਂ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਵੇਅਰਹਾਊਸ ਪ੍ਰਬੰਧ ਉੱਚਤਮ ਮਾਪਦੰਡਾਂ ਦੇ ਅਨੁਸਾਰ ਪਾਇਆ ਗਿਆ।

ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਇਸ ਮੌਕੇ ਕਿਹਾ ਕਿ ਚੋਣ ਕਮਿਸ਼ਨ ਦੀ ਇਹ ਪਹਿਲਕਦਮੀ ਲੋਕਤੰਤਰੀ ਪ੍ਰਕਿਰਿਆ ਵਿੱਚ ਆਮ ਲੋਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਦੀ ਹੈ ਅਤੇ ਮਸ਼ੀਨਾਂ ਦੀ ਨਿਰਪੱਖਤਾ ਬਾਰੇ ਫੈਲੀਆਂ ਗਲਤ ਧਾਰਨਾਵਾਂ ਨੂੰ ਦੂਰ ਕਰਨ ਵਿੱਚ ਮਦਦਗਾਰ ਹੈ।

ਇਸ ਮੌਕੇ ਭਾਜਪਾ ਤੋਂ ਭੂਸ਼ਨ ਕੁਮਾਰ ਸ਼ਰਮਾ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਆਮ ਆਦਮੀ ਪਾਰਟੀ ਤੋਂ ਜਸਪਾਲ ਸਿੰਘ ਅਤੇ ਜੈ ਰਾਮ, ਬਹੁਜਨ ਸਮਾਜ ਪਾਰਟੀ ਤੋਂ ਮਦਨ ਸਿੰਘ ਬੈਂਸ ਤੋਂ ਇਲਾਵਾ ਨੋਡਲ ਅਫਸਰ ਈ.ਵੀ.ਐਮਜ਼ ਬਲਵਿੰਦਰ ਸਿੰਘ, ਸਹਾਇਕ ਨੋਡਲ ਅਫਸਰ ਜਸਪਾਲ ਸਿੰਘ, ਰੁਪਿੰਦਰਪਾਲ ਸਿੰਘ, ਕਾਰਜਕਾਰੀ ਲੋਕ ਨਿਰਮਾਣ ਵਿਭਾਗ ਗੁਰਮੀਤ ਸਿੰਘ, ਐਸ.ਡੀ.ਓ ਤਿਲਕ ਰਾਜ, ਤਹਿਸੀਲਦਾਰ ਚੋਣਾਂ ਹਰਮਿੰਦਰ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਲਖਵੀਰ ਸਿੰਘ, ਰਾਜਨ ਮੋਂਗਾ ਵੀ ਮੌਜੂਦ ਸਨ।

# ਮੋਹਿੰਦਰ ਭਗਤ ਵੱਲੋਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਦੀਆਂ ਹਦਾਇਤਾਂ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਅਤੇ ਲੋਕਾਂ ਦੀ ਸੁਰੱਖਿਆ ਲਈ ਕਈ ਅਹਿਮ ਹਦਾਇਤਾਂ ਕੀਤੀਆਂ।





ਕੈਬਨਿਟ ਮੰਤਰੀ ਨੇ ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਜਲੰਧਰ ਇੰਪਰੂਵਮੈਂਟ ਟਰੱਸਟ ਦੀ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ ਸਮੇਤ ਇਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੇ ਨਾਲ-ਨਾਲ ਬਿਜਲੀ ਮੀਟਰਾਂ ਦੇ ਖੁੱਲ੍ਹੇ ਪਏ ਬਕਸਿਆਂ ਨੂੰ ਬੰਦ ਕਰਨ ਅਤੇ ਉਨ੍ਹਾਂ ਨੂੰ ਢੁੱਕਵੀਂ ਉਚਾਈ ’ਤੇ ਲਗਾਉਣ ਦੀ ਹਦਾਇਤ ਕੀਤੀ ਤਾਂ ਜੋ ਕਿਸੇ ਵੀ ਦੁਰਘਟਨਾ ਤੋਂ ਬਚਿਆ ਜਾ ਸਕੇ।

ਕੈਬਨਿਟ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਲੰਧਰ ਵਾਸੀਆਂ ਦੀਆਂ ਬਿਜਲੀ ਸੰਬੰਧੀ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕੈਬਨਿਟ ਮੰਤਰੀ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿੱਚੋਂ ਲਟਕਦੀਆਂ ਢਿੱਲੀਆਂ, ਗੈਰ-ਵਰਤੋਂਯੋਗ ਅਤੇ ਖ਼ਰਾਬ ਤਾਰਾਂ ਹਟਾਉਣ ਲਈ ਪਹਿਲਾਂ ਹੀ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੰਦਿਆਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜਲੰਧਰ ਵਾਸੀਆਂ ਨੂੰ ਬਿਜਲੀ ਸੰਬੰਧੀ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਤੋਂ ਇਲਾਵਾ ਉਨ੍ਹਾਂ ਪੀ.ਐਸ.ਪੀ.ਸੀ.ਐਲ. ਨੂੰ ਆਪਣੇ ਵਿਭਾਗ ਦੇ ਹੈਲਪਲਾਈਨ ਨੰਬਰ ਦਾ ਵੱਧ ਤੋਂ ਵੱਧ ਪ੍ਰਚਾਰ ਤੇ ਪ੍ਰਸਾਰ ਕਰਨ ਲਈ ਵੀ ਕਿਹਾ ਅਤੇ ਹਦਾਇਤ ਕੀਤੀ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇ।

ਮੀਟਿੰਗ ਵਿੱਚ ਹਲਕਾ ਇੰਚਾਰਜ ਜਲੰਧਰ ਕੇਂਦਰੀ ਨਿਤਿਨ ਕੋਹਲੀ, ਆਪ ਆਗੂ ਦਿਨੇਸ਼ ਢੱਲ, ਡਿਪਟੀ ਚੀਫ਼ ਇੰਜੀਨੀਅਰ ਓਪਰੇਸ਼ਨ ਸਰਕਲ ਜਲੰਧਰ ਇੰਜ. ਗੁਲਸ਼ਨ ਕੁਮਾਰ ਚੁਟਾਨੀ ਸਮੇਤ ਪੀ.ਐਸ.ਪੀ.ਸੀ.ਐਲ. ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ 2 ਕਰੋੜ 78 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਕੀਤਾ ਉਦਘਾਟਨ



**ਪੱਟੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਟੀ ਹਲਕੇ ਦੇ ਵਿਕਾਸ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਕੈਬਨਿਟ ਮੰਤਰੀ ਪੰਜਾਬ ਸ. ਲਾਲਜੀਤ ਸਿੰਘ ਭੁੱਲਰ ਵੱਲੋਂ ਵਿਸ਼ੇ ?ਸ ਯਤਨ ਕੀਤੇ ਜਾ ਰਹੇ ਹਨ ਜਿਸ ਤਹਿਤ ਅੱਜ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪਿੰਡ ਕਿਰਤੋਵਾਲ ਤੋਂ ਧੱਤਲ ਨੈਸ਼ਨਲ ਹਾਈਵੇ 54 ਤੱਕ ਡਰੇਨ ਦੇ ਨਾਲ ਨਾਲ ਵਾਇਆ ਜਿੰਦਾਵਾਲਾ, ਰੱਤਾ ਗੁੱਦਾ, ਅਲੀਪੁਰ, ਬੂਹ ਹਵੇਲੀਆਂ ਕਰੀਬ 9 ਕਿਲੋਮੀਟਰ ਅਤੇ 10 ਫੁੱਟ ਚੋੜੀ ਸੜਕ ਦਾ ਨਿਰਮਾਣ ਸ਼ੁਰੂ ਕਰਨ ਦਾ ਉਦਘਾਟਨ ਕੈਬਨਿਟ ਮੰਤਰੀ ਪੰਜਾਬ ਸ. ਲਾਲਜੀਤ ਸਿੰਘ ਭੁੱਲਰ ਨੇ ਆਪਣੇ ਕਰ ਕਮਲਾਂ ਨਾਲ ਕੀਤਾ।

ਇਸ ਮੌਕੇ ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਵਿੱਚ ਕਰੀਬ ਸੜਕ 2 ਕਰੋੜ 78 ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ 50 ਪਿੰਡਾਂ ਨੂੰ ਆਪਸ ਵਿਚ ਜੋੜਨ ਵਿਚ ਸਹਾਈ ਹੋਵੇਗੀ। ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੂੰ ਇਲਾਕੇ ਦੇ ਲੋਕਾਂ ਨੇ ਕਈ ਵਾਰ ਵਿਧਾਇਕ, ਮੰਤਰੀਆਂ ਤੋਂ ਜਾ ਕੇ ਇਸ ਸੜਕ ਦੇ ਨਿਰਮਾਣ ਦੀ ਮੰਗ ਕੀਤੀ ਪਰ ਕਿਸੇ ਨੇ ਵੀ ਇਸ ਸੜਕ ਦੇ ਨਿਰਮਾਣ ਨਹੀਂ ਕਰਵਾਇਆ।

ਉਨ੍ਹਾਂ ਕਿਹਾ ਕਿ ਮੈਂ ਹਲਕੇ ਦਾ ਵਿਕਾਸ ਕਰਨ ਸਮੇਂ ਕਿਸੇ ਨਾਲ ਵੀ ਕੋਈ ਵਿਕਤਰਾ ਨਹੀਂ ਕਰਦਾ ਅਤੇ ਇਕੋਂ ਮੰਤਵ ਹੈ ਕਿ ਲੋਕਾਂ ਦਾ ਭਲਾ ਅਤੇ ਸਰਕਾਰ ਵੱਲੋਂ ਜੋ ਵੀ ਸਹੂਲਤਾਂ ਮਿਲਦੀਆਂ ਹਨ, ਉਸ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇ।ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੜਕ ਤਿਆਰ ਹੋਣ ਉਪਰੰਤ ਸਾਡੇ ਹਲਕੇ ਪੱਟੀ ਵਾਸੀਆਂ ਦੇ ਸਾਰੇ ਪਿੰਡਾਂ ਨੂੰ ਬਹੁਤ ਵੱਡਾ ਫਾਇਦਾ ਹੋਵੇਗਾ। ਇਸ ਮੌਕੇ ਲਾਲਜੀਤ ਸਿੰਘ ਭੁੱਲਰ ਨੇ ਸੜਕ ਦਾ ਨਿਮਰਾਣ ਕਰਨ ਵਾਲੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੜਕ ਵਿਚ ਜੋ ਵੀ ਮਟੀਰੀਅਲ ਪਵੇਗਾ ਉਹ ਚੰਗਾ ਅਤੇ ਵਧੀਆ ਕੁਵਾਲਟੀ ਦਾ ਹੋਣਾ ਚਾਹੀਦਾ ਹੈ।

ਇਸ ਮੌਕੇ ਚੇਅਰਮੈਨ ਦਿਲਬਾਗ ਸਿੰਘ ਪੀਏ, ਮੀਡੀਆ ਇੰਚਾਰਜ਼ ਅਵਤਾਰ ਸਿੰਘ ਢਿਲੋਂ, ਐਸ. ਡੀ. ਓ. ਨਿਰਮਲ ਸਿੰਘ, ਐਕਸੀਅਨ ਦਵਿੰਦਰ ਪਾਲ ਸਿੰਘ, ਜੇਈ ਹਰਮਨਦੀਪ ਸਿੰਘ, ਚੇਅਰਮੈਨ ਸੁਖਰਾਜ ਸਿੰਘ ਕਿਰਤੋਵਾਲ, ਸਰਪੰਚ ਗੁਰਵਿੰਦਰ ਸਿੰਘ , ਸਰਪੰਚ ਤਰਸੇਮ ਸਿੰਘ ਕਿਰਤੋਵਾਲ, ਸਰਪੰਚ ਗੁਰਬਿੰਦਰ ਸਿੰਘ ਕਾਲੇਕੇ, ਸਰਪੰਚ ਗੁਰਪ੍ਰੀਤ ਸਿੰਘ ਸਮੇਤ ਵੱਖ-ਵੱਖ ਪਿੰਡਾਂ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

# ਵਿਆਹ ਤੋਂ 6 ਮਹੀਨੇ ਮਗਰੋਂ ਵਿਆਹੁਤਾ ਨੇ ਫ਼ਾਹਾ ਲਿਆ

**ਜੀਂਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਜ਼ਿਲ੍ਹੇ ਦੇ ਪਿੰਡ ਗੋਹੀਆਂ ਵਿੱਚ ਭੇਤਭਰੀ ਹਾਲਤ ਵਿੱਚ ਇੱਕ ਵਿਆਹੁਤਾ ਨੇ ਫ਼ਾਹਾ ਲੈ ਲਿਆ। ਜ਼ਿਕਰਯੋਗ ਹੈ ਕਿ ਪਿੰਡ ਮਨੋਹਰਪੁਰ ਦੀ ਸਪਨਾ ਦਾ ਵਿਆਹ 6 ਮਹੀਨੇ ਪਹਿਲਾਂ ਹੀ ਪਿੰਡ ਗੋਹੀਆਂ ਵਾਸੀ ਰਾਹੁਲ ਨਾਲ ਹੋਇਆ ਸੀ। ਉਸ ਦਾ ਪਤੀ ਰਾਹੁਲ ਕੱਲ੍ਹ ਰਾਤੀਂ ਕਿਸੇ ਕੰਮ ਲਈ ਬਾਹਰ ਗਿਆ ਹੋਇਆ ਸੀ। ਜਦੋਂ ਉਹ ਘਰ ਪਹੁੰਚਿਆ ਤਾਂ ਦੇਖਿਆ ਕਿ ਰਾਤ ਨੂੰ ਸਪਨਾ ਨੇ ਕਮਰੇ ਵਿੱਚ ਫ਼ਾਹਾ ਲੈ ਲਿਆ। ਘਰ ਵਾਲਿਆਂ ਨੇ ਜਦੋਂ ਉਸ ਦੀ ਲਾਸ਼ ਨੂੰ ਲਟਕਦੀ ਵੇਖੀ ਤਾਂ ਉਨ੍ਹਾਂ ਨੇ ਪੁਲੀਸ ਨੂੰ ਸੂਚਿਤ ਕੀਤਾ।

ਥਾਣਾ ਅਲੇਵਾ ਪੁਲੀਸ ਨੇ ਘਟਨਾ ਸਥਾਨ ਉੱਤੇ ਪਹੁੰਚ ਕੇ ਲਾਸ਼ ਨੂੰ ਹੇਠਾਂ ਉਤਾਰਿਆ। ਸਪਨਾ ਦੀ ਮਾਂ ਨੇ ਦੱਸਿਆ ਕਿ ਸਹੁਰਿਆਂ ਵਿੱਚ ਸਪਨਾ ਠੀਕ-ਠਾਕ ਰਹਿ ਰਹੀ ਸੀ ਤੇ ਉਸ ਦੀ ਸਪਨਾ ਨਾਲ ਇੱਕ ਦਿਨ ਪਹਿਲਾਂ ਹੀ ਗੱਲਬਾਤ ਹੋਈ ਸੀ। ਉਸ ਨੇ ਖੁਦਕਸ਼ੀ ਕਿਉਂ ਕੀਤੀ, ਇਹ ਸਮਝ ਤੋਂ ਬਾਹਰ ਹੈ। ਫਿਲਹਾਲ ਪੁਲੀਸ ਨੇ ਲਾਸ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਨੂੰ ਸੌਂਪ ਦਿੱਤੀ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਗੁਰਪ੍ਰੀਤ ਕੌਰ ਮਾਨ ਤੇ ਡਿਪਟੀ ਸਪੀਕਰ ਰੌੜੀ ਦੀ ਮੌਜੂਦਗੀ ਚ ਚੇਅਰਮੈਨ ਬਲਦੀਪ ਸਿੰਘ ਨੇ ਸੰਭਾਲਿਆ ਅਹੁਦਾ



**ਹੁਸ਼ਿਆਰਪੁਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਰਕੀਟ ਕਮੇਟੀ ਗੜ੍ਹਸ਼ੰਕਰ ਦੇ ਨਵੇਂ ਚੇਅਰਮੈਨ ਬਲਦੀਪ ਸਿੰਘ ਦੇ ਤਾਜਪੋਸ਼ੀ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਧਰਮ ਪਤਨੀ ਸ੍ਰੀਮਤੀ ਗੁਰਪ੍ਰੀਤ ਕੌਰ ਮਾਨ ਅਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵਿਸ਼ੇਸ਼ ਤੌਰ @ਤੇ ਮੌਜੂਦ ਰਹੇ। ਹਲਕੇ ਦੇ ਲੋਕਾਂ ਨੇ ਇਨ੍ਹਾਂ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ।

ਇਸ ਮੌਕੇ ਗੁਰਪ੍ਰੀਤ ਕੌਰ ਮਾਨ ਨੇ ਕਿਹਾ ਕਿ ਬਲਦੀਪ ਸਿੰਘ ਨੇ ਲੰਮੇ ਸਮੇਂ ਤੋਂ ਪਾਰਟੀ ਦੇ ਵਰਕਰ ਵਜੋਂ ਲੋਕਾਂ ਦੀ ਇਮਾਨਦਾਰੀ ਨਾਲ ਸੇਵਾ ਕੀਤੀ ਹੈ।

ਉਨ੍ਹਾਂ ਦੇ ਲੋਕ ਹਿੱਤ ਦੇ ਕੰਮਾਂ ਨੂੰ ਦੇਖਦਿਆਂ ਪਾਰਟੀ ਨੇ ਉਨ੍ਹਾਂ ਨੂੰ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਾਇਆ ਹੈ। ਉਨ੍ਹਾਂ ਕਿਹਾ ਕਿ ਆਮ ਵਰਕਰ ਤੋਂ ਚੇਅਰਮੈਨ ਤੱਕ ਦਾ ਸਫਰ ਆਮ ਆਦਮੀ ਪਾਰਟੀ ਦੀ ਸਰਕਾਰ ਵਿਚ ਹੀ ਸੰਭਵ ਹੋਇਆ ਹੈ, ਕਿਉਂਕਿ ਇਹ ਸਰਕਾਰ ਸਿਰਫ ਆਮ ਲੋਕਾਂ ਦੀ ਹੈ ਜਿਨ੍ਹਾਂ ਨੇ ਪੰਜਾਬ ਅਤੇ ਪੰਜਾਬੀਅਤ ਦੀ ਸੇਵਾ ਲਈ ਸੱਚੇ ਦਿਲੋਂ ਕਸਮ ਖਾਂਦੀ ਹੈ।

ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵੀ ਬਲਦੀਪ ਸਿੰਘ ਨੂੰ ਚੇਅਰਮੈਨ ਬਣਾਏ ਜਾਣ @ਤੇ ਵਧਾਈਆਂ ਦਿੰਦਿਆਂ ਕਿਹਾ ਕਿ ਆਮ ਆਦਮੀ ਦੀ ਸਰਕਾਰ ਆਮ ਲੋਕਾਂ ਦੀ ਸੇਵਾ ਲਈ ਸਮਰਪਿਤ ਹੈ ਅਤੇ ਪੰਜਾਬ ਦੇ ਵਿਕਾਸ ਲਈ ਨਿਰੰਤਰ ਵਚਨਬੱਧ ਹੈ।

ਇਸ ਸਮਾਗਮ ਵਿਚ ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ, ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ,ਓ.ਐਸ.ਡੀ ਚਰਨਜੀਤ ਸਿੰਘ ਚੰਨੀ ਸਮੇਤ ਕਈ ਜ਼ਿਲ੍ਹਾ ਅਤੇ ਬਲਾਕ ਪੱਧਰੀ ਆਗੂ, ਪੰਚ-ਸਰਪੰਚ ਅਤੇ ਹੋਰ ਅਹਿਮ ਸ਼ਖਸੀਅਤਾਂ ਮੌਜੂਦ ਰਹੀਆਂ। ਹਲਕੇ ਦੇ ਲੋਕਾਂ ਨੇ ਵੀ ਬਲਦੀਪ ਸਿੰਘ ਨੂੰ ਚੇਅਰਮੈਨ ਬਣਾਏ ਜਾਣ @ਤੇ ਖੁਸ਼ੀ ਜਤਾਈ।

# ਰਣਧੀਰ ਹੱਤਿਆ ਮਾਮਲੇ ਵਿੱਚ ਤਿੰਨ ਗ੍ਰਿਫ਼ਤਾਰ

**ਜੀਂਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਐੱਸਪੀ ਕੁਲਦੀਪ ਸਿੰਘ ਦੀ ਹਦਾਇਤਾਂ ਅਨੁਸਾਰ ਥਾਣਾ ਪਿੱਲੂਖੇੜਾ ਪੁਲੀਸ ਦੀ ਟੀਮ ਨੇ ਰਣਧੀਰ ਹੱਤਿਆਕਾਂਡ ਮਾਮਲੇ ਵਿੱਚ 3 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ। ਥਾਣਾ ਮੁਖੀ ਪਿੱਲੂਖੇੜਾ ਰਾਮ ਅਵਤਾਰ ਨੇ ਦੱਸਿਆ ਕਿ ਪਿੰਡ ਭੜਤਾਨਾ ਵਿੱਚ ਦੋ ਪਰਿਵਾਰਾਂ ਦਾ ਆਪਸ ਵਿੱਚ ਝਗੜਾ ਹੋ ਗਿਆ। ਹਸਪਤਾਲ ਵਿੱਚ ਹਾਜ਼ਰ ਸ਼ਿਵ ਕੁਮਾਰ ਵਾਸੀ ਪਿੱਲੂਖੇੜਾ ਨੇ ਦੱਸਿਆ ਕਿ ਉਸ ਦੇ ਤਾਊ ਰਣਧੀਰ ਦੇ ਪਰਿਵਾਰ ਦਾ ਝਗੜਾ ਜੈਭਗਵਾਨ ਦੇ ਪਰਿਵਾਰ ਨਾਲ ਹੋਇਆ ਸੀ। ਇਸ ਝਗੜੇ ਬਾਰੇ ਸਰਪੰਚ ਨੂੰ ਵੀ ਦੱਸਿਆ ਗਿਆ ਸੀ। ਪਿਛਲੇ ਦਿਨੀਂ ਜਦੋਂ ਉਸ ਦਾ ਤਾਊ ਅਤੇ ਤਾਊ ਦਾ ਮੁੰਡਾ ਅਨਿਲ ਉਸ ਦੇ ਘਰ ਸੌਂ ਰਹੇ ਸੀ ਤਾਂ ਰਾਤੀਂ 12 ਵਜੇ ਦੇ ਕਰੀਬ ਗੱਡੀ ਵਿੱਚ ਲਗਪਗ 10-12 ਵਿਅਕਤੀ ਲਾਠੀਆਂ, ਡੰਡੇ ਤੇ ਪਿਸਤੌਲ ਲੈ ਕੇ ਆਏ। ਉਨ੍ਹਾਂ ਦੇ ਘਰ ਦੀ ਦੀਵਾਰ ਟੱਪ ਕੇ, ਉਨ੍ਹਾਂ ਸਾਡੇ 'ਤੇ ਹਮਲਾ ਕਰ ਦਿੱਤਾ। ਇਸ ਹਮਲੇ ਵਿੱਚ ਉਹ, ਪਿਤਾ ਰਣਵੀਰ ਸਿੰਘ ਤੇ ਤਾਊ ਰਣਧੀਰ ਸਿੰਘ ਜ਼ਖ਼ਮੀ ਹੋ ਗਏ ਜਦੋਂਕਿ ਤਾਊ ਦਾ ਪੁੱਤਰ ਅਨਿਲ ਆਪਣੀ ਜਾਨ ਬਚਾ ਕੇ ਉੱਥੋਂ ਭੱਜ ਗਿਆ। ਹਸਪਤਾਲ 'ਚ ਡਾਕਟਰਾਂ ਨੇ ਰਣਧੀਰ ਸਿੰਘ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਪੁਲੀਸ ਦੁਆਰਾ ਨਾਮਜ਼ਦ ਕੀਤੇ ਗਏ ਨਰੇਸ਼ ਉਰਫ ਨੇਸ਼ਾ, ਰਾਜੇਸ਼ ਉਰਫ ਭਾਲੂ ਵਾਸੀ ਭੜਤਾਨਾ ਸਣੇ ਕਈ ਵਿਅਕਤੀਆਂ ਖ਼ਿਲਾਫ਼ ਹੱਤਿਆ ਦੇ ਕੇਸ ਦਰਜ ਕੀਤਾ ਗਿਆ ਹੈ।

ਪਿੱਲੂਖੇੜਾ ਪੁਲੀਸ ਟੀਮ ਨੇ ਇਸ ਦੌਰਾਨ ਰਾਜੇਸ਼ ਉਰਫ ਭਾਲੂ ਨੂੰ ਗ੍ਰਿਫਤਾਰ ਕਰਕੇ ਜਾਂਚ ਕੀਤੀ ਤੇ ਮਗਰੋਂ ਇਸ ਵਾਰਦਾਤ ਵਿੱਚ ਸ਼ਾਮਲ ਮੁਲਜ਼ਮ ਰਾਹੁਲ ਵਾਸੀ ਦੇਵਰੜ ਅਤੇ ਮੋਹਿਤ ਵਾਸੀ ਵਾਰਡ ਨੰ. 10 ਜੁਲਾਨਾ ਨੂੰ ਵੀ ਗ੍ਰਿਫਤਾਰ ਕਰ ਲਿਆ ਹੈ। ਥਾਣਾ ਮੁਖੀ ਅਨੁਸਾਰ ਬਾਕੀ ਮੁਲਜ਼ਮਾਂ ਨੂੰ ਵੀ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਮੇਅਰ ਵੱਲੋਂ ਮੀਂਹ ਪ੍ਰਭਾਵਿਤ ਖੇਤਰਾਂ ਦਾ ਦੌਰਾ



**ਯਮੁਨਾਨਗਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੇਅਰ ਸੁਮਨ ਬਾਹਮਣੀ ਨੇ ਤਿੰਨ ਦਿਨਾਂ ਤੋਂ ਮੀਂਹ ਕਾਰਨ ਸ਼ਹਿਰ ਦੀਆਂ ਵੱਖ ਵੱਖ ਕਲੋਨੀਆਂ ਵਿੱਚ ਬਰਸਾਤੀ ਪਾਣੀ ਭਰਨ ਦੇ ਕਾਰਨਾਂ ਨੂੰ ਜਾਣਨ ਲਈ ਵਾਰਡ ਨੰਬਰ 1, 8, 10, 20, 21 ਅਤੇ 22 ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ, ਨਿਗਮ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਨਿਰੀਖਣ ਕੀਤਾ ਅਤੇ ਉਨ੍ਹਾਂ ਦੀ ਗੁਣਵੱਤਾ ਦੀ ਜਾਂਚ ਕੀਤੀ। ਉਨ੍ਹਾਂ ਬਰਸਾਤੀ ਪਾਣੀ ਭਰਨ ਤੋਂ ਪ੍ਰਭਾਵਿਤ ਲੋਕਾਂ ਦੇ ਘਰਾਂ ਦੇ ਹੋਏ ਨੁਕਸਾਨ ਪ੍ਰਤੀ ਹਮਦਰਦੀ ਪ੍ਰਗਟ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਲਦੀ ਹੀ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕੌਂਸਲਰ ਰੀਨਾ ਰਸਤੋਗੀ ਦੇ ਨਾਲ, ਰਟੌਲੀ ਪਿੰਡ ਵਿੱਚ ਬਣ ਰਹੇ ਨਾਲੇ ਦੇ ਨਿਰਮਾਣ ਕਾਰਜ ਦਾ ਅਚਨਚੇਤ ਨਿਰੀਖਣ ਕੀਤਾ। ਇਸ ਮੌਕੇ ਲੋਕਾਂ ਵੱਲੋਂ ਨਾਲੇ ਦੇ ਨਿਰਮਾਣ ਵਿੱਚ ਘਟੀਆ ਗੁਣਵੱਤਾ ਵਾਲੀ ਸਮੱਗਰੀ ਦੀ ਵਰਤੋਂ ਦੀ ਸ਼ਿਕਾਇਤ ਕੀਤੀ ਗਈ ਤਾਂ ਮੇਅਰ ਨੇ ਨਿਰਮਾਣ ਕਾਰਜ ਕਰ ਰਹੀ ਏਜੰਸੀ ਨੂੰ ਸਖ਼ਤ ਹਦਾਇਤਾਂ ਦਿੰਦੇ ਹੋਏ ਨਿਗਮ ਅਧਿਕਾਰੀਆਂ ਨੂੰ ਨਾਲੇ ਦੀ ਨਿਰਮਾਣ ਸਮੱਗਰੀ ਦੀ ਜਾਂਚ ਕਰਵਾਉਣ ਦੇ ਆਦੇਸ਼ ਦਿੱਤੇ। ਮੇਅਰ ਨੇ ਸਫਾਈ ਅਧਿਕਾਰੀਆਂ ਨੂੰ ਸਾਰੇ ਕੌਂਸਲਰਾਂ ਨਾਲ ਤਾਲਮੇਲ ਕਰਨ ਅਤੇ ਪਾਣੀ ਭਰਨ ਵਾਲੇ ਸਥਾਨਾਂ 'ਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨਾਲੀਆਂ ਵਿੱਚੋਂ ਗੰਦਗੀ ਅਤੇ ਗਾਰਾ ਤੁਰੰਤ ਸਾਫ਼ ਕਰਨ ਦੇ ਨਿਰਦੇਸ਼ ਦਿੱਤੇ। ਮੇਅਰ ਨੇ ਸਪੱਸ਼ਟ ਕੀਤਾ ਕਿ ਜਨਤਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਸਾਰੇ ਵਿਭਾਗੀ ਅਧਿਕਾਰੀਆਂ ਨੂੰ ਜ਼ਿੰਮੇਵਾਰੀ ਨਾਲ ਕੰਮ ਕਰਨਾ ਚਾਹੀਦਾ ਹੈ।

# ਨਸ਼ਾ ਮੁਕਤੀ ਮੁਹਿੰਮ ਤਹਿਤ ਸਮਾਗਮ



**ਰਤੀਆ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਫਤਿਹਾਬਾਦ ਦੀ ਨਸ਼ਾ ਮੁਕਤੀ ਟੀਮ ਵੱਲੋਂ ਰਤੀਆ ਖੇਤਰ ਵਿੱਚ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਇਸ ਮੁਹਿੰਮ ਦੀ ਅਗਵਾਈ ਏਐੱਸਆਈ ਸੁੰਦਰ ਨੇ ਕੀਤੀ। ਪ੍ਰੋਗਰਾਮ ਦੌਰਾਨ ਨਸ਼ੇ ਦੀ ਲਤ ਵਿੱਚ ਫਸੇ ਲੋਕਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਇਸ ਦਿਸ਼ਾ ਵਿੱਚ ਲੋੜੀਂਦੀ ਮਦਦ ਅਤੇ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ। ਕੁੱਲ 9 ਨਸ਼ਾ ਪੀੜਤਾਂ ਦੀ ਕਾਊਂਸਲਿੰਗ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੂੰ ਮਾਨਸਿਕ ਅਤੇ ਭਾਵਨਾਤਮਕ ਸਹਾਇਤਾ ਦੇ ਨਾਲ-ਨਾਲ ਵਿਹਾਰਕ ਹੱਲ ਵੀ ਸੁਝਾਏ ਗਏ। ਕਾਊਂਸਲਿੰਗ ਉਪਰੰਤ ਪੀੜਤਾਂ ਨੂੰ ਹੋਮਿਓਪੈਥਿਕ ਅਤੇ ਆਯੁਰਵੈਦਿਕ ਨਸ਼ਾ ਛੁਡਾਊ ਦਵਾਈਆਂ ਮੁਫਤ ਵੰਡੀਆਂ ਗਈਆਂ। ਪੁਲੀਸ ਦੀ ਇਹ ਮੁਹਿੰਮ ਨਾ ਸਿਰਫ਼ ਨਸ਼ੇ ਵਿਰੁੱਧ ਲੜਾਈ ਦਾ ਹਿੱਸਾ ਹੈ।

# ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦਰਿਆ ਰਾਵੀ ਨਾਲ ਲੱਗਦੇ ਇਲਾਕਿਆਂ ਵਿੱਚ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲਿਆ



**ਗੁਰਦਾਸਪੁਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਵੱਲੋਂ ਬਰਸਾਤੀ ਸੀਜ਼ਨ ਦੌਰਾਨ ਹੜ੍ਹ ਦੀ ਰੋਕਥਾਮ ਲਈ ਕੀਤੇ ਗਏ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅੱਜ ਅਧਿਕਾਰੀਆਂ ਦੇ ਨਾਲ ਰਾਵੀ ਦਰਿਆ ਦੇ ਨਾਲ ਲੱਗਦੇ ਇਲਾਕੇ ਮਕੌੜਾ ਪੱਤਣ, ਆਦੀਆਂ ਅਤੇ ਡੇਰਾ ਬਾਬਾ ਨਾਨਕ ਦੇ ਘਣੀਏ-ਕੇ-ਬੇਟ ਤੇ ਘੋਨੇਵਾਲ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਭੁੱਲਰ, ਆਈ.ਏ.ਐੱਸ., ਐਕਸੀਅਨ ਡਰੇਨਜ਼ ਸ. ਦਿਲਪ੍ਰੀਤ ਸਿੰਘ, ਐਕਸੀਅਨ ਮੰਡੀ ਬੋਰਡ ਸ. ਬਲਦੇਵ ਸਿੰਘ ਬਾਜਵਾ, ਸਕੱਤਰ ਜ਼ਿਲ੍ਹਾ ਪ੍ਰੀਸ਼ਦ ਸ੍ਰੀਮਤੀ ਜ਼ੀਨਤ ਖੈਹਿਰਾ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਹੜ੍ਹ ਰੋਕੂ ਪ੍ਰਬਧਾਂ ਦਾ ਜਾਇਜਾ ਲੈਂਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਦਰਿਆ ਰਾਵੀ ਦੇ ਕਿਨਾਰਿਆਂ ▼ਤੇ ਚੱਲ ਰਹੇ ਹੜ੍ਹ ਰੋਕੂ ਪ੍ਰਬੰਧਾਂ ਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ। ਦਰਿਆ ਰਾਵੀ ਵਿੱਚ ਉੱਜ ਦਰਿਆ ਕਾਰਨ ਆਉਂਦੇ ਹੜ੍ਹਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉੱਜ ਦਰਿਆ ਦੇ ਪਾਣੀ ਦੇ ਪੱਧਰ ਉੱਪਰ ਪੂਰੀ ਤਰਾਂ ਨਜ਼ਰ ਰੱਖੀ ਜਾਵੇ ਅਤੇ ਜਦੋਂ ਵੀ ਦਰਿਆ ਉੱਜ ਰਾਹੀਂ ਜਾਂ ਰਣਜੀਤ ਸਾਗਰ ਡੈਮ ਤੋਂ ਰਾਵੀ ਦਰਿਆ ਵਿੱਚ ਪਾਣੀ ਛੱਡਿਆ ਜਾਂਦਾ ਹੈ ਤਾਂ ਇਸਦੀ ਅਗਾਊਂ ਸੂਚਨਾ ਲੋਕਾਂ ਤੱਕ ਪਹੁੰਚਾਈ ਜਾਵੇ। ਮਕੌੜਾ ਪੱਤਣ ਦੇ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਸਥਾਨਿਕ ਲੋਕਾਂ ਅਤੇ ਬੀ.ਐੱਸ.ਐੱਫ. ਦੇ ਅਧਿਕਾਰੀਆਂ ਨਾਲ ਵੀ ਗੱਲ ਕੀਤੀ ਅਤੇ ਬੀਤੇ ਸਮੇਂ ਵਿੱਚ ਆਏ ਹੜ੍ਹਾਂ ਬਾਰੇ ਜਾਣਕਾਰੀ ਹਾਸਲ ਕੀਤੀ।

ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਵੱਲੋਂ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਘਣੀਏ-ਕੇ-ਬੇਟ ਤੇ ਘੋਨੇਵਾਲ ਇਲਾਕੇ ਦਾ ਦੌਰਾ ਕਰਕੇ ਓਥੇ ਕੀਤੇ ਜਾ ਰਹੇ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜਾ ਲਿਆ ਗਿਆ। ਇਸ ਦੌਰਾਨ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਰਸਾਤੀ ਸੀਜ਼ਨ ਦੌਰਾਨ ਹੜ੍ਹਾਂ ਦੇ ਕਿਸੇ ਵੀ ਸੰਭਾਵੀ ਖ਼ਤਰੇ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਾਜ਼ੁਕ ਥਾਵਾਂ ਉੱਪਰ ਅਗੇਤੇ ਹੀ ਹੜ੍ਹ ਰੋਕੂ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਸਾਰਾ ਖਾਕਾ ਤਿਆਰ ਕਰ ਲਿਆ ਗਿਆ ਹੈ। ਉਨ੍ਹਾਂ ਦਰਿਆਵਾਂ ਦੇ ਨੇੜੇ ਰਹਿੰਦੇ ਲੋਕਾਂ ਨੂੰ ਚੌਕਸ ਰਹਿਣ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਹੈ।

# ਸੰਤਾਂ ਦੀਆਂ ਜੈਅੰਤੀਆਂ ਰਾਜ ਪੱਧਰ 'ਤੇ ਮਨਾ ਰਹੀ ਹੈ ਭਾਜਪਾ: ਗੰਗਵਾ



**ਯਮੁਨਾਨਗਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨ ਸਿਹਤ ਇੰਜਨੀਅਰਿੰਗ ਅਤੇ ਲੋਕ ਨਿਰਮਾਣ (ਇਮਾਰਤਾਂ ਅਤੇ ਸੜਕਾਂ) ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ 13 ਜੁਲਾਈ ਨੂੰ ਭਿਵਾਨੀ ਵਿੱਚ ਮਹਾਰਾਜਾ ਦਕਸ਼ ਪ੍ਰਜਾਪਤੀ ਦੀ ਜਨਮ ਵਰ੍ਹੇਗੰਢ ਰਾਜ ਪੱਧਰ 'ਤੇ ਮਨਾਈ ਜਾਵੇਗੀ । ਮੁੱਖ ਮੰਤਰੀ ਨਾਇਬ ਸਿੰਘ ਸੈਣੀ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਹਿੱਸਾ ਲੈਣਗੇ। ਸ੍ਰੀ ਗੰਗਵਾ ਅੱਜ ਇੱਥੇ ਜਗਾਧਰੀ ਦੇ ਪੀਡਬਲਿਊਡੀ ਰੈਸਟ ਹਾਊਸ ਆਏ ਹੋਏ ਸਨ। ਲੋਕ ਨਿਰਮਾਣ ਵਿਭਾਗ ਦੇ ਸੁਪਰਡੈਂਟ ਇੰਜਨੀਅਰ ਸੰਦੀਪ ਗੋਇਲ, ਕਾਰਜਕਾਰੀ ਇੰਜਨੀਅਰ ਪੁਨੀਤ ਮਿੱਤਲ ਅਤੇ ਵਰਕਰਾਂ ਨੇ ਕੈਬਨਿਟ ਮੰਤਰੀ ਦਾ ਸਵਾਗਤ ਕੀਤਾ। ਉਨ੍ਹਾਂ ਦੇ ਨਾਲ ਸਾਬਕਾ ਪਛੜਾ ਵਰਗ ਚੇਅਰਮੈਨ ਸਤਬੀਰ ਵਰਮਾ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਭਾਜਪਾ ਸੰਤਾਂ ਅਤੇ ਮਹਾਂਪੁਰਖਾਂ ਦਾ ਸਨਮਾਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਅਧਿਕਾਰਤ ਤੌਰ 'ਤੇ ਇਨ੍ਹਾਂ ਜੈਅੰਤੀਆਂ ਨੂੰ ਰਾਜ ਪੱਧਰ 'ਤੇ ਮਨਾ ਰਹੀ ਹੈ। ਇਸੇ ਤਹਿਤ 13 ਜੁਲਾਈ ਨੂੰ ਭਿਵਾਨੀ ਵਿੱਚ ਰਾਜ ਪੱਧਰੀ ਸਮਾਗਮ ਹੋਵੇਗੀ। ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਚੋਣ ਮਨੋਰਥ ਪੱਤਰ ਅਨੁਸਾਰ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦਾ ਕੰਮ ਕੀਤਾ ਗਿਆ ਹੈ। ਵਾਂਝੇ ਅਨੁਸੂਚਿਤ ਜਾਤੀ (ਡੀਐੱਸਸੀ) ਨੂੰ 10 ਫ਼ੀਸਦ ਵੱਖਰਾ ਰਾਖਵਾਂਕਰਨ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਹਰਿਆਣਾ ਵਿੱਚ ਲਗਪਗ 14300 ਕਿਲੋਮੀਟਰ ਸੜਕਾਂ 'ਤੇ ਪਏ ਟੋਇਆਂ ਦੀ ਮੁਰੰਮਤ ਸਬੰਧਤ ਏਜੰਸੀ ਵੱਲੋਂ ਕੀਤੀ ਗਈ ਹੈ। ਇਸ ਦੇ ਨਾਲ ਹੀ, ਇੱਕ ਸ਼ਡਿਊਲ ਬਣਾ ਕੇ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ ਲਗਪਗ 5000 ਕਿਲੋਮੀਟਰ ਸੜਕਾਂ ਦੀ ਮੁਰੰਮਤ ਦਾ ਕੰਮ ਕੀਤਾ ਜਾ ਰਿਹਾ ਹੈ।

ਹ ਰਿ ਆ ਣਾ ਐਗਰੀਕਲਚਰ ਯੂਨੀਵਰਸਿਟੀ ਹਿਸਾਰ ਵਿੱਚ ਵਿਦਿਆਰਥੀਆਂ ਦੀ ਹੜਤਾਲ ਬਾਰੇ ਉਨ੍ਹਾਂ ਕਿਹਾ ਕਿ ਸਰਕਾਰ ਹਿਸਾਰ ਵਿੱਚ ਵਿਦਿਆਰਥੀਆਂ ਦੇ ਨਾਲ ਹੈ, ਕਮੇਟੀ ਨੇ ਵਿਦਿਆਰਥੀਆਂ ਦੀ ਗੱਲ ਸੁਣੀ, ਬੱਚਿਆਂ ਨੂੰ ਪੜ੍ਹਾਈ ਕਰਨੀ ਚਾਹੀਦੀ ਹੈ, ਬੱਚਿਆਂ ਨੂੰ ਗੁੰਮਰਾਹ ਨਹੀਂ ਕੀਤਾ ਜਾਣਾ ਚਾਹੀਦਾ। ਪੱਛਮੀ ਬੰਗਾਲ ਵਿੱਚ ਜਗਨਨਾਥ ਯਾਤਰਾ ਤੇ ਰੋਕ ਲਗਾਉਣ ਨੂੰ ਮੰਦਭਾਗਾ ਦੱਸਦਿਆਂ ਉਨ੍ਹਾਂ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬਨਰਜੀ ਦੀ ਨੁਕਤਾਚੀਨੀ ਕੀਤੀ ਅਤੇ ਕਿਹਾ ਕਿ ਇਸ ਨਾਲ ਹਿੰਦੂਆਂ ਦੀ ਆਸਥਾ ਨੂੰ ਠੇਸ ਪਹੁੰਚੀ ਹੈ ।

# ਆਦੇਸ਼ ਹਸਪਤਾਲ ਨੂੰ ਨਕਲੀ ਅੰਗ ਲਾਉਣ ਦੀ ਮਾਨਤਾ ਮਿਲੀ

**ਸ਼ਾਹਬਾਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜੀਟੀ ਰੋਡ ਸਥਿਤ ਆਦੇਸ਼ ਮੈਡੀਕਲ ਕਾਲਜ ਤੇ ਹਸਪਤਾਲ ਨੇ ਸਿਹਤ ਸੇਵਾਵਾਂ ਦੇ ਖੇਤਰ ਵਿਚ ਹੋਰ ਵੱਡੀ ਉਪਲਬਧੀ ਹਾਸਲ ਕਰਦੇ ਹੋਏ ਸੂਬਾ ਸਰਕਾਰ ਨੇ ਇਸ ਹਸਪਤਾਲ ਨੂੰ ਨਕਲੀ ਅੰਗ ਲਾਉਣ ਲਈ ਘੋਸ਼ਿਤ ਕੀਤਾ ਹੈ।

ਇਹ ਜਾਣਕਾਰੀ ਦਿੰਦੇ ਹੋਏ ਆਦੇਸ਼ ਕਾਲਜ ਦੇ ਐੱਮਡੀ ਡਾ. ਗੁਣਤਾਸ ਸਿੰਘ ਗਿੱਲ ਨੇ ਦੱਸਿਆ ਕਿ ਹੁਣ ਮਾਨਤਾ ਮਿਲਣ ਦੇ ਨਾਲ ਹੀ ਆਦੇਸ਼ ਹਸਪਤਾਲ ਸੂਬੇ ਦਾ ਅੰਗ ਬਦਲਣ ਵਾਲੇ ਸੰਗਠਨ ਸਾਟੋ ਦੀ ਸੂਚੀ ਵਿਚ ਸ਼ਾਮਲ ਹੋ ਗਿਆ ਹੈ। ਇਹ ਵੀ ਜ਼ਿਕਰਯੋਗ ਹੈ ਕਿ ਪੀਜੀਆਈ ਰੋਹਤਕ ਤੋਂ ਬਾਅਦ ਹੁਣ ਇਹ ਅਜਿਹਾ ਦੂਜਾ ਮੈਡੀਕਲ ਕਾਲਜ ਬਣ ਗਿਆ ਹੈ ਜੋ ਅੰਗ ਲਾਉਣ ਵਿਚ ਭਾਗੀਦਾਰੀ ਕਰੇਗਾ। ਇਸ ਦੇ ਨਾਲ ਹੀ ਇਸ ਖੇਤਰ ਦੇ ਗੰਭੀਰ ਰੂਪ ਨਾਲ ਬੀਮਾਰ ਮਰੀਜ਼ਾਂ ਦੀ ਜੀਵਨ ਰੱਖਿਆ ਸਹਾਇਤਾ ਆਸਾਨ ਹੋ ਸਕੇਗੀ। ਆਦੇਸ਼ ਦੇ ਐੱਮਡੀ ਗੁਣਤਾਸ ਸਿੰਘ ਗਿੱਲ ਨੇ ਕਿਹਾ ਕਿ ਇਹ ਸਿਰਫ ਇਕ ਮਾਨਤਾ ਹੀ ਨਹੀਂ ਬਲਕਿ ਇਕ ਵੱਡੀ ਜੁਆਬਦੇਹੀ ਹੈ।

# ਮੌਨਸੂਨ ਨੇ ਫੜੀ ਰਫ਼ਤਾਰ; ਪੰਜਾਬ, ਹਰਿਆਣਾ ਤੇ ਚੰਡੀਗੜ੍ਹ 'ਚ ਮੀਂਹ ਦੀ ਝੜੀ ਲੱਗੀ



**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੌਨਸੂਨ ਆਮ ਨਾਲੋਂ ਇਕ ਹਫ਼ਤਾ ਪਹਿਲਾਂ ਪੂਰੇ ਦੇਸ਼ ਵਿਚ ਪਹੁੰਚ ਗਈ ਹੈ ਜਿਸ ਕਰਕੇ ਕੌਮੀ ਰਾਜਧਾਨੀ ਤੇ ਹੋਰਨਾਂ ਉੱਤਰੀ ਰਾਜਾਂ ਵਿਚ ਮੀਂਹ ਪਿਆ ਤੇ ਕਈ ਪਹਾੜੀ ਇਲਾਕਿਆਂ ਵਿਚ ਜ਼ਮੀਨ ਖਿਸਕਣ ਤੇ ਢਿੱਗਾਂ ਡਿੱਗਣ ਦੀਆਂ ਰਿਪੋਰਟਾਂ ਹਨ। ਐਤਵਾਰ ਰਾਤੀਂ ਤੇ ਸੋਮਵਾਰ ਸਵੇਰੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਸਣੇ ਦੇਸ਼ ਦੇ ਕਈ ਇਲਾਕਿਆਂ ਵਿਚ ਜਮ ਕੇ ਮੀਂਹ ਪਿਆ।

ਭਾਰਤੀ ਮੌਸਮ ਵਿਭਾਗ (9$4) ਨੇ ਅੱਜ ਵੀ ਸਾਰਾ ਦਿਨ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਹੈ। ਸ਼ਿਮਲਾ ਮੌਸਮ ਵਿਗਿਆਨ ਕੇਂਦਰ ਨੇ ਹਿਮਾਚਲ ਪ੍ਰਦੇਸ਼ ਦੇ 10 ਜ਼ਿਲ੍ਹਿਆਂ ਲਈ ਮੋਹਲੇਧਾਰ ਮੀਂਹ ਲਈ 'ਰੈੱਡ ਅਲਰਟ' ਜਾਰੀ ਕੀਤਾ ਹੈ। ਪਹਾੜੀ ਰਾਜ ਵਿਚ 20 ਜੂਨ ਨੂੰ ਮੌਨਸੂਨ ਦੀ ਸ਼ੁਰੂਆਤ ਤੋਂ ਬਾਅਦ ਮੀਂਹ ਨਾਲ ਸਬੰਧਤ ਘਟਨਾਵਾਂ ਵਿੱਚ 20 ਲੋਕਾਂ ਦੀ ਜਾਨ ਚਲੀ ਗਈ ਹੈ।

ਯੂਨੈਸਕੋ ਵਿਸ਼ਵ ਵਿਰਾਸਤ ਸ਼ਿਮਲਾ-ਕਾਲਕਾ ਰੇਲ ਲਾਈਨ 'ਤੇ ਐਤਵਾਰ ਨੂੰ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਗਈਆਂ ਕਿਉਂਕਿ ਸੋਲਨ ਜ਼ਿਲ੍ਹੇ ਵਿੱਚ ਰਾਤ ਭਰ ਹੋਈ ਬਾਰਿਸ਼ ਦੌਰਾਨ ਪੱਥਰ ਅਤੇ ਦਰੱਖਤ ਪਟੜੀਆਂ 'ਤੇ ਡਿੱਗ ਗਏ। ਸੋਲਨ ਦੇ ਬਰੋਟੀਵਾਲਾ ਉਦਯੋਗਿਕ ਖੇਤਰ ਵਿੱਚ ਇੱਕ ਪੁਲ ਵੀ ਰੁੜ੍ਹ ਗਿਆ।

ਸ਼ਿਮਲਾ-ਕਾਲਕਾ ਕੌਮੀ ਸ਼ਾਹਰਾਹ (©8-5) ਜੋ ਸ਼ਿਮਲਾ ਅਤੇ ਚੰਡੀਗੜ੍ਹ ਨੂੰ ਜੋੜਦਾ ਹੈ, 'ਤੇ ਕੋਟੀ ਨੇੜੇ ਜ਼ਮੀਨ ਖਿਸਕਣ ਨਾਲ ਸੜਕ ਦੇ ਕੁਝ ਹਿੱਸਿਆਂ ਨੂੰ ਨੁਕਸਾਨ ਪਹੁੰਚਿਆ, ਜਿਸ ਕਾਰਨ ਘੰਟਿਆਂ ਤੱਕ ਦੋ ਤੋਂ ਤਿੰਨ ਕਿਲੋਮੀਟਰ ਲੰਬਾ ਟਰੈਫਿਕ ਜਾਮ ਰਿਹਾ। ਜ਼ਿਲ੍ਹੇ ਦੇ ਬੱਦੀ ਖੇਤਰ ਵਿੱਚ ਬਾਲਦ ਨਦੀ ਵਿਚ ਪਾਣੀ ਚੜ੍ਹਿਆ ਹੋਇਆ ਹੈ ਅਤੇ ਝੜਮਾਜਰੀ ਦੇ ਸ਼ਿਵਾਲਿਕ ਨਗਰ ਵਿੱਚ 20 ਤੋਂ ਵੱਧ ਘਰਾਂ ਵਿੱਚ ਚਾਰ ਫੁੱਟ ਤੱਕ ਪਾਣੀ ਦਾਖਲ ਹੋਣ ਦੀਆਂ ਰਿਪੋਰਟਾਂ ਹਨ।

ਇਸ ਦੌਰਾਨ, ਮੰਡੀ ਵਿੱਚ ਜੂਨੀ ਖੱਡ ਅਤੇ ਬਿਆਸ ਨਦੀ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ। ਸਥਾਨਕ ਪ੍ਰਸ਼ਾਸਨ ਨੇ ਲੋਕਾਂ ਨੂੰ ਨਦੀ ਦੇ ਨੇੜੇ ਨਾ ਜਾਣ ਅਤੇ ਚੌਕਸ ਰਹਿਣ ਦੀ ਅਪੀਲ ਕੀਤੀ ਹੈ। ਪੰਡੋਹ ਡੈਮ ਦੇ ਸਾਰੇ ਪੰਜ ਦਰਵਾਜ਼ੇ ਐਤਵਾਰ ਸਵੇਰੇ ਖੋਲ੍ਹ ਦਿੱਤੇ ਗਏ, ਜਿਸ ਕਾਰਨ ਬਿਆਸ ਨਦੀ ਵਿੱਚ ਪਾਣੀ ਦਾ ਪੱਧਰ ਵਧ ਗਿਆ।

ਸਥਾਨਕ ਮੌਸਮ ਵਿਭਾਗ ਨੇ ਸੋਮਵਾਰ ਤੱਕ 10 ਜ਼ਿਲ੍ਹਿਆਂ- ਬਿਲਾਸਪੁਰ, ਚੰਬਾ, ਹਮੀਰਪੁਰ, ਕਾਂਗੜਾ, ਕੁੱਲੂ, ਮੰਡੀ, ਸ਼ਿਮਲਾ, ਸੋਲਨ, ਸਿਰਮੌਰ ਅਤੇ ਊਨਾ - ਦੇ ਹਿੱਸਿਆਂ ਵਿੱਚ ਅਚਾਨਕ ਹੜ੍ਹ ਆਉਣ ਦੇ ਦਰਮਿਆਨੇ ਤੋਂ ਉੱਚੇ ਖ਼ਤਰੇ ਦੀ ਚੇਤਾਵਨੀ ਦਿੱਤੀ ਹੈ।

ਮੌਸਮ ਵਿਭਾਗ ਦੇ ਅੰਕੜਿਆਂ ਅਨੁਸਾਰ 2020 ਤੋਂ ਬਾਅਦ ਇਹ ਪਹਿਲਾ ਮੌਕਾ ਹੈ ਜਦੋਂ ਮੌਨਸੂਨ ਨੇ ਪੂਰੇ ਦੇਸ਼ ਵਿਚ ਅਗਾਊਂ ਦਸਤਕ ਦਿੱਤੀ ਹੈ। ਸਾਲ 2020 ਵਿੱਚ, ਇਹ 26 ਜੂਨ ਤੱਕ ਪੂਰੇ ਦੇਸ਼ ਵਿੱਚ ਪਹੁੰਚ ਗਿਆ ਸੀ। ਭਾਰਤੀ ਮੌਸਮ ਵਿਭਾਗ ਦਾ ਕਹਿਣਾ ਹੈ ਕਿ ਮੌਨਸੂਨ 27 ਜੂਨ ਦੀ ਆਪਣੀ ਆਮ ਤਾਰੀਖ ਤੋਂ ਦੋ ਦਿਨ ਬਾਅਦ ਦਿੱਲੀ ਪਹੁੰਚਿਆ।

ਮੌਸਮ ਵਿਭਾਗ ਨੇ ਇੱਕ ਬਿਆਨ ਵਿੱਚ ਕਿਹਾ, "ਮੌਨਸੂਨ 29 ਜੂਨ 2025 ਨੂੰ ਰਾਜਸਥਾਨ, ਪੱਛਮੀ ਉੱਤਰ ਪ੍ਰਦੇਸ਼ ਅਤੇ ਹਰਿਆਣਾ ਦੇ ਬਾਕੀ ਹਿੱਸਿਆਂ ਅਤੇ ਪੂਰੀ ਦਿੱਲੀ ਵਿੱਚ ਪਹੁੰਚ ਗਿਆ।" ਵਿਭਾਗ ਅਨੁਸਾਰ, ਐਤਵਾਰ ਸਵੇਰੇ 8.30 ਵਜੇ ਖਤਮ ਹੋਏ ਪਿਛਲੇ 24 ਘੰਟਿਆਂ ਵਿੱਚ ਚੰਡੀਗੜ੍ਹ ਵਿੱਚ 119.5 ਮਿਲੀਮੀਟਰ ਮੀਂਹ ਪਿਆ। ਪੰਜਾਬ ਦੇ ਹੋਰ ਸਥਾਨਾਂ ਵਿੱਚ, ਫਿਰੋਜ਼ਪੁਰ, ਮੁਹਾਲੀ, ਲੁਧਿਆਣਾ, ਪਟਿਆਲਾ, ਪਠਾਨਕੋਟ ਅਤੇ ਰੂਪਨਗਰ ਵਿੱਚ ਮੀਂਹ ਪਿਆ। ਆਈਐਮਡੀ ਨੇ ਕਿਹਾ ਕਿ ਅਗਲੇ ਸੱਤ ਦਿਨਾਂ ਦੌਰਾਨ ਉੱਤਰ-ਪੱਛਮ, ਮੱਧ, ਪੂਰਬੀ ਅਤੇ ਉੱਤਰ-ਪੂਰਬੀ ਭਾਰਤ ਦੇ ਕਈ ਹਿੱਸਿਆਂ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਜਾਰੀ ਰਹਿਣ ਦੀ ਸੰਭਾਵਨਾ ਹੈ।

ਇੱਕ ਅਧਿਕਾਰੀ ਨੇ ਦੱਸਿਆ ਕਿ ਆਈਐੱਮਡੀ ਨੇ ਐਤਵਾਰ ਨੂੰ 'ਰੈੱਡ' ਅਲਰਟ ਜਾਰੀ ਕੀਤਾ ਹੈ ਅਤੇ 2 ਜੁਲਾਈ ਤੱਕ ਝਾਰਖੰਡ ਦੇ ਕੁਝ ਹਿੱਸਿਆਂ ਵਿੱਚ ਬਹੁਤ ਜ਼ਿਆਦਾ ਭਾਰੀ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਹੈ। ਝਾਰਖੰਡ ਦੀ ਰਾਜਧਾਨੀ ਰਾਂਚੀ ਵਿੱਚ ਐਤਵਾਰ ਸਵੇਰ ਤੋਂ ਹੀ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਰਹੀ ਹੈ। ਆਈਐੱਮਡੀ ਅਧਿਕਾਰੀ ਨੇ ਕਿਹਾ ਹੈ ਕਿ 2 ਜੁਲਾਈ ਦੀ ਸਵੇਰ ਤੱਕ ਸ਼ਹਿਰ ਵਿੱਚ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

# ਡਿਪਲੋਮਾ ਇਨ ਐਗਰੀਕਲਚਰਲ ਐਕਸਟੈਂਸ਼ਨ ਸਰਵਿਸਿਜ਼ ਫਾਰ ਇਨਪੁਟ ਡੀਲਰਜ਼ ਬੇਰੁਜ਼ਗਾਰ ਨੌਜਵਾਨਾਂ ਲਈ ਵਰਦਾਨ ਸਾਬਿਤ ਹੋਵੇਗਾ - ਰਮਨ ਬਹਿਲ





**ਗੁਰਦਾਸਪੁਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਐਗਰੀਕਲਚਰ ਟੈਕਨੋਲੋਜੀ ਪ੍ਰਬੰਧਨ ਸੰਸਥਾ, ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਗੁਰਦਾਸਪੁਰ ਵਿਖੇ ਖੇਤੀ ਸਮਗਰੀ ਵੇਚਣ ਦਾ ਰੁਜ਼ਗਾਰ ਸ਼ੁਰੂ ਕਰਨ ਲਈ ਲੋੜੀਂਦੇ ਲਾਇਸੰਸ ਲੈਣ ਦੇ ਇਛੁੱਕ ਨੌਜਵਾਨਾਂ ਲਈ ਇੱਕ ਸਾਲਾ ਖੇਤੀਬਾੜੀ ਵਿਸਥਾਰ ਸੇਵਾਵਾਂ ਵਿੱਚ ਡਿਪਲੋਮਾ ਇਨ ਐਗਰੀਕਲਚਰਲ ਐਕਸਟੈਂਸ਼ਨ ਸਰਵਿਸਿਜ਼ ਫਾਰ ਇਨਪੁਟ ਡੀਲਰਜ਼ ਦਾ ਕੋਰਸ ਸ਼ੁਰੂ ਕੀਤਾ ਗਿਆ ਹੈ।

ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਇਸ ਕੋਰਸ ਦੇ ਪਹਿਲੇ ਬੈਚ ਦਾ ਅੱਜ ਮੁੱਖ ਖ਼ੇਤੀਬਾੜੀ ਦਫਤਰ ਗੁਰਦਾਸਪੁਰ ਵਿਖੇ ਉਦਘਾਟਨ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਪਾਮੇਤੀ ਡਾਕਟਰ ਕੇ ਬੀ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

ਸਿਖਲਾਈ ਪ੍ਰੋਗਰਾਮ ਦੇ ਪਹਿਲੇ ਬੈਚ ਦਾ ਉਦਘਾਟਨ ਕਰਨ ਉਪਰੰਤ ਸਿਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਜੀ ਅਗਵਾਈ ਹੇਠ ਪੰਜਾਬ ਸਰਕਾਰ ਖੇਤੀਬਾੜੀ ਨੂੰ ਮਜ਼ਬੂਤ ਕਰਨ ਲਈ ਵੱਡੇ ਯਤਨ ਕਰ ਰਹੀ ਹੈ ਅਤੇ ਇਸੇ ਲੜੀ ਤਹਿਤ ਆਤਮਾ ਗੁਰਦਾਸਪੁਰ ਵਿਖੇ ਖੇਤੀ ਸਮਗਰੀ ਦੀ ਵਿਕਰੀ ਕਰਨ ਦੇ ਰੁਜਗਾਰ ਨੂੰ ਸ਼ੁਰੂ ਕਰਨ ਦੇ ਚਾਹਵਾਨ ਬੇਰੁਜਗਾਰ ਨੌਜਵਾਨਾਂ ਲਈ ਖੇਤੀਬਾੜੀ ਵਿਸਥਾਰ ਸੇਵਾਵਾਂ ਵਿੱਚ ਇੱਕ ਸਾਲ ਦਾ ਡਿਪਲੋਮਾ (ਡੀ.ਏ.ਈ.ਐਸ.ਆਈ) ਪ੍ਰੋਗਰਾਮ÷ ਸ਼ੁਰੂ ਕੀਤਾ ਗਿਆ ਹੈ ਜੋ ਨੌਜਵਾਨਾਂ ਲਈ ਭਵਿਖ ਵਿਚ ਵਰਦਾਨ ਸਾਬਿਤ ਹੋਵੇਗਾ।

ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਐਗਰੀ-ਇਨਪੁਟ ਡੀਲਰ (ਖਾਦ, ਬੀਜ ਤੇ ਕੀਟਨਾਸ਼ਕਾਂ), ਕਿਸਾਨ ਭਾਈਚਾਰੇ ਲਈ ਖੇਤੀ ਜਾਣਕਾਰੀ ਦਾ ਇੱਕ ਪ੍ਰਮੁੱਖ ਸਰੋਤ ਹਨ ਅਤੇ ਇਹਨਾਂ ਨੂੰ ਤਕਨੀਕੀ ਜਾਣਕਾਰੀ ਦੇ ਕੇ ਕਿਸਾਨਾਂ ਤੱਕ ਪਹੁਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਹ ਨੌਜਵਾਨ ਸਿਖਲਾਈ ਲੈਣ ਉਪਰੰਤ ਖ਼ੇਤੀਬਾੜੀ ਵਿਭਾਗ ਅਤੇ ਕਿਸਾਨਾਂ ਵਿਚ ਕੜ੍ਹੀ ਦਾ ਕੰਮ ਕਰਨਗੇ।

ਸ੍ਰੀ ਰਮਨ ਬਹਿਲ ਨੇ ਕਿਹਾ ਕਿ ਜ਼ਿਆਦਾਤਰ ਕਿਸਾਨਾਂ ਲਈ ਪਹਿਲਾ ਸੰਪਰਕ ਸੂਤਰ ਖੇਤੀਬਾੜੀ ਖੇਤੀ ਸਮਗਰੀ ਵਿਕਰੇਤਾ ਹੁੰਦਾ ਹੈ ਜਿਸ ਦਾ ਖੇਤੀ ਤਕਨੀਕਾਂ ਪ੍ਰਤੀ ਸਿੱਖਿਅਤ ਹੋਣਾ ਬਹੁਤ ਜ਼ਰੂਰੀ ਹੈ।

ਖੇਤੀਬਾੜੀ ਕਾਰਜਾਂ ਲਈ ਲੋੜੀਂਦੇ ਵੱਖ-ਵੱਖ ਇਨਪੁਟਸ ਖਰੀਦ ਦੇ ਸਮੇਂ, ਕਿਸਾਨ ਕੁਦਰਤੀ ਤੌਰ ▼ਤੇ ਇਨਪੁਟ ਡੀਲਰ ਤੋਂ ਗੁਣਵੱਤਾ ਅਤੇ ਮਾਤਰਾ ਦੋਵਾਂ ਦੇ ਰੂਪ ਵਿੱਚ ਇਨਪੁਟਸ ਦੀ ਵਰਤੋਂ ਬਾਰੇ ਪਤਾ ਲਗਾਉਣ ਦੀ ਕੋਸ਼ਿਸ਼ ਕਰਦਾ ਹੈ ਹਾਲਾਂਕਿ ਇਹਨਾਂ ਵਿੱਚੋਂ ਜ਼ਿਆਦਾਤਰ ਇਨਪੁਟ ਡੀਲਰਾਂ ਕੋਲ ਰਸਮੀ ਖੇਤੀਬਾੜੀ ਸਿੱਖਿਆ ਨਹੀਂ ਹੁੰਦੀ।

ਜੇਕਰ ਇਹਨਾਂ ਨੌਜਵਾਨ ਸਿਖਿਆਰਥੀਆਂ ਨੂੰ ਲੋੜੀਂਦਾ ਗਿਆਨ ਪ੍ਰਦਾਨ ਕਰਕੇ ਪੈਰਾ ਪਸਾਰ ਮਾਹਿਰਾਂ ਵਜੋਂ ਢਾਲਿਆ ਜਾ ਸਕਦਾ ਹੈ ਤਾਂ ਜੋਂ ਉਹ ਖੇਤੀ ਪਸਾਰ ਸੇਵਾਵਾਂ ਨੂੰ ਪੇਸ਼ੇਵਰ ਬਣਾਇਆ ਜਾ ਸਕੇ ਅਤੇ ਪੰਜਾਬ ਦੀ ਖੇਤੀਬਾੜੀ ਵਿੱਚ ਇੱਕ ਆਦਰਸ਼ ਬਦਲਾਅ ਲਿਆਉਣ ਵਿੱਚ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਸਮੂਹ ਸਿਖਿਆਰਥੀਆਂ ਨੂੰ ਅਪੀਲ ਕੀਤੀ ਖੇਤੀ ਦੇ ਕਿੱਤੇ ਨੂੰ ਵਿਉਪਾਰ ਦੇ ਤੌਰ ਤੇ ਕਰਨ ਤਾਂ ਇਸ ਕਿੱਤੇ ਨੂੰ ਲਾਹੇਵੰਦ ਬਣਾਇਆ ਜਾ ਸਕੇ । ਉਨ੍ਹਾਂ ਖ਼ੇਤੀਬਾੜੀ ਵਿਭਾਗ ਅਤੇ ਆਤਮਾ ਦੇ ਸਮੂਹ ਅਧਿਕਾਰੀਆਂ ਨੂੰ ਇਕ ਸਾਲਾ ਡਿਪਲੋਮਾ ਸ਼ੁਰੂ ਕਰਨ ਤੇ ਮੁਬਾਰਕਵਾਦ ਦਿੱਤੀ।

ਇਸ ਮੌਕੇ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਖੇਤੀਬਾੜੀ ਵਿੱਚ ਆਪਣੀ ਤਕਨੀਕੀ ਯੋਗਤਾ ਨੂੰ ਬਣਾਉਣ ਅਤੇ ਕਿਸਾਨਾਂ ਦੀ ਬਿਹਤਰ ਸੇਵਾ ਕਰਨ ਅਤੇ ਪੈਰਾ-ਐਕਸਟੈਂਸ਼ਨ ਪੇਸ਼ੇਵਰਾਂ ਵਜੋਂ ਕੰਮ ਕਰਨ ਲਈ ਖੇਤੀਬਾੜੀ ਵਿਭਾਗ ਨੇ ਇਨਪੁਟ ਡੀਲਰਾਂ ਲਈ ਇੱਕ ਸਵੈ-ਵਿੱਤੀ ÷ਇਨਪੁਟ ਡੀਲਰਾਂ ਲਈ ਖੇਤੀਬਾੜੀ ਵਿਸਥਾਰ ਸੇਵਾਵਾਂ ਵਿੱਚ ਇੱਕ ਸਾਲ ਦਾ ਡਿਪਲੋਮਾ (ਡੀ.ਏ.ਈ.ਐਸ.ਆਈ) ਪ੍ਰੋਗਰਾਮ÷ ਸ਼ੁਰੂ ਕੀਤਾ ਸੀ ਅਤੇ ਅੱਜ ਪੰਜਾਬ ਦੇ ਹਰ ਇੰਨਪੁੱਟ ਡੀਲਰ ਨੂੰ ਇਸ ਕੌਰਸ ਰਾਂਹੀ ਤਕਨੀਕੀ ਮਾਹਿਰ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ।

ਡਾ. ਕੰਵਰ ਬਰਜਿੰਦਰ ਡਾਇਰੈਕਟਰ ਪਮੇਤੀ ਸਿੰਘ ਸਿਖਿਆਰਥੀਆਂ ਨੂੰ ਦੱਸਿਆ ਕਿ ਇਹ ਇੱਕ ਸਾਲ ਦਾ ਡਿਪਲੋਮਾ ਕੋਰਸ ▼ਡਿਪਲੋਮਾ ਇਨ ਐਗਰੀਕਲਚਰਲ ਐਕਸਟੈਂਸ਼ਨ ਸਰਵਿਸਿਜ਼ ਫਾਰ ਇਨਪੁਟ ਡੀਲਰਜ਼ ਇਹਨਾਂ ਇਨਪੁਟ ਡੀਲਰਾਂ ਨੂੰ ਪੈਰਾ-ਐਕਸਟੈਂਸ਼ਨ ਪੇਸ਼ੇਵਰਾਂ ਵਿੱਚ ਬਦਲਣ ਲਈ ਢੁਕਵੀਂ ਅਤੇ ਸਥਾਨ-ਵਿਸ਼ੇਸ਼ ਖੇਤੀਬਾੜੀ ਸਿੱਖਿਆ ਪ੍ਰਦਾਨ ਕਰਦਾ ਹੈ ਤਾਂ ਜੋ ਉਹ ਖੇਤ ਪੱਧਰ ▼ਤੇ ਕਿਸਾਨਾਂ ਦੁਆਰਾ ਦਰਪੇਸ਼ ਰੋਜ਼ਾਨਾ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਯੋਗ ਹੋ ਸਕਣ।

ਡਾ. ਪ੍ਰਭਜੋਤ ਸਿੰਘ ਡਿਪਟੀ ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਕਿਹਾ ਕਿ ਇਹ ਪ੍ਰੋਗਰਾਮ ਸਰਕਾਰ ਵੱਲੋਂ ਜ਼ਿਲ੍ਹਾ ਪੱਧਰ ▼ਤੇ ਆਤਮਾ ਰਾਹੀਂ ਲਾਗੂ ਕੀਤਾ ਜਾ ਰਿਹਾ ਹੈ ਅਤੇ ਤਕਨੀਕੀ ਜਾਣਕਾਰੀ 48 ਦਿਨਾਂ ਲਈ ਜ਼ਿਲ੍ਹਾ ਪੱਧਰ ▼ਤੇ ਖੇਤੀਬਾੜੀ ਮਾਹਿਰਾਂ ਅਤੇ ਪ੍ਰੈਕਟੀਸ਼ਨਰਾਂ ਦੁਆਰਾ ਸੰਪਰਕ ਕਲਾਸਾਂ ਰਾਹੀਂ ਪ੍ਰਦਾਨ ਕੀਤਾ ਜਾਵੇਗਾ।

ਇਸ ਮੌਕੇ ਡਾ ਦਿਲਰਾਜ ਸਿੰਘ ਖੇਤੀਬਾੜੀ ਵਿਕਾਸ ਅਫਸਰ, ਡਾ. ਸੰਦੀਪ ਪ੍ਰੋਜੈਕਟ ਡਾਇਰੈਕਟਰ ਆਤਮਾ ਅਤੇ ਸਿਖਿਆਰਥੀ ਹਾਜਰ ਸਨ।

# ਸ਼ਹਿਰ ਨੂੰ ਸੁੰਦਰ ਬਣਾਉਣ ਲਈ ਧਿਆਨ ਦੇਣਾ ਪਵੇਗਾ: ਡੀਸੀ

**ਸ਼ਾਹਬਾਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਨੇਹਾ ਸਿੰਘ ਨੇ ਕਿਹਾ ਹੈ ਕਿ ਅਧਿਕਾਰੀਆਂ ਨੂੰ ਸ਼ਹਿਰ ਨੂੰ ਸਾਫ ਅਤੇ ਸੁੰਦਰ ਬਣਾਉਣ ਲਈ ਆਪਣੇ ਯਤਨ ਜਾਰੀ ਰੱਖਣੇ ਪੈਣਗੇ ਤੇ ਸ਼ਹਿਰ ਨੂੰ ਸਾਫ ਰੱਖਣ ਲਈ ਸਫਾਈ ਵਲ ਪੂਰਾ ਧਿਆਨ ਦੇਣਾ ਪਵੇਗਾ।

ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਲਈ ਆਮ ਨਾਗਰਿਕਾਂ ਦੇ ਸਹਿਯੋਗ ਦੀ ਵੀ ਲੋੜ ਹੈ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਸ਼ਹਿਰਾਂ ਨੂੰ ਸਾਫ ਸੁਥਰਾ ਰਖੱਣ ਲਈ ਐੱਸਡੀਐੱਮ ਨੂੰ ਜ਼ਰੂਰੀ ਦਿਸ਼ਾ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਥਾਨੇਸਰ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਹੁਣ ਇਹ ਸਫ਼ਾਈ ਮੁਹਿੰਮ ਹੌਲੀ-ਹੌਲੀ ਇਕ ਜਨ ਲਹਿਰ ਦਾ ਰੂਪ ਧਾਰਨ ਕਰ ਚੁੱਕੀ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਦੇ ਯਤਨ ਸਾਫ ਦਿਖਾਈ ਦੇ ਰਹੇ ਹਨ, ਇਸ ਲਈ ਸਫਾਈ ਟੀਮ ਦੇ ਅਧਿਕਾਰੀ ਤੇ ਕਰਮਚਾਰੀ ਵਧਾਈ ਦੇ ਪਾਤਰ ਹਨ।

ਉਨ੍ਹਾਂ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਦੁਕਾਨਾਂ ਦਾ ਕੂੜਾ ਘਰ-ਘਰ ਆਉਣ ਵਾਲੇ ਟਿੱਪਰਾਂ ਵਿੱਚ ਹੀ ਸੁੱਟਣ।

# ਨਵੀਆਂ ਜਮਾਤਾਂ ’ਚ ਨਵੀਆਂ ਮੰਜ਼ਿਲਾਂ ਕਰੋ ਤੈਅ

**ਪ੍ਰੋ. ਕੁਲਜੀਤ ਕੌਰ**



ਤਬਦੀਲੀ ਜ਼ਿੰਦਗੀ ਦਾ ਅਹਿਮ ਪੜਾਅ ਹੈ। ਜ਼ਿੰਦਗੀ ਦੇ ਅਨੇਕ ਪੜਾਵਾਂ ਵਿਚੋਂ ਸਕੂਲੀ ਵਿੱਦਿਆ ਗ੍ਰਹਿਣ ਕਰਨ ਦਾ ਪੜਾਅ ਬੜਾ ਯਾਦਗਾਰੀ ਅਤੇ ਪ੍ਰੇਰਨਾਦਾਇਕ ਹੁੰਦਾ ਹੈ। ਹੁਣ ਸਾਲਾਨਾ ਪ੍ਰੀਖਿਆਵਾਂ ਖ਼ਤਮ ਹੋ ਚੁੱਕੀਆਂ ਹਨ, ਜਮਾਤਾਂ ਦੇ ਨਤੀਜੇ ਆ ਚੁੱਕੇ ਹਨ। ਬਹੁਤ ਸਾਰੀਆਂ ਜਮਾਤਾਂ ਦੇ ਵਿਦਿਆਰਥੀ ਅਗਲੀ ਜਮਾਤ ਵਿਚ ਪ੍ਰਵੇਸ਼ ਕਰ ਚੁੱਕੇ ਹਨ। ਉਨ੍ਹਾਂ ਅੰਦਰ ਇਕ ਚਾਅ, ਇਕ ਉਮੰਗ ਹੈ। ਨਵੀਆਂ-ਨਕੋਰ ਪੁਸਤਕਾਂ ਨੂੰ ਦੇਖ-ਦੇਖ ਖ਼ੁਸ਼ ਹੁੰਦੇ ਹਨ। ਉਨ੍ਹਾਂ ਦੇ ਇਨ੍ਹਾਂ ਖ਼ੁਸ਼ੀ ਭਰੇ ਪਲਾਂ ਲਈ ਉਨ੍ਹਾਂ ਨੂੰ ਮੁਬਾਰਕ। ਕੁਝ ਸਿੱਖਿਆਵਾਂ, ਕੁਝ ਵਿਚਾਰ ਨਵੀਆਂ ਜਮਾਤਾਂ ਵਿਚ ਪ੍ਰਵੇਸ਼ ਕਰ ਚੁੱਕੇ ਵਿਦਿਆਰਥੀਆਂ ਨਾਲ ਸਾਂਝੇ ਕਰਨੇ ਚਾਹਵਾਂਗੇ।

☛ ਨਵੀਂ ਜਮਾਤ ਵਿਚ ਪ੍ਰਵੇਸ਼ ਹੋਏ ਵਿਦਿਆਰਥੀਆਂ ਨੂੰ ਪਿਛਲੇ ਵਰ੍ਹੇ ਦੀਆਂ ਆਪਣੀਆਂ ਕਮੀਆਂ ਨੂੰ ਪੂਰਾ ਕਰਨ ਉੱਪਰ ਜ਼ੋਰ ਦੇਣਾ ਚਾਹੀਦਾ ਹੈ। ਉਨ੍ਹਾਂ ਨੂੰ ਇਹ ਪਤਾ ਚੱਲ ਗਿਆ ਹੋਵੇਗਾ ਕਿ ਕਮੀ ਕਿਥੇ ਰਹੀ ਹੈ? ਆਪਣੇ ਤੋਂ ਅੱਗੇ ਨਿਕਲ ਚੁੱਕੇ ਵਿਦਿਆਰਥੀਆਂ ਦੀ ਸਫ਼ਲਤਾ ਦਾ ਰਾਜ਼ ਉਹ ਸਮਝ ਚੁੱਕੇ ਹੋਣਗੇ। ਇਹ ਹੋ ਸਕਦਾ ਹੈ ਕਿ ਜਿੰਨੇ ਚੰਗੇ ਨਤੀਜਿਆਂ ਦੀ ਉਨ੍ਹਾਂ ਆਸ ਕੀਤੀ ਹੋਵੇ, ਸ਼ਾਇਦ ਉਸ ਤੋਂ ਕੁਝ ਘੱਟ ਹਾਸਲ ਹੋਇਆ ਹੋਵੇ। ਇਸ ਲਈ ਉਨ੍ਹਾਂ ਵਿਦਿਆਰਥੀਆਂ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ, ਸਗੋਂ ਭਵਿੱਖ ਲਈ ਆਸਵੰਦ ਰਹਿਣ।

☛ ਸਮੇਂ ਦੀ ਕਦਰ, ਸਮੇਂ ਦੀ ਕੀਮਤ ਨੂੰ ਪਛਾਣਦੇ ਹੋਏ ਇਨ੍ਹਾਂ ਵਿਦਿਆਰਥੀਆਂ ਨੂੰ ਜਮਾਤਾਂ ਸ਼ੁਰੂ ਹੋਣ ਦੇ ਪਹਿਲੇ ਦਿਨ ਤੋਂ ਹੀ ਆਪਣਾ ਹੋਮ ਵਰਕ (ਘਰ ਲਈ ਮਿਲਿਆ ਕੰਮ) ਸਮੇਂ ਸਿਰ ਨਿਪਟਾਉਣਾ ਚਾਹੀਦਾ ਹੈ। ਅਧਿਆਪਕ ਦੁਆਰਾ ਕਰਵਾਏ ਗਏ ਹਰ ਪਾਠ, ਹਰ ਸਿਲੇਬਸ ਨੂੰ ਸੌ ਫੀਸਦੀ ਧਿਆਨ ਦੇ ਕੇ ਸੁਣਨਾ ਜ਼ਰੂਰੀ ਹੈ।

☛ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਇਕ ਸਮਾਂ-ਸਾਰਨੀ (ਟਾਈਮ ਟੇਬਲ) ਬਣਾ ਕੇ ਆਪਣੀ ਪੜ੍ਹਾਈ ਵੱਲ ਧਿਆਨ ਦੇਣ। ਪੁਸਤਕਾਂ ਨਾਲ ਪਿਆਰ ਪਾ ਕੇ ਅਧਿਆਪਕ ਦੁਆਰਾ ਦਿੱਤੇ ਗਏ ਗਿਆਨ ਨੂੰ ਆਪਣੀ ਸਮਝ ਮੁਤਾਬਿਕ ਪ੍ਰਵਾਨ ਕਰਨ।

☛ ਕਿਹਾ ਜਾਂਦਾ ਹੈ ਕਿ ਅਭਿਆਸ ਕਿਸੇ ਵੀ ਕਲਾ ਜਾਂ ਗਿਆਨ ਨੂੰ ਹੋਰ ਪੱਕਾ ਕਰਦਾ ਹੈ। ਇਸ ਲਈ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਨਵੀਆਂ ਜਮਾਤਾਂ ਵਿਚ ਪ੍ਰਵੇਸ਼ ਕਰਕੇ, ਜਿਹੜੇ ਵਿਸ਼ੇ ਵਧੇਰੇ ਪ੍ਰੈਕਟਿਸ ਦੀ ਮੰਗ ਕਰਦੇ ਹਨ, ਉਨ੍ਹਾਂ ਨੂੰ ਵਧੇਰੇ ਸਮਾਂ ਦੇਣ।

ਟਿਊਸ਼ਨ ਕਲਚਰ ਅੱਜ ਵਿੱਦਿਅਕ ਖੇਤਰ ਵਿਚ ਸ਼ਾਇਦ ਇਕ ਫੈਸ਼ਨ ਅਤੇ ਲੋੜ ਬਣ ਚੁੱਕਾ ਹੈ। ਲੋੜ ਅਨੁਸਾਰ ਇਸ ਦਾ ਵੀ ਲਾਭ ਲਿਆ ਜਾ ਸਕਦਾ ਹੈ।

☛ ਅਨੁਸ਼ਾਸਨ ਨੂੰ ਜੀਵਨ ਦਾ ਅੰਗ ਬਣਾਉਂਦੇ ਹੋਏ ਜਮਾਤ ਦੇ ਉਨ੍ਹਾਂ ਸਾਰੇ ਨਿਯਮਾਂ ਦਾ ਪਾਲਣ ਕਰੋ, ਜੋ ਸਕੂਲ ਅਥਾਰਟੀ ਨੇ ਨਿਸਚਤ ਕੀਤੇ ਹਨ। ਆਪਣੇ ਸਹਿਪਾਠੀਆਂ ਨਾਲ ਸਹਿਯੋਗ ਕਰਦੇ ਹੋਏ ਸਕੂਲ ਵਿਚ ਕੋਈ ਵੀ ਅਜਿਹੀ ਗ਼ਲਤੀ ਨਾ ਕਰੋ, ਜਿਸ ਤੋਂ ਤੁਹਾਨੂੰ ਸਜ਼ਾ ਸੁਣਾਈ ਜਾਵੇ, ਮਾਪਿਆਂ ਨੂੰ ਉਲਾਹਮਾ ਸੁਣਨਾ ਪਵੇ। ਇਸ ਲਈ ਨਵੀਂ ਜਮਾਤ ਵਿਚ ਪ੍ਰਵੇਸ਼ ਕਰਕੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਕਿਹਾ ਮੰਨ ਕੇ ਆਪਣੀ ਸ਼ਖ਼ਸੀਅਤ ਵਿਚ ਇਕ ਆਦਰਸ਼ਕ ਵਿਦਿਆਰਥੀ ਵਾਲੇ ਗੁਣ ਪੈਦਾ ਕਰੋ।

☛ ਆਪਣਾ ਖੇਡਣ ਦਾ ਸਮਾਂ ਵੀ ਨਿਸਚਤ ਕਰੋ। ਆਪਣਾ ਸਕੂਲ ਦਾ ਕੰਮ ਖਤਮ ਕਰਨ ਤੋਂ ਬਾਅਦ ਵਿਦਿਆਰਥੀਆਂ ਨੂੰ ਸਰੀਰਕ ਵਰਜਿਸ਼ ਲਈ ਕੁਝ ਸਮਾਂ ਖੇਡਣਾ ਵੀ ਚਾਹੀਦਾ ਹੈ। ਕੰਪਿਊਟਰ ਗੇਮਾਂ, ਵੀਡੀਓ ਗੇਮਾਂ ਜਾਂ ਟੈਕਨਾਲੋਜੀ ਦੇ ਏਨੇ ਜ਼ਿਆਦਾ ਗੁਲਾਮ ਨਾ ਬਣੋ ਕਿ ਆਪਣੇ ਜ਼ਰੂਰੀ ਕੰਮ ਭੁੱਲ ਜਾਓ। ਹੌਲੀ-ਹੌਲੀ ਉਨ੍ਹਾਂ ਆਦਤਾਂ ਦਾ ਤਿਆਗ ਕਰੋ, ਜੋ ਤੁਹਾਡਾ ਸਮਾਂ ਅਤੇ ਸ਼ਕਤੀ ਵਿਅਰਥ ਕਰਦੇ ਹਨ।

☛ ਮਾਪਿਆਂ ਅਤੇ ਅਧਿਆਪਕਾਂ ਦੇ ਵੀ ਕੁਝ ਫਰਜ਼ ਬਣਦੇ ਹਨ ਕਿ ਉਹ ਨਵੀਆਂ ਜਮਾਤਾਂ ਵਿਚ ਪ੍ਰਵੇਸ਼ ਕੀਤੇ ਵਿਦਿਆਰਥੀਆਂ ਨੂੰ ਯੋਗ ਅਗਵਾਈ ਦਿੰਦੇ ਹੋਏ ਪਿਛਲੇ ਵਰ੍ਹੇ ਦੀਆਂ ਕਮੀਆਂ ਅਤੇ ਅਸਫਲਤਾਵਾਂ ਨੂੰ ਦੂਰ ਕਰਨ ਵਿਚ ਉਨ੍ਹਾਂ ਦੀ ਸਹਾਇਤਾ ਕਰਨ।

☛ ਮਾਪੇ ਘਰੇਲੂ ਮਾਹੌਲ ਇਸ ਪ੍ਰਕਾਰ ਦਾ ਬਣਾਉਣ ਕਿ ਬੱਚਿਆਂ ਨੂੰ ਪੜ੍ਹਨ ਦੀ ਲਗਨ ਲਾਈ ਜਾ ਸਕੇ। ਉਨ੍ਹਾਂ ਦੀਆਂ ਵਿੱਦਿਅਕ ਲੋੜਾਂ ਨੂੰ ਧਿਆਨ ਵਿਚ ਰੱਖ ਕੇ ਉਨ੍ਹਾਂ ਦੀ ਸਹਾਇਤਾ ਕੀਤੀ ਜਾਵੇ। ਅਧਿਆਪਕ ਦੀ ਭੂਮਿਕਾ ਮਾਪਿਆਂ ਤੋਂ ਵਧੇਰੇ ਹੈ। ਇਸ ਲਈ ਸਕੂਲ ਵਿਚ ਅਧਿਆਪਕ ਵਿਦਿਆਰਥੀ ਨਾਲ ਆਪਸੀ ਸਮਝਦਾਰੀ ਅਤੇ ਸਹਿਯੋਗ ਦਾ ਮਾਰਗ ਚੁਣਦੇ ਹੋਏ ਉਨ੍ਹਾਂ ਦੀ ਮਾਨਸਿਕ ਅਵਸਥਾ ਨੂੰ ਸਮਝ ਕੇ ਅਗਵਾਈ ਕਰਨ। ਹਿਟਲਰਸ਼ਾਹੀ ਦਿਖਾ ਕੇ, ਡਰਾ ਧਮਕਾ ਕੇ ਗਿਆਨ ਨਹੀਂ ਵੰਡਿਆ ਜਾ ਸਕਦਾ।

☛ ਨਵੀਆਂ ਜਮਾਤਾਂ ਵਿਚ ਪ੍ਰਵੇਸ਼ ਕੀਤੇ ਵਿਦਿਆਰਥੀਆਂ ਦਾ ਚਾਅ ਅਤੇ ਉਤਸ਼ਾਹ ਵਧਾ ਕੇ ਉਨ੍ਹਾਂ ਦੀ ਲਿਖਾਈ ਤੇ ਹੋਰ ਅਭਿਆਸ ਵੱਲ ਧਿਆਨ ਦਿੱਤਾ ਜਾਵੇ। ਜਮਾਤ ਦਾ ਅਜਿਹਾ ਮਾਹੌਲ ਬਣਾਇਆ ਜਾਵੇ ਕਿ ਹਰ ਵਿਦਿਆਰਥੀ ਦਾ ਮਨ ਕਰੇ ਕਿ ਉਹ ਚਾਈਂ-ਚਾਈਂ ਸਕੂਲ ਜਾਵੇਗਾ। ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਨਾਲ ਹਰ ਵਿਦਿਆਰਥੀ ਗਿਆਨ ਦੀਆਂ ਪੌੜੀਆਂ ਚੜ੍ਹ ਸਕਦਾ ਹੈ। ਲੋੜ ਹੈ ਵਿਦਿਆਰਥੀਆਂ ਦੇ ਕੋਮਲ ਮਨਾਂ ਨੂੰ ਸਮਝ ਕੇ, ਉਨ੍ਹਾਂ ਦੀ ਸਮਰੱਥਾ ਪਛਾਣ ਕੇ ਸਹੀ ਮਾਰਗ ਦਰਸ਼ਨ ਕੀਤਾ ਜਾਵੇ।

# ਕਿਉਂ ਵਧ ਰਹੇ ਹਨ ਕੰਮਕਾਜੀ ਔਰਤਾਂ ’ਤੇ ਅਪਰਾਧ

**ਤੇਜਿੰਦਰ ਸਿੰਘ**




ਅੱਜ ਦਾ ਯੁੱਗ ਮਾਡਰਨ, ਕੰਪਿਊਟਰ, ਇੰਟਰਨੈੱਟ, ਮੋਬਾਈਲ ਤੇ ਹੋਰ ਕਈ ਉਸਾਰੂ ਸਾਧਨਾਂ ਦਾ ਯੁੱਗ ਮੰਨਿਆ ਜਾਂਦਾ ਹੈ। ਕੀ ਸਾਡੀ ਸੋਚ ਵੀ ਉਸਾਰੂ ਹੋਈ ਹੈ? ਨਹੀਂ, ਪਹਿਲਾਂ ਨਾਲੋਂ ਵੀ ਜ਼ਿਆਦਾ ਔਰਤਾਂ ’ਤੇ ਜ਼ੁਲਮਾਂ ਦੀ ਹਨੇਰੀ ਛਾਈ ਹੋਈ ਹੈ। ਭਾਵੇਂ ਕੰਮਕਾਜੀ ਔਰਤਾਂ ਵਿਚ ਆਤਮਵਿਸ਼ਵਾਸ ਹੁੰਦਾ ਹੈ। ਉਹ ਬੋਲਤ ਵੀ ਹੁੰਦੀ ਹੈ ਪਰ ਇਨ੍ਹਾਂ ਜ਼ੁਲਮਾਂ ਦੀ ਖਾਤਰ ਘਰ ਵਿਚ ਬੰਦ ਨਹੀਂ ਹੋ ਸਕਦੀ। ਔਰਤਾਂ ਨੂੰ ਆਪਣੀ ਰੱਖਿਆ ਆਪ ਹੀ ਕਰਨੀ ਪਵੇਗੀ। ਇਸ ਲਈ ਕੁਝ ਜ਼ਰੂਰੀ ਚੁੰਬਕੀ ਸੂਤਰ ਹਨ, ਜੋ ਅਪਨਾ ਕੇ ਔਰਤ ਆਪਣੀ ਰੱਖਿਆ ਆਪ ਹੀ ਕਰ ਸਕਦੀ ਹੈ।

ਸਭ ਤੋਂ ਪਹਿਲਾਂ ਔਰਤ ਨੂੰ ਸ਼ਲੀਨਤਾ ਵਿਚ ਰਹਿਣਾ ਪਵੇਗਾ ਤੇ ਕੱਪੜਿਆਂ ਦੀ ਚੋਣ ਸਮਾਜ ਨੂੰ ਮੁੱਖ ਰੱਖ ਕੇ ਕਰਨੀ ਚਾਹੀਦੀ ਹੈ। ਗਹਿਣੇ ਵੀ ਘੱਟ ਪਹਿਨੇ ਜਾਣ। ਉਨ੍ਹਾਂ ਨੂੰ ਘਰੋਂ ਨਿਕਲਣ ਦੇ ਸਮੇਂ ਕ੍ਰੈਡਿਟ ਕਾਰਡ, ਕੈਸ਼ ਘੱਟ ਤੋਂ ਘੱਟ ਰੱਖਣਾ ਚਾਹੀਦਾ ਹੈ। ਜੇ ਕੋਈ ਪਿੱਛਾ ਕਰਦਾ ਮਹਿਸੂਸ ਹੋਵੇ ਤਾਂ ਰਸਤਾ ਬਦਲ ਲਵੋ। ਰਾਤ ਦੇ ਸਮੇਂ ਆਉਣ-ਜਾਣ ਤੋਂ ਪ੍ਰਹੇਜ਼ ਕੀਤਾ ਜਾਵੇ। ਕੰਮ ਹਮੇਸ਼ਾ ਦਿਨ ਦੇ ਸਮੇਂ ਵਿਚ ਹੀ ਪੂਰਾ ਕੀਤਾ ਜਾਵੇ। ਕਿਸੇ ਵੀ ਮਰਦ ਸਹਿਕਰਮੀ ਉੱਪਰ ਅੰਨ੍ਹਾ ਵਿਸ਼ਵਾਸ ਵੀ ਨਾ ਕੀਤਾ ਜਾਵੇ। ਨਾ ਹੀ ਮਰਦ ਸਹਿਕਰਮੀ ਨਾਲ ਘੁਲ-ਮਿਲ ਕੇ ਗੱਲਾਂ ਕਰੋ। ਕੁਝ ਦੂਰੀ ਬਣਾ ਕੇ ਰੱਖੋ। ਆਪਣੀਆਂ ਘਰੇਲੂ ਗੱਲਾਂ ਜਾਂ ਲੜਾਈ-ਝਗੜੇ ਹਰ ਅੱਗੇ ਨਾ ਖੋਲ੍ਹੋ। ਕੋਈ ਵੀ ਪ੍ਰੇਸ਼ਾਨੀ ਹੋਵੇ ਤਾਂ ਮਨ ਨੂੰ ਸ਼ਾਂਤ ਕਰਨ ਦੀ ਬਜਾਏ ਕੋਈ ਖਾਸ ਸਹੇਲੀ-ਭੈਣ ਨਾਲ ਵਿਚਾਰ-ਵਟਾਂਦਰਾ ਕੀਤਾ ਜਾ ਸਕਦਾ ਹੈ।

ਔਰਤਾਂ ਨੂੰ ਚਾਹੀਦਾ ਹੈ ਕਿ ਦਫਤਰ ਵਿਚ ਬਾਹਰੀ ਲੋਕਾਂ ਨਾਲ ਜ਼ਿਆਦਾ ਜਾਣ-ਪਛਾਣ ਨਾ ਵਧਾਉਣ, ਨਾ ਹੀ ਕਿਸੇ ਅਣਜਾਣੇ ਵਿਅਕਤੀ ਉੱਪਰ ਯਕੀਨ ਕਰਕੇ ਉਸ ਨਾਲ ਬਾਹਰ ਜਾਓ। ਦਫਤਰ ਜਾਂ ਹੋਰ ਕੰਮ ਦੇ ਸਥਾਨ ’ਤੇ ਲਿਫਟ ਵਿਚ ਇਕੱਲੇ ਕਦੇ ਵੀ ਨਾ ਜਾਓ, ਕਿਉਂਕਿ ਛੇੜਛਾੜ ਦੀਆਂ ਘਟਨਾਵਾਂ ਵਾਪਰ ਸਕਦੀਆਂ ਹਨ। ਦਫਤਰ ਵਿਚ ਆਪਣਾ ਵਿਹਾਰ ਅਤੇ ਸਲੀਕਾ ਅਜਿਹਾ ਰੱਖੋ ਕਿ ਕੋਈ ਤੁਹਾਡੇ ’ਤੇ ਉਂਗਲ ਨਾ ਕਰ ਸਕੇ। ਆਪਸੀ ਰੰਜਸ਼ ਵੀ ਕਈ ਵਾਰ ਹਾਦਸਿਆਂ ਦਾ ਕਾਰਨ ਬਣਦੀ ਹੈ। ਇਸ ਲਈ ਕਿਸੇ ਨਾਲ ਐਵੇਂ ਝਗੜਾ ਮੁੱਲ ਨਾ ਲਵੋ। ਕਰਾਟੇ, ਡਿਫੈਂਸ ਦੀ ਸਿਖਲਾਈ ਵੀ ਲਈ ਜਾ ਸਕਦੀ ਹੈ।

ਜਿਥੇ ਔਰਤਾਂ ਕੰਮ ਕਰਦੀਆਂ ਹਨ, ਉਥੋਂ ਦੇ ਪ੍ਰਬੰਧਕ ਵੀ ਔਰਤਾਂ ਨੂੰ ਦੇਰ ਰਾਤ ਤੱਕ ਡਿਊਟੀ ਕਰਨ ਤੋਂ ਬਾਅਦ ਘਰ ਛੱਡਣ ਦਾ ਸੁਰੱਖਿਅਤ ਪ੍ਰਬੰਧ ਕਰਨ ਤੇ ਕਈ ਅਦਾਰੇ ਕਰ ਵੀ ਰਹੇ ਹਨ। ਔਰਤਾਂ ਆਪਣੇ ਸਹਿਕਰਮੀ ਨਾਲ ਹਾਸਾ-ਮਜ਼ਾਕ ਸੀਮਤ ਦਾਇਰੇ ਵਿਚ ਰਹਿ ਕੇ ਹੀ ਕਰਨ। ਕਈ ਵਾਰੀ ਇਨ੍ਹਾਂ ਵਿਚੋਂ ਹੀ ਗ਼ਲਤ ਕਦਮ ਚੁੱਕ ਸਕਦੇ ਹਨ। ਸੋ, ਔਰਤਾਂ-ਲੜਕੀਆਂ ਨੂੰ ਅਜਿਹਾ ਸਮਾਜ ਦੇਈਏ ਜਿਥੇ ਉਹ ਖੁੱਲ੍ਹ ਕੇ ਸਾਹ ਲੈ ਸਕਣ ਤੇ ਬਿਨਾਂ ਡਰ ਤੋਂ ਆਪਣੀ ਡਿਊਟੀ ਦੇ ਸਕਣ। ਆਪਣੇ ਘਰ-ਪਰਿਵਾਰ ਦੀ ਖਾਤਰ ਉਸ ਨੂੰ ਇਹ ਜ਼ੁਲਮ ਨਾ ਸਹਿਣਾ ਪਵੇ। ਸੋ, ਔਰਤਾਂ ਇਨ੍ਹਾਂ ਸੂਤਰਾਂ ਨੂੰ ਅਪਣਾ ਕੇ ਵੀ ਕੁਝ ਮਾੜੇ ਅਨਸਰਾਂ ਦੇ ਜ਼ੁਲਮਾਂ ਤੋਂ ਬਚ ਸਕਦੀਆਂ ਹਨ।

# ਕੀ ਤੁਸੀਂ ਬਾਹਾਂ ਤੋਂ ਬਗੈਰ ਪਹਿਰਾਵਾ ਪਹਿਨਦੇ ਹੋ



ਜੇ ਤੁਹਾਡਾ ਰੰਗ ਕਾਲਾ ਜਾਂ ਜ਼ਿਆਦਾ ਸਾਂਵਲਾ ਹੈ ਤਾਂ ਬਾਹਾਂ ਤੋਂ ਬਗੈਰ ਪਹਿਰਾਵਾ ਕਦੇ ਨਾ ਪਹਿਨੋ। ਇਸ ਨਾਲ ਤੁਹਾਡੀ ਫੂਹੜਤਾ ਦਾ ਪਤਾ ਲੱਗੇਗਾ, ਕਿਉਂਕਿ ਕਾਲੀਆਂ ਬਾਹਾਂ ਤੁਹਾਨੂੰ ਪੂਰਨ ਆਕਰਸ਼ਣਹੀਣ ਬਣਾ ਦੇਣਗੀਆਂ। ਕਈ ਵਾਰ ਦੇਖਿਆ ਜਾਂਦਾ ਹੈ ਕਿ ਰੰਗ ਗੋਰਾ ਹੋਣ ਦੇ ਬਾਵਜੂਦ ਜੇ ਬਾਹਾਂ ਜ਼ਿਆਦਾ ਪਤਲੀਆਂ ਹੋਣ ਤਾਂ ਵੀ ਬਾਹਾਂ ਤੋਂ ਬਗੈਰ ਪਹਿਰਾਵਾ ਤੁਹਾਡੀ ਸ਼ੋਭਾ ਘਟਾਉਂਦਾ ਹੈ। ਇਸ ਦਾ ਮੁੱਖ ਕਾਰਨ ਇਹ ਹੈ ਕਿ ਇਸ ਨਾਲ ਬਾਹਾਂ ਦਾ ਪਤਲਾਪਨ ਜ਼ਿਆਦਾ ਉਜਾਗਰ ਹੋ ਜਾਂਦਾ ਹੈ ਜੋ ਦੇਖਣ ਵਿਚ ਭੱਦਾ ਲਗਦਾ ਹੈ। ਬਾਹਾਂ ਦਾ ਥੁਲਥੁਲਾਪਨ ਵੀ ਬਾਹਾਂ ਤੋਂ ਬਗੈਰ ਪਹਿਰਾਵੇ ਦੀ ਸ਼ੋਭਾ ਨਸ਼ਟ ਕਰਦਾ ਹੈ। ਜੇ ਤੁਹਾਡੀਆਂ ਬਾਹਾਂ ਜ਼ਿਆਦਾ ਮੋਟੀਆਂ ਹਨ ਪਰ ਤੁਹਾਨੂੰ ਬਾਹਾਂ ਤੋਂ ਬਗੈਰ ਕੱਪੜੇ ਪਹਿਨਣ ਦਾ ਸ਼ੌਕ ਹੈ ਤਾਂ ਬਾਹਾਂ ਨੂੰ ਵਿਵਸਥਿਤ ਆਕਾਰ ਦੇਣ ਲਈ ਨਿਯਮਤ ਬਾਹਾਂ ਦੀ ਕਸਰਤ ਕਰੋ। ਇਸ ਨਾਲ ਬਾਹਾਂ ’ਤੇ ਵਾਧੂ ਚਰਬੀ ਖਤਮ ਹੋ ਜਾਵੇਗੀ ਅਤੇ ਤੁਸੀਂ ਆਪਣੇ ਇਸ ਸ਼ੌਕ ਨੂੰ ਪੂਰਾ ਕਰ ਸਕੋਗੇ। ਬਾਹਾਂ ਤੋਂ ਬਗੈਰ ਕੱਪੜੇ ਪਹਿਨਣ ਲਈ ਬਾਹਾਂ ਦੀ ਨਿਯਮਤ ਸਫ਼ਾਈ ਜ਼ਰੂਰੀ ਹੈ। ਵੇਸਣ, ਗੁਲਾਬਜਲ ਅਤੇ ਮਲਾਈ ਨੂੰ ਬਰਾਬਰ ਮਾਤਰਾ ਵਿਚ ਮਿਲਾ ਕੇ ਇਸ ਨਾਲ ਬਾਹਾਂ ਦੀ ਸਫਾਈ ਕਰੋ। ਕੂਹਣੀਆਂ ਦੀ ਸਫਾਈ ਲਈ ਅੱਧਾ ਨਿੰਬੂ ਉਸ ਉੱਤੇ ਰਗੜੋ। ਜੇ ਤੁਸੀਂ ਬਾਹਾਂ ਤੋਂ ਬਗੈਰ ਕੱਪੜੇ ਪਹਿਨ ਕੇ ਧੁੱਪ ਵਾਲੀ ਜਗ੍ਹਾ ਜਾ ਰਹੇ ਹੋ ਤਾਂ ਬਾਹਾਂ ਦੀ ਚਮੜੀ ਨੂੰ ਧੁੱਪ ਨਾਲ ਝੁਲਸਣ ਤੋਂ ਬਚਾਉਣ ਲਈ ਜਾਣ ਤੋਂ ਪਹਿਲਾਂ ਸਨਸਕਰੀਨ ਲੋਸ਼ਨ ਅਤੇ ਟੈਲਕਮ ਪਾਊਡਰ ਦੀ ਵਰਤੋਂ ਜ਼ਰੂਰ ਕਰੋ। ਬਾਹਾਂ ’ਤੇ ਲੋਸ਼ਨ ਦੀ ਵਰਤੋਂ ਵੀ ਬਹੁਤ ਉੱਤਮ ਹੈ। ਹਰ ਸਮੇਂ ਬਾਹਾਂ ਤੋਂ ਬਗੈਰ ਕੱਪੜੇ ਪਹਿਨਣ ਨਾਲ ਬਾਹਾਂ ਦੀ ਚਮੜੀ ’ਤੇ ਮਾੜਾ ਅਸਰ ਪੈਂਦਾ ਹੈ, ਇਸ ਲਈ ਕਦੇ-ਕਦੇ ਹੀ ਬਾਹਾਂ ਤੋਂ ਬਗੈਰ ਪਹਿਰਾਵਾ ਪਹਿਨੋ।

# ਜੇਤੂ ਬਣਨ ਲਈ ਵਕਾਰਮਈ ਢੰਗ ਨਾਲ ਹਾਰਨਾ ਸਿੱਖੋ

**-ਨਵਜੋਤ ਬਜਾਜ ਗੱਗੂ,**
**ਮੋਬਾ: 98721-02614**

**ਆਪਣੇ ਵੱਲੋਂ ਹਰੇਕ ਕੰਮ ਇਮਾਨਦਾਰੀ ਨਾਲ ਕਰੋ। ਤੁਹਾਡੀ ਬੱਲੇਬਾਜ਼ੀ ਔਸਤ ਦਰਜੇ ਦੀ ਕਿਉਂ ਹੈ, ਤੁਹਾਡੀ ਪਾਰਟੀ ਨੇ ਤੁਹਾਨੂੰ ਰੱਦ ਕਿਉਂ ਕਰ ਦਿੱਤਾ ਹੈ, ਇਨ੍ਹਾਂ ਗੱਲਾਂ ਦੀ ਤਹਿ ਤੱਕ ਜਾਣ ਦੀ ਕੋਸ਼ਿਸ਼ ਕਰੋ। ਬੇਸ਼ੱਕ ਅਜਿਹਾ ਲੱਗਦਾ ਹੈ ਕਿ ਹਾਰਨ ਜਾਂ ਕੁਝ ਗਵਾਉਣ ਦੀ ਸਥਿਤੀ ’ਚ ਕਿਸੇ ਤਰ੍ਹਾਂ ਦਾ ਹਾਂ-ਪੱਖੀ ਨਤੀਜਾ ਮਿਲਣਾ ਅਸੰਭਵ ਹੈ, ਤਾਂ ਵੀ ਸ਼ੁਰੂਆਤੀ ਸਦਮੇ ਤੇ ਨਿਰਾਸ਼ਾ ’ਚੋਂ ਬਾਹਰ ਆਉਣ ਤੋਂ ਬਾਅਦ ਕੁਝ ਉਸਾਰੂ ਕਦਮ ਜ਼ਰੂਰ ਚੁੱਕੇ ਜਾ ਸਕਦੇ ਹਨ। ਦੂਜਿਆਂ ਨੂੰ ਇਹ ਪੁੱਛੋ ਕਿ ਤੁਹਾਨੂੰ ਹਾਰ ਦਾ ਸਾਹਮਣਾ ਕਿਉਂ ਕਰਨਾ ਪਿਆ ਜਾਂ ਨੁਕਸਾਨ ਕਿਉਂ ਉਠਾਉਣਾ ਪਿਆ ਅਤੇ ਦੂਜਿਆਂ ਵੱਲੋਂ ਕੀਤੀ ਗਈ ਅਲੋਚਨਾ ਨੂੰ ਖੁੱਲ੍ਹਦਿਲੀ ਨਾਲ ਸਵੀਕਾਰ ਕਰੋ। ਬੇਸ਼ੱਕ ਤੁਹਾਨੂੰ ਅਜਿਹਾ ਕਿਉਂ ਨਾ ਲੱਗੇ ਕਿ ਤੁਹਾਡੀ ਨਾਜਾਇਜ਼ ਆਲੋਚਨਾ ਕੀਤੀ ਜਾ ਰਹੀ ਹੈ।**



ਅੱਜ ਹਰ ਪਾਸੇ ਮੁਕਾਬਲੇਬਾਜ਼ੀ ਤੇ ਦੌੜ ਦਾ ਬੋਲਬਾਲਾ ਹੈ। ਮੁਕਾਬਲਾ ਤੇ ਦੌੜ ਇਕ ਸਿੱਕੇ ਦੇ ਦੋ ਪਹਿਲੂ ਹਨ। ਇਨਸਾਨ ਸਭ ਕੁਝ ਸਹਿਜੇ ਹੀ ਮਿਹਨਤ ਨਾਲ ਪ੍ਰਾਪਤ ਕਰ ਲੈਂਦਾ ਹੈ ਪਰ ਇਨ੍ਹਾਂ ਦੋ ਗੱਲਾਂ ਦਾ ਸਾਥ ਨਹੀਂ ਛੱਡਦਾ। ਕਿਸਮਤ ਹਮੇਸ਼ਾ ਬਹਾਦਰਾਂ ਦਾ ਸਾਥ ਦਿੰਦੀ ਹੈ ਪਰ ਇਨਾਮ ਹਮੇਸ਼ਾ ਜੇਤੂਆਂ ਨੂੰ ਮਿਲਦੇ ਹਨ। ਫਿਰ ਵੀ ਅਫ਼ਸੋਸ ਵਾਲੀ ਤੇ ਵਿਲੱਖਣ ਗੱਲ ਇਹ ਹੈ ਕਿ ਲੋਕਾਂ ਨੂੰ ਮਰਿਆਦਾ ਪੂਰਨ ਢੰਗ ਨਾਲ ਹਾਰਨਾ ਵੀ ਨਹੀਂ ਆਉਂਦਾ। ਆਪਣੇ ਸੋਚਣ ਦੇ ਢੰਗ-ਤਰੀਕੇ ’ਚ ਵੀ ਅਸੀਂ ਜ਼ਿਆਦਾ ਸੁਆਰਥਮੁਕਤ ਬਣ ਜਾਂਦੇ ਹਾਂ। ਵੱਕਾਰਮਈ ਢੰਗ ਨਾਲ ਕੁਝ ਗਵਾਉਣ ਦੀ ਇਹ ਯੋਗਤਾ ਸਾਨੂੰ ਨਾ ਸਿਰਫ ਦਿਲ ਦੇ ਦੌਰੇ ਦੇ ਖ਼ਤਰੇ ਤੋਂ ਬਚਾਉਂਦੀ ਹੈ, ਸਗੋਂ ਸਾਡੀ ਉਦਾਰਤਾ ਤੇ ਖੁਸ਼ੀ ’ਚ ਵੀ ਵਾਧਾ ਕਰਦੀ ਹੈ। ਅਜਿਹਾ ਰਵੱਈਆ ਹਾਰ-ਜਿੱਤ ਦੇ ਸਮੀਕਰਨਾਂ ਨੂੰ ’ਜਿੱਤ ਬਨਾਮ ਜਿੱਤ’ ਦੇ ਸਮੀਕਰਨ ਵਿਚ ਬਦਲ ਦਿੰਦਾ ਹੈ। ਸਾਰੀਆਂ ਪ੍ਰਤੀਯੋਗੀ ਸਥਿਤੀਆਂ ’ਚ ਇਕ ਆਦਮੀ ਨੇ ਤਾਂ ਹਾਰਨਾ ਹੀ ਹੁੰਦਾ ਹੈ। ਅਜਿਹੀ ਹਾਰ ਤੁਹਾਡੇ ਸਵੈ-ਮਾਣ, ਸਵੈ-ਵਿਸ਼ਵਾਸ ਨੂੰ ਠੇਸ ਪਹੁੰਚਾਉਂਦੀ ਹੈ, ਜਿਸ ਨਾਲ ਤੁਸੀਂ ਕਾਫੀ ਨਿਰਾਸ਼ਾ ਤੇ ਕੁੜੱਤਣ ਮਹਿਸੂਸ ਕਰਦੇ ਹੋ। ਪਰ ਜ਼ਿੰਦਗੀ ਦੇ ਕਿਸੇ ਵੀ ਤਜਰਬੇ ਨੂੰ ਹਮੇਸ਼ਾ ਲਈ ਨਾਂਹ-ਪੱਖੀ ਭਾਵਨਾਵਾਂ ਨਾਲ ਲੈ ਕੇ ਵਿਦਾ ਨਹੀਂ ਹੋਣਾ ਚਾਹੀਦਾ। ਹਰੇਕ ਸਥਿਤੀ ’ਚੋਂ ਕੁਝ ਨਾ ਕੁਝ ਸਿੱਖਣ ਦੀ ਕੋਸ਼ਿਸ਼ ਕਰੋ। ਆਪਣੇ ਵੱਲੋਂ ਹਰੇਕ ਕੰਮ ਇਮਾਨਦਾਰੀ ਨਾਲ ਕਰੋ। ਤੁਹਾਡੀ ਬੱਲੇਬਾਜ਼ੀ ਔਸਤ ਦਰਜੇ ਦੀ ਕਿਉਂ ਹੈ, ਤੁਹਾਡੀ ਪਾਰਟੀ ਨੇ ਤੁਹਾਨੂੰ ਰੱਦ ਕਿਉਂ ਕਰ ਦਿੱਤਾ ਹੈ, ਇਨ੍ਹਾਂ ਗੱਲਾਂ ਦੀ ਤਹਿ ਤੱਕ ਜਾਣ ਦੀ ਕੋਸ਼ਿਸ਼ ਕਰੋ। ਬੇਸ਼ੱਕ ਅਜਿਹਾ ਲੱਗਦਾ ਹੈ ਕਿ ਹਾਰਨ ਜਾਂ ਕੁਝ ਗਵਾਉਣ ਦੀ ਸਥਿਤੀ ’ਚ ਕਿਸੇ ਤਰ੍ਹਾਂ ਦਾ ਹਾਂ-ਪੱਖੀ ਨਤੀਜਾ ਮਿਲਣਾ ਅਸੰਭਵ ਹੈ, ਤਾਂ ਵੀ ਸ਼ੁਰੂਆਤੀ ਸਦਮੇ ਤੇ ਨਿਰਾਸ਼ਾ ’ਚੋਂ ਬਾਹਰ ਆਉਣ ਤੋਂ ਬਾਅਦ ਕੁਝ ਉਸਾਰੂ ਕਦਮ ਜ਼ਰੂਰ ਚੁੱਕੇ ਜਾ ਸਕਦੇ ਹਨ। ਦੂਜਿਆਂ ਨੂੰ ਇਹ ਪੁੱਛੋ ਕਿ ਤੁਹਾਨੂੰ ਹਾਰ ਦਾ ਸਾਹਮਣਾ ਕਿਉਂ ਕਰਨਾ ਪਿਆ ਜਾਂ ਨੁਕਸਾਨ ਕਿਉਂ ਉਠਾਉਣਾ ਪਿਆ ਅਤੇ ਦੂਜਿਆਂ ਵੱਲੋਂ ਕੀਤੀ ਗਈ ਅਲੋਚਨਾ ਨੂੰ ਖੁੱਲ੍ਹਦਿਲੀ ਨਾਲ ਸਵੀਕਾਰ ਕਰੋ। ਬੇਸ਼ੱਕ ਤੁਹਾਨੂੰ ਅਜਿਹਾ ਕਿਉਂ ਨਾ ਲੱਗੇ ਕਿ ਤੁਹਾਡੀ ਨਾਜਾਇਜ਼ ਆਲੋਚਨਾ ਕੀਤੀ ਜਾ ਰਹੀ ਹੈ। ਆਲੋਚਨਾ ’ਤੇ ਤੁਰੰਤ ਪ੍ਰਤੀਕਿਰਿਆ ਜ਼ਾਹਰ ਨਾ ਕਰੋ, ਕੁਝ ਦੇਰ ਲਈ ਉੱਠ ਕੇ ਚਲੇ ਜਾਓ ਤੇ ਹਰ ਗੱਲ ਬਾਰੇ ਸੋਚੋ। ਬੇਸ਼ੱਕ ਆਲੋਚਨਾ ਤਿੱਖੀ ਜਾਂ ਕੌੜੀ ਕਿਉਂ ਨਾ ਹੋਵੇ, ਤਾਂ ਵੀ ਆਪਣੀਆਂ ਕਮੀਆਂ ’ਤੇ ਕਾਬੂ ਪਾਉਣ ਦਾ ਇਹ ਸਭ ਤੋਂ ਸੌਖਾ ਤਰੀਕਾ ਹੋਵੇਗਾ। ਕਿਸੇ ਵੀ ਹਾਰ ’ਤੇ ਗੁੱਸੇ ’ਚ ਆਉਣਾ, ਪ੍ਰੇਸ਼ਾਨ ਹੋਣਾ ਜਾਂ ਨਿਰਾਸ਼ ਹੋਣਾ ਕੁਦਰਤੀ ਗੱਲਾਂ ਹਨ ਪਰ ਆਪੇ ਤੋਂ ਬਾਹਰ ਹੋ ਕੇ ਹੰਗਾਮਾ ਖੜ੍ਹਾ ਕਰਨਾ ਸੁਭਾਵਿਕ ਪ੍ਰਤੀਕਿਰਿਆ ਨਹੀਂ ਹੁੰਦੀ। ਜੇ ਤੁਸੀਂ ਜੇਤੂ ਬਣਨਾ ਚਾਹੁੰਦੇ ਹੋ ਤਾਂ ਵਿਕਾਰਮਈ ਢੰਗ ਨਾਲ ਹਾਰਨ ਦੀ ਕਲਾ ਨੂੰ ਜ਼ਰੂਰ ਸਿੱਖੋ।

# ਕਿਤੇ ਤੁਸੀਂ ਬਿਮਾਰ ਹੋਣ ’ਤੇ ਆਪਣੇ ਡਾਕਟਰ ਖੁਦ ਤਾਂ ਨਹੀਂ ਬਣ ਜਾਂਦੇ?



1. ਪਿਛਲੇ ਕਈ ਦਿਨਾਂ ਤੋਂ ਤੁਹਾਨੂੰ ਖੰਘ ਹੈ ਅਤੇ ਤੁਹਾਡਾ ਪਤੀ ਡਾਕਟਰ ਕੋਲ ਜਾਣ ਲਈ ਕਹਿੰਦਾ ਹੈ, ਤਾਂ ਤੁਹਾਡਾ ਜਵਾਬ ਹੁੰਦਾ ਹੈ-(ਕ) ਮੌਸਮ ਦੀ ਵਜ੍ਹਾ ਨਾਲ ਹੈ, ਮੌਸਮ ਸਹੀ ਹੋਣ ’ਤੇ ਖੰਘ ਆਪਣੇ-ਆਪ ਠੀਕ ਹੋ ਜਾਵੇਗੀ। (ਖ) ਮੇਰੇ ਕੋਲ ਡਾਕਟਰ ਕੋਲ ਜਾਣ ਲਈ ਭਲਾ ਸਮਾਂ ਕਿਥੇ ਹੈ? ਦਿਨ ਭਰ ਘਰ ਦੀਆਂ ਜ਼ਿੰਮੇਵਾਰੀਆਂ ਤੋਂ ਹੀ ਫੁਰਸਤ ਨਹੀਂ ਮਿਲਦੀ। (ਗ) ’ਜ਼ਿਆਦਾ ਦਿਨ ਤੱਕ ਖੰਘ ਰਹਿਣੀ ਠੀਕ ਨਹੀਂ’ ਕਹਿ ਕੇ ਡਾਕਟਰ ਦੇ ਕੋਲ ਚਲੀ ਜਾਂਦੀ ਹੋ।

2. ਬਿਮਾਰ ਹੋਣ ’ਤੇ ਤੁਸੀਂ ਡਾਕਟਰ ਦੇ ਕੋਲ ਜਾਂਦੇ ਹੋ, ਡਾਕਟਰ ਤੁਹਾਨੂੰ ਦਵਾਈ ਦਿੰਦਾ ਹੈ ਅਤੇ ਤੁਸੀਂ-(ਕ) ਡਾਕਟਰ ਦੇ ਕਹੇ ਅਨੁਸਾਰ ਸਮੇਂ ਸਿਰ ਦਵਾਈ ਲੈਂਦੇ ਹੋ। (ਖ) ਇਕ ਖੁਰਾਕ ਲੈਣ ਤੋਂ ਬਾਅਦ ਹੀ ਤੁਹਾਨੂੰ ਲਗਦਾ ਹੈ ਕਿ ਤੁਸੀਂ ਠੀਕ ਹੋ ਗਏ ਹੋ ਅਤੇ ਦਵਾਈ ਲੈਣੀ ਬੰਦ ਕਰ ਦਿੰਦੇ ਹੋ। (ਗ) ਡਾਕਟਰ ਦੇ ਕੋਲ ਤਾਂ ਜਾਂਦੀ ਹੋ, ਦਵਾਈ ਵੀ ਲਿਆਉਂਦੀ ਹੋ ਪਰ ਤੁਹਾਨੂੰ ਫਿਰ ਵੀ ਲਗਦਾ ਹੈ ਕਿ ਦਵਾਈ ਲੈਣੀ ਹੀ ਨਾ ਪਵੇ ਅਤੇ ਤੁਸੀਂ ਨਹੀਂ ਲੈਂਦੇ।

3. ਪਿਛਲੇ ਦੋ ਘੰਟਿਆਂ ਤੋਂ ਤੁਸੀਂ ਸਿਰਦਰਦ ਤੋਂ ਪ੍ਰੇਸ਼ਾਨ ਹੋ। ਅਜਿਹੇ ਵਿਚ ਤੁਸੀਂ- (ਕ) ਡਾਕਟਰ ਦੇ ਕੋਲ ਜਾਂਦੇ ਹੋ। (ਖ) ਆਪਣੇ ਕਿਸੇ ਵਾਕਿਫ ਦੇ ਕਹਿਣ ’ਤੇ ਉਸ ਦੀ ਦੱਸੀ ਦਵਾਈ ਲੈ ਲੈਂਦੇ ਹੋ। (ਗ) ਇੰਟਰਨੈੱਟ ਖੋਲ੍ਹ ਕੇ ਸਿਰਦਰਦ ਦੀ ਕਿਸੇ ਦਵਾਈ ਦਾ ਨਾਂਅ ਲਿਖ ਕੇ ਉਸ ਨੂੰ ਲੈ ਕੇ ਖਾ ਲੈਂਦੇ ਹੋ।

(4) ਪਿਛਲੇ ਤਿੰਨ ਦਿਨ ਤੋਂ ਬੱਚੇ ਨੂੰ ਤੇਜ਼ ਬੁਖਾਰ ਹੈ, ਅਜਿਹੇ ਵਿਚ ਤੁਸੀਂ ਸੋਚਦੇ ਹੋ- (ਕ) ਵਾਇਰਲ ਹੋਵੇਗਾ, ਡਾਕਟਰ ਦੇ ਕੋਲ ਕੀ ਜਾਣਾ। (ਖ) ਸਾਰੇ ਬੁਖਾਰ ਇਕੋ ਜਿਹੇ ਹੀ ਹੁੰਦੇ ਹਨ, ਕੋਈ ਵੀ ਐਂਟੀਬਾਇਟਿਕ ਦਿੱਤੀ ਜਾ ਸਕਦੀ ਹੈ। (ਗ) ਬੁਖਾਰ ਵਿਚ ਭਲਾ ਡਾਕਟਰ ਕੋਲ ਜਾਣ ਦੀ ਕੀ ਲੋੜ, ਠੰਢੇ ਪਾਣੀ ਦੀਆਂ ਪੱਟੀਆਂ ਨਾਲ ਠੀਕ ਹੋ ਜਾਵੇਗਾ।

5. ਤੁਹਾਨੂੰ ਉੱਚ ਖੂਨ ਦਬਾਅ ਦੀ ਸ਼ਿਕਾਇਤ ਹੈ, ਤੁਹਾਡੀ ਨਿਯਮਤ ਦਵਾਈ ਚਲਦੀ ਹੈ, ਅਜਿਹੇ ਵਿਚ ਤੁਸੀਂ- (ਕ) ਡਾਕਟਰ ਦੀ ਸਲਾਹ ਤੋਂ ਬਿਨਾਂ ਦਵਾਈ ਨਹੀਂ ਲੈਂਦੇ। (ਖ) ਦੋ ਮਹੀਨੇ ਦਾ ਕੋਰਸ ਸੀ ਪਰ ’ਦਵਾਈ ਬਚੀ ਹੈ’ ਸੋਚ ਕੇ ਉਸ ਨੂੰ ਅੱਗੇ ਵੀ ਖਾਂਦੇ ਰਹਿੰਦੇ ਹੋ। (ਗ) ਜਦੋਂ ਯਾਦ ਆਇਆ, ਦਵਾਈ ਖਾ ਲੈਂਦੇ ਹੋ, ਡਾਕਟਰ ਤੋਂ ਪੁੱਛੇ ਬਿਨਾਂ ਖਾਣੀ ਬੰਦ ਕਰ ਦਿੰਦੇ ਹੋ।

ਨਤੀਜਾ : ਤੁਸੀਂ ਆਪਣਾ ਇਲਾਜ ਖੁਦ ਹੀ ਤਾਂ ਨਹੀਂ ਕਰਦੇ। ਆਓ, ਹਾਸਲ ਨੰਬਰਾਂ ਰਾਹੀਂ ਅਸੀਂ ਤੁਹਾਨੂੰ ਦੱਸ ਦਿੰਦੇ ਹਾਂ।

(ਕ) ਜੇਕਰ ਤੁਸੀਂ 20 ਜਾਂ ਇਸ ਤੋਂ ਜ਼ਿਆਦਾ ਅੰਕ ਹਾਸਲ ਕੀਤੇ ਹਨ ਤਾਂ ਮੰਨ ਲਓ ਕਿ ਤੁਸੀਂ ਆਪਣੀ ਬਿਮਾਰੀ ਦੇ ਪ੍ਰਤੀ ਗੰਭੀਰ ਰਹਿੰਦੇ ਹੋ। ਤੁਸੀਂ ਇਸ ਗੱਲ ਨੂੰ ਚੰਗੀ ਤਰ੍ਹਾਂ ਜਾਣਦੇ ਅਤੇ ਸਮਝਦੇ ਹੋ ਕਿ ਬਿਮਾਰ ਹੋਣ ’ਤੇ ਡਾਕਟਰ ਦੀ ਸਲਾਹ ਲਏ ਬਿਨਾਂ ਖੁਦ ਇਲਾਜ ਕਰਨਾ ਕਿਸੇ ਵੀ ਪੱਖੋਂ ਸਹੀ ਨਹੀਂ ਹੈ।

(ਖ) ਜੇਕਰ ਤੁਹਾਡੇ ਪ੍ਰਾਪਤ ਅੰਕ 10 ਤੋਂ ਜ਼ਿਆਦਾ ਅਤੇ 15 ਤੋਂ ਘੱਟ ਹਨ ਤਾਂ ਤੁਸੀਂ ਆਪਣੀ ਸਰੀਰਕ ਤੰਦਰੁਸਤੀ ਨੂੰ ਲੈ ਕੇ ਓਨੇ ਗੰਭੀਰ ਨਹੀਂ ਹੋ, ਜਿੰਨਾ ਹੋਣਾ ਚਾਹੀਦਾ ਹੈ। ਇਸ ਲਈ ਤੁਹਾਨੂੰ ਹੋਰ ਸਮਝਦਾਰੀ ਤੋਂ ਕੰਮ ਲੈਣਾ ਪਵੇਗਾ ਅਤੇ ਇਹ ਸਮਝਣਾ ਪਵੇਗਾ ਕਿ ਸਿਹਤ ਪ੍ਰਤੀ ਛੋਟੀ ਜਿਹੀ ਵੀ ਲਾਪ੍ਰਵਾਹੀ ਜਾਂ ਅਣਦੇਖੀ ਦਾ ਬੁਰਾ ਨਤੀਜਾ ਹੋ ਸਕਦਾ ਹੈ। (ਗ) ਜੇਕਰ ਤੁਹਾਡੇ ਪ੍ਰਾਪਤ ਅੰਕ 10 ਤੋਂ ਘੱਟ ਹਨ ਤਾਂ ਸਮਝ ਲਓ ਕਿ ਤੁਸੀਂ ਸਮੇਂ ਦੀ ਕਮੀ ਕਰਕੇ ਜਾਂ ਇਲਾਜ ’ਤੇ ਹੋਣ ਵਾਲੇ ਖਰਚ ਨੂੰ ਬਚਾਉਣ ਦੇ ਚੱਕਰ ਵਿਚ ਆਪਣਾ ਇਲਾਜ ਖੁਦ ਕਰਦੇ ਹੋ, ਜਿਸ ਦੇ ਤੁਹਾਨੂੰ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ। ਇਸ ਲਈ ਆਪਣੇ ਡਾਕਟਰ ਖੁਦ ਬਣਨ ਦੀ ਬਜਾਏ ਬਿਮਾਰੀ ਦੀ ਹਾਲਤ ਵਿਚ ਡਾਕਟਰ ਤੋਂ ਸਲਾਹ ਲਏ ਬਿਨਾਂ ਨਾ ਤਾਂ ਕੋਈ ਦਵਾਈ ਲਓ ਅਤੇ ਨਾ ਹੀ ਡਾਕਟਰ ਦੇ ਕੋਲ ਜਾਣ ਤੋਂ ਸੰਕੋਚ ਕਰੋ। **-ਪਿੰਕੀ ਅਰੋੜਾ**

# ਕਿਚਨ ਟਿਪਸ

♣ ਚੌਲ ਉਬਾਲਦੇ ਸਮੇਂ ਨਿੰਬੂ ਦੇ ਰਸ ਦੀਆਂ ਕੁਝ ਬੂੰਦਾਂ ਅਤੇ ਥੋੜ੍ਹਾ ਜਿਹਾ ਸਿਰਕਾ ਪਾ ਦੇਣ ਨਾਲ ਚੌਲ ਜ਼ਿਆਦਾ ਸਫੈਦ ਬਣਦੇ ਹਨ ਅਤੇ ਚੌਲਾਂ ਦੇ ਦਾਣੇ ਵੀ ਜ਼ਿਆਦਾ ਖਿਲਦੇ ਹਨ।

♣ ਡਬਲ ਰੋਟੀ ਬਚ ਜਾਵੇ ਤਾਂ ਇਸ ਨੂੰ ਪੀਸ ਕੇ ਘਿਓ ਵਿਚ ਭੁੰਨ ਲਓ। ਸਬਜ਼ੀ ਬਣਾਉਂਦੇ ਸਮੇਂ ਇਸ ਨੂੰ ਉਸ ਵਿਚ ਪਾ ਦਿਓ। ਤੁਸੀਂ ਚਾਹੋ ਤਾਂ ਇਸ ਦੀ ਸਬਜ਼ੀ ਬਣਾ ਸਕਦੇ ਹੋ। ਇਸ ਤਰ੍ਹਾਂ ਬਣੀ ਸਬਜ਼ੀ ਬਹੁਤ ਸਵਾਦੀ ਹੁੰਦੀ ਹੈ।



♣ ਅਕਸਰ ਇਲਾਇਚੀ ਦੇ ਸਿਰਫ ਦਾਣੇ ਹੀ ਵਰਤੇ ਜਾਂਦੇ ਹਨ ਅਤੇ ਛਿੱਲ ਸੁੱਟ ਦਿੱਤੀ ਜਾਂਦੀ ਹੈ। ਇਸ ਲਈ ਛੋਟੀ ਜਾਂ ਵੱਡੀ ਇਲਾਇਚੀ ਦੀਆਂ ਛਿੱਲਾਂ ਨੂੰ ਸੁੱਟਣ ਦੀ ਬਜਾਏ ਉਨ੍ਹਾਂ ਨੂੰ ਚਾਹ ਦੀ ਪੱਤੀ ਜਾਂ ਖੰਡ ਵਿਚ ਮਿਲਾਉਂਦੇ ਰਹੋ। ਇਸ ਨਾਲ ਬਣੀ ਚਾਹ ਸਵਾਦੀ ਹੋਵੇਗੀ। ਪਕਵਾਨ ਬਣਾਉਂਦੇ ਸਮੇਂ ਇਸ ਖੰਡ ਦੀ ਵਰਤੋਂ ਕਰੋ ਤਾਂ ਪਕਵਾਨ ਦਾ ਸਵਾਦ ਵੀ ਵਧੇਗਾ।

♣ ਜੇ ਤੁਸੀਂ ਸਿਰਫ ਦੋ ਜਾਂ ਤਿੰਨ ਟਮਾਟਰ ਛਿੱਲਣੇ ਹੋਣ ਅਤੇ ਤੁਸੀਂ ਪਾਣੀ ਉਬਾਲਣ ਤੋਂ ਬਚਣਾ ਚਾਹੁੰਦੇ ਹੋ ਤਾਂ ਖਾਣੇ ਲਈ ਵਰਤੋਂ ਵਿਚ ਆਉਣ ਵਾਲੇ ਕੰਡਿਆਂ ਨੂੰ ਟਮਾਟਰ ਵਿਚ ਖੋਭ ਕੇ ਚੁੱਲ੍ਹੇ ਦੀ ਅੱਗ ਦਿਖਾਓ। ਟਮਾਟਰ ਦਾ ਛਿਲਕਾ ਅਸਾਨੀ ਨਾਲ ਉਤਰ ਜਾਵੇਗਾ।

♣ ਕਾਬਲੀ ਛੋਲੇ ਛੇਤੀ ਪਕਾਉਣ ਲਈ ਉਨ੍ਹਾਂ ਵਿਚ ਮਿੱਠਾ ਸੋਡਾ ਪਾ ਕੇ ਪਕਾਇਆ ਜਾਂਦਾ ਹੈ ਪਰ ਅਜਿਹਾ ਕਰਨ ਨਾਲ ਛੋਲਿਆਂ ਦਾ ਰੰਗ ਨਹੀਂ ਆ ਪਾਉਂਦਾ। ਜੇ ਉਪਰੋਕਤ ਪਕਾਏ ਛੋਲਿਆਂ ਵਿਚ ਦੋ ਚਮਚ ਚਾਹ ਦਾ ਪਾਣੀ ਇਕ ਕਿਲੋ ਛੋਲਿਆਂ ਦੇ ਹਿਸਾਬ ਨਾਲ ਪਾ ਦਿੱਤਾ ਜਾਵੇ ਤਾਂ ਇਸ ਨਾਲ ਛੋਲਿਆਂ ਦਾ ਕੁਦਰਤੀ ਰੂਪ ਅਤੇ ਰੰਗ ਬਰਕਰਾਰ ਰਹਿੰਦਾ ਹੈ।

♣ ਖੰਡ ਦੀ ਚਾਸ਼ਨੀ ਬਣਾਉਣ ਜਾ ਰਹੇ ਹੋ? ਅਜਿਹਾ ਕਰੋ, ਚਾਸ਼ਨੀ ਬਣਾਉਣ ਤੋਂ ਪਹਿਲਾਂ ਕੜਾਹੀ ਵਿਚ ਅੰਦਰ ਚਾਰੇ ਪਾਸੇ ਥੋੜ੍ਹਾ ਜਿਹਾ ਮੱਖਣ ਲਗਾ ਦਿਓ। ਇਸ ਨਾਲ ਚਾਸ਼ਨੀ ਚੰਗੀ ਬਣੇਗੀ।

# ਯੂ-ਟਿਊਬ ਦੀ ਸਟਾਰ ਹੈ 106 ਸਾਲਾ ਮਸਤਨੰਮਾ



60 ਸਾਲ ਦੀ ਉਮਰ ਹੁੰਦੇ ਹੀ ਅਕਸਰ ਲੋਕਾਂ ਨੂੰ ਕਹਿੰਦੇ ਸੁਣਿਆ ਹੋਵੇਗਾ ਕਿ ਬਜ਼ੁਰਗ ਹੋ ਗਏ ਹਾਂ। ਜੇਕਰ ਤੁਸੀਂ ਉਹਨਾਂ ਨੂੰ ਕੋਈ ਤਕਨੀਕ ਸਿੱਖਣ ਲਈ ਕਹੋ ਤਾਂ ਕਹਿੰਦੇ ਹਨ ਹੁਣ ਉਹਨਾਂ ਨੂੰ ਇਹ ਸਭ ਸਿੱਖਣ ਦੀ ਕੀ ਲੋੜ ਹੈ। ਅਜਿਹੇ ਲੋਕਾਂ ਦੇ ਸਾਹਮਣੇ ਆਂਧਰਾ ਪ੍ਰਦੇਸ਼ ਦੀ 106 ਸਾਲ ਦੀ ਬਜ਼ੁਰਗ ਔਰਤ ਮਿਸਾਲ ਪੇਸ਼ ਕਰ ਰਹੀ ਹੈ। ਮਸਤਨੰਮਾ ਨਾਂ ਦੀ ਇਹ ਬਜ਼ੁਰਗ ਇਸ ਉਮਰ ਵਿਚ ਯੂ-ਟਿਊਬ ’ਤੇ ਵੀਡੀਓ ਅਪਲੋਡ ਕਰਕੇ ਦੁਨੀਆਂ ਵਿਚ ਪ੍ਰਸਿੱਧ ਹੋ ਗਈ ਹੈ। ਅੰਮਾ ਰਵਾਇਤੀ ਤਰੀਕੇ ਨਾਲ ਬੇਹੱਦ ਸਵਾਦੀ ਖਾਣਾ ਪਕਾਉਂਦੀ ਹੈ। ਉਹ ਖਾਣਾ ਪਕਾਉਣ ਦੇ ਤਰੀਕਿਆਂ ਨੂੰ ਯੂ-ਟਿਊਬ ਤੇ ਅਪਲੋਡ ਕਰਕੇ ਦੁਨੀਆਂ ਦੇ ਸਾਹਮਣੇ ਆਪਣੀ ਕਲਾ ਨੂੰ ਪਹੁੰਚਾ ਰਹੀ ਹੈ। ਇਸ ਬਜ਼ੁਰਗ ਔਰਤ ਦੀ ਪ੍ਰਸਿੱਧੀ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਯੂ-ਟਿਊਬ ’ਤੇ ਉਹ ਕੰਟਰੀ ਫ੍ਰਾਈਡਸ ਨਾਂ ਦਾ ਪੇਜ ਬਣਾ ਰਹੀ ਹੈ। ਇਸ ਪੇਜ ਨੂੰ ਢਾਈ ਲੱਖ ਤੋਂ ਜ਼ਿਆਦਾ ਲੋਕ ਸਬਸਕ੍ਰਾਈਬ ਕਰ ਚੁੱਕੇ ਹਨ। ਆਂਧਰਾ ਪ੍ਰਦੇਸ਼ ਦੀ ਰਹਿਣ ਵਾਲੀ ਮਸਤਨਾਮਾ ਯੂ. ਟਿਊਬ ਦੀ ਸਭ ਤੋਂ ਵਡੇਰੀ ਉਮਰ ਦੀ ਯੂ-ਟਿਊਬਰ ਬਣ ਚੁੱਕੀ ਹੈ। ਇਹਨਾਂ ਦੇ ਚੈਨਲ ਨੂੰ ਇਹਨਾਂ ਦਾ ਪੋਤਾ ਕੇ. ਲਕਸ਼ਮਣ ਹੈਂਡਲ ਕਰਦਾ ਹੈ।

ਅੰਮਾ ਬਿਲਕੁਲ ਦੇਸੀ ਅੰਦਾਜ਼ ਵਿਚ ਖਾਣਾ ਪਕਾਉਂਦੀ ਹੈ। ਉਹ ਵੈਜ ਤੋਂ ਇਲਾਵਾ ਨੌਨਵੈਜ ਵੀ ਪਕਾਉਂਦੀ ਹੈ। ਉਹ ਜਿਸ ਸਲੀਕੇ ਨਾਲ ਖਾਣਾ ਪਕਾਉਂਦੀ ਹੈ, ਉਸਨੂੰ ਦੇਖਣ ਵਿਚ ਹੀ ਮਜ਼ਾ ਆ ਜਾਂਦਾ ਹੈ। ਉਦਾਹਰਣ ਵਜੋਂ ਜਦੋਂ ਤੁਸੀਂ ਇਸ ਖਾਣੇ ਨੂੰ ਪਕਾਉਂਦੇ ਹੋਏ ਦੇਖੋਗੇ ਤਾਂ ਪਾਓਗੇ ਕਿ ਉਸਨੂੰ ਪਤਾ ਹੈ ਕਿ ਕਦੋਂ ਕਿੰਨਾ ਮਸਾਲਾ ਦੇਣਾ ਹੈ, ਕਦੋਂ ਨਮਕ ਪਾਉਣਾ ਹੈ, ਕਿੰਨੀ ਆਂਚ ਰੱਖਣੀ ਹੈ ਆਦਿ। ਇਸ ਉਮਰ ਵਿਚ ਉਹ ਮੱਛੀ, ਚਿਕਨ ਆਦਿ ਸਾਰੀਆਂ ਚੀਜ਼ਾਂ ਖੁਦ ਦੀਆਂ ਤਿਆਰ ਕਰਦੀ ਹੈ। ਉਹ ਅੰਡੇ ਦਾ ਵੀ ਕੋਈ ਵਿਅੰਜਨ ਪਕਾਉਂਦੀ ਹੈ। ਉਹਨਾਂ ਦਾ ਪਕਾਉਣ ਦਾ ਤਰੀਕਾ ਅਤੇ ਬੇਹੱਦ ਘੱਟ ਮਸਾਲਿਆਂ ਵਿਚ ਖਾਣੇ ਵਿਚ ਸਵਾਦ ਲਿਆਉਣਾ ਸਾਰਿਆਂ ਨੂੰ ਪਸੰਦ ਆ ਰਿਹਾ ਹੈ। ਮਸਤਨੰਮਾ ਅਤੇ ਉਹਨਾਂ ਦੇ ਪੋਤੇ ਦੀ ਇਸ ਕੋਸ਼ਿਸ਼ ਕਾਰਨ ਭਾਰਤੀ ਦਿਹਾਤੀ ਵਿਅੰਜਨ ਦੀ ਪਹੁੰਚ ਦੁਨੀਆਂ ਭਰ ਵਿਚ ਹੋ ਰਹੀ ਹੈ।

*ਬਾਸਮਤੀ ਦੀ ਗੁਣਵੱਤਾ ਕਾਇਮ ਰੱਖਣ ਲਈ ਇਸ ਦੀ ਸਹੀ ਸਮੇਂ ਤੇ ਲੁਆਈ ਬੇਹੱਦ ਜ਼ਰੂਰੀ ਹੈ। ਜੁਲਾਈ ਦੇ ਦੂਜੇ ਪੰਦਰਵਾੜੇ ਵਿਚ ਲਗਾਈ ਗਈ ਫ਼ਸਲ ਅਕਤੂਬਰ ਦੇ ਦੂਜੇ ਪੰਦਰਵਾੜੇ ਵਿਚ ਤਿਆਰ ਹੋ ਜਾਂਦੀ ਹੈ...*

# ਪੂਸਾ ਬਾਸਮਤੀ 1509

## ਮਿਆਰੀ ਉਤਪਾਦਨ ਲਈ ਅਗੇਤੀ ਬਿਜਾਈ ਨਾ ਕਰੋ

• ਦਲਜੀਤ ਸਿੰਘ ਬੁੱਟਰ

ਚੌਲਾਂ ਦੀਆਂ ਵੱਖ-ਵੱਖ ਕਿਸਮਾਂ ਵਿਚੋਂ ਬਾਸਮਤੀ ਹਰ ਆਮ ਅਤੇ ਖ਼ਾਸ ਆਦਮੀ ਦੀ ਪਹਿਲੀ ਪਸੰਦ ਵਿਚ ਸ਼ਾਮਲ ਹੈ। ਵਿਸ਼ਵ ਵਿਚ ਇਹ 'ਸਪੈਸ਼ਿਲੀਟੀ ਰਾਈਸ' ਵਜੋਂ ਜਾਣੀ ਜਾਂਦੀ ਹੈ। ਇਸ ਦੀ ਬਾਕੀ ਚੌਲਾਂ ਨਾਲੋਂ ਵੱਖਰੀ ਬਾਸ ਜਾਂ ਖ਼ੁਸ਼ਬੂ ਹੋਣ ਕਾਰਨ ਇਸ ਨੂੰ ਬਾਸਮਤੀ ਆਖਦੇ ਹਨ। ਇਸ ਦੇ ਚੌਲ ਪਤਲੇ, ਮਿਠਾਸ ਭਰੇ, ਮੁਲਾਇਮ ਅਤੇ ਪਕਾਉਣ ਉਪਰੰਤ ਦੁੱਗਣੇ ਤੋਂ ਵੀ ਵੱਧ ਲੰਬੇ ਹੋ ਜਾਣਾ ਵਾਲੇ ਹੁੰਦੇ ਹਨ। ਇਹ ਸਭ ਤੋਂ ਵੱਧ ਬਰਾਮਦ ਕੀਤੀ ਜਾਣ ਵਾਲੀ ਜਿਣਸ ਹੈ। ਪਿਛਲੇ ਸਾਲ ਇਹ ਰਿਕਾਰਡ 40 ਲੱਖ ਟਨ ਐਕਸਪੋਰਟ ਕੀਤੀ ਗਈ, ਜਿਸ ਦੀ ਕੀਮਤ ਲਗਪਗ 21,604.53 ਕਰੋੜ ਰੁਪਏ ਸੀ।

### ਅਗੇਤੀ ਬਿਜਾਈ ਘਾਟੇ ਦਾ ਸੌਦਾ

*ਮਾਹਿਰਾਂ ਵੱਲੋਂ ਕਿਸਾਨਾਂ ਦੇ ਖੇਤਾਂ 'ਚੋਂ ਅਗੇਤੀ ਤੇ ਸਮੇਂ ਸਿਰ ਬੀਜੀ ਗਈ ਪੂਸਾ ਬਾਸਮਤੀ-1509 ਦੇ ਨਮੂਨੇ ਲਏ ਗਏ। ਇਨ੍ਹਾਂ ਦੀ ਕੱਚੇ ਅਤੇ ਸੇਲੇ ਦੇ ਤੌਰ ਛੜਾਈ ਕੀਤੀ ਗਈ। ਨਤੀਜਿਆਂ 'ਚ ਪਾਇਆ ਗਿਆ ਕਿ ਇਸ ਕਿਸਮ ਦੀ ਅਗੇਤੀ ਬਿਜਾਈ ਨਾਲ ਕੁਲ ਅਤੇ ਸਬੂਤੇ ਚੌਲਾਂ ਦੀ ਪ੍ਰਾਪਤੀ ਕੱਚੀ ਛੜਾਈ ਦੌਰਾਨ ਕ੍ਰਮਵਾਰ 3 ਤੇ 11 ਫ਼ੀਸਦੀ ਘਟਦੀ ਹੈ। ਅਗੇਤੀ ਫ਼ਸਲ ਵਿਚ ਚਾਕੀ (ਗੈਰ-ਪਾਰਦਰਸ਼ੀ) ਦਾਣਿਆਂ ਦੀ ਮਾਤਰਾ ਸਮੇਂ ਸਿਰ ਬੀਜੀ ਫ਼ਸਲ ਨਾਲੋਂ 8 ਫ਼ੀਸਦੀ ਜ਼ਿਆਦਾ ਸੀ। ਪਰ ਬੁਆਲਿੰਗ ਤਕਨੀਕ (ਸੇਲੇ) ਨਾਲ ਕੁਲ ਅਤੇ ਸਾਬਤ ਚੌਲਾਂ ਦੀ ਪ੍ਰਾਪਤੀ ਵਿਚ ਕੱਚੇ ਚੌਲਾਂ ਤੋਂ ਕਾਫੀ ਵਾਧਾ ਪਾਇਆ ਗਿਆ। ਪ੍ਰੰਤੂ ਇਸ ਵਿਧੀ ਨਾਲ ਵੀ ਅਗੇਤੀ ਫ਼ਸਲ ਵਿਚ ਕੁਲ ਅਤੇ ਸਾਬਤ ਚੌਲਾਂ ਦੀ ਮਾਤਰਾ 'ਚ ਕ੍ਰਮਵਾਰ 4 ਅਤੇ 14 ਫ਼ੀਸਦੀ ਦਾ ਘਾਟਾ ਪਾਇਆ ਗਿਆ।*

### ਬਾਸਮਤੀ ਨੇ ਦੇਸ਼ ਨੂੰ ਦਿਵਾਈ ਪਛਾਣ

ਬਾਸਮਤੀ ਦੇ ਇਹ ਖ਼ਾਸ ਗੁਣ ਤਦ ਹੀ ਵਿਕਸਿਤ ਹੁੰਦੇ ਹਨ ਜਦੋਂ ਇਸ ਨੂੰ ਸਹੀ ਭੂਗੋਲਿਕ ਸਥਿਤੀ ਵਿਚ ਲਗਾਇਆ ਜਾਵੇ। ਬਾਸਮਤੀ ਦੀ ਕਾਸ਼ਤ ਜ਼ਿਆਦਾਤਰ ਪੰਜਾਬ, ਹਰਿਆਣਾ, ਉਤਰਾਖੰਡ ਤੇ ਪੱਛਮੀ ਉੱਤਰ ਪ੍ਰਦੇਸ਼ ਵਿਚ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਤੇ ਦਿੱਲੀ ਦੇ ਕੁਝ ਹਿੱਸਿਆਂ ਵਿਚ ਵੀ ਇਸ ਦੀ ਕਾਸ਼ਤ ਕੀਤੀ ਜਾਂਦੀ ਹੈ। ਕਾਸ਼ਤ ਵਾਲੇ ਇਨ੍ਹਾਂ ਖੇਤਰਾਂ ਨੂੰ ਵਿਸ਼ਵ ਪੱਧਰ 'ਤੇ ਇਕ ਵੱਖਰੀ ਪਛਾਣ ਲਈ 'ਭੂਗੋਲਿਕ ਇੰਡੀਕੇਟਰ' ਦਾ ਦਰਜਾ ਦਿੱਤਾ ਗਿਆ ਹੈ।

### ਘੱਟ ਸਮੇਂ ਵਿਚ ਪੱਕਣ ਵਾਲੀ ਕਿਸਮ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਮੇਂ-ਸਮੇਂ ਸਿਰ ਬਾਸਮਤੀ ਦੀਆਂ ਨਵੀਆਂ ਤੇ ਸੁਧਰੀਆਂ ਹੋਈਆਂ ਕਿਸਮਾਂ ਦੀ ਸਿਫਾਰਸ਼ ਕੀਤੀ ਗਈ ਹੈ, ਇਸ ਦੇ ਨਾਲ ਹੀ ਇਨ੍ਹਾਂ ਕਿਸਮਾਂ ਤੋਂ ਵਧੀਆ ਝਾੜ ਲੈਣ ਤੇ ਬਾਸਮਤੀ ਦੀ ਗੁਣਵੱਤਾ ਬਰਕਰਾਰ ਰੱਖਣ ਲਈ ਸੁਚੱਜੀਆਂ ਉਤਪਾਦਨ ਤਕਨੀਕਾਂ ਦੀ ਵੀ ਸਿਫਾਰਸ਼ ਕੀਤੀ ਜਾਂਦੀ ਰਹੀ ਹੈ। ਜ਼ਮੀਨਦੋਜ਼ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਯੂਨੀਵਰਸਿਟੀ ਵੱਲੋਂ ਘੱਟ ਸਮੇ ਵਿਚ ਵਾਧੂ ਝਾੜ ਵਾਲੀਆਂ ਕਿਸਮਾਂ ਵਿਕਸਿਤ ਕੀਤੇ ਜਾਣ ਨੂੰ ਪਹਿਲ ਦਿੱਤੀ ਜਾ ਰਹੀ ਹੈ। ਇਸੇ ਲੜੀ ਤਹਿਤ ਸਾਲ 2013 ਦੌਰਾਨ ਬਾਸਮਤੀ ਦੀ ਨਵੀਂ ਕਿਸਮ 'ਪੂਸਾ ਬਾਸਮਤੀ-1509' ਦੀ ਸਿਫਾਰਸ਼ ਕੀਤੀ ਗਈ, ਜੋ ਸਿਰਫ਼ 120 ਦਿਨ ਵਿਚ ਪੱਕ ਕੇ ਤਿਆਰ ਹੋ ਜਾਂਦੀ ਹੈ।

### ਜੁਲਾਈ ਦੇ ਦੂਜੇ ਪੰਦਰਵਾੜੇ 'ਚ ਕਰੋ ਬਿਜਾਈ

ਵਧੀਆ ਝਾੜ ਤੇ ਉੱਤਮ ਕਿਸਮ ਦੀ ਪੈਦਾਵਾਰ ਲਈ ਪੂਸਾ ਬਾਸਮਤੀ-1509 ਦੀ ਜੂਨ ਦੇ ਦੂਜੇ ਪੰਦਰਵਾੜੇ 'ਚ ਬੀਜੀ ਗਈ ਪਨੀਰੀ ਨੂੰ 25 ਦਿਨ ਦੀ ਹੋਣ 'ਤੇ ਜੁਲਾਈ ਦੇ ਦੂਜੇ ਪੰਦਰਵਾੜੇ ਦੌਰਾਨ ਖੇਤ ਵਿਚ ਲਗਾਉਣਾ ਚਾਹੀਦਾ ਹੈ। ਇਸ ਨਾਲ ਬੂਟੇ ਦਾ ਫੁਟਾਰਾ ਠੀਕ ਹੋਵੇਗਾ ਤੇ ਝਾੜ ਵੀ ਵਧੇਗਾ। ਬਾਸਮਤੀ ਦੇ ਉੱਤਮ ਗੁਣ ਤਦ ਹੀ ਪ੍ਰਾਪਤ ਕੀਤੇ ਜਾ ਸਕਦੇ ਹਨ ਜਦੋਂ ਦਾਣੇ ਭਰਨ ਸਮੇਂ ਸਵੇਰ ਅਤੇ ਸ਼ਾਮ ਦਾ ਤਾਪਮਾਨ ਠੰਡਾ ਤੇ ਦਿਨ ਦਾ ਤਾਪਮਾਨ ਜ਼ਿਆਦਾ ਹੋਵੇ। ਬਾਸਮਤੀ ਦੀਆਂ ਪੁਰਾਣੀਆਂ ਕਿਸਮਾਂ, ਜਿਵੇਂ ਬਾਸਮਤੀ-370 ਅਤੇ ਬਾਸਮਤੀ-386 ਸੂਰਜ ਦੀ ਰੋਸ਼ਨੀ ਪ੍ਰਤੀ ਸੰਵੇਦਨਸ਼ੀਲ ਕਿਸਮਾਂ ਸਨ ਤੇ ਇਹ ਸਤੰਬਰ ਦੇ ਅਖ਼ੀਰ ਜਾਂ ਅਕਤੂਬਰ ਦੇ ਸ਼ੁਰੂ 'ਚ ਪੱਕਦੀਆਂ ਸਨ ਪ੍ਰੰਤੂ ਪੂਸਾ ਬਾਸਮਤੀ-1509 ਰੋਸ਼ਨੀ ਪ੍ਰਤੀ ਅਸੰਵੇਦਨਸ਼ੀਲ ਹੈ। ਇਹ ਲਗਾਉਣ ਤੋਂ 120 ਦਿਨਾਂ ਵਿਚ ਪੱਕ ਜਾਂਦੀ ਹੈ। ਇਸ ਲਈ ਬਾਸਮਤੀ ਦੀ ਗੁਣਵੱਤਾ ਕਾਇਮ ਰੱਖਣ ਲਈ ਇਸ ਦੀ ਸਹੀ ਸਮੇਂ ਤੇ ਲੁਆਈ ਬੇਹੱਦ ਜ਼ਰੂਰੀ ਹੈ। ਜੁਲਾਈ ਦੇ ਦੂਜੇ ਪੰਦਰਵਾੜੇ ਵਿਚ ਲਗਾਈ ਗਈ ਫ਼ਸਲ ਅਕਤੂਬਰ ਦੇ ਦੂਜੇ ਪੰਦਰਵਾੜੇ ਵਿਚ ਪੱਕਦੀ ਹੈ। ਉਦੋਂ ਬਾਸਮਤੀ ਦੇ ਉੱਤਮ ਗੁਣ-ਮਹਿਕ, ਪਾਰਦਰਸ਼ੀ ਦਾਣਿਆਂ ਤੇ ਸਾਬਤ ਚੌਲਾਂ ਦੀ ਵੱਧ ਪ੍ਰਾਪਤੀ ਲਈ ਵਾਤਾਵਰਨ ਬਿਲਕੁਲ ਅਨੁਕੂਲ ਹੁੰਦਾ ਹੈ।



*ਫ਼ਸਲ ਉੱਪਰ ਹਮਲਾ ਕਰਨ ਵਾਲੇ ਕੀੜੇ ਉਤਪਾਦਨ 'ਚ ਗਿਰਾਵਟ ਦਾ ਵੱਡਾ ਕਾਰਨ ਬਣਦੇ ਹਨ। ਇਨ੍ਹਾਂ ਵਿੱਚੋਂ ਕੁਝ ਕੀੜੇ ਬੂਟਿਆਂ ਦਾ ਹਰਾ ਮਾਦਾ ਖਾਂਦੇ ਹਨ, ਕੁਝ ਪੱਤਿਆਂ 'ਚੋਂ ਰਸ ਚੂਸਦੇ ਹਨ ਅਤੇ ਕੁਝ ਕੀੜੇ ਸਿੱਧੇ ਤੌਰ 'ਤੇ ਤਣੇ ਅਤੇ ਸਿੱਟਿਆਂ ਉੱਪਰ ਹਮਲਾ ਕਰ ਕੇ ਉਤਪਾਦਨ 'ਚ ਗਿਰਾਵਟ ਲਿਆਉਂਦੇ ਹਨ। ਇਨ੍ਹਾਂ ਕੀੜਿਆਂ ਦੀ ਵਾਹਕ, ਮਕੈਨੀਕਲ ਅਤੇ ਰਸਾਇਣਕ ਢੰਗਾਂ ਤੋਂ ਇਲਾਵਾ ਮਿੱਤਰ ਕੀਟਾਂ ਜ਼ਰੀਏ ਰੋਕਥਾਮ ਕੀਤੀ ਜਾ ਸਕਦੀ ਹੈ...*



# ਝੋਨਾ

## ਕੀੜਿਆਂ ਦਾ ਹੱਲਾ ਝਾੜ ਲਈ ਖ਼ਤਰਨਾਕ

• ਹਰਪਾਲ ਸਿੰਘ ਰੰਧਾਵਾ
ਸਰਬਜੀਤ ਸਿੰਘ ਔਲਖ

ਝੋਨਾ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਹੈ। ਪੰਜਾਬ ਵਿਚ ਝੋਨੇ ਦਾ ਔਸਤ ਝਾੜ 23.84 ਕੁਇੰਟਲ ਪ੍ਰਤੀ ਏਕੜ ਹੈ, ਜੋ ਆਸ ਤੋਂ ਬਹੁਤ ਘੱਟ ਹੈ। ਝਾੜ ਘੱਟ ਹੋਣ ਦੇ ਅਨੇਕਾਂ ਕਾਰਨ ਹਨ, ਜਿਨ੍ਹਾਂ ਵਿੱਚੋਂ ਫ਼ਸਲ ਉੱਪਰ ਕੀੜਿਆਂ ਤੇ ਬਿਮਾਰੀਆਂ ਦਾ ਹਮਲਾ ਵੀ ਪ੍ਰਮੁੱਖ ਹੈ। ਇਨ੍ਹਾਂ ਕੀੜਿਆਂ ਵਿੱਚੋਂ ਗੋਭ ਦੀਆਂ ਸੁੰਡੀਆਂ (ਤਣੇ ਦੇ ਗੜੂੰਏਂ), ਪੱਤਾ ਲਪੇਟ ਸੁੰਡੀ, ਬੂਟਿਆਂ ਦੇ ਟਿੱਡੇ, ਘਾਹ ਦੇ ਟਿੱਡੇ, ਹਿਸਪਾ (ਕੰਡਿਆਲੀ ਭੂੰਡੀ), ਜੜ੍ਹ ਦੀ ਸੁੰਡੀ ਤੇ ਸਿੱਟੇ ਕੁਤਰਨ ਵਾਲੀ ਸੁੰਡੀ ਮੁੱਖ ਹਨ। ਇਨ੍ਹਾਂ ਦੀ ਸੁਚੱਜੀ ਰੋਕਥਾਮ ਲਈ ਸਰਵਪੱਖੀ ਵਿਧੀ ਅਪਨਾਉਣਾ ਬਹੁਤ ਜ਼ਰੂਰੀ ਹੈ। ਸਰਵਪੱਖੀ ਰੋਕਥਾਮ ਲਈ ਸਾਨੂੰ ਉਹ ਸਾਰੇ ਤਰੀਕੇ ਅਪਨਾਉਣੇ ਚਾਹੀਦੇ ਹਨ ਜਿਹੜੇ ਵਾਤਾਵਰਣ ਅਤੇ ਸਮਾਜਿਕ ਪੱਖ ਤੋਂ ਠੀਕ ਹੋਣ। ਇਨ੍ਹਾਂ ਵਿਚ ਵਾਹਕ ਢੰਗਾਂ ਰਾਹੀਂ, ਪਰਜੀਵਾਂ ਦੁਆਰਾ, ਮਕੈਨੀਕਲ ਢੰਗਾਂ ਅਤੇ ਰਸਾਇਣਕ ਦਵਾਈਆਂ ਰਾਹੀ ਰੋਕਥਾਮ ਆਦਿ ਪ੍ਰਮੁੱਖ ਹਨ। ਝੋਨੇ ਦੇ ਪ੍ਰਮੁੱਖ ਕੀੜਿਆਂ ਅਤੇ ਉਨ੍ਹਾਂ ਦੀ ਰੋਕਥਾਮ ਲਈ ਵਰਤੇ ਜਾ ਸਕਣ ਵਾਲੇ ਢੰਗਾਂ ਬਾਰੇ ਜਾਣਕਾਰੀ ਹੇਠ ਲਿਖੇ ਅਨੁਸਾਰ ਦਿੱਤੀ ਗਈ ਹੈ।

### ਗੋਭ ਦੀਆਂ ਸੁੰਡੀਆਂ (ਤਣੇ ਦੇ ਗੜੂੰਏਂ)

ਇਨ੍ਹਾਂ ਕੀੜਿਆਂ ਵਿਚ ਪੀਲੀ ਤਣਾ ਸੁੰਡੀ, ਚਿੱਟੀ ਤਣਾ ਸੁੰਡੀ ਤੇ ਗੁਲਾਬੀ ਤਣਾ ਸੁੰਡੀ ਸ਼ਾਮਲ ਹਨ। ਇਨ੍ਹਾਂ ਸੁੰਡੀਆਂ ਦੇ ਪਤੰਗੇ ਪੱਤਿਆਂ ਦੇ ਹੇਠਲੇ ਪਾਸੇ ਆਂਡੇ ਦਿੰਦੇ ਹਨ ਤੇ ਕੁਝ ਹੀ ਦਿਨਾਂ 'ਚ ਆਂਡਿਆਂ ਵਿੱਚੋਂ ਸੁੰਡੀਆਂ ਬਾਹਰ ਆ ਕੇ ਪਹਿਲਾਂ ਪੱਤਿਆਂ ਦਾ ਨੁਕਸਾਨ ਕਰਦੀਆਂ ਹਨ ਤੇ ਫਿਰ ਜਵਾਨ ਸੁੰਡੀਆਂ ਤਣੇ ਵਿਚ ਵੜ ਜਾਂਦੀਆਂ ਹਨ ਅਤੇ ਤਣੇ ਦੇ ਅੰਦਰੂਨੀ ਭਾਗ ਨੂੰ ਖਾਂਦੀਆਂ ਹਨ। ਇਹ ਸੁੰਡੀਆਂ ਜੁਲਾਈ ਤੋਂ ਅਕਤੂਬਰ ਤਕ ਵਧੇਰੇ ਨੁਕਸਾਨ ਕਰਦੀਆਂ ਹਨ।।ਨਤੀਜੇ ਵਜੋਂ ਬੂਟਿਆਂ ਦੀਆਂ ਗੋਭਾਂ ਸੁੱਕ ਜਾਂਦੀਆਂ ਹਨ ਤੇ ਮੁੰਜਰਾਂ ਵਿਚ ਦਾਣੇ ਨਹੀਂ ਪੈਂਦੇ। ਅਜਿਹੀਆਂ ਗੋਭਾਂ ਆਸਾਨੀ ਨਾਲ ਬੂਟੇ ਵਿੱਚੋਂ ਖਿੱਚੀਆਂ ਜਾ ਸਕਦੀਆਂ ਹਨ। ਖਾਲੀ ਮੁੰਜਰਾਂ ਚਿੱਟੇ ਰੰਗ ਦੀਆਂ ਦਿਸਦੀਆਂ ਹਨ ਤੇ ਸਿੱਧੀਆਂ ਖੜ੍ਹੀਆਂ ਰਹਿੰਦੀਆਂ ਹਨ।

**ਰੋਕਥਾਮ** : ਝੋਨੇ ਦੀ ਪਨੀਰੀ ਦੀ ਬਿਜਾਈ ਸਮੇਂ ਸਿਰ ਕਰਨੀ ਚਾਹੀਦੀ ਹੈ। ਸਮੇਂ ਤੋਂ ਪਹਿਲਾਂ ਅਤੇ ਦੇਰ ਨਾਲ ਝੋਨੇ ਦੀ ਲਵਾਈ ਕਾਰਨ ਇਸ ਕੀੜੇ ਦੀ ਜਨਸੰਖਿਆ ਬਹੁਤ ਵਧ ਜਾਂਦ ਹੈ ਤੇ ਸਹੀ ਸਮੇਂ ਤੋਂ ਬਾਅਦ ਬੀਜੀ ਗਈ ਫ਼ਸਲ ਦਾ ਬਹੁਤ ਨੁਕਸਾਨ ਹੁੰਦਾ ਹੈ। ਇਸ ਕੀੜੇ ਦੇ ਆਂਡਿਆਂ ਦੇ ਝੁੰਡਾਂ ਨੂੰ ਪੱਤੇ ਸਮੇਤ ਤੋੜ ਕੇ ਨਸ਼ਟ ਕਰਦੇ ਰਹਿਣਾ ਚਾਹੀਦਾ ਹੈ। ਇਹ ਕੰਮ ਜੁਲਾਈ ਅਖ਼ੀਰ ਤੋਂ ਸ਼ੁਰੂ ਕਰੋ ਤਾਂ ਜੋ ਕੀੜੇ ਦੇ ਵਾਧੇ ਨੂੰ ਰੋਕਿਆ ਜਾ ਸਕੇ। ਝੋਨੇ ਦੀ ਕਟਾਈ ਤੋਂ ਬਾਅਦ ਮੁੱਢ ਆਦਿ ਖੇਤਾਂ ਵਿਚ ਖੜ੍ਹੇ ਨਾ ਰਹਿਣ ਦਿਓ। ਇਸ ਤੋਂ ਇਲਾਵਾ ਮਿੱਤਰ ਕੀੜਿਆਂ ਟਰਾਈਕੋਗ੍ਰਾਮਾ ਕਿਲੋਨਿਸ ਤੇ ਟਰਾਈਕੋਗ੍ਰਾਮਾ ਜਪੋਨੀਕਮ ਵੀ ਇਸ ਕੀੜੇ ਦੇ ਆਂਡਿਆਂ ਨੂੰ ਨਸ਼ਟ ਕਰਦੇ ਹਨ। ਜਿਨ੍ਹਾਂ ਖੇਤਾਂ ਵਿਚ ਇਸ ਕੀੜੇ ਦਾ ਹਮਲਾ 5 ਫ਼ੀਸਦੀ ਸੁੱਕੀਆਂ ਗੋਭਾਂ (ਇਕਨਾਮਿਕ ਥਰੈਸ਼-ਹੋਲਡ ਲੈਵਲ) ਤੋਂ ਵਧੇਰੇ ਹੋਵੇ, ਉੱਥੇ 20 ਮਿਲੀਲਿਟਰ ਫੇਮ 480 ਐੱਸਸੀ (ਫਲੂਬੈਂਡਾਮਾਈਡ) ਜਾਂ 170 ਗ੍ਰਾਮ ਮੌਰਟਰ 75 ਐੱਸਜੀ (ਕਾਰਟਾਪ ਹਾਈਡਰੋਕਲੋਰਾਈਡ) ਜਾਂ 350 ਮਿਲੀਲਿਟਰ ਮਾਰਕਟਰਾਈਜੋ/ਸੁਟਾਥੀਆਨ 40 ਈਸੀ (ਟਰਾਈਐਜ਼ੋਫਾਸ) ਜਾਂ 560 ਮਿਲੀਲਿਟਰ ਮੋਨੋਸਿਲ 36 ਐੱਸਐੱਲ (ਮੋਨੋਕਰੋਟੋਫਾਸ) ਜਾਂ ਇਕ ਲਿਟਰ ਕੋਰੋਬਾਨ/ਡਰਸਬਾਨ/ਲੀਥਲ/ਕਲੋਰਗਾਰਡ/ਡਰਮਟ/ਕਲਾਸਿਕ/ਫੋਰਸ 20 ਈਸੀ (ਕਲੋਰਪਾਈਰੀਫਾਸ) ਪ੍ਰਤੀ ਏਕੜ ਛਿੜਕਾਅ 100 ਲਿਟਰ ਪਾਣੀ ਵਿਚ ਘੋਲ ਕੇ ਕਰੋ। ਲੋੜ ਪੈਣ 'ਤੇ ਦਵਾਈ ਬਦਲ ਕੇ ਦੁਬਾਰਾ ਛਿੜਕਾਅ ਕਰੋ।

### ਬੂਟਿਆਂ ਦੇ ਟਿੱਡੇ

ਇਨ੍ਹਾਂ ਕੀੜਿਆਂ ਵਿਚ ਚਿੱਟੀ ਪਿੱਠ ਵਾਲੇ, ਹਰੇ ਤੇ ਭੂਰੇ ਟਿੱਡੇ ਸ਼ਾਮਲ ਹਨ। ਇਨ੍ਹਾਂ ਦਾ ਹਮਲਾ ਜੁਲਾਈ ਤੋਂ ਅਕਤੂਬਰ ਤਕ ਹੁੰਦਾ ਹੈ। ਟਿੱਡਿਆਂ ਦੇ ਬੱਚੇ ਤੇ ਜਵਾਨ ਟਿੱਡੇ ਦੋਵੇਂ ਹੀ ਬੂਟੇ ਦਾ ਰਸ ਚੂਸਦੇ ਹਨ, ਜਿਸ ਨਾਲ ਫ਼ਸਲ ਧੌੜੀਆਂ ਵਿਚ ਸੁੱਕ ਜਾਂਦੀ ਹੈ। ਇਸ ਨੂੰ ਟਿੱਡੇ ਦਾ ਸਾੜ (ਹਾਪਰ ਬਰਨ) ਵੀ ਕਿਹਾ ਜਾਂਦਾ ਹੈ। ਜਦੋਂ ਪਹਿਲੇ ਬੂਟੇ ਸੁੱਕ ਜਾਂਦੇ ਹਨ ਤਾਂ ਟਿੱਡੇ ਨੇੜਲੇ ਨਰੋਏ ਬੂਟਿਆਂ 'ਤੇ ਚਲੇ ਜਾਂਦੇ ਹਨ।

**ਰੋਕਥਾਮ** : ਜਿਨ੍ਹਾਂ ਇਲਾਕਿਆਂ ਵਿਚ ਟਿੱਡੇ ਦਾ ਹਮਲਾ ਹੁੰਦਾ ਹੈ, ਉੱਥੇ ਇਨ੍ਹਾਂ ਦਾ ਹਮਲਾ ਸਹਿਣ ਵਾਲੀ ਕਿਸਮਾਂ ਦੀ ਬਿਜਾਈ ਕਰੋ। ਪਨੀਰੀ ਪੁੱਟ ਕੇ ਖੇਤ ਵਿਚ ਲਗਾਉਣ ਤੋਂ ਇਕ ਮਹੀਨੇ ਬਾਅਦ ਹਰ ਹਫ਼ਤੇ ਕੁਝ ਬੂਟਿਆਂ ਨੂੰ ਟੇਢੇ ਕਰਕੇ ਦੋ-ਤਿੰਨ ਵਾਰ ਝਾੜੋ। ਜੇ ਪ੍ਰਤੀ ਬੂਟਾ 5-10 ਟਿੱਡੇ ਪਾਣੀ 'ਤੇ ਤਰਦੇ ਨਜ਼ਰ ਆਉਣ ਤਾਂ ਫ਼ਸਲ ਉੱਤੇ ਕੀਟਨਾਸ਼ਕਾਂ ਦੀ ਵਰਤੋਂ ਕਰੋ। ਟਿੱਡਿਆਂ ਦੀ ਰੋਕਥਾਮ ਲਈ 40 ਮਿਲੀਲਿਟਰ ਕੌਨਫੀਡੋਰ/ਕਰੋਕੋਡਾਈਲ 17.8 ਐੱਸਐੱਲ (ਇਮਿਡਾਕਲੋਪਰਿਡ) ਜਾਂ 800 ਮਿਲੀਲਿਟਰ ਏਕਾਲਕਸ/ਕੁਇਨਗਾਰਡ/ਕੁਇਨਲਮਾਸ 25 ਈਸੀ (ਕੁਇਨਲਫਾਸ) ਜਾਂ ਇਕ ਲਿਟਰ ਕੋਰੋਬਾਨ/ਡਰਸਬਾਨ 20 ਈਸੀ (ਕਲੋਰਪਾਈਰੀਫਾਸ) ਪ੍ਰਤੀ ਏਕੜ 100 ਲਿਟਰ ਪਾਣੀ ਵਿਚ ਘੋਲ ਕੇ ਛਿੜਕੋ। ਲੋੜ ਹੋਵੇ ਤਾਂ ਦੁਬਾਰਾ ਛਿੜਕਾਅ ਕਰੋ। ਚੰਗੇ ਨਤੀਜਿਆਂ ਲਈ ਜ਼ਹਿਰਾਂ ਦਾ ਛਿੜਕਾਅ ਬੂਟਿਆਂ ਦੇ ਮੁੱਢਾਂ ਵੱਲ ਕਰਨਾ ਚਾਹੀਦਾ ਹੈ। ਟਿੱਡੇ ਮਾਰਨ ਲਈ ਹਮਲੇ ਵਾਲੀਆਂ ਥਾਵਾਂ ਦੇ 3-4 ਮੀਟਰ ਦੇ ਘੇਰੇ 'ਚ ਵੀ ਦਵਾਈ ਦੀ ਵਰਤੋਂ ਕਰੋ।

### ਸਿੱਟੇ ਕੁਤਰਨ ਵਾਲੀ ਸੁੰਡੀ

ਇਸ ਕੀੜੇ ਦੀਆਂ ਸੁੰਡੀਆਂ ਝੁੰਡਾਂ ਵਿਚ ਹੁੰਦੀਆਂ ਹਨ, ਜਿਸ ਕਰਕੇ ਇਨ੍ਹਾਂ ਨੂੰ ਸੈਨਿਕ ਸੁੰਡੀਆਂ ਵੀ ਆਖਦੇ ਹਨ। ਛੋਟੀਆਂ ਸੁੰਡੀਆਂ ਪੌਦੇ ਦੇ ਪੱਤੇ ਖਾਂਦੀਆਂ ਹਨ ਤੇ ਪਿੱਛੋਂ ਵਿਚਕਾਰਲੀਆਂ ਨਾੜਾਂ ਤੇ ਤਣੇ ਰਹਿ ਜਾਂਦੇ ਹਨ। ਵੱਡੀਆਂ ਸੁੰਡੀਆਂ ਮੁੰਜਰਾਂ ਦੀਆਂ ਡੰਡੀਆਂ ਕੱਟ ਦਿੰਦੀਆਂ ਹਨ ਜਿਸ ਕਰਕੇ ਇਨ੍ਹਾਂ ਨੂੰ ਸਿੱਟੇ ਕੁਤਰਣ ਵਾਲੀਆਂ ਸੁੰਡੀਆਂ ਕਿਹਾ ਜਾਂਦਾ ਹੈ। ਇਹ ਸੁੰਡੀ ਝੋਨੇ ਦੀ ਫ਼ਸਲ ਦਾ ਬਹੁਤ ਨੁਕਸਾਨ ਕਰਦੀ ਹੈ। ਵਧੇਰੇ ਨੁਕਸਾਨ ਸਤੰਬਰ ਤੋਂ ਨਵੰਬਰ ਤਕ ਹੁੰਦਾ ਹੈ।

**ਰੋਕਥਾਮ** : ਇਹ ਸੁੰਡੀਆਂ ਮਿੱਟੀ ਦੀਆਂ ਤਰੇੜਾਂ ਆਦਿ ਵਿਚ ਦਿਨ ਵੇਲੇ ਲੁਕੀਆਂ ਰਹਿੰਦੀਆਂ ਹਨ ਤੇ ਬਾਅਦ ਵਿਚ ਕੋਏ ਵੀ ਮਿੱਟੀ ਵਿਚ ਬਣਾਉਂਦੀਆਂ ਹਨ। ਜਿਨ੍ਹਾਂ ਖੇਤਾਂ ਵਿਚ ਇਸ ਦਾ ਹਮਲਾ ਹੋਵੇ, ਉੱਥੇ ਕਟਾਈ ਤੋਂ ਬਾਅਦ ਖੇਤ ਨੂੰ ਡੂੰਘਾ ਵਾਹ ਕੇ ਖੁੱਲ੍ਹਾ ਛੱਡ ਦਿਓ ਤਾਂ ਜੋ ਧੁੱਪ ਨਾਲ ਸੁੰਡੀਆਂ ਮਰ ਜਾਣ ਜਾਂ ਮਿੱਤਰ ਕੀੜੇ ਤੇ ਪੰਛੀ ਇਨ੍ਹਾਂ ਨੂੰ ਖਾ ਸਕਣ। ਇਸ ਕੀੜੇ ਦੀ ਰੋਕਥਾਮ, 400 ਮਿਲੀਲਿਟਰ ਏਕਾਲਕਸ/ਕੁਇਨਗਾਰਡ 25 ਈਸੀ (ਕੁਇਨਲਫਾਸ) ਨੂੰ 100 ਲਿਟਰ ਪਾਣੀ 'ਚ ਪਾ ਕੇ ਪ੍ਰਤੀ ਏਕੜ ਛਿੜਕਾਅ ਕਰ ਕੇ ਕੀਤੀ ਜਾ ਸਕਦੀ ਹੈ। ਇਹ ਸੁੰਡੀਆਂ ਰਾਤ ਸਮੇਂ ਜ਼ਿਆਦਾ ਚੁਸਤ ਤੇ ਦਿਨ ਵੇਲੇ ਬੂਟਿਆਂ ਵਿਚ ਤੇ ਜ਼ਮੀਨ ਦੀਆਂ ਤਰੇੜਾਂ 'ਚ ਲੁਕੀਆਂ ਹੁੰਦੀਆਂ ਹਨ, ਇਸ ਲਈ ਛਿੜਕਾਅ ਸ਼ਾਮ ਵੇਲੇ ਹੀ ਕਰੋ। •

### ਪੱਤਾ ਲਪੇਟ ਸੁੰਡੀ

ਇਸ ਕੀੜੇ ਦੀਆਂ ਸੁੰਡੀਆਂ ਪੱਤੇ ਨੂੰ ਲਪੇਟ ਕੇ ਅੰਦਰੋਂ ਹਰਾ ਮਾਦਾ ਖਾਂਦੀਆਂ ਹਨ, ਜਿਸ ਨਾਲ ਪੱਤਿਆਂ ਉੱਤੇ ਚਿੱਟੇ ਰੰਗ ਦੀਆਂ ਧਾਰੀਆਂ ਪੈ ਜਾਂਦੀਆਂ ਹਨ। ਇਸ ਦਾ ਬਹੁਤਾ ਨੁਕਸਾਨ ਅਗਸਤ ਤੋਂ ਅਕਤੂਬਰ ਮਹੀਨਿਆਂ ਵਿਚ ਹੁੰਦਾ ਹੈ। ਨਾਈਟ੍ਰੋਜਨ ਤੱਤ ਵਾਲੀਆਂ ਖਾਦਾਂ ਦੀ ਜ਼ਿਆਦਾ ਵਰਤੋਂ ਨਾਲ ਇਸ ਕੀੜੇ ਦਾ ਹਮਲਾ ਵਧ ਸਕਦਾ ਹੈ।



**ਰੋਕਥਾਮ**

ਮਿੱਟੀ ਪਰਖ ਦੇ ਆਧਾਰ 'ਤੇ ਸਹੀ ਸਮੇਂ ਤੇ ਸਹੀ ਮਾਤਰਾ ਵਿਚ ਖਾਦਾਂ ਦੀ ਵਰਤੋਂ ਕਰੋ। ਜਦੋਂ ਪੱਤਿਆਂ ਦਾ ਨੁਕਸਾਨ 10 ਫ਼ੀਸਦੀ ਤੋਂ ਵਧੇਰੇ ਹੋਵੇ ਤਾਂ ਇਸ ਸੁੰਡੀ ਦੀ ਰੋਕਥਾਮ ਵੀ ਗੋਭ ਦੀ ਸੁੰਡੀ ਤੇ ਕਾਬੂ ਪਾਉਣ ਵਾਲੀਆਂ ਸਿਫਾਰਸ ਕੀਤੀਆਂ ਰਸਾਇਣਾਂ ਨਾਲ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਕੀੜੇ ਦਾ ਹਮਲਾ ਹੋਣ 'ਤੇ 20-30 ਮੀਟਰ ਲੰਬੀ ਨਾਰੀਅਲ ਦੀ ਰੱਸੀ ਫ਼ਸਲ ਦੇ ਉੱਪਲਰੇ ਸਿਰੇ 'ਤੇ ਫ਼ਸਲ ਦੇ ਨਿਸਰਨ ਤੋ ਪਹਿਲਾਂ ਫੇਰੋ। ਪਹਿਲੀ ਵਾਰ ਖੇਤ ਦੇ ਇਕ ਸਿਰੇ ਤੋਂ ਦੂਜੇ ਸਿਰੇ 'ਤੇ ਜਾਓ ਤੇ ਫਿਰ ਉਨ੍ਹੀਂ ਪੈਰੀਂ ਰੱਸੀ ਫੇਰਦੇ ਹੋਏ ਵਾਪਸ ਪਰਤੋ।।ਖ਼ਿਆਲ ਰੱਖੋ ਕਿ ਰੱਸੀ ਫੇਰਨ ਸਮੇਂ ਖੇਤ ਵਿਚ ਪਾਣੀ ਜ਼ਰੂਰ ਖੜ੍ਹਾ ਹੋਣਾ ਚਾਹੀਦਾ ਹੈ।

### ਜੜ੍ਹਾਂ ਦੀ ਸੁੰਡੀ

ਇਹ ਸੁੰਡੀ ਲੱਤਾਂ ਤੋ ਬਿਨਾਂ ਤੇ ਚਿੱਟੇ ਰੰਗ ਦੀ ਹੁੰਦੀ ਹੈ। ਇਹ ਜੁਲਾਈ ਤੋਂ ਸਤੰਬਰ ਤਕ ਜ਼ਮੀਨ ਵਿਚ ਬੂਟੇ ਦੀਆਂ ਜੜ੍ਹਾਂ ਨੂੰ ਖਾਂਦੀ ਹੈ। ਹਮਲੇ ਵਾਲੇ ਬੂਟੇ ਛੋਟੇ ਰਹਿ ਜਾਂਦੇ ਹਨ ਤੇ ਪੀਲੇ ਪੈ ਜਾਂਦੇ ਹਨ ਅਤੇ ਪੂਰਾ ਜਾੜ ਨਹੀ ਮੱਲਦੇ।



**ਰੋਕਥਾਮ**

ਰੋਕਥਾਮ : ਜਿਨ੍ਹਾਂ ਖੇਤਾਂ ਵਿਚ ਇਸ ਦਾ ਹਮਲਾ ਹੋਇਆ ਹੋਵੇ ਉੱਥੇ ਕਟਾਈ ਤੋਂ ਬਾਅਦ ਖੇਤ ਨੂੰ ਡੂੰਘਾ ਵਾਹ ਕੇ ਖੁੱਲ੍ਹਾ ਛੱਡ ਦਿਓ। ਹਮਲੇ ਵਾਲੇ ਖੇਤਾਂ ਵਿਚ 3 ਕਿੱਲੋ ਫੋਰਾਟੋਕਸ/ਥਿਮਟ 10 ਜੀ (ਫੋਰੇਟ) ਪ੍ਰਤੀ ਏਕੜ ਦਾਲੇਦਾਰ ਦਵਾਈ ਦਾ ਖੜ੍ਹੇ ਪਾਣੀ ਵਿਚ ਛੱਟਾ ਦੇ ਦਿਓ।

### ਹਿਸਪਾ ਭੂੰਡੀ

ਇਸ ਕੀੜੇ ਦੇ ਬੱਚੇ ਪੱਤਿਆਂ ਵਿਚ ਸੁਰੰਗ ਬਣਾ ਕੇ ਹਰਾ ਮਾਦਾ ਖਾਂਦੇ ਹਨ ਪਰ ਵੱਡੇ ਕੀੜੇ (ਭੂੰਡੀਆਂ) ਬਾਹਰੋਂ ਨੁਕਸਾਨ ਕਰਦੇ ਹਨ।।ਇਸ ਨਾਲ ਪੱਤਿਆਂ ਉੱਪਰ ਚਿੱਟੇ ਰੰਗ ਦੀਆਂ ਧਾਰੀਆਂ ਪੈ ਜਾਂਦੀਆਂਹਨ ਤੇ ਖੇਤ ਦੂਰੋਂ ਚਿੱਟਾ ਨਜ਼ਰ ਆਉਂਦਾ ਹੈ।



**ਰੋਕਥਾਮ**

ਜੇ ਇਹ ਕੀੜਾ ਪਨੀਰੀ ਨੂੰ ਨੁਕਸਾਨ ਕਰੇ ਤਾਂ ਖੇਤ ਵਿੱਚੋਂ ਪਨੀਰੀ ਪੁੱਟ ਕੇ ਲਗਾਉਣ ਤੋਂ ਪਹਿਲਾਂ ਹਮਲੇ ਵਾਲੇ ਬੂਟਿਆਂ ਦੇ ਪੱਤੇ ਕੱਟ ਕੇ ਨਸ਼ਟ ਕਰ ਦਿਓ। ਜੇ ਇਨ੍ਹਾਂ ਦਾ ਹਮਲਾ ਫ਼ਸਲ 'ਤੇ ਹੋਵੇ ਤਾਂ 120 ਮਿਲੀਲਿਟਰ ਮਿਥਾਈਲ ਪੈਰਾਥੀਆਨ 50 ਈਸੀ ਜਾਂ 560 ਮਿਲੀਲਿਟਰ ਮੋਨੋਸਿਲ 36 ਐੱਸਐੱਲ (ਮੋਨੋਕਰੋਟੋਫਾਸ) ਜਾਂ ਇਕ ਲਿਟਰ ਡਰਸਬਾਨ 20 ਤਾਕਤ (ਕਲੋਰਪਾਈਰੀਫਾਸ) ਜਾਂ 800 ਮਿਲੀਲਿਟਰ ਏਕਾਲਕਸ 25 ਈਸੀ (ਕੁਇਨਲਫਾਸ) ਪ੍ਰਤੀ ਏਕੜ ਦੇ ਹਿਸਾਬ ਨਾਲ 100 ਲਿਟਰ ਪਾਣੀ 'ਚ ਘੋਲ ਕੇ ਛਿੜਕਾਅ ਕਰਨਾ ਚਾਹੀਦਾ ਹੈ। ਲੋੜ ਪੈਣ 'ਤੇ ਦੁਬਾਰਾ ਛਿੜਕਾਅ ਕਰੋ।

# ਨਰਮੇ ਤੇ ਕਪਾਹ ਦੀਆਂ

## ਬਿਮਾਰੀਆਂ ਦੀ ਰੋਕਥਾਮ

• ਅਮਰਜੀਤ ਸਿੰਘ

*ਨਰਮੇ ਅਤੇ ਕਪਾਹ ਦੀ ਫ਼ਸਲ ਉੱਪਰ ਮੁੱਖ ਤੌਰ 'ਤੇ ਵਿਸ਼ਾਣੂ ਅਤੇ ਉੱਲੀ ਰੋਗਾਂ ਦਾ ਹਮਲਾ ਹੁੰਦਾ ਹੈ। ਇਨ੍ਹਾਂ ਰੋਗਾਂ ਦੇ ਵੱਡੇ ਹਮਲੇ ਕਾਰਨ ਫ਼ਸਲ ਦਾ ਭਾਰੀ ਨੁਕਸਾਨ ਹੁੰਦਾ ਹੈ। ਕਈ ਵਾਰ ਤਾਂ ਫ਼ਸਲ ਪੂਰੀ ਮਰ ਜਾਂਦੀ ਹੈ। ਜੇ ਇਨ੍ਹਾਂ ਰੋਗਾਂ ਦੀ ਸਮਾਂ ਰਹਿੰਦਿਆਂ ਸਹੀ ਪਛਾਣ ਕਰ ਕੇ ਰੋਕਥਾਮ ਨਾ ਕੀਤੀ ਜਾਵੇ ਤਾਂ ਕਿਸਾਨ ਨੂੰ ਲਾਗਤ ਮੁੱਲ ਪੂਰਾ ਕਰਨਾ ਵੀ ਔਖਾ ਹੋ ਜਾਂਦਾ ਹੈ। ਇਹ ਤਦ ਹੀ ਸੰਭਵ ਹੈ ਜੇ ਸਾਨੂੰ ਇਨ੍ਹਾਂ ਰੋਗਾਂ, ਉਨ੍ਹਾਂ ਦੀਆਂ ਨਿਸ਼ਾਨੀਆਂ ਤੇ ਰੋਕਥਾਮ ਦੇ ਸਰਵਪੱਖੀ ਢੰਗਾਂ ਬਾਰੇ ਜਾਣਕਾਰੀ ਹੋਵੇ...*

ਨਰਮੇ-ਕਪਾਹ ਦੀ ਫ਼ਸਲ ਉੱਪਰ ਬਹੁਤ ਸਾਰੀਆਂ ਬਿਮਾਰੀਆਂ ਹਮਲਾ ਕਰਦੀਆਂ ਹਨ। ਇਨ੍ਹਾਂ ਦੇ ਹਮਲੇ ਨਾਲ ਬੂਟੇ ਦੇ ਸੁੱਕਣ, ਪੱਤਿਆਂ ਦੇ ਧੱਬੇ ਅਤੇ ਪੱਤਿਆਂ ਦਾ ਕੱਪਾਂ ਵਰਗੀ ਸ਼ਕਲ ਅਖ਼ਤਿਆਰ ਕਰ ਜਾਣ ਵਰਗੀਆਂ ਵੱਖ-ਵੱਖ ਨਿਸ਼ਾਨੀਆਂ ਫ਼ਸਲ 'ਤੇ ਵਿਖਾਈ ਦਿੰਦੀਆਂ ਹਨ। ਪੱਤਾ ਮਰੋੜ ਰੋਗ ਨਾਲ ਨਰਮੇ ਦੀ ਫ਼ਸਲ ਦਾ 90 ਫ਼ੀਸਦੀ ਤਕ ਨੁਕਸਾਨ ਹੋ ਸਕਦਾ ਹੈ। ਦੇਸੀ ਕਪਾਹ 'ਤੇ ਸੋਕੜਾ ਰੋਗ ਦੇ ਹਮਲੇ ਕਾਰਨ ਝਾੜ ਕਾਫੀ ਘਟ ਜਾਂਦਾ ਹੈ। ਇਨ੍ਹਾਂ ਬਿਮਾਰੀਆਂ ਨਾਲ ਰੂੰ ਦੀ ਗੁਣਵੱਤਾ 'ਤੇ ਵੀ ਮਾੜਾ ਅਸਰ ਪੈਂਦਾ ਹੈ। ਇਨ੍ਹਾਂ ਬਿਮਾਰੀਆਂ ਦੀ ਸਰਵਪੱਖੀ ਰੋਕਥਾਮ ਲਈ ਕਿਸਾਨਾਂ ਨੂੰ ਬਿਮਾਰੀਆਂ ਦੀਆਂ ਨਿਸ਼ਾਨੀਆਂ ਤੇ ਇਨ੍ਹਾਂ ਦੀ ਰੋਕਥਾਮ ਦੇ ਤਰੀਕਿਆਂ ਬਾਰੇ ਜਾਣਕਾਰੀ ਹੋਣੀ ਲਾਜ਼ਮੀ ਹੈ।

### ਲੀਫ ਕਰਲ ਜਾਂ ਪੱਤਾ ਮਰੋੜ ਰੋਗ

ਇਹ ਇਕ ਵਿਸ਼ਾਣੂ ਰੋਗ ਹੈ, ਜੋ ਚਿੱਟੀ ਮੱਖੀ ਰਾਹੀਂ ਫ਼ੈਲਦਾ ਹੈ। ਦੇਸੀ ਕਪਾਹ ਨੂੰ ਇਹ ਰੋਗ ਬਿਲਕੁਲ ਨਹੀਂ ਲੱਗਦਾ ਜਦਕਿ ਨਰਮੇ 'ਤੇ ਇਹ 90 ਫ਼ੀਸਦੀ ਤੋਂ ਵੱਧ ਬੂਟਿਆਂ ਨੂੰ ਪ੍ਰਭਾਵਿਤ ਕਰ ਸਕਦਾ ਹੈ। ਇਹ ਰੋਗ ਪਹਿਲੀ ਵਾਰ 1994 ਵਿਚ ਪਾਕਿਸਤਾਨੀ ਸਰਹੱਦ ਨਾਲ ਲਗਦੇ ਅਬੋਹਰ ਖੇਤਰ ਵਿਚ ਵੇਖਣ ਨੂੰ ਮਿਲਿਆ ਸੀ ਪਰ ਹੁਣ ਸਾਰੇ ਉੱਤਰੀ ਭਾਰਤ 'ਚ ਫੈਲ ਚੁੱਕਾ ਹੈ। ਪਿਛਲੇ ਸਾਲ ਇਸ ਰੋਗ ਦਾ ਵਧੇਰੇ ਹਮਲਾ ਮਨਜੀਤ, ਸਲੈਕਸ਼ਨ-1 ਤੇ ਸਲੈਕਸ਼ਨ-2 ਆਦਿ ਗੈਰ ਸਫਾਰਸ਼ੀ ਕਿਸਮਾਂ ਉੱਤੇ ਵੇਖਣ ਨੂੰ ਮਿਲਿਆ। ਰੋਗੀ ਬੂਟਿਆਂ ਦੇ ਉੱਪਰਲੇ ਪੱਤਿਆਂ ਦੀਆਂ ਨਾੜੀਆਂ ਮੋਟੀਆਂ ਹੋ ਜਾਂਦੀਆਂ ਹਨ। ਪੱਤੇ ਗੂੜ੍ਹੇ ਹਰੇ ਹੋ ਜਾਂਦੇ ਹਨ ਤੇ ਉੱਪਰ ਵੱਲ ਨੂੰ ਮੁੜ ਕੇ ਕੱਪ ਵਰਗਾ ਰੂਪ ਲੈ ਲੈਂਦੇ ਹਨ ਤੇ ਝੁਰੜ-ਮੁਰੜੇ ਹੋ ਜਾਂਦੇ ਹਨ। ਕਈ ਵਾਰ ਪੱਤਿਆ ਦੇ ਹੇਠਲੇ ਪਾਸੇ ਛੋਟੀਆਂ-ਛੋਟੀਆਂ ਹਰੀਆਂ ਪੱਤੀਆਂ ਵੀ ਨਿਕਲ ਆਉਂਦੀਆਂ ਹਨ। ਜੇ ਇਸ ਰੋਗ ਦਾ ਹਮਲਾ ਅਗੇਤਾ ਹੋ ਜਾਵੇ ਤਾਂ ਪ੍ਰਭਾਵਿਤ ਬੂਟਿਆਂ ਦੇ ਪੱਤਿਆਂ ਦਾ ਆਕਾਰ ਛੋਟਾ ਰਹਿ ਜਾਂਦਾ ਹੈ ਤੇ ਬੂਟੇ ਮਧਰੇ ਰਹਿ ਜਾਂਦੇ ਹਨ। ਰੋਗੀ ਬੂਟਿਆਂ ਨੂੰ ਫੁੱਲ ਤੇ ਟੀਂਡੇ ਘੱਟ ਲਗਦੇ ਹਨ। ਅਗੇਤੀ ਫ਼ਸਲ ਤੇ ਇਸ ਰੋਗ ਦਾ ਹਮਲਾ ਘੱਟ ਹੁੰਦਾ ਹੈ। ਇਸ ਰੋਕ 'ਤੇ ਕਾਬੂ ਪਾਉਣ ਲਈ ਸਫਾਰਸ਼ ਕੀਤੀਆਂ ਬੀਟੀ ਨਰਮੇ ਦੀਆਂ ਦੋਗਲੀਆਂ ਕਿਸਮਾਂ ਦੀ ਹੀ ਕਾਸ਼ਤ ਕਰਨੀ ਚਾਹੀਦੀ ਹੈ। ਖੇਤ ਵਿੱਚੋਂ ਕੰਘੀ ਬੂਟੀ, ਪੀਲੀ ਬੂਟੀ ਤੇ ਗੁੱਤ ਪੁੱਟਣੇ ਨਦੀਨਾਂ ਅਤੇ ਨਰਮੇ ਦੇ ਆਪ ਮੁਹਾਰੇ ਉੱਗੇ ਬੂਟਿਆਂ ਅਤੇ ਮੁੱਢੀਆਂ ਨੂੰ ਨਸ਼ਟ ਕਰ ਦਿਓ ਜਾਂ ਮਿੱਟੀ ਵਿਚ ਡੂੰਘਾ ਦਬਾ ਦਿਓ, ਕਿਉਂਕਿ ਇਹ ਵਿਸ਼ਾਣੂੰ ਰੋਗ ਇਨ੍ਹਾਂ ਬੂਟਿਆਂ 'ਤੇ ਪਲਦਾ ਹੈ।

### ਝੁਲਸ ਰੋਗ

ਇਹ ਇੱਕ ਜੀਵਾਣੂ ਰੋਗ ਹੈ, ਜੋ ਬੂਟੇ ਦੇ ਜ਼ਮੀਨ ਤੋਂ ਉਪਰਲੇ ਭਾਗਾਂ 'ਤੇ ਹਮਲਾ ਕਰਦਾ ਹੈ। ਇਸ ਦੇ ਹਮਲੇ ਨਾਲ ਪੱਤਿਆਂ ਤੇ ਛੋਟ-ਛੋਟੇ ਪਾਣੀ ਭਿੱਜੇ ਨੋਕਦਾਰ ਧੱਬੇ ਪੈ ਜਾਂਦੇ ਹਨ, ਜੋ ਬਾਅਦ ਵਿਚ ਭੂਰੇ ਰੰਗ ਦੇ ਹੋ ਜਾਂਦੇ ਹਨ। ਇਸ ਰੋਗ ਨਾਲ ਪੱਤਿਆਂ ਦੀਆਂ ਨਾੜੀਆਂ ਕਾਲੀਆਂ ਹੋ ਜਾਂਦੀਆਂ ਹਨ। ਗੰਭੀਰ ਹਾਲਤ ਵਿਚ ਪੱਤੇ ਸੁੱਕ ਜਾਂਦੇ ਹਨ। ਜਿਆਦਾ ਹਮਲੇ ਸਮੇਂ ਇਹ ਧੱਬੇ ਟਹਿਣੀਆਂ 'ਤੇ ਵੀ ਪੈ ਜਾਂਦੇ ਹਨ ਤੇ ਟਹਿਣੀਆਂ ਸੁੱਕ ਜਾਂਦੀਆਂ ਹਨ। ਇਸ ਰੋਗ ਨਾਲ ਟੀਂਡਿਆਂ ਉੱਤੇ ਵੀ ਭੂਰੇ ਰੰਗ ਦੇ ਵਿਚਕਾਰੋਂ ਅੰਦਰ ਨੂੰ ਧਸੇ ਹੋਏ ਧੱਬੇ ਪੈ ਜਾਂਦੇ ਹਨ। ਮੀਂਹ ਪੈਣ ਤੋਂ ਬਾਅਦ ਇਨ੍ਹਾਂ ਜ਼ਰੀਏ ਬੈਕਟੀਰੀਆ ਦੇ ਕਣ ਟੀਂਡਿਆਂ ਵਿਚ ਚਲੇ ਜਾਂਦੇ ਹਨ ਜਿਸ ਨਾਲ ਕੱਚੀ ਰੂੰ ਤੇ ਟੀਂਡਿਆਂ ਅੰਦਰ ਬਣ ਰਹੇ ਬੀਜ ਗਲ ਜਾਂਦੇ ਹਨ। ਇਸ ਰੋਗ ਦੇ ਜੀਵਾਣੂੰ ਬੀਜ ਤੇ ਫ਼ਸਲੀ ਰਹਿੰਦ-ਖੂੰਹਦ ਵਿਚ ਵੀ ਰਹਿੰਦੇ ਹਨ ਤੇ ਅਗਲੇ ਸਾਲ ਬਿਮਾਰੀ ਲੱਗਣ ਦਾ ਕਾਰਨ ਬਣਦੇ ਹਨ। ਬਿਮਾਰੀਆਂ ਵਾਲੀਆਂ ਛਿਟੀਆਂ ਨੂੰ ਖੇਤ ਵਿੱਚੋਂ ਕੱਢ ਕੇ ਬਾਲਣ ਦੇ ਤੌਰ 'ਤੇ ਵਰਤ ਲਵੋ। ਦੇਸੀ ਕਪਾਹ ਤੇ ਨਰਮੇ ਦੀਆਂ ਸਿਫਾਰਿਸ਼ ਕੀਤੀਆਂ ਕਿਸਮਾਂ ਹੀ ਬੀਜੋ ਕਿਉਂਕਿ ਇਨ੍ਹਾਂ 'ਤੇ ਝੁਲਸ ਰੋਗ ਦਾ ਹਮਲਾ ਘੱਟ ਹੁੰਦਾ ਹੈ। ਮੌਨਸੂਨ ਦੇ ਪਹਿਲੇ ਮੀਂਹ ਉਪਰੰਤ ਫ਼ਸਲ 'ਤੇ 500 ਗ੍ਰਾਮ ਬਲਾਈਟੌਕਸ ਤੇ 3 ਗ੍ਰਾਮ ਸਟਰੈਪਟੋ-ਸਾਇਕਲਿਨ ਜਾਂ 20 ਗ੍ਰਾਮ ਐਗਰੋਮਾਈਸਨ ਨੂੰ 200 ਲਿਟਰ ਪਾਣੀ ਵਿਚ ਮਿਲਾ ਕੇ 15-20 ਦਿਨਾਂ ਦੇ ਫ਼ਰਕ 'ਤੇ 2-3 ਛਿੜਕਾਅ ਕਰੋ।

### ਜੜ੍ਹਾਂ ਦਾ ਗਲਣਾ

*ਉੱਲੀ ਕਾਰਨ ਬੂਟਿਆਂ ਦੀਆਂ ਜੜ੍ਹਾਂ ਗਲ ਜਾਂਦੀਆਂ ਹਨ। ਛਿੱਲੜ ਅੰਦਰੋਂ ਕਾਲੇ ਹੋ ਕੇ ਰੇਸ਼ੇਦਾਰ ਬਣ ਜਾਂਦੇ ਹਨ। ਰੋਗੀ ਬੂਟੇ ਦੀਆਂ ਛੋਟੀਆਂ ਜੜ੍ਹਾਂ ਗਲੀਆਂ ਹੋਈਆਂ ਨਜ਼ਰ ਆਉਂਦੀਆਂ ਹਨ। ਇਹ ਰੋਗ ਗੋਲ ਦਾਇਰਿਆਂ/ਧੋੜੀਆਂ ਦੇ ਰੂਪ 'ਚ ਫ਼ੈਲਦਾ ਹੈ। ਇਸ ਦਾ ਹਮਲਾ ਦੇਸੀ ਕਪਾਹ ਤੇ ਨਰਮਾ ਦੋਵਾਂ 'ਤੇ ਨਜ਼ਰ ਆਉਂਦਾ ਹੈ। ਇਸ ਰੋਗ ਤੋਂ ਪ੍ਰਭਾਵਿਤ ਖੇਤਾਂ ਵਿਚ 3-4 ਸਾਲ ਲਈ ਫ਼ਸਲੀ ਚੱਕਰ ਬਦਲ ਦਿਓ।*





### ਦੇਸੀ ਕਪਾਹ ਦਾ ਸੋਕੜਾ ਰੋਗ

*ਇਸ ਰੋਗ ਦੇ ਹਮਲੇ ਨਾਲ ਪੱਤੇ ਪੀਲੇ ਪੈ ਜਾਂਦੇ ਹਨ ਜੋ ਬਾਅਦ ਵਿਚ ਭੂਰੇ ਹੋ ਕੇ ਡਿੱਗ ਪੈਂਦੇ ਹਨ। ਇਹ ਰੋਗ ਪੱਤਿਆਂ ਦੇ ਕੰਢਿਆਂ ਤੋਂ ਸ਼ੁਰੂ ਹੋ ਕੇ ਵਿਚਕਾਰਲੀ ਨਾੜ ਵੱਲ ਵਧਦਾ ਹੈ। ਪਹਿਲਾਂ ਇਸ ਰੋਗ ਦਾ ਅਸਰ ਪੁਰਾਣੇ ਪੱਤਿਆਂ 'ਤੇ ਪੈਂਦਾ ਹੈ ਤੇ ਬਾਅਦ ਵਿਚ ਨਵੇਂ ਪੱਤੇ ਵੀ ਇਸ ਦੀ ਮਾਰ ਹੇਠ ਆ ਜਾਂਦੇ ਹਨ। ਰੋਗ ਨਾਲ ਪ੍ਰਭਾਵਿਤ ਬੂਟੇ ਕੁਮਲਾਅ ਜਾਂਦੇ ਹਨ ਤੇ ਕਈ ਵਾਰ ਬੂਟੇ ਦਾ ਇਕ ਪਾਸਾ ਮਾਰਿਆ ਜਾਂਦਾ ਹੈ ਤੇ ਦੂਸਰਾ ਪਾਸਾ ਤੰਦਰੁਸਤ ਰਹਿੰਦਾ ਹੈ। ਇਸ ਰੋਗ ਦੀ ਉੱਲੀ ਬੂਟਿਆਂ ਦੀਆਂ ਜੜ੍ਹਾਂ ਰਾਹੀਂ ਹਮਲਾ ਕਰਦੀ ਹੈ, ਜਿਸ ਕਰਕੇ ਬੂਟੇ ਦੀਆਂ ਖ਼ੁਰਾਕ ਤੇ ਪਾਣੀ ਪ੍ਰਾਪਤ ਕਰਨ ਵਾਲੀਆਂ ਨਾੜਾਂ ਪ੍ਰਭਾਵਿਤ ਹੋ ਜਾਂਦੀਆਂ ਹਨ। ਪਾਣੀ ਦੀ ਘਾਟ ਕਾਰਨ ਬੂਟੇ ਮੁਰਝਾ ਕੇ ਸੁੱਕ ਜਾਂਦੇ ਹਨ। ਦੇਸੀ ਕਪਾਹ ਦੇ ਬੀਜ ਦੀ ਸੁਧਾਈ 2 ਗ੍ਰਾਮ ਡੈਰੋਸਿਲ ਜਾਂ ਬਾਵਿਸਟਨ ਪ੍ਰਤੀ ਕਿੱਲੋ ਨਾਲ ਕਰਕੇ ਇਸ ਰੋਗ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਦੇਸੀ ਕਪਾਹ ਦੀਆਂ ਕਿਸਮਾਂ ਐੱਲਡੀ-949 ਤੇ ਐੱਲਡੀ-327 ਇਸ ਰੋਗ ਦਾ ਟਾਕਰਾ ਕਰ ਸਕਦੀਆਂ ਹਨ। ਰੋਗੀ ਖੇਤਾਂ ਵਿਚ 5-6 ਸਾਲਾਂ ਲਈ ਕਪਾਹ ਦੀ ਫ਼ਸਲ ਨਾ ਬੀਜੋ। ਇਨ੍ਹਾਂ ਖੇਤਾਂ ਵਿਚ ਨਰਮੇ ਦੀ ਕਾਸ਼ਤ ਕਰੋ ਕਿਉਂਕਿ ਇਹ ਰੋਗ ਨਰਮੇ 'ਤੇ ਨਹੀਂ ਲੱਗਦਾ। ਇਸ ਤੋਂ ਇਲਾਵਾ ਰੋਗ ਨਾਲ ਪ੍ਰਭਾਵਿਤ ਬੂਟਿਆਂ ਦੀਆਂ ਛਿਟੀਆਂ ਨੂੰ ਪੁੱਟ ਕੇ ਬਾਲਣ ਦੇ ਤੌਰ 'ਤੇ ਵਰਤ ਲਵੋ।*



### ਪੱਤਿਆਂ 'ਤੇ ਉੱਲੀਆਂ ਦੇ ਧੱਬੇ

ਨਰਮੇਂ-ਕਪਾਹ ਦੀ ਫ਼ਸਲ ਉੱਤੇ ਅਲਟਰਨੇਰੀਆ ਤੇ ਮੈਰੋਥੀਸ਼ੀਅਮ ਆਦਿ ਉੱਲੀਆਂ ਹਮਲਾ ਕਰਦੀਆਂ ਹਨ। ਇਸ ਨਾਲ ਪੱਤਿਆਂ ਉੱਪਰ ਵੱਖ-ਵੱਖ ਤਰ੍ਹਾਂ ਦੇ ਧੱਬੇ ਪੈ ਜਾਂਦੇ ਹਨ। ਜੇ ਇਨ੍ਹਾਂ ਦਾ ਹਮਲਾ ਅਗੇਤਾ ਹੋਵੇ ਤਾਂ ਝਾੜ ਬੇਹੱਦ ਘਟ ਜਾਂਦਾ ਹੈ। ਅਲਟਰਨੇਰੀਆ ਦੇ ਹਮਲੇ ਨਾਲ ਪੱਤਿਆਂ ਉੱਤੇ ਹਲਕੇ ਪੀਲੇ ਤੋਂ ਭੂਰੇ ਰੰਗ ਦੇ ਧੱਬੇ ਪੈ ਜਾਂਦੇ ਹਨ ਜੋ ਕਿ ਬਾਅਦ ਵਿਚ ਗੂੜ੍ਹੇ ਹੋ ਜਾਂਦੇ ਹਨ ਤੇ ਇਨ੍ਹਾਂ ਧੱਬਿਆਂ ਵਿਚ ਗੋਲ ਧਾਰੀਆਂ ਵੀ ਬਣ ਜਾਂਦੀਆਂ ਹਨ। ਬਿਮਾਰੀ ਦਾ ਹਮਲਾ ਜ਼ਿਆਦਾ ਹੋਣ ਕਰਕੇ ਪੱਤੇ ਸੁੱਕ ਕੇ ਝੜ ਜਾਂਦੇ ਹਨ। ਇਸ ਰੋਗ ਦਾ ਹਮਲਾ ਮਾੜੀਆਂ ਜ਼ਮੀਨਾਂ ਵਿਚ ਲਗਾਈ ਗਈ ਫ਼ਸਲ 'ਤੇ ਵਧੇਰੇ ਹੁੰਦਾ ਹੈ। ਇਸ ਰੋਗ ਦੀ ਉੱਲੀ ਦੇ ਕਣ ਫ਼ਸਲੀ ਰਹਿੰਦ-ਖੂੰਹਦ ਵਿਚ ਪਲਦੇ ਰਹਿੰਦੇ ਹਨ।

ਮਾਇਰੋਥੀਸ਼ੀਅਮ ਨਾਂ ਦੀ ਉੱਲੀ ਦੇ ਹਮਲੇ ਕਾਰਨ ਪੱਤਿਆਂ ਤੇ ਟੀਂਡਿਆਂ ਉੱਤੇ ਗੋਲ ਭੂਰੇ ਰੰਗ ਦੇ ਜਾਮਣੀ ਕਿਨਾਰਿਆਂ ਵਾਲੇ ਧੱਬੇ ਪੈ ਜਾਂਦੇ ਹਨ। ਇਨ੍ਹਾਂ ਧੱਬਿਆਂ ਉੱਤੇ ਬਾਅਦ ਵਿਚ ਕਾਲੇ ਰੰਗ ਦੇ ਟਿਮਕਣੇ ਜਿਹੇ ਪੈਦਾ ਹੋ ਜਾਂਦੇ ਹਨ। ਤੇਜ਼ ਹਵਾ ਕਾਰਨ ਇਹ ਧੱਬੇ ਵਿੱਚੋਂ ਡਿੱਗ ਪੈਂਦੇ ਹਨ, ਜਿਸ ਕਾਰਨ ਪੱਤਿਆਂ ਵਿਚ ਛੇਕ ਨਜ਼ਰ ਆਉਂਦੇ ਹਨ। ਮੀਂਹ ਅਤੇ ਜ਼ਿਆਦਾ ਨਮੀਂ ਵਾਲੀਆਂ ਹਾਲਤਾਂ ਇਸ ਬਿਮਾਰੀ 'ਚ ਵਾਧਾ ਕਰਦੀਆਂ ਹਨ। ਇਸ ਤੋਂ ਇਲਾਵਾ ਭਾਰੀ ਫ਼ਸਲ ਵਾਲੇ ਖੇਤਾਂ ਵਿਚ ਵੀ ਇਸ ਬਿਮਾਰੀ ਦਾ ਵਾਧਾ ਜ਼ਿਆਦਾ ਹੁੰਦਾ ਹੈ। ਇਹ ਉੱਲੀ ਬੀਜ ਤੇ ਫ਼ਸਲੀ ਰਹਿੰਦ-ਖੂੰਹਦ ਵਿਚ ਪਲਦੀ ਹੈ। ਇਸ ਦੀ ਰੋਕਥਾਮ ਲਈ 500 ਗ੍ਰਾਮ ਬਲਾਈਟੌਕਸ ਜਾਂ ਕੈਪਟਾਨ ਨੂੰ 200 ਲਿਟਰ ਪਾਣੀ 'ਚ ਮਿਲਾ ਕੇ 15-20 ਦਿਨਾਂ ਦੇ ਫ਼ਰਕ 'ਤੇ ਛਿੜਕਾਅ ਕਰੋ। ਪਹਿਲਾ ਛਿੜਕਾਅ ਮੀਂਹ ਪੈਣ ਤੋਂ ਬਾਅਦ ਕਰੋ। ਦੋ ਤੋਂ ਤਿੰਨ ਛਿੜਕਾਅ ਕਾਫੀ ਹਨ। ਫ਼ਸਲ ਲੈਣ ਤੋਂ ਬਾਅਦ ਰਹਿੰਦ-ਖੂੰਹਦ ਨੂੰ ਖੇਤ ਵਿੱਚੋਂ ਕੱਢ ਕੇ ਬਾਲਣ ਦੇ ਤੌਰ 'ਤੇ ਵਰਤ ਲਵੋ।

*ਮੋਬਾਈਲ 94637-47280*

# ਦਿੱਲੀ ਸਰਕਾਰ ਨੇ ਮਾਨਸੂਨ ਤੋਂ ਪਹਿਲਾਂ ਮਹੱਤਵਪੂਰਨ ਡਰੇਨੇਜ ਪ੍ਰੋਜੈਕਟ ਪੂਰਾ ਕੀਤਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ, 2 ਜੁਲਾਈ: ਦਿੱਲੀ ਸਰਕਾਰ ਦੇ ਸਿੰਚਾਈ ਅਤੇ ਹੜ੍ਹ ਕੰਟਰੋਲ ਵਿਭਾਗ ਨੇ ਦੱਖਣੀ ਦਿੱਲੀ ਦੇ ਆਯਾ ਨਗਰ ਪਿੰਡ ਵਿੱਚ ਪਾਣੀ ਭਰਨ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਸਥਾਈ ਹੱਲ ਕੱਢਿਆ ਹੈ। ਪਿੰਡ ਦੀ ਮੁੱਖ 'ਐਤਵਾਰ ਮਾਰਕੀਟ ਰੋਡ' ਹਰ ਸਾਲ ਮਾਨਸੂਨ ਦੌਰਾਨ ਪਾਣੀ ਨਾਲ ਭਰ ਜਾਂਦੀ ਸੀ, ਜਿਸ ਕਾਰਨ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਸੀ। ਹੁਣ ਮਾਨਸੂਨ ਤੋਂ ਪਹਿਲਾਂ ਇਸ ਸਮੱਸਿਆ ਦਾ ਹੱਲ ਹੋ ਗਿਆ ਹੈ। ਇਹ ਉੱਚ-ਪ੍ਰਾਥਮਿਕਤਾ ਵਾਲਾ ਡਰੇਨੇਜ ਪ੍ਰੋਜੈਕਟ ਹੁਣ ਪੂਰੀ ਤਰ੍ਹਾਂ ਕਾਰਜਸ਼ੀਲ ਹੈ। ਆਰਸੀਸੀ ਬਾਕਸ ਡਰੇਨਾਂ ਅਤੇ 1000 ਮਿਲੀਮੀਟਰ ਵਿਆਸ ਵਾਲੀ ਆਊਟਫਾਲ ਪਾਈਪਲਾਈਨ ਸਮੇਤ ਪੂਰਾ ਡਰੇਨੇਜ ਸਿਸਟਮ ਹੁਣ ਪੂਰੀ ਤਰ੍ਹਾਂ ਕਾਰਜਸ਼ੀਲ ਹੈ। ਇਸ ਦੇ ਨਾਲ, ਆਯਾ ਨਗਰ ਵਿੱਚ ਦਹਾਕਿਆਂ ਤੋਂ ਚੱਲੀ ਆ ਰਹੀ ਮੀਂਹ ਦੇ ਪਾਣੀ ਦੇ ਜਮ?ਹਾਂ ਹੋਣ ਅਤੇ ਹੜ੍ਹਾਂ ਦੀ ਸਮੱਸਿਆ ਦਾ ਅੰਤ ਹੋ ਗਿਆ ਹੈ। ਆਯਾ ਨਗਰ ਛਤਰਪੁਰ ਵਿਧਾਨ ਸਭਾ ਹਲਕੇ ਵਿੱਚ ਸਥਿਤ ਹੈ ਅਤੇ ਦਿੱਲੀ ਦੀ ਦੱਖਣੀ ਸਰਹੱਦ 'ਤੇ ਆਖਰੀ ਪਿੰਡ ਹੈ। ਇਹ ਇਲਾਕਾ ਅਰਾਵਲੀ ਦੀਆਂ ਪਹਾੜੀਆਂ 'ਤੇ ਸਥਿਤ ਹੈ, ਜਿੱਥੇ ਸਾਲਾਂ ਤੋਂ ਯੋਜਨਾਬੱਧ ਵਿਕਾਸ ਅਤੇ ਕਬਜ਼ੇ ਕਾਰਨ ਕੁਦਰਤੀ ਨਿਕਾਸੀ ਰਸਤੇ ਬੰਦ ਹੋ ਗਏ ਸਨ। ਪਹਿਲਾਂ, ਮੀਂਹ ਦਾ ਪਾਣੀ ਕੁਦਰਤੀ ਤੌਰ 'ਤੇ ਨੇੜਲੇ ਖੱਡਿਆਂ ਵਿੱਚ ਵਗਦਾ ਸੀ, ਪਰ ਹੁਣ ਉਹੀ ਪਾਣੀ ਸੰਡੇ ਮਾਰਕੀਟ ਰੋਡ ਵਰਗੀਆਂ ਮੁੱਖ ਸੜਕਾਂ ਨੂੰ ਭਰ ਦਿੰਦਾ ਸੀ। ਇਸ ਪਾਣੀ ਭਰਨ ਕਾਰਨ, ਸਥਾਨਕ ਬਾਜ਼ਾਰਾਂ, ਰਿਹਾਇਸ਼ੀ ਕਲੋਨੀਆਂ, ਵਪਾਰਕ ਅਦਾਰਿਆਂ ਅਤੇ ਸਕੂਲੀ ਬੱਚਿਆਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਇਸ ਨਾਲ ਹਜ਼ਾਰਾਂ ਲੋਕਾਂ ਦਾ ਰੋਜ਼ਾਨਾ ਜੀਵਨ ਮੁਸ਼ਕਲ ਹੋ ਗਿਆ। ਇਸ ਗੁੰਝਲਦਾਰ ਸਮੱਸਿਆ ਨੂੰ ਹੱਲ ਕਰਨ ਲਈ, ਸਿੰਚਾਈ ਅਤੇ




ਹੜ੍ਹ ਕੰਟਰੋਲ ਵਿਭਾਗ ਨੇ ਇੱਕ ਮਜ਼ਬੂਤ ??ਅਤੇ ਤਕਨੀਕੀ ਤੌਰ 'ਤੇ ਟਿਕਾਊ ਡਰੇਨੇਜ ਯੋਜਨਾ ਤਿਆਰ ਕੀਤੀ, ਜਿਸ ਵਿੱਚ ਹੇਠ ਲਿਖੇ ਮੁੱਖ ਕੰਮ ਸ਼ਾਮਲ ਸਨ:

- ਸੰਡੇ ਮਾਰਕੀਟ ਰੋਡ ਦੇ ਇੱਕ ਪਾਸੇ ਆਰ.ਸੀ.ਸੀ. ਬਾਕਸ ਡਰੇਨ ਦੀ ਉਸਾਰੀ।
- 1000 ਮਿਲੀਮੀਟਰ ਵਿਆਸ ਦੀਆਂ ਪਾਈਪਲਾਈਨਾਂ ਰਾਹੀਂ ਨੇੜਲੇ ਜੰਗਲੀ ਖੇਤਰ ਵਿੱਚ ਖੱਡਾਂ ਤੱਕ ਮੀਂਹ ਦੇ ਪਾਣੀ ਨੂੰ ਲਿਜਾਣ ਦਾ ਪ੍ਰਬੰਧ।

ਇਸ ਪ੍ਰੋਜੈਕਟ ਨੂੰ ਲਾਗੂ ਕਰਨਾ ਆਸਾਨ ਨਹੀਂ ਸੀ। ਪਾਈਪਲਾਈਨ ਵਿਛਾਉਣ ਦਾ ਇੱਕੋ ਇੱਕ ਸੰਭਵ ਰਸਤਾ ਆਯਾ ਨਗਰ ਦੀਆਂ ਸੰਘਣੀਆਂ ਅਤੇ ਤੰਗ ਗਲੀਆਂ ਵਿੱਚੋਂ ਲੰਘਣਾ ਸੀ, ਜੋ ਕਿ ਅਣਅਧਿਕਾਰਤ ਕਲੋਨੀ ਖੇਤਰ ਵਿੱਚ ਪੈਂਦਾ ਹੈ। ਭਾਰੀ ਮਸ਼ੀਨਾਂ ਦੀ ਆਵਾਜਾਈ ਅਤੇ ਖੁਦਾਈ ਬਹੁਤ ਚੁਣੌਤੀਪੂਰਨ ਸੀ। ਇਸ ਤੋਂ ਇਲਾਵਾ, ਇਸ ਖੇਤਰ ਵਿੱਚ ਗੈਸ ਪਾਈਪਲਾਈਨਾਂ (IGL), ਬਿਜਲੀ ਲਾਈਨਾਂ (BSES), ਵਾਟਰ ਬੋਰਡ ਪਾਈਪਲਾਈਨਾਂ (DJB) ਅਤੇ ਟੈਲੀਕਾਮ ਕੇਬਲਾਂ ਵਰਗੇ ਕਈ ਭੂਮੀਗਤ ਅਤੇ ਉੱਪਰਲੇ ਢਾਂਚੇ ਪਹਿਲਾਂ ਹੀ ਮੌਜੂਦ ਸਨ। ਇਨ੍ਹਾਂ ਸਾਰੀਆਂ ਚੁਣੌਤੀਆਂ ਦੇ ਬਾਵਜੂਦ, ਇੰਜੀਨੀਅਰਾਂ ਅਤੇ ਫੀਲਡ ਟੀਮਾਂ ਨੇ ਦਿਨ ਰਾਤ ਕੰਮ ਕੀਤਾ। 18 ਫੁੱਟ ਡੂੰਘੀ ਖੁਦਾਈ ਬਹੁਤ ਧਿਆਨ ਨਾਲ ਕੀਤੀ ਗਈ। ਮਿੱਟੀ ਖਿਸਕਣ ਤੋਂ ਰੋਕਣ ਅਤੇ ਆਲੇ ਦੁਆਲੇ ਦੀਆਂ ਇਮਾਰਤਾਂ ਦੀ ਰੱਖਿਆ ਲਈ ਸਟੀਲ ਗਰਡਰ ਅਤੇ ਐਮਐਸ ਪਲੇਟਾਂ ਦੀ ਵਰਤੋਂ ਕੀਤੀ ਗਈ। ਹੁਣ ਜਦੋਂ ਨਵਾਂ ਡਰੇਨੇਜ ਸਿਸਟਮ ਚਾਲੂ ਹੋ ਗਿਆ ਹੈ, ਤਾਂ ਸੰਡੇ ਮਾਰਕੀਟ ਰੋਡ ਦੇ ਪੂਰੇ ਮਾਨਸੂਨ ਦੌਰਾਨ ਸੁੱਕੇ ਅਤੇ ਲੰਘਣ ਯੋਗ ਰਹਿਣ ਦੀ ਉਮੀਦ ਹੈ। ਇਹ ਸਥਾਨਕ ਮਾਰਕੀਟ ਦੇ ਦੁਕਾਨਦਾਰਾਂ ਅਤੇ ਹਜ਼ਾਰਾਂ ਨਿਵਾਸੀਆਂ ਲਈ ਇੱਕ ਵੱਡੀ ਰਾਹਤ ਹੈ। ਸਿੰਚਾਈ ਅਤੇ ਹੜ੍ਹ ਕੰਟਰੋਲ ਵਿਭਾਗ ਨੇ ਮਾਨਸੂਨ ਦੌਰਾਨ ਡਰੇਨੇਜ ਪ੍ਰਣਾਲੀ ਦੀ ਨਿਗਰਾਨੀ ਲਈ ਸਥਾਨਕ ਇੰਜੀਨੀਅਰਾਂ ਨੂੰ ਤਾਇਨਾਤ ਕੀਤਾ ਹੈ ਤਾਂ ਜੋ ਕਿਸੇ ਵੀ ਸਥਿਤੀ ਵਿੱਚ ਤੁਰੰਤ ਕਾਰਵਾਈ ਕੀਤੀ ਜਾ ਸਕੇ।

## ਕੇਂਦਰ ਸਰਕਾਰ ਨੇ ਕਈ ਯੋਜਨਾਵਾਂ ਨੂੰ ਦਿੱਤੀ ਪ੍ਰਵਾਨਗੀ, 2 ਸਾਲਾਂ 'ਚ ਪੈਦਾ ਹੋਣਗੀਆਂ 3.5 ਕਰੋੜ ਨੌਕਰੀਆਂ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 2 ਜੁਲਾਈ। ਕੇਂਦਰ ਦੀ ਮੋਦੀ ਸਰਕਾਰ ਨੇ ਦੇਸ਼ ਵਿਚ ਰੁਜ਼ਗਾਰ ਅਤੇ ਉਦਯੋਗ ਨੂੰ ਉਤਸ਼ਾਹਿਤ ਕਰਨ ਲਈ ਇਕ ਵੱਡਾ ਕਦਮ ਉਠਾਇਆ ਹੈ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਕੇਂਦਰੀ ਕੈਬਨਿਟ ਨੇ 1.07 ਲੱਖ ਕਰੋੜ ਰੁਪਏ ਦੀ ਇੰਪਲਾਇਡ ਲਿੰਕਡ ਇਨਸੈਨਟਿਵ (ਈ. ਐੱਲ. ਆਈ.) ਯੋਜਨਾ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸਦਾ ਉਦੇਸ਼ ਰਿਟਾਇਰਮੈਂਟ ਫੰਡ ਸੰਸਥਾ ਕਰਮਚਾਰੀ ਭਵਿੱਖ ਨਿਧੀ ਸੰਗਠਨ (ਈਪੀ. ਪੀ. ਐੱਫ. ਓ.) ਵੱਲੋਂ ਚਲਾਈਆਂ ਜਾ ਰਹੀਆਂ ਸਮਾਜਿਕ ਸੁਰੱਖਿਆ ਯੋਜਨਾਵਾਂ ਰਾਹੀਂ ਅਗਲੇ 2 ਸਾਲਾਂ ਵਿਚ 3.5 ਕਰੋੜ ਨੌਕਰੀਆਂ ਪੈਦਾ ਕਰਨਾ ਹੈ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੇਂਦਰੀ ਕੈਬਨਿਟ ਦੀ ਮੀਟਿੰਗ ਵਿਚ ਇਹ ਫੈਸਲਾ ਲਿਆ ਗਿਆ। ਇਸਦਾ ਉਦੇਸ਼ ਸਾਰੇ ਖੇਤਰਾਂ ਵਿਚ ਰੁਜ਼ਗਾਰ ਪੈਦਾ ਕਰਨਾ, ਰੁਜ਼ਗਾਰ ਦੀ ਸੰਭਾਵਨਾ ਨੂੰ ਵਧਾਉਣਾ ਅਤੇ ਸਮਾਜਿਕ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਹੈ। ਇਸ ਤੋਂ ਇਲਾਵਾ ਇਹ ਯੋਜਨਾ ਪਹਿਲੀ ਵਾਰ ਨੌਕਰੀ ਕਰਨ ਵਾਲੇ ਮੁਲਾਜ਼ਮਾਂ ਨੂੰ ਪ੍ਰੋਤਸਾਹਨ ਵੀ ਪ੍ਰਦਾਨ ਕਰੇਗੀ। ਇਸ ਯੋਜਨਾ ਦੇ ਤਹਿਤ ਪਹਿਲੀ ਵਾਰ ਨੌਕਰੀ ਕਰਨ ਵਾਲੇ ਮੁਲਾਜ਼ਮਾਂ ਨੂੰ ਇਕ ਮਹੀਨੇ ਦੀ ਤਨਖਾਹ (15,000 ਰੁਪਏ ਤੱਕ) ਮਿਲੇਗੀ। ਦੂਜੇ ਮਾਲਕਾਂ ਨੂੰ ਵਾਧੂ ਰੁਜ਼ਗਾਰ ਪੈਦਾ ਕਰਨ ਲਈ 2 ਸਾਲ ਦੀ ਮਿਆਦ ਲਈ ਪ੍ਰੋਤਸਾਹਨ ਦਿੱਤਾ ਜਾਏਗਾ। ਨਾਲ ਹੀ ਨਿਰਮਾਣ ਖੇਤਰ ਲਈ ਲਾਭ ਨੂੰ ਹੋਰ 2 ਸਾਲ ਲਈ ਵਧਾਇਆ ਜਾਵੇਗਾ। ਈ. ਐੱਲ. ਆਈ. ਯੋਜਨਾ ਦਾ ਐਲਾਨ ਕੇਂਦਰੀ ਬਜਟ 2024-25 ਵਿਚ 4.1 ਕਰੋੜ ਨੌਜਵਾਨਾਂ ਲਈ ਰੁਜ਼ਗਾਰ, ਹੁਨਰ ਅਤੇ ਹੋਰ ਮੌਕਿਆਂ ਦੀਆਂ ਸਹੂਲਤਾਂ ਲਈ 5 ਯੋਜਨਾਵਾਂ ਦੇ ਪੈਕੇਜ ਦੇ ਹਿੱਸੇ ਵਜੋਂ ਕੀਤਾ ਗਿਆ ਸੀ। ਇਸਦਾ ਕੁੱਲ ਬਜਟ ਖਰਚ 2 ਲੱਖ ਕਰੋੜ ਰੁਪਏ ਸੀ। ਪਹਿਲੀ ਕਿਸ਼ਤ 6 ਮਹੀਨਿਆਂ ਦੀ ਸੇਵਾ ਤੋਂ ਬਾਅਦ ਦਿੱਤੀ ਜਾਵੇਗੀ ਅਤੇ ਦੂਜੀ ਕਿਸ਼ਤ 12 ਮਹੀਨਿਆਂ ਦੀ ਸੇਵਾ ਅਤੇ ਮੁਲਾਜ਼ਮ ਵੱਲੋਂ ਵਿੱਤੀ ਸਾਖਰਤਾ ਪ੍ਰੋਗਰਾਮ ਦੇ ਪੂਰਾ ਹੋਣ ਤੋਂ ਬਾਅਦ ਦਿੱਤੀ ਜਾਵੇਗੀ। ਕੈਬਨਿਟ ਨੇ ਖੋਜ ਵਿਚ ਨਿੱਜੀ ਖੇਤਰ ਦੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ 1 ਲੱਖ ਕਰੋੜ ਰੁਪਏ ਦੇ ਫੰਡ ਵਾਲੀ ਖੋਜ, ਵਿਕਾਸ ਅਤੇ ਨਵੀਨਤਾ (ਆਰ. ਡੀ. ਆਈ.) ਯੋਜਨਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਸ ਯੋਜਨਾ ਦਾ ਉਦੇਸ਼ ਉੱਭਰ ਰਹੇ ਖੇਤਰਾਂ ਅਤੇ ਆਰਥਿਕ ਸੁਰੱਖਿਆ, ਰਣਨੀਤਕ ਉਦੇਸ਼ਾਂ ਅਤੇ ਸਵੈ-ਨਿਰਭਰਤਾ ਨਾਲ ਸਬੰਧਤ ਹੋਰ ਖੇਤਰਾਂ ਵਿਚ ਖੋਜ, ਵਿਕਾਸ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਨਿੱਜੀ ਖੇਤਰ ਨੂੰ ਉਤਸ਼ਾਹਿਤ ਕਰਨਾ ਹੈ। ਇਸ ਤੋਂ ਇਲਾਵਾ ਕੈਬਨਿਟ ਨੇ ਤਾਮਿਲਨਾਡੂ ਵਿਚ 1,853 ਕਰੋੜ ਰੁਪਏ ਦੀ ਲਾਗਤ ਨਾਲ ਰਾਸ਼ਟਰੀ ਰਾਜਮਾਰਗ (ਐੱਨ. ਐੱਚ.)-87 ਦੇ ਚਾਰ-ਲੇਨ ਪਰਮਕੁਡੀ-ਰਾਮਨਾਥਪੁਰਮ ਭਾਗ ਦੀ ਉਸਾਰੀ ਨੂੰ ਪ੍ਰਵਾਨਗੀ ਦਿੱਤੀ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ?ਕ ਕੇਂਦਰੀ ਕੈਬਨਿਟ ਨੇ 2047 ਤੱਕ ਭਾਰਤ ਨੂੰ ਚੋਟੀ ਦੇ 5 ਖੇਡ ਰਾਸ਼ਟਰਾਂ ਵਿਚ ਸ਼ਾਮਲ ਹੋਣ ਦੇ ਉਦੇਸ਼ ਨਾਲ ਇਕ ਵਿਆਪਕ 'ਖੇਲੋ ਭਾਰਤ ਨੀਤੀ 2025' ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ 11 ਸਾਲਾਂ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਖੇਡਾਂ 'ਤੇ ਬਹੁਤ ਧਿਆਨ ਦਿੱਤਾ ਹੈ। ਇਸ ਵਿਚ ਪੇਂਡੂ ਖੇਤਰਾਂ ਦੀ ਪ੍ਰਤਿਭਾ ਨੂੰ ਅੱਗੇ ਲਿਆਉਣ ਵੱਲ ਵਧੇਰੇ ਧਿਆਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਵੀਂ ਨੀਤੀ ਇਸ ਕੋਸ਼ਿਸ਼ ਦਾ ਇਕ ਹਿੱਸਾ ਹੈ। ਉਨ੍ਹਾਂ ਕਿਹਾ ਕਿ ਭਾਰਤ 2036 ਓਲੰਪਿਕ ਖੇਡਾਂ ਦੀ ਮੇਜ਼ਬਾਨੀ ਦੀ ਇੱਛਾ ਪ੍ਰਗਟਾ ਚੁੱਕਾ ਹੈ ਜਿਸ ਦੇ ਲਈ ਬੁਨਿਆਦੀ ਢਾਂਚਾ ਤਿਆਰ ਕਰਨ ਅਤੇ ਕੌਮਾਂਤਰੀ ਪੱਧਰ 'ਤੇ ਆਯੋਜਨਾਂ ਨੂੰ ਦੇਸ਼ ਵਿਚ ਲਿਆਉਣ 'ਤੇ ਵੱਡੇ ਪੈਮਾਨੇ 'ਤੇ ਜ਼ੋਰ ਦਿੱਤਾ ਗਿਆ ਹੈ। ਜਿਸ ਲਈ ਬੁਨਿਆਦੀ ਢਾਂਚਾ ਬਣਾਉਣ ਅਤੇ ਦੇਸ਼ ਵਿਚ ਕੌਮਾਂਤਰੀ ਪੱਧਰ ਦੇ ਸਮਾਗਮ ਲਿਆਉਣ 'ਤੇ ਵੱਡੇ ਪੱਧਰ 'ਤੇ ਜ਼ੋਰ ਦਿੱਤਾ ਗਿਆ ਹੈ।

# ਬੋਲ, ਸੁਣ ਅਤੇ ਵੇਖ ਨਾ ਸਕਣ ਵਾਲੀ ਗੁਰਦੀਪ ਨੇ ਰਚਿਆ ਇਤਿਹਾਸ

**ਕੌਮੀ ਪਤ੍ਰਿਕਾ**

ਇੰਦੌਰ 2 ਜੁਲਾਈ। ਇੰਦੌਰ ਦੀ ਹੈਲਨ ਕੇਲਰ ਦੇ ਰੂਪ ਵਿਚ ਮਸ਼ਹੂਰ 34 ਸਾਲਾ ਗੁਰਦੀਪ ਕੌਰ ਵਾਸੂ ਬੋਲ, ਸੁਣ ਅਤੇ ਵੇਖ ਨਹੀਂ ਸਕਦੀ ਪਰ ਇਹ ਸਰੀਰਕ ਅੰਪਗਤਾਵਾਂ ਉਸ ਨੂੰ ਸਰਕਾਰੀ ਸੇਵਾ 'ਚ ਸ਼ਾਮਲ ਹੋਣ ਦੇ ਸੁਪਨੇ ਦੇਖਣ ਤੋਂ ਨਹੀਂ ਰੋਕ ਸਕੀਆਂ। ਸਮਾਜਿਕ, ਅਕਾਦਮਿਕ ਅਤੇ ਸਰਕਾਰੀ ਗਲਿਆਰਿਆਂ ਰਾਹੀਂ ਲੰਬੇ ਸੰਘਰਸ਼ ਤੋਂ ਬਾਅਦ ਗੁਰਦੀਪ ਦਾ ਸੁਪਨਾ ਆਖਰਕਾਰ ਸਾਕਾਰ ਹੋਇਆ ਹੈ। ਉਸ ਨੂੰ ਸੂਬੇ ਦੇ ਵਪਾਰਕ ਟੈਕਸ ਵਿਭਾਗ ਵਿਚ ਨਿਯੁਕਤ ਕੀਤਾ ਗਿਆ ਹੈ। 34 ਸਾਲਾ ਗੁਰਦੀਪ ਜੋ ਕਿ ਸਰਕਾਰੀ ਨੌਕਰੀ ਮਿਲਣ ਦੀ ਖੁਸ਼ੀ ਨਾਲ ਝੂਮ ਰਹੀ ਹੈ, ਉਸ ਨੇ ਆਪਣੇ ਹੱਥ ਫੈਲਾਏ ਅਤੇ ਇਸ਼ਾਰਿਆਂ ਵਿਚ ਕਿਹਾ ਕਿ ਮੈਂ ਬਹੁਤ ਖੁਸ਼ ਹਾਂ। ਸਮਾਜਿਕ ਨਿਆਂ ਵਰਕਰਾਂ ਦਾ ਦਾਅਵਾ ਹੈ ਕਿ ਇਹ ਦੇਸ਼ ਦਾ ਪਹਿਲਾ ਮਾਮਲਾ ਹੈ, ਜਦੋਂ ਬੋਲ, ਸੁਣ ਅਤੇ ਵੇਖ ਨਾ ਸਕਣ ਵਾਲੀ ਕੋਈ ਮਹਿਲਾ ਸਰਕਾਰੀ ਸੇਵਾ ਵਿਚ ਆਈ ਹੈ। ਅਧਿਕਾਰੀਆਂ ਨੇ ਦੱਸਿਆ ਕਿ 12ਵੀਂ ਜਮਾਤ ਤੱਕ ਪੜ੍ਹਾਈ ਕਰਨ ਵਾਲੀ ਗੁਰਦੀਪ ਨੂੰ ਇੰਦੌਰ ਦੇ ਵਪਾਰਕ ਟੈਕਸ ਵਿਭਾਗ ਦੇ ਇਕ ਦਫ਼ਤਰ ਵਿਚ ਮਲਟੀਪਲ ਅੰਪਗਤਾਵਾਂ ਦੀ ਸ਼੍ਰੇਣੀ ਵਿਚ ਚੌਥੀ ਜਮਾਤ ਦੇ ਕਰਮਚਾਰੀ ਵਜੋਂ ਤਾਇਨਾਤ ਕੀਤਾ ਗਿਆ ਹੈ। ਵਿਭਾਗ ਦੀ ਵਧੀਕ ਕਮਿਸ਼ਨਰ ਸਪਨਾ ਪੰਕਜ ਸੋਲੰਕੀ ਨੇ ਦੱਸਿਆ ਕਿ ਅਪੰਗਾਂ ਲਈ ਇਕ ਵਿਸ਼ੇਸ਼ ਭਰਤੀ ਮੁਹਿੰਮ ਤਹਿਤ ਗੁਰਦੀਪ ਦੀ ਚੋਣ ਉਸ ਦੀ ਯੋਗਤਾ ਦੇ ਆਧਾਰ 'ਤੇ ਕੀਤੀ ਗਈ ਹੈ। ਸਪਨਾ ਪੰਕਜ ਨੇ ਦੱਸਿਆ ਕਿ ਗੁਰਦੀਪ ਪੂਰੀ ਲਗਨ ਨਾਲ ਕੰਮ ਸਿੱਖ ਰਹੀ ਹੈ। ਉਹ ਸਮੇਂ ਸਿਰ ਦਫ਼ਤਰ ਆਉਂਦੀ ਅਤੇ ਜਾਂਦੀ ਹੈ। ਗੁਰਦੀਪ ਨੂੰ ਵਪਾਰਕ ਟੈਕਸ ਵਿਭਾਗ ਦੇ ਦਫ਼ਤਰ ਵਿਚ ਫਾਈਲਾਂ ਨੂੰ ਪੰਚਿੰਗ ਕਰਨ ਅਤੇ



ਦਸਤਾਵੇਜ਼ਾਂ ਨੂੰ ਲਿਫ਼ਾਫ਼?ਆਂ ਵਿਚ ਬੰਦ ਕਰਨ ਦਾ ਕੰਮ ਦਿੱਤਾ ਗਿਆ ਹੈ। ਉਹ ਵਿਭਾਗ ਦੇ ਕਰਮੀਆਂ ਦੀ ਮਦਦ ਨਾਲ ਇਹ ਕੰਮ ਸਿੱਖ ਰਹੀ ਹੈ। ਇਹ ਸਪੱਸ਼ਟ ਹੈ ਕਿ ਗੁਰਦੀਪ ਦਾ ਸਰਕਾਰੀ ਸੇਵਾ ਵਿਚ ਆਉਣ ਦਾ ਸਫ਼ਰ ਆਸਾਨ ਨਹੀਂ ਸੀ। ਗੁਰਦੀਪ ਦੀ ਮਾਂ ਮਨਜੀਤ ਕੌਰ ਵਾਸੂ ਆਪਣੀ ਧੀ ਦੀ ਪ੍ਰਾਪਤੀ 'ਤੇ ਭਾਵੁਕ ਹੋ ਗਈ ਅਤੇ ਕਿਹਾ ਕਿ ਗੁਰਦੀਪ ਮੇਰੇ ਪਰਿਵਾਰ ਦੀ ਪਹਿਲੀ ਮੈਂਬਰ ਹੈ ਜੋ ਸਰਕਾਰੀ ਨੌਕਰੀ ਵਿਚ ਸ਼ਾਮਲ ਹੋਈ ਹੈ। ਮੈਂ ਸੋਚਿਆ ਵੀ ਨਹੀਂ ਸੀ ਕਿ ਉਹ ਕਦੇ ਇਸ ਅਹੁਦੇ 'ਤੇ ਪਹੁੰਚੇਗੀ। ਅੱਜ-ਕੱਲ੍ਹ ਲੋਕ ਮੈਨੂੰ ਮੇਰੇ ਨਾਮ ਨਾਲ ਘੱਟ ਅਤੇ ਗੁਰਦੀਪ ਦੀ ਮਾਂ ਦੇ ਨਾਮ ਨਾਲ ਜ਼ਿਆਦਾ ਜਾਣਦੇ ਹਨ। ਮਨਜੀਤ ਕੌਰ ਨੇ ਅੱਗੇ ਕਿਹਾ ਕਿ ਗੁਰਦੀਪ ਦਾ ਜਨਮ ਉਸ ਦੀ ਤੈਅ ਤਾਰੀਖ਼ ਤੋਂ ਪਹਿਲਾਂ ਹੋਇਆ ਸੀ ਅਤੇ ਪੇਚੀਦਗੀਆਂ ਕਾਰਨ ਉਸ ਨੂੰ ਜਨਮ ਤੋਂ ਬਾਅਦ ਲਗਭਗ ਦੋ ਮਹੀਨੇ ਸਥਾਨਕ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਸੀ। ਮਨਜੀਤ ਨੇ ਕਿਹਾ ਕਿ ਉਸ ਦੀ ਧੀ ਪੰਜ ਮਹੀਨੇ ਦੀ ਹੋਣ ਤੱਕ ਕੁਝ ਵੀ ਜਵਾਬ ਨਹੀਂ ਦੇ ਰਹੀ ਸੀ, ਜਿਸ ਤੋਂ ਬਾਅਦ ਉਸ ਦੇ ਪਰਿਵਾਰ ਨੂੰ ਪਤਾ ਲੱਗਾ ਕਿ ਉਹ ਬੋਲ, ਸੁਣ ਅਤੇ ਦੇਖ ਨਹੀਂ ਸਕਦੀ। ਗੁਰਦੀਪ ਦੇ ਸਰਕਾਰੀ ਨੌਕਰੀ ਵਿਚ ਸ਼ਾਮਲ ਹੋਣ ਤੋਂ ਬਾਅਦ ਦਿਵਿਆਂਗਾਂ ਦੇ ਅਧਿਕਾਰਾਂ ਲਈ ਕੰਮ ਕਰਨ ਵਾਲੇ ਲੋਕਾਂ ਵਿਚ ਖੁਸ਼ੀ ਦਾ ਮਾਹੌਲ ਹੈ। ਸਮਾਜਿਕ ਨਿਆਂ ਵਰਕਰ ਗਿਆਨੇਂਦਰ ਪੁਰੋਹਿਤ ਨੇ ਕਿਹਾ ਕਿ ਦੇਸ਼ ਵਿਚ ਇਹ ਪਹਿਲੀ ਵਾਰ ਹੈ ਕਿ ਇਕ ਔਰਤ ਜੋ ਬੋਲ, ਸੁਣ ਜਾਂ ਦੇਖ ਨਹੀਂ ਸਕਦੀ, ਸਰਕਾਰੀ ਸੇਵਾ 'ਚ ਸ਼ਾਮਲ ਹੋਈ ਹੈ। ਇਹ ਪੂਰੇ ਦਿਵਿਆਂਗ ਭਾਈਚਾਰੇ ਲਈ ਇਕ ਇਤਿਹਾਸਕ ਅਤੇ ਪ੍ਰੇਰਨਾਦਾਇਕ ਪਲ ਹੈ। ਪੁਰੋਹਿਤ ਨੇ ਕਿਹਾ ਕਿ ਗੁਰਦੀਪ ਵਰਗੇ ਲੋਕ ਕੁਝ ਵੀ ਕਰ ਸਕਦੇ ਹਨ। ਉਨ੍ਹਾਂ ਨੂੰ ਸਿਰਫ਼ ਇਕ ਮੌਕਾ ਦੇਣ ਦੀ ਲੋੜ ਹੈ।

## ਪੰਜਾਬ ਸਰਕਾਰ ਨੇ ਵਿਕਾਸ ਕ੍ਰਾਂਤੀ ਤਹਿਤ ਗੁਰਦਾਸਪੁਰ ਦੇ ਪਿੰਡਾਂ ਲਈ ਜਾਰੀ ਕੀਤੀ 2.45 ਕਰੋੜ ਦੀ ਗਰਾਂਟ

**ਏਜੰਸੀਆਂ**

ਗੁਰਦਾਸਪੁਰ 2 ਜੁਲਾਈ। ਪੰਜਾਬ ਸਰਕਾਰ ਵੱਲੋਂ ਵਿਕਾਸ ਕ੍ਰਾਂਤੀ ਜਰੀਏ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਯਤਨ ਤੇਜ਼ ਕਰ ਦਿੱਤੇ ਗਏ ਹਨ। ਹਲਕੇ ਦੇ ਪਿੰਡਾਂ ਵਿੱਚ ਗਲੀਆਂ-ਨਾਲੀਆਂ, ਪਾਰਕਾਂ, ਛੱਪੜਾਂ ਦੀ ਸਫ਼ਾਈ ਤੇ ਨਵੀਨੀਕਰਨ ਤੋਂ ਇਲਾਵਾ ਪੀਣ ਵਾਲੇ ਸਾਫ਼ ਤੇ ਸ਼ੁੱਧ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਇਨ੍ਹਾਂ ਵਿਕਾਸ ਕਾਰਜਾਂ ਲਈ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਅੱਜ ਸਥਾਨਿਕ ਪੰਚਾਇਤ ਭਵਨ ਵਿਖੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੀਆਂ 45 ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 2.45 ਕਰੋੜ ਰੁਪਏ ਦੀ ਗਰਾਂਟ ਦੇ ਚੈੱਕ ਤਕਸੀਮ ਕੀਤੇ। ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਗਰਾਂਟ ਦੇ ਚੈੱਕ ਤਕਸੀਮ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਹਲਕੇ ਦੇ 45 ਪਿੰਡਾਂ ਨੂੰ ਪੰਚਾਇਤ ਵਿਭਾਗ ਵੱਲੋਂ ਵਿਕਾਸ ਕਾਰਜਾਂ ਲਈ 1.20 ਕਰੋੜ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਹੈ ਜਦਕਿ ਇਨ੍ਹਾਂ ਪਿੰਡਾਂ ਵਿੱਚ 1.25 ਕਰੋੜ ਰੁਪਏ ਜਲ ਸਪਲਾਈ ਵਿਭਾਗ ਵੱਲੋਂ ਪੀਣ ਵਾਲੇ ਸਾਫ਼ ਤੇ ਸ਼ੁੱਧ ਪਾਣੀ ਉੱਪਰ ਖ਼ਰਚੇ ਜਾਣਗੇ। ਉਨ੍ਹਾਂ ਕਿਹਾ ਕਿ ਦੋਵਾਂ ਵਿਭਾਗਾਂ ਦੀ ਇਹ ਕੁੱਲ ਗਰਾਂਟ 2.45 ਕਰੋੜ ਰੁਪਏ ਬਣਦੀ ਹੈ ਜਿਸ ਨਾਲ ਹਲਕੇ ਦੇ ਪਿੰਡਾਂ ਵਿੱਚ ਵੱਖ-ਵੱਖ ਵਿਕਾਸ ਕਾਰਜ ਹੋਣਗੇ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਗਰਾਂਟਾਂ ਦੀ ਕੋਈ ਘਾਟ ਨਹੀਂ ਹੈ ਅਤੇ ਆਉਂਦੇ ਸਮੇਂ ਵਿੱਚ ਵਿਕਾਸ ਕਾਰਜਾਂ ਲਈ ਹੋਰ ਵੀ ਗਰਾਂਟਾਂ ਜਾਰੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਏਜੰਡਾ ਸੂਬੇ ਦਾ ਸਰਬਪੱਖੀ ਵਿਕਾਸ ਹੈ ਅਤੇ ਵਿਕਾਸ ਪੱਖੋਂ ਪਿੰਡਾਂ ਨੂੰ ਮੋਹਰੀ ਬਣਾਇਆ ਜਾਵੇਗਾ। ਉਨ੍ਹਾਂ ਪੰਚਾਇਤੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਇਹ ਗਰਾਂਟ ਇਮਾਨਦਾਰ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੇ ਟੈਕਸਾਂ ਦੀ ਕਮਾਈ ਵਿਚੋਂ ਦਿੱਤੀ ਗਈ ਹੈ ਅਤੇ ਇਸ ਗਰਾਂਟ ਨੂੰ ਪੂਰੀ ਇਮਾਨਦਾਰੀ ਤੇ ਪਾਰਦਰਸ਼ੀ ਢੰਗ ਨਾਲ ਲੋਕਾਂ ਦੀ ਬਿਹਤਰੀ ਲਈ ਖ਼ਰਚਿਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਗੁਣਵੱਤਾ ਦਾ ਖ਼ੁਦ ਖ਼?ਆਲ ਰੱਖਣ ਤਾਂ ਜੋ ਸਹੀ ਅਰਥਾਂ ਵਿੱਚ ਵਿਕਾਸ ਕ੍ਰਾਂਤੀ ਦਾ ਲਾਭ ਅਵਾਮ ਨੂੰ ਮਿਲ ਸਕੇ। ਇਸ ਮੌਕੇ ਹਲਕੇ ਦੀਆਂ ਪੰਚਾਇਤਾਂ ਨੇ ਗਰਾਂਟਾਂ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਚੇਅਰਮੈਨ ਰਮਨ ਬਹਿਲ ਦਾ ਧੰਨਵਾਦ ਕੀਤਾ।

## ਦਿੱਲੀ ਵਿੱਚ ਇੱਕ ਵੱਡੇ ਪੱਧਰ 'ਤੇ ਰੁਜ਼ਗਾਰ ਮੇਲਾ ਲਗਾਇਆ ਜਾਵੇਗਾ: ਕਪਿਲ ਮਿਸ਼ਰਾ

Contd..............Front page

ਇਸ ਤੋਂ ਇਲਾਵਾ, ਦਿੱਲੀ ਵਿੱਚ ਇੱਕ ਨਵਾਂ ਗੈਸਟ ਹਾਊਸ ਬਣਾਉਣ ਦੀ ਯੋਜਨਾ ਵੀ ਸਮੀਖਿਆ ਵਿੱਚ ਸ਼ਾਮਲ ਕੀਤੀ ਗਈ ਸੀ। ਕਾਨੂੰਨ ਅਤੇ ਨਿਆਂ ਵਿਭਾਗ ਦੀ ਸਮੀਖਿਆ ਦੌਰਾਨ, ਦਵਾਰਕਾ ਸੈਕਟਰ 19 ਵਿੱਚ ਨਿਆਂਇਕ ਅਧਿਕਾਰੀਆਂ ਲਈ ਰਿਹਾਇਸ਼ੀ ਕੰਪਲੈਕਸ ਦੀ ਉਸਾਰੀ ਅਤੇ ਜ਼ਿਲ੍ਹਾ ਅਦਾਲਤ, ਦਵਾਰਕਾ ਦੇ ਅਹਾਤੇ ਵਿੱਚ ਖਾਲੀ ਜ਼ਮੀਨ 'ਤੇ ਪੁਨਰ ਵਿਕਾਸ ਅਤੇ ਨਵੀਂ ਉਸਾਰੀ ਦੀਆਂ ਯੋਜਨਾਵਾਂ ਦੀ ਸਥਿਤੀ 'ਤੇ ਵੀ ਚਰਚਾ ਕੀਤੀ ਗਈ। ਇਸ ਦੇ ਨਾਲ ਹੀ, ਰੁਜ਼ਗਾਰ ਵਿਭਾਗ ਦੀ ਸਮੀਖਿਆ ਦੌਰਾਨ, ਪ੍ਰਸਤਾਵਿਤ 'ਨੌਕਰੀ ਮੇਲੇ' ਬਾਰੇ ਵੀ ਵਿਆਪਕ ਚਰਚਾ ਹੋਈ। ਇਸ ਪ੍ਰਸਤਾਵਿਤ 'ਨੌਕਰੀ ਮੇਲੇ' ਤਹਿਤ, ਦਿੱਲੀ ਸਰਕਾਰ ਦੀ ਤਰਜੀਹ ਬੇਰੁਜ਼ਗਾਰ ਨੌਜਵਾਨਾਂ ਨੂੰ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ। ਮੀਟਿੰਗ ਦੇ ਅੰਤ ਵਿੱਚ, ਕਪਿਲ ਮਿਸ਼ਰਾ ਨੇ ਸਾਰੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ, ਪਾਰਦਰਸ਼ਤਾ ਅਤੇ ਪ੍ਰਭਾਵਸ਼ੀਲਤਾ ਨਾਲ ਪੂਰਾ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਯੋਜਨਾਵਾਂ ਦੇ ਲਾਭ ਸਿੱਧੇ ਤੌਰ 'ਤੇ ਜਨਤਾ ਤੱਕ ਪਹੁੰਚ ਸਕਣ। ਉਨ੍ਹਾਂ ਕਿਹਾ ਕਿ ਕੰਮ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰਾ ਕੀਤਾ ਜਾਣਾ ਚਾਹੀਦਾ ਹੈ। ਕਿਸੇ ਵੀ ਹਾਲਤ ਵਿੱਚ ਕੰਮ ਨਹੀਂ ਰੁਕਣਾ ਚਾਹੀਦਾ। ਜੇਕਰ ਸਾਨੂੰ ਇਸ ਲਈ ਵਾਰ-ਵਾਰ ਮੀਟਿੰਗਾਂ ਕਰਨੀਆਂ ਪੈਂਦੀਆਂ ਹਨ, ਤਾਂ ਅਸੀਂ ਉਸ ਲਈ ਵੀ ਪੂਰੀ ਤਰ੍ਹਾਂ ਤਿਆਰ ਹਾਂ।

## ਬਿਹਾਰ ਸਰਕਾਰ ਵੱਲੋਂ ਟੀਐੱਫਸੀ ਤਖ਼ਤ ਪਟਨਾ ਸਾਹਿਬ ਕਮੇਟੀ ਨੂੰ ਸੌਂਪਿਆ

ਅੰਮ੍ਰਿਤਸਰ 2 ਜੁਲਾਈ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਇੱਕ ਪ੍ਰਤੀਨਿਧੀ ਮੰਡਲ ਨਾਲ ਮਿਲ ਕੇ ਬਿਹਾਰ ਦੇ ਸੈਰ-ਸਪਾਟਾ ਮੰਤਰੀ ਰਾਜੂ ਕੁਮਾਰ ਸਿੰਘ ਅਤੇ ਸੈਰ-ਸਪਾਟਾ ਵਿਭਾਗ ਦੇ ਸਕੱਤਰ ਲੋਕੇਸ਼ ਕੁਮਾਰ ਸਿੰਘ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਬਿਹਾਰ ਸਟੇਟ ਟੂਰਿਜ਼ਮ ਡਿਵੈਲਪਮੈਂਟ ਕਾਰਪੋਰੇਸ਼ਨ ਲਿਮਿਟਿਡ (BSTDC) ਵੱਲੋਂ ਪ੍ਰਸਾਦ ਯੋਜਨਾ ਤਹਿਤ 7.42 ਕਰੋੜ ਦੀ ਲਾਗਤ ਨਾਲ ਕੰਗਨਘਾਟ, ਪਟਨਾ ਵਿਖੇ ਬਣਾਏ ਗਏ ਟੂਰਿਸਟ ਇਨਫੋਰਮੇਸ਼ਨ ਸੈਂਟਰ ਦੀ ਸੰਭਾਲ ਅਤੇ ਚਲਾਉਣ ਲਈ ਤਖ਼ਤ ਸਾਹਿਬ ਕਮੇਟੀ ਅਤੇ ਸਰਕਾਰ ਵਿਚਕਾਰ ਇੱਕ ਮਹੱਤਵਪੂਰਨ ਸਮਝੌਤਾ ਐੱਮਓਯੂ ਸਾਈਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਸਮਝੌਤਾ ਬੀਐਸ ਟੀ ਡੀ ਸੀ BSTDC ਦੇ ਪ੍ਰਬੰਧਕ ਨਿਰਦੇਸ਼ਕ ਨੰਦ ਕਿਸ਼ੋਰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਨੁਮਾਇੰਦਿਆਂ ਵਿਚਕਾਰ ਸਾਈਨ ਹੋਇਆ ਹੈ। ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਇਸ ਦਾ ਲਾਭ ਸੰਗਤ ਨੂੰ ਮਿਲੇਗਾ ਅਤੇ ਸੰਗਤ ਇਸ ਦੀ ਆਨਲਾਈਨ ਬੁਕਿੰਗ ਵੀ ਕਰ ਸਕੇਗੀ। ਉਨ੍ਹਾਂ ਕਿਹਾ ਕਿ ਖਾਸ ਕਰਕੇ ਪ੍ਰਕਾਸ਼ ਪੁਰਬ ਜਾਂ ਹੋਰ ਸਮਾਗਮਾਂ ਦੌਰਾਨ ਜਦੋਂ ਸੰਗਤ ਵੱਧ ਗਿਣਤੀ ਵਿੱਚ ਆਉਂਦੀ ਹੈ ਤਾਂ ਸੰਗਤਾਂ ਨੂੰ ਰਿਹਾਇਸ਼ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਹੁਣ ਇਹ ਸੁਵਿਧਾ ਮਿਲਣ ਨਾਲ ਕਾਫੀ ਆਸਾਨੀ ਹੋਵੇਗੀ। ਪ੍ਰਤੀਨਿਧੀ ਮੰਡਲ ਵਿੱਚ ਉਪ ਪ੍ਰਧਾਨ ਗੁਰਵਿੰਦਰ ਸਿੰਘ, ਸੁਪਰਟੈਂਡੈਂਟ ਦਲਜੀਤ ਸਿੰਘ ਅਤੇ ਸੁਮਿਤ ਸਿੰਘ ਕਲਸੀ ਵੀ ਹਾਜ਼ਰ ਸਨ।

# 'ਜੇਕਰ ਕਾਂਗਰਸ ਨੇ 2028 'ਚ ਸੱਤਾ 'ਚ ਵਾਪਸ ਆਉਣਾ, ਤਾਂ ਬਦਲਾਅ ਲਿਆਉਣੇ ਜ਼ਰੂਰੀ'

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 2 ਜੁਲਾਈ। ਕਰਨਾਟਕ ਵਿਚ ਮੁੱਖ ਮੰਤਰੀ ਅਹੁਦੇ ਨੂੰ ਲੈ ਕੇ ਚੱਲ ਰਹੀ ਬਿਆਨਬਾਜ਼ੀ ਰੁਕਣ ਦਾ ਨਾਮ ਨਹੀਂ ਲੈ ਰਹੀ। ਇਸ ਦੌਰਾਨ ਵਿਧਾਇਕ ਇਕਬਾਲ ਹੁਸੈਨ ਨੇ ਦਾਅਵਾ ਕੀਤਾ ਹੈ ਕਿ ਡੀਕੇ ਸ਼ਿਵਕੁਮਾਰ ਦੋ ਮਹੀਨਿਆਂ ਦੇ ਅੰਦਰ ਰਾਜ ਦੇ ਮੁੱਖ ਮੰਤਰੀ ਬਣ ਜਾਣਗੇ। ਕਰਨਾਟਕ ਵਿੱਚ ਕਾਂਗਰਸ ਸਰਕਾਰ ਵਿੱਚ ਲੀਡਰਸ਼ਿਪ ਵਿੱਚ ਤਬਦੀਲੀ ਲਈ ਵਿਧਾਇਕਾਂ ਵੱਲੋਂ ਕੀਤੀ ਜਾ ਰਹੀ ਲਾਬਿੰਗ ਦੇ ਵਿਚਕਾਰ ਪਾਰਟੀ ਦੇ ਸੀਨੀਅਰ ਵਿਧਾਇਕ ਐੱਚਏ ਇਕਬਾਲ ਹੁਸੈਨ ਨੇ ਮੰਗਲਵਾਰ ਨੂੰ ਦਾਅਵਾ ਕੀਤਾ ਕਿ 100 ਤੋਂ ਵੱਧ ਵਿਧਾਇਕ ਸੂਬਾ ਕਾਂਗਰਸ ਪ੍ਰਧਾਨ ਅਤੇ ਉਪ ਮੁੱਖ ਮੰਤਰੀ ਡੀਕੇ ਸ਼ਿਵਕੁਮਾਰ ਦੇ ਪਿੱਛੇ ਇਕੱਠੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸ ਨੇ 2028 ਵਿੱਚ ਸੱਤਾ ਵਿੱਚ ਵਾਪਸ ਆਉਣਾ ਹੈ, ਤਾਂ ਬਦਲਾਅ ਲਿਆਉਣੇ ਜ਼ਰੂਰੀ ਹਨ। ਸ੍ਰੀ ਹੁਸੈਨ ਨੇ ਪੱਤਰਕਾਰਾਂ ਨੂੰ ਕਿਹਾ, ਮੈਂ ਇਕੱਲਾ ਨਹੀਂ ਹਾਂ। ਲਗਭਗ 100 ਵਿਧਾਇਕਾਂ ਨੇ ਤਬਦੀਲੀ ਦੀ ਇੱਛਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ, ਜੇਕਰ ਪਾਰਟੀ ਨੂੰ ਬਚਾ ਕੇ ਰੱਖਣਾ ਹੈ, ਜੇਕਰ ਸਾਨੂੰ 2028 ਵਿੱਚ ਕਾਂਗਰਸ ਨੂੰ ਸੱਤਾ ਵਿੱਚ ਦੇਖਣਾ ਹੈ, ਤਾਂ ਸਾਨੂੰ ਬਦਲਾਅ ਦੀ ਲੋੜ ਹੈ, ਸਾਨੂੰ ਇੱਕ ਚੰਗੀ ਪ੍ਰਸ਼ਾਸਕੀ ਟੀਮ ਦੀ ਲੋੜ ਹੈ। ਜਿਸ ਲਈ ਇਹ ਸਹੀ ਸਮਾਂ ਹੈ। ਕਰਨਾਟਕ ਦੇ ਉਪ ਮੁੱਖ ਮੰਤਰੀ ਡੀ.ਕੇ. ਸ਼ਿਵਕੁਮਾਰ ਨੇ ਮੰਗਲਵਾਰ ਨੂੰ ਕਿਹਾ ਕਿ ਰਾਜ ਵਿੱਚ ਲੀਡਰਸ਼ਿਪ





ਤਬਦੀਲੀ 'ਤੇ ਕੋਈ ਚਰਚਾ ਨਹੀਂ ਹੋਈ ਅਤੇ ਮੁੱਖ ਮੰਤਰੀ ਸਿੱਧਰਮਈਆ ਅਤੇ ਰਾਜ ਵਿੱਚ ਪਾਰਟੀ ਸਰਕਾਰ ਦੇ ਹੱਥ ਮਜ਼ਬੂਤ ??ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਰਾਮਨਗਰ ਦੇ ਵਿਧਾਇਕ ਐੱਚ.ਏ. ਇਕਬਾਲ ਹੁਸੈਨ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ, ਜਿਸ ਵਿਚ ਉਹ ਬਿਆਨ ਦੇ ਰਹੇ ਹਨ ਕਿ ਸ਼ਿਵਕੁਮਾਰ ਨੂੰ ਮੁੱਖ ਮੰਤਰੀ ਬਣਨਾ ਚਾਹੀਦਾ ਹੈ। ਮੁੱਖ ਮੰਤਰੀ ਬਦਲਣ ਬਾਰੇ ਮੀਡੀਆ ਸਾਹਮਣੇ ਹੁਸੈਨ ਦੇ ਜਨਤਕ ਬਿਆਨਾਂ ਨੇ ਪਾਰਟੀ ਵਿੱਚ ਭੰਬਲਭੂਸਾ ਅਤੇ ਸ਼ਰਮਿੰਦਗੀ ਪੈਦਾ ਕੀਤੀ ਸੀ, ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਵਿੱਚ ਕਿਹਾ ਗਿਆ ਹੈ, ਇਹ ਪਾਰਟੀ ਅਨੁਸ਼ਾਸਨ ਦੀ ਉਲੰਘਣਾ ਵੀ ਹੈ। ਤੁਹਾਡੇ ਅਨੁਸ਼ਾਸਨਹੀਣ ਬਿਆਨਾਂ ਨੂੰ ਗੰਭੀਰ ਲੈਂਦੇ ਤੁਹਾਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ। ਇਸ ਨੋਟਿਸ ਦੇ ਮਿਲਣ ਦੇ ਇੱਕ ਹਫ਼ਤੇ ਦੇ ਅੰਦਰ ਆਪਣੇ ਬਿਆਨਾਂ ਦਾ ਸਪੱਸ਼ਟੀਕਰਨ ਦੇਣ ਲਈ ਨਿਰਦੇਸ਼ ਦਿੱਤਾ ਗਿਆ ਹੈ। ਹੁਸੈਨ ਅਤੇ ਐੱਚ.ਸੀ. ਬਾਲਾਕ੍ਰਿਸ਼ਨਨ (ਮਗਦੀ) ਸਮੇਤ ਕੁਝ ਪਾਰਟੀ ਵਿਧਾਇਕਾਂ ਨੇ ਦਾਅਵਾ ਕੀਤਾ ਕਿ ਸ਼ਿਵਕੁਮਾਰ ਇਸ ਸਾਲ ਦੇ ਅੰਤ ਵਿੱਚ ਮੁੱਖ ਮੰਤਰੀ ਬਣਨਗੇ, ਇਸ ਤੋਂ ਬਾਅਦ ਲੀਡਰਸ਼ਿਪ ਤਬਦੀਲੀ ਦੀਆਂ ਅਟਕਲਾਂ ਮੁੜ ਸੁਰਜੀਤ ਹੋ ਗਈਆਂ ਹਨ। ਹੁਸੈਨ ਅਤੇ ਬਾਲਾਕ੍ਰਿਸ਼ਨਨ ਦੋਵਾਂ ਨੂੰ ਸ਼ਿਵਕੁਮਾਰ ਦੇ ਕਰੀਬੀ ਮੰਨਿਆ ਜਾਂਦਾ ਹੈ। ਹੁਸੈਨ ਨੇ ਦਾਅਵਾ ਕੀਤਾ ਹੈ ਕਿ ਸ਼ਿਵਕੁਮਾਰ ਕੋਲ ਦੋ ਤੋਂ ਤਿੰਨ ਮਹੀਨਿਆਂ ਵਿੱਚ ਮੁੱਖ ਮੰਤਰੀ ਬਣਨ ਦਾ ਮੌਕਾ ਹੈ। ਸ਼ਿਵਕੁਮਾਰ ਨੇ ਕਿਹਾ ਕਿ ਕਿਸੇ ਵੀ ਪਾਰਟੀ ਨੇਤਾ ਜਾਂ ਵਿਧਾਇਕ ਨੂੰ ਅਜਿਹੇ ਮਾਮਲਿਆਂ 'ਤੇ ਮੀਡੀਆ ਨਾਲ ਗੱਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ, "ਸਿੱਧਾਰਮਈਆ ਮੁੱਖ ਮੰਤਰੀ ਹਨ, ਉਨ੍ਹਾਂ ਦਾ ਇੱਕੋ ਇੱਕ ਟੀਚਾ ਉਨ੍ਹਾਂ ਦੇ ਅਤੇ ਸਰਕਾਰ ਦੇ ਹੱਥ ਮਜ਼ਬੂਤ ਕਰਨਾ ਹੈ।

## ਗਾਇਕ ਦਿਲਜੀਤ ਦੋਸਾਂਝ ਮੇਰੇ ਹਲਕੇ ਆਤਮ ਨਗਰ ਦਾ ਮਾਣ: ਵਿਧਾਇਕ ਸਿੱਧੂ

ਲੁਧਿਆਣਾ 2 ਜੁਲਾਈ। ਲੁਧਿਆਣਾ ਦੇ ਹਲਕੇ ਆਤਮ ਨਗਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਵਿਸ਼ਵ ਪ੍ਰਸਿੱਧ ਗਾਇਕ ਦਿਲਜੀਤ ਸਿੰਘ ਦੋਸਾਂਝ ਬਾਰੇ ਵੱਡਾ ਬਿਆਨ ਦਿੰਦੇ ਹੋਏ ਕਿਹਾ ਹੈ ਕਿ ਦਿਲਜੀਤ ਨਾ ਸਿਰਫ਼ ਇੱਕ ਗਲੋਬਲ ਆਈਕਨ ਹੈ ਸਗੋਂ ਆਪਣੇ ਆਤਮ ਨਗਰ ਦਾ ਇੱਕ ਸਤਿਕਾਰਯੋਗ ਪੁੱਤਰ ਵੀ ਹੈ, ਜਿਸਨੇ ਪੱਗ ਨੂੰ ਇੱਕ ਗਲੋਬਲ ਰੁਝਾਨ ਅਤੇ ਪੰਜਾਬੀ ਸੱਭਿਆਚਾਰ ਨੂੰ ਮਾਣ ਦਾ ਵਿਸ਼ਾ ਬਣਾਇਆ। ਵਿਧਾਇਕ ਨੇ ਕਿਹਾ ਕਿ ਮੈਂ ਹਮੇਸ਼ਾ ਉਸਨੂੰ ਇੱਕ ਅਜਿਹੇ ਵਿਅਕਤੀ ਵਜੋਂ ਦੇਖਿਆ ਹੈ ਜੋ ਜਿੱਥੇ ਵੀ ਜਾਂਦਾ ਹੈ, ਪੰਜਾਬ ਦੀ ਮਿੱਟੀ ਦੀ ਖੁਸ਼ਬੂ ਆਪਣੇ ਨਾਲ ਲੈ ਕੇ ਜਾਂਦਾ ਹੈ। ਉਸਨੇ ਲੱਖਾਂ ਨੌਜਵਾਨਾਂ ਨੂੰ ਉਨ੍ਹਾਂ ਦੀਆਂ ਜੜ੍ਹਾਂ ਨਾਲ ਜੋੜਨ ਦਾ ਕੰਮ ਕੀਤਾ ਹੈ। 'ਚਮਕੀਲਾ' ਵਰਗੀਆਂ ਫਿਲਮਾਂ ਤੋਂ, ਉਸਨੇ ਇੱਕ ਮਜ਼ਬੂਤ ??ਸੱਭਿਆਚਾਰਕ ਪ੍ਰਤੀਨਿਧੀ ਦੀ ਭੂਮਿਕਾ ਨਿਭਾਈ ਹੈ। ਅਜਿਹੀ ਸਥਿਤੀ ਵਿੱਚ, ਵਿਧਾਇਕ ਦਾ ਬਿਆਨ ਸਿਰਫ ਇੱਕ ਰਾਜਨੀਤਿਕ ਪ੍ਰਤੀਕਿਰਿਆ ਨਹੀਂ ਹੈ, ਸਗੋਂ ਪੰਜਾਬ ਦੇ ਮਾਣ ਦੀ ਭਾਵਨਾਤਮਕ ਆਵਾਜ਼ ਬਣ ਗਿਆ ਹੈ। ਜਿੱਥੇ ਇੱਕ ਪਾਸੇ ਦਿਲਜੀਤ ਦੋਸਾਂਝ ਨੇ ਹਾਲੀਵੁੱਡ ਤੋਂ ਲੈ ਕੇ ਮੇਟ ਗਾਲਾ ਤੱਕ ਆਪਣੀ ਇੱਕ ਵੱਖਰੀ ਪਛਾਣ ਬਣਾਈ ਹੈ, ਉੱਥੇ ਦੂਜੇ ਪਾਸੇ ਉਸਨੂੰ ਆਪਣੀਆਂ ਅਦਾਕਾਰੀ ਨਾਲ ਸਬੰਧਤ ਗਤੀਵਿਧੀਆਂ ਬਾਰੇ ਸਵਾਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਸੰਜੀਵ ਅਰੋੜਾ ਨੇ ਲੁਧਿਆਣਾ ਪੱਛਮੀ ਤੋਂ ਵਿਧਾਇਕ ਚੁਣੇ ਜਾਣ ਤੋਂ ਬਾਅਦ ਰਾਜ ਸਭਾ ਤੋਂ ਦਿੱਤਾ ਅਸਤੀਫ਼ਾ

**ਕੌਮੀ ਪਤ੍ਰਿਕਾ**

ਲੁਧਿਆਣਾ 2 ਜੁਲਾਈ। ਲੁਧਿਆਣਾ ਪੱਛਮੀ ਵਿਧਾਨ ਸਭਾ ਉਪ-ਚੋਣ ਵਿੱਚ ਆਪਣੀ ਹਾਲੀਆ ਜਿੱਤ ਤੋਂ ਬਾਅਦ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਅਧਿਕਾਰਤ ਤੌਰ 'ਤੇ ਰਾਜ ਸਭਾ ਤੋਂ ਅਸਤੀਫਾ ਦੇ ਦਿੱਤਾ ਹੈ। ਅਰੋੜਾ ਨੇ ਅੱਜ ਨਵੀਂ ਦਿੱਲੀ ਵਿੱਚ ਉਪ ਰਾਸ਼ਟਰਪਤੀ ਦੇ ਨਿਵਾਸ ਸਥਾਨ 'ਤੇ ਰਾਜ ਸਭਾ ਚੇਅਰਮੈਨ ਜਗਦੀਪ ਧਨਖੜ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਆਪਣਾ ਅਸਤੀਫਾ ਪੱਤਰ ਸੌਂਪਿਆ। ਉਨ੍ਹਾਂ ਨੇ ਸੰਵਿਧਾਨਕ ਪ੍ਰਬੰਧਾਂ ਦਾ ਹਵਾਲਾ ਦਿੱਤਾ ਜੋ 24 ਜੂਨ, 2025 ਨੂੰ ਚੋਣ ਨਤੀਜਿਆਂ ਸੰਬੰਧੀ ਗਜ਼ਟ ਨੋਟੀਫਿਕੇਸ਼ਨ ਦੇ 14 ਦਿਨਾਂ ਬਾਅਦ ਸੰਸਦ ਅਤੇ ਰਾਜ ਵਿਧਾਨ ਸਭਾ ਦੋਵਾਂ ਵਿੱਚ ਇੱਕੋ ਸਮੇਂ ਮੈਂਬਰਸ਼ਿਪ 'ਤੇ ਪਾਬੰਦੀ ਲਗਾਉਂਦੇ ਹਨ। ਅਰੋੜਾ, ਜਿਸਨੇ ਲਗਭਗ ਤਿੰਨ ਸਾਲ ਉੱਚ ਸਦਨ ਵਿੱਚ ਸੇਵਾ ਨਿਭਾਈ, ਨੇ ਆਪਣੇ ਕਾਰਜਕਾਲ ਦੌਰਾਨ ਪੰਜਾਬ ਦੇ ਲੋਕਾਂ, ਸਾਥੀ ਸੰਸਦ ਮੈਂਬਰਾਂ ਅਤੇ ਰਾਜ ਸਭਾ ਚੇਅਰਮੈਨ ਦਾ ਉਨ੍ਹਾਂ ਦੇ ਸਮਰਥਨ ਅਤੇ ਸਹਿਯੋਗ ਲਈ ਡੂੰਘਾ ਧੰਨਵਾਦ ਕੀਤਾ। ਉਨ੍ਹਾਂ ਨੇ ਰਾਸ਼ਟਰੀ ਵਿਧਾਨਕ ਪ੍ਰਕਿਰਿਆਵਾਂ ਵਿੱਚ ਪ੍ਰਾਪਤ ਕੀਤੇ ਕੀਮਤੀ ਤਜ਼ਰਬੇ ਨੂੰ ਸਵੀਕਾਰ ਕੀਤਾ ਅਤੇ ਚੇਅਰਮੈਨ ਦੇ ਮਾਰਗਦਰਸ਼ਨ ਅਤੇ ਅਗਵਾਈ ਦੀ ਸ਼ਲਾਘਾ ਕੀਤੀ। ਅਰੋੜਾ ਨੇ ਆਪਣੇ ਅਸਤੀਫ਼ੇ ਪੱਤਰ ਵਿੱਚ ਕਿਹਾ, ਰਾਜ ਸਭਾ ਦੇ ਮੈਂਬਰ ਵਜੋਂ ਸੇਵਾ ਕਰਨਾ ਅਤੇ ਰਾਸ਼ਟਰੀ ਪੱਧਰ 'ਤੇ ਵਿਧਾਨਕ ਪ੍ਰਕਿਰਿਆ ਵਿੱਚ ਯੋਗਦਾਨ ਪਾਉਣਾ ਮੇਰੇ ਲਈ ਇੱਕ ਸਨਮਾਨ ਅਤੇ ਸਨਮਾਨ ਦੀ ਗੱਲ ਰਹੀ ਹੈ। ਉਨ੍ਹਾਂ ਚੇਅਰਮੈਨ, ਸਾਥੀ ਮੈਂਬਰਾਂ ਅਤੇ ਪੰਜਾਬ ਦੇ ਲੋਕਾਂ ਦਾ ਉਨ੍ਹਾਂ 'ਤੇ ਦਿਖਾਏ ਗਏ ਵਿਸ਼ਵਾਸ ਅਤੇ ਸਮਰਥਨ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਦਾ ਅਸਤੀਫ਼ਾ ਇੱਕ ਮਹੱਤਵਪੂਰਨ ਰਾਜਨੀਤਿਕ ਤਬਦੀਲੀ ਨੂੰ ਦਰਸਾਉਂਦਾ ਹੈ ਕਿਉਂਕਿ ਉਹ ਰਾਸ਼ਟਰੀ ਪੱਧਰ ਤੋਂ ਰਾਜ ਵਿਧਾਨ ਸਭਾ ਵਿੱਚ ਜਾ ਰਹੇ ਹਨ। ਅਰੋੜਾ ਨੇ 19 ਜੂਨ ਨੂੰ ਲੁਧਿਆਣਾ ਪੱਛਮੀ ਉਪ-ਚੋਣ 10,637 ਵੋਟਾਂ ਦੇ ਫਰਕ ਨਾਲ ਜਿੱਤੀ ਸੀ, ਜੋ ਕਿ ਮੌਜੂਦਾ ਵਿਧਾਇਕ ਦੇ ਬੇਵਕਤੀ ਦੇਹਾਂਤ ਤੋਂ ਬਾਅਦ ਹੋਈ ਸੀ। 'ਆਪ' ਦੀ ਸੀਨੀਅਰ ਲੀਡਰਸ਼ਿਪ ਨੇ ਉਨ੍ਹਾਂ ਦੇ ਰਾਜ ਸਭਾ ਕਾਰਜਕਾਲ ਦੌਰਾਨ ਉਨ੍ਹਾਂ ਦੁਆਰਾ ਕੀਤੇ ਗਏ ਪ੍ਰਭਾਵਸ਼ਾਲੀ ਕੰਮ ਨੂੰ ਸਵੀਕਾਰ ਕਰਦੇ ਹੋਏ ਉਨ੍ਹਾਂ ਦੀ ਉਮੀਦਵਾਰੀ ਦਾ ਸਮਰਥਨ ਕੀਤਾ। ਅਰੋੜਾ ਨੇ 10 ਅਪ੍ਰੈਲ, 2022 ਨੂੰ ਰਾਜ ਸਭਾ ਵਿੱਚ ਅਹੁਦਾ ਸੰਭਾਲਿਆ। ਆਪਣੇ ਕਾਰਜਕਾਲ ਦੌਰਾਨ, ਉਨ੍ਹਾਂ ਨੇ 80% ਦੀ ਹਾਜ਼ਰੀ ਦਰ ਬਣਾਈ ਰੱਖੀ, ਜੋ ਕਿ ਰਾਸ਼ਟਰੀ ਔਸਤ ਨਾਲ ਮੇਲ ਖਾਂਦੀ ਹੈ ਅਤੇ 77%



ਦੀ ਰਾਜ ਔਸਤ ਨੂੰ ਪਾਰ ਕਰ ਗਈ ਹੈ। ਉਨ੍ਹਾਂ ਨੇ 82 ਬਹਿਸਾਂ ਵਿੱਚ ਹਿੱਸਾ ਲਿਆ, ਜੋ ਕਿ ਰਾਸ਼ਟਰੀ (79.8) ਅਤੇ ਰਾਜ (44.6) ਔਸਤ ਦੋਵਾਂ ਤੋਂ ਵੱਧ ਹੈ, ਜੋ ਰਾਸ਼ਟਰੀ ਭਾਸ਼ਣ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ 229 ਸਵਾਲ ਵੀ ਉਠਾਏ, ਜੋ ਕਿ ਰਾਸ਼ਟਰੀ ਔਸਤ 134.22 ਅਤੇ ਰਾਜ ਔਸਤ 204 ਤੋਂ ਕਾਫ਼ੀ ਜ਼ਿਆਦਾ ਹਨ, ਜੋ ਜਨਤਕ ਮੁੱਦਿਆਂ ਨੂੰ ਹੱਲ ਕਰਨ ਲਈ ਉਨ੍ਹਾਂ ਦੇ ਸਰਗਰਮ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਹਨ। ਇਸ ਤੋਂ ਇਲਾਵਾ, ਉਨ੍ਹਾਂ ਨੇ ਇੱਕ ਪ੍ਰਾਈਵੇਟ ਮੈਂਬਰ ਬਿੱਲ ਪੇਸ਼ ਕੀਤਾ, ਜੋ ਕਿ ਰਾਸ਼ਟਰੀ ਔਸਤ (0.9) ਦੇ ਅਨੁਸਾਰ ਹੈ, ਹਾਲਾਂਕਿ ਰਾਜ ਔਸਤ (1.9) ਤੋਂ ਥੋੜ੍ਹਾ ਘੱਟ ਹੈ। ਅਰੋੜਾ ਦੀ ਚੋਣ ਜਿੱਤ ਨੂੰ ਉਨ੍ਹਾਂ ਦੇ ਨਿਰੰਤਰ ਪ੍ਰਦਰਸ਼ਨ ਅਤੇ ਸਮਰਪਣ ਲਈ ਜਨਤਕ ਸਮਰਥਨ ਵਜੋਂ ਦੇਖਿਆ ਜਾ ਰਿਹਾ ਹੈ। ਲੁਧਿਆਣਾ ਪੱਛਮੀ ਦੇ ਵੋਟਰਾਂ ਨੇ ਉਨ੍ਹਾਂ ਦਾ ਦਿਲੋਂ ਸਮਰਥਨ ਕੀਤਾ, ਪਿਛਲੇ ਤਿੰਨ ਸਾਲਾਂ ਵਿੱਚ ਉਨ੍ਹਾਂ ਦੁਆਰਾ ਕੀਤੇ ਗਏ ਮਹੱਤਵਪੂਰਨ ਵਿਕਾਸ ਯਤਨਾਂ ਨੂੰ ਮਾਨਤਾ ਦਿੱਤੀ। ਅਰੋੜਾ ਨੂੰ ਉਨ੍ਹਾਂ ਦੇ ਤੁਰੰਤ ਵਿਰੋਧੀ ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨਾਲੋਂ 43.34% ਵੱਧ ਵੋਟਾਂ ਮਿਲੀਆਂ। ਇਸ ਦੌਰਾਨ, ਰਾਜ ਸਭਾ ਚੇਅਰਮੈਨ ਨੇ ਟਵਿੱਟਰ (ਪਹਿਲਾਂ ਟਵਿੱਟਰ) 'ਤੇ ਇੱਕ ਪੋਸਟ ਰਾਹੀਂ ਅਸਤੀਫ਼ਾ ਸਵੀਕਾਰ ਕਰਨ ਦੀ ਪੁਸ਼ਟੀ ਕੀਤੀ ਹੈ।